ਸ਼ਨੀਵਾਰ, 4 ਅਪ੍ਰੈਲ, 2026
22 ਚੇਤ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 303

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 4 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

## ਮੋਦੀ ਅੱਗੇ ਨਾ ਕੁਸਕਣ 'ਤੇ ਆਪ ਆਗੂਆਂ ਦਾ ਰਾਘਵ ਚੱਢਾ 'ਤੇ ਤਿੱਖਾ ਹਮਲਾ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਨੇ ਪੰਜਾਬ ਤੋਂ ਰਾਜ ਸਭਾ ਮੈਂਬਰ ਰਾਘਵ ਚੱਢਾ ਨੂੰ ਉਪ-ਨੇਤਾ ਦੇ ਅਹੁਦੇ ਤੋਂ ਹਟਾਉਣ ਨੂੰ ਇੱਕ ਆਮ ਕਾਰਵਾਈ ਦੱਸਦਿਆਂ ਉਨ੍ਹਾਂ ਦੇ ਬਿਆਨ 'ਤੇ ਪਲਟਵਾਰ ਕੀਤਾ ਹੈ।ਪਾਰਟੀ ਨੇ ਚੱਢਾ ਨੂੰ ਪੁੱਛਿਆ ਹੈ ਕਿ ਉਹ ਦੇਸ਼ ਅਤੇ ਪਾਰਟੀ ਨਾਲ ਜੁੜੇ ਮੁੱਦਿਆਂ 'ਤੇ ਭਾਜਪਾ ਜਾਂ ਮੋਦੀ ਸਰਕਾਰ ਵਿਰੁੱਧ ਬੋਲਣ ਤੋਂ ਕਿਉਂ ਡਰ ਰਹੇ ਹਨ? ਉਹ ਲਗਾਤਾਰ ਪਾਰਟੀ ਲਾਈਨ ਦੇ ਖਿਲਾਫ ਕੰਮ ਕਰ ਰਹੇ ਸਨ। ਮੁੱਖ ਚੋਣ ਕਮਿਸ਼ਨਰ ਵਿਰੁੱਧ ਮਹਾਂਦੋਸ਼ ਦੇ ਪ੍ਰਸਤਾਵ 'ਤੇ ਹਸਤਾਖਰ ਕਰਨ ਤੋਂ ਇਨਕਾਰ ਕਰਨ ਅਤੇ ਐੱਲ ਪੀ ਜੀ ਸੰਕਟ 'ਤੇ ਸਦਨ ਵਿੱਚ ਬੋਲਣ ਤੋਂ ਇਨਕਾਰ ਕਰਨ ਸਮੇਤ ਕਈ ਵਾਰ ਰਾਘਵ ਚੱਢਾ ਨੇ ਪਾਰਟੀ ਵ੍ਹਿਪ ਦੀ ਉਲੰਘਣਾ ਕੀਤੀ। ਲੰਬੇ ਸਮੇਂ ਤੋਂ ਰਾਘਵ ਚੱਢਾ ਨੇ ਸੰਸਦ ਵਿੱਚ ਅਜਿਹਾ ਕੋਈ ਮੁੱਦਾ ਨਹੀਂ ਉਠਾਇਆ ਜਿਸ ਵਿੱਚ ਉਨ੍ਹਾਂ ਨੇ ਮੋਦੀ ਸਰਕਾਰ ਤੋਂ ਸਵਾਲ ਪੁੱਛੇ ਹੋਣ।ਪਾਰਟੀ ਦਾ ਕਹਿਣਾ ਹੈ ਕਿ ਕੇਜਰੀਵਾਲ ਨੇ ਸਭ ਨੂੰ ਨਿਡਰਤਾ ਅਤੇ ਹਿੰਮਤ ਨਾਲ ਲੜਨਾ ਸਿਖਾਇਆ ਹੈ, ਪਰ ਰਾਘਵ ਚੱਢਾ ਭਾਜਪਾ ਅਤੇ ਮੋਦੀ ਸਰਕਾਰ ਤੋਂ ਸਵਾਲ ਕਰਨ ਤੋਂ ਡਰ ਰਹੇ ਹਨ। ਅਜਿਹੀ ਡਰ ਦੀ ਰਾਜਨੀਤੀ ਕਿਵੇਂ ਚੱਲੇਗੀ?

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਈ ਵਾਰ ਲੋਕ ਸਭਾ ਅਤੇ ਰਾਜ ਸਭਾ ਵਿੱਚ ਸਾਰੀਆਂ ਵਿਰੋਧੀ ਪਾਰਟੀਆਂ ਨੂੰ ਇਕਮਤ ਹੋ ਕੇ ਫੈਸਲਾ ਲੈਣਾ ਪੈਂਦਾ ਹੈ, ਜਿਵੇਂ ਕਿ ਸਦਨ ਤੋਂ ਵਾਕਆਊਟ ਕਰਨਾ ਜਾਂ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕਰਨਾ। ਜੇਕਰ ਕੋਈ ਵਿਅਕਤੀ ਇਹਨਾਂ ਸਮੂਹਿਕ ਫੈਸਲਿਆਂ ਦਾ ਸਮਰਥਨ ਨਹੀਂ ਕਰਦਾ ਅਤੇ ਪਾਰਟੀ ਲਾਈਨ ਦੇ ਉਲਟ ਜਾਂਦਾ ਹੈ, ਤਾਂ ਉਹ ਪਾਰਟੀ ਵ੍ਹਿਪ ਦੇ ਖਿਲਾਫ ਹੈ।ਜੋ ਵੀ ਪਾਰਟੀ ਵ੍ਹਿਪ ਦੇ ਖਿਲਾਫ ਜਾਵੇਗਾ, ਉਸ 'ਤੇ ਕਾਰਵਾਈ ਹੋਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਅਹਿਮ ਮੁੱਦੇ ਚੁੱਕਣ ਦੀ ਬਜਾਏ ਉਹ ਸਮੋਸੇ ਮਹਿੰਗੇ ਹੋਣ ਅਤੇ ਪੀਜ਼ਾ ਦੀ ਡਲਿਵਰੀ ਬਾਰੇ ਗੱਲ ਕਰ ਰਹੇ ਸਨ।"

ਮਾਨ ਨੇ ਕਿਹਾ ਕਿ ਸਾਰੀਆਂ ਪਾਰਟੀਆਂ ਅਕਸਰ ਸੰਸਦ ਵਿੱਚ ਨੇਤਾ ਬਦਲਦੀਆਂ ਰਹਿੰਦੀਆਂ ਹਨ। ਉਨ੍ਹਾ ਕਿਹਾ, "2014-19 ਦੇ ਵਿਚਕਾਰ, ਪਹਿਲਾਂ ਡਾ. ਧਰਮਵੀਰ ਗਾਂਧੀ ਸਦਨ ਵਿੱਚ ਪਾਰਟੀ ਦੇ ਨੇਤਾ ਸਨ ਅਤੇ ਬਾਅਦ ਵਿੱਚ ਮੈਂ ਨੇਤਾ ਬਣਿਆ ਸੀ।"

'ਆਪ' ਦੇ ਸੀਨੀਅਰ ਆਗੂ ਅਤੇ ਸੰਸਦ ਮੈਂਬਰ ਸੰਜੇ ਸਿੰਘ ਨੇ ਕਿਹਾ ਕਿ ਜਦੋਂ ਪੰਜਾਬ ਦਾ ਮੁੱਦਾ ਹੁੰਦਾ ਹੈ, ਤਾਂ ਉਹ ਉਸ ਸਮੇਂ ਖਾਮੋਸ਼ ਰਹਿੰਦੇ ਹਨ, ਕੁਝ ਨਹੀਂ ਬੋਲਦੇ।ਉਹ ਪ੍ਰਧਾਨ ਮੰਤਰੀ ਮੋਦੀ ਖਿਲਾਫ ਆਵਾਜ਼ ਨਹੀਂ ਉਠਾਉਂਦੇ।

ਮੋਦੀ ਸਰਕਾਰ ਪੰਜਾਬ ਦੇ ਤਮਾਮ ਅਧਿਕਾਰ ਖੋਹਣ ਦਾ ਕੰਮ ਕਰਦੀ ਹੈ, ਉਸ 'ਤੇ ਵੀ ਉਹ ਕੁਝ ਨਹੀਂ ਬੋਲਦੇ।ਜਦੋਂ ਬਹੁਤ ਸਾਰੇ ਮੁੱਦਿਆਂ 'ਤੇ ਸਦਨ ਤੋਂ ਵਾਕਆਊਟ ਕਰਨ ਦੀ ਗੱਲ ਆਉਂਦੀ ਹੈ, ਤਾਂ ਉਹ ਵਾਕਆਊਟ ਨਹੀਂ ਕਰਦੇ।ਇਹ ਸਾਰੀਆਂ ਚੀਜ਼ਾਂ ਹਨ, ਜਿਨ੍ਹਾਂ ਦਾ ਜਵਾਬ ਦੇਸ਼ ਅਤੇ ਜਨਤਾ ਰਾਘਵ ਚੱਢਾ ਤੋਂ ਚਾਹੁੰਦੀ ਹੈ।

ਆਮ ਆਦਮੀ ਪਾਰਟੀ ਦੇ ਦਿੱਲੀ ਪ੍ਰਦੇਸ਼ ਪ੍ਰਧਾਨ ਸੌਰਭ ਭਾਰਦਵਾਜ ਨੇ ਕਿਹਾ ਕਿ ਪਿਛਲੇ ਕਾਫੀ ਸਮੇਂ ਤੋਂ ਚੱਢਾ ਨੇ ਸਦਨ ਵਿੱਚ ਅਜਿਹਾ ਕੋਈ ਮੁੱਦਾ ਨਹੀਂ ਉਠਾਇਆ, ਜਿਸ ਵਿੱਚ ਪ੍ਰਧਾਨ ਮੰਤਰੀ ਮੋਦੀ ਜਾਂ ਭਾਜਪਾ ਸਰਕਾਰ ਤੋਂ ਕੋਈ ਸਵਾਲ ਪੁੱਛਿਆ ਗਿਆ ਹੋਵੇ। ਅਜਿਹੀ ਡਰ ਦੀ ਰਾਜਨੀਤੀ ਕਿਵੇਂ ਚੱਲੇਗੀ?

ਦਿੱਲੀ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੀ ਨੇਤਾ ਆਤਿਸ਼ੀ ਨੇ ਰਾਘਵ ਚੱਢਾ ਤੋਂ ਸਵਾਲ ਕਰਦਿਆਂ ਕਿਹਾ ਕਿ ਉਹ ਭਾਜਪਾ ਤੋਂ ਇੰਨਾ ਕਿਉਂ ਡਰਦੇ ਹਨ? ਉਹ ਭਾਜਪਾ 'ਤੇ ਸਵਾਲ ਚੁੱਕਣ ਤੋਂ ਕਿਉਂ ਡਰਦੇ ਹਨ? ਉਹ ਮੋਦੀ ਜੀ ਤੋਂ ਸਵਾਲ ਪੁੱਛਣ ਤੋਂ ਕਿਉਂ ਡਰਦੇ ਹਨ? ਅੱਜ ਸਾਡਾ ਦੇਸ਼ ਬਹੁਤ ਵੱਡੇ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ। ਅੱਜ ਸਾਡੇ ਦੇਸ਼ ਦੇ ਲੋਕਤੰਤਰ ਅਤੇ ਸੰਵਿਧਾਨ 'ਤੇ ਖਤਰਾ ਮੰਡਰਾ ਰਿਹਾ ਹੈ।ਅੱਜ ਸਾਡੀਆਂ ਅੱਖਾਂ ਦੇ ਸਾਹਮਣੇ ਚੋਣ ਕਮਿਸ਼ਨ ਦੀ ਦੁਰਵਰਤੋਂ ਕਰਕੇ ਪੱਛਮੀ ਬੰਗਾਲ ਦੀ ਚੋਣ ਚੋਰੀ ਕੀਤੀ ਜਾ ਰਹੀ ਹੈ, ਪਰ ਉਹ ਉਸ 'ਤੇ ਸਵਾਲ ਨਹੀਂ ਉਠਾ ਰਹੇ। ਉਹ ਉਸ 'ਤੇ ਬੋਲਣ ਤੋਂ ਡਰ ਰਹੇ ਹਨ।

ਆਮ ਆਦਮੀ ਪਾਰਟੀ ਦੇ ਰਾਸ਼ਟਰੀ ਮੀਡੀਆ ਇੰਚਾਰਜ ਅਨੁਰਾਗ ਢਾਂਡਾ ਨੇ ਕਿਹਾ ਕਿ ਕੋਈ ਮੋਦੀ ਤੋਂ ਡਰ ਜਾਵੇ ਤਾਂ ਦੇਸ਼ ਲਈ ਕੀ ਲੜੇਗਾ? ਪਾਰਟੀ ਨੂੰ ਸੰਸਦ ਵਿੱਚ ਬੋਲਣ ਲਈ ਬਹੁਤ ਘੱਟ ਸਮਾਂ ਮਿਲਦਾ ਹੈ।ਉਸ ਵਿੱਚ ਜਾਂ ਤਾਂ ਦੇਸ਼ ਬਚਾਉਣ ਦਾ ਸੰਘਰਸ਼ ਕਰ ਸਕਦੇ ਹੋ ਜਾਂ ਏਅਰਪੋਰਟ ਕੰਟੀਨ ਵਿੱਚ ਸਮੋਸੇ ਸਸਤੇ ਕਰਵਾਉਣ ਦਾ।ਗੁਜਰਾਤ ਵਿੱਚ ਸਾਡੇ ਸੈਂਕੜੇ ਵਰਕਰ ਭਾਜਪਾ ਦੀ ਪੁਲਸ ਨੇ ਗ੍ਰਿਫਤਾਰ ਕਰ ਲਏ, ਕੀ ਸਾਂਸਦ ਸਾਹਿਬ ਸਦਨ ਵਿੱਚ ਕੁਝ ਬੋਲੇ?

ਚੱਢਾ, ਜਿਸ ਨੂੰ ਵੀਰਵਾਰ ਉਪਰਲੇ ਸਦਨ ਵਿੱਚ ਪਾਰਟੀ ਦੇ ਉਪ-ਨੇਤਾ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ, ਨੇ 'ਆਪ' ਲੀਡਰਸ਼ਿਪ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਉਨ੍ਹਾ ਦੀ ਚੁੱਪ ਨੂੰ ਇਹ ਨਾ ਸਮਝਣ ਕਿ ਉਹ ਸਿਆਸੀ ਲੜਾਈ ਵਿੱਚ ਹਾਰ ਗਏ ਹਨ।

ਸੰਸਦ ਮੈਂਬਰ ਨੇ ਇੱਕ ਵੀਡੀਓ ਸੰਦੇਸ਼ ਵਿੱਚ ਕਿਹਾ ਹੈ, "ਜਦੋਂ ਸਮਾਂ ਆਵੇਗਾ ਤਾਂ ਮੈਂ ਸਭ ਕੁਝ ਸਪੱਸ਼ਟ ਕਰ ਦਿਆਂਗਾ।" ਰਾਘਵ ਚੱਢਾ ਦੀ ਥਾਂ ਪੰਜਾਬ ਤੋਂ ਦੂਜੇ ਸੰਸਦ ਮੈਂਬਰ ਅਸ਼ੋਕ ਕੁਮਾਰ ਮਿੱਤਲ ਨੂੰ ਪਾਰਟੀ ਦਾ ਉਪ-ਨੇਤਾ ਬਣਾਇਆ ਗਿਆ ਹੈ। ਇੱਕ ਵੀਡੀਓ ਸੰਦੇਸ਼ ਵਿੱਚ ਚੱਢਾ ਨੇ ਸਵਾਲ ਕੀਤਾ ਕਿ 'ਆਪ' ਨੇ ਰਾਜ ਸਭਾ ਸਕੱਤਰੇਤ ਨੂੰ ਉਨ੍ਹਾ ਨੂੰ ਸੰਸਦ ਵਿੱਚ ਬੋਲਣ ਦੀ ਇਜਾਜ਼ਤ ਨਾ ਦੇਣ ਲਈ ਕਿਉਂ ਕਿਹਾ। ਉਨ੍ਹਾ ਪੁੱਛਿਆ, "ਮੈਂ ਹਮੇਸ਼ਾ ਉਹ ਮੁੱਦੇ ਉਠਾਏ, ਜੋ ਆਮ ਆਦਮੀ ਨਾਲ ਸੰਬੰਧਤ ਸਨ ਅਤੇ ਸੰਸਦ ਵਿੱਚ ਨਹੀਂ ਉਠਾਏ ਜਾ ਰਹੇ ਸਨ। ਕੀ ਇਹ ਮੁੱਦੇ ਚੁੱਕਣਾ ਪਾਪ ਹੈ? ਆਮ ਆਦਮੀ ਪਾਰਟੀ ਅਜਿਹਾ ਕਿਉਂ ਕਰੇਗੀ? ਮੈਂ ਹਵਾਈ ਅੱਡਿਆਂ 'ਤੇ ਵਿਕਣ ਵਾਲੇ ਮਹਿੰਗੇ ਖਾਣੇ, ਗਿੱਗ ਵਰਕਰਾਂ, ਮਿਲਾਵਟੀ ਖਾਣੇ ਅਤੇ ਬੈਂਕਾਂ ਵੱਲੋਂ ਲਗਾਏ ਜਾਣ ਵਾਲੇ ਗੁਪਤ ਚਾਰਜਾਂ ਬਾਰੇ ਗੱਲ ਕਰ ਰਿਹਾ ਸੀ। ਫਿਰ 'ਆਪ' ਕਿਉਂ ਨਹੀਂ ਚਾਹੁੰਦੀ ਕਿ ਮੈਂ ਬੋਲਾਂ?" ਉਨ੍ਹਾ ਚੇਤਾਵਨੀ ਦਿੱਤੀ ਕਿ ਉਹ ਉਸ ਨਦੀ ਵਰਗੇ ਹਨ, ਜੋ ਸਹੀ ਸਮਾਂ ਆਉਣ 'ਤੇ ਹੜ੍ਹ ਦਾ ਰੂਪ ਲੈ ਲੈਂਦੀ ਹੈ।

## 4 ਸਾਲਾਂ 'ਚ 65,264 ਸਰਕਾਰੀ ਨੌਕਰੀਆਂ ਦੇ ਕੇ ਨੌਜਵਾਨਾਂ ਦੀ ਵਿਦੇਸ਼ਾਂ ਵੱਲ ਹਿਜਰਤ ਨੂੰ ਠੱਲ੍ਹ ਪਾਈ : ਭਗਵੰਤ ਮਾਨ




**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ ਸਰਕਾਰ ਦੀ ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ ਲੜੀ ਦੇ ਹਿੱਸੇ ਵਜੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੁੱਖ ਖੇਤਰਾਂ ਵਿੱਚ ਆਪ ਸਰਕਾਰ ਦੀ ਕਾਰਗੁਜ਼ਾਰੀ 'ਤੇ ਚਾਨਣਾ ਪਾਉਂਦਾ ਆਪਣੀ ਸਰਕਾਰ ਦਾ ਰਿਪੋਰਟ ਕਾਰਡ ਪੇਸ਼ ਕਰਦਿਆਂ ਇਸ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਕੇਂਦ੍ਰਿਤ ਸ਼ਾਸਨ ਵੱਲ ਇੱਕ ਨਿਰਣਾਇਕ ਤਬਦੀਲੀ ਵਜੋਂ ਦਰਸਾਇਆ।ਮੁੱਖ ਮੰਤਰੀ ਨੇ ਸ਼ੁੱਕਰਵਾਰ ਕਿਹਾ ਕਿ ਸਰਕਾਰ ਨੇ ਪਿਛਲੀਆਂ ਸਰਕਾਰਾਂ ਦੀਆਂ ਗਲਤੀਆਂ ਦੀ ਭਰਪਾਈ ਕਰਦਿਆਂ ਨੌਜਵਾਨਾਂ ਨੂੰ ਉਮਰ ਹੱਦ ਵਿੱਚ 5 ਸਾਲ ਦੀ ਛੋਟ ਦਿੰਦਿਆਂ ਸਿਰਫ ਚਾਰ ਸਾਲਾਂ ਵਿੱਚ ਰਿਕਾਰਡ 65,264 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ, ਜੋ ਕਿ ਪੰਜਾਬ ਦੇ ਇਤਿਹਾਸ ਵਿੱਚ ਦਿੱਤੀਆਂ ਗਈਆਂ ਹੁਣ ਤੱਕ ਦੀਆਂ ਸਭ ਤੋਂ ਵੱਧ ਨੌਕਰੀਆਂ ਹਨ।

ਵੱਖ-ਵੱਖ ਵਿਭਾਗਾਂ ਦੇ ਰਿਪੋਰਟ ਕਾਰਡ ਪੇਸ਼ ਕਰਦਿਆਂ ਮਾਨ ਨੇ ਕਿਹਾ ਕਿ ਵਿਦੇਸ਼ਾਂ ਵੱਲ ਨੌਜਵਾਨਾਂ ਦੀ ਹਿਜਰਤ ਦੇ ਰੁਝਾਨ ਨੂੰ ਠੱਲ੍ਹ ਪਈ ਹੈ ਅਤੇ ਪੰਜਾਬ ਦੇ ਹਰ ਪਿੰਡ, ਕਸਬੇ ਅਤੇ ਸ਼ਹਿਰ ਦੇ ਨੌਜਵਾਨਾਂ ਨੂੰ ਇਨ੍ਹਾਂ ਨੌਕਰੀਆਂ ਦਾ ਲਾਭ ਹੋਇਆ ਹੈ।ਕਈ ਨੌਜਵਾਨ ਨੌਕਰੀਆਂ ਲੈਣ ਲਈ ਵਿਦੇਸ਼ਾਂ ਤੋਂ ਵਾਪਸ ਆਏ ਹਨ।ਹੁਣ ਨੌਜਵਾਨ ਆਈਲੈਟਸ ਸੈਂਟਰਾਂ ਵਿੱਚ ਜਾਣ ਦੀ ਬਜਾਏ ਸਰਕਾਰੀ ਨੌਕਰੀਆਂ ਲਈ ਤਿਆਰੀ ਕਰਨ ਨੂੰ ਤਰਜੀਹ ਦੇ ਰਹੇ ਹਨ।ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਆਮ ਲੋਕਾਂ ਦੀ ਬਜਾਏ ਆਪਣੇ ਹੀ ਪਰਵਾਰਾਂ ਦਾ ਪੱਖ ਪੂਰਿਆ ਪਰ ਸੂਬਾ ਸਰਕਾਰ ਨੇ ਸਭ ਦੀ ਭਲਾਈ ਲਈ ਕੰਮ ਕੀਤਾ ਹੈ ਜਿਸ ਦੇ ਚਲਦਿਆਂ ਪ੍ਰਾਈਵੇਟ ਕੰਪਨੀਆਂ ਵਿੱਚ ਵੀ ਸੱਤ ਲੱਖ ਦੇ ਕਰੀਬ ਨੌਜਵਾਨਾਂ ਨੂੰ ਨੌਕਰੀਆਂ ਮਿਲੀਆਂ। ਉਨ੍ਹਾ ਅੱਗੇ ਕਿਹਾ ਕਿ ਅੰਮ੍ਰਿਤਸਰ, ਬਠਿੰਡਾ, ਹੁਸ਼ਿਆਰਪੁਰ, ਜਲੰਧਰ ਅਤੇ ਲੁਧਿਆਣਾ ਵਿੱਚ ਪੰਜ ਬਹੁ-ਹੁਨਰ ਵਿਕਾਸ ਕੇਂਦਰ ਸਥਾਪਤ ਕੀਤੇ ਗਏ ਹਨ।ਇਨ੍ਹਾਂ ਕੇਂਦਰਾਂ ਵਿੱਚ ਹੁਣ ਤੱਕ 1.25 ਲੱਖ ਨੌਜਵਾਨਾਂ ਨੂੰ ਸਿਖਲਾਈ ਦਿੱਤੀ ਗਈ ਹੈ, ਜਿਨ੍ਹਾਂ ਵਿੱਚੋਂ 73,250 ਨੂੰ ਰੁਜ਼ਗਾਰ ਵੀ ਮਿਲ ਗਿਆ ਹੈ।

ਇੱਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੇ ਹਾਲਾਤ ਇਸ ਹੱਦ ਤੱਕ ਅਜੀਬੋ-ਗਰੀਬ ਬਣ ਗਏ ਹਨ ਅਤੇ ਦੇਸ਼ ਵਿੱਚ ਜੋ ਵੀ ਮਾੜਾ ਹੋਇਆ ਹੈ, ਉਸ ਲਈ ਨਹਿਰੂ ਨੂੰ, ਦਿੱਲੀ ਲਈ ਅਰਵਿੰਦ ਕੇਜਰੀਵਾਲ ਨੂੰ ਅਤੇ ਪੰਜਾਬ ਅਤੇ ਚੰਡੀਗੜ੍ਹ ਲਈ ਮੈਨੂੰ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ। ਉਨ੍ਹਾ ਅੱਗੇ ਕਿਹਾ ਕਿ ਭਾਜਪਾ ਸਭ ਕੁਝ ਸਿਆਸੀ ਵਿਰੋਧੀਆਂ ਦੇ ਨਾਂਅ 'ਤੇ ਥੋਪ ਕੇ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ, ਜਦੋਂ ਕਿ 15 ਲੱਖ ਰੁਪਏ ਦੇ ਵਾਅਦੇ ਤੋਂ ਲੈ ਕੇ ਐੱਮ ਐੱਸ ਪੀ ਤੱਕ ਕੁਝ ਵੀ ਨਹੀਂ ਦਿੱਤਾ ਗਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਭਾਜਪਾ ਸ਼ਬਦਾਂ ਦੀ ਖੇਡ ਅਤੇ ਕਠਪੁਤਲੀਆਂ ਦੀ ਤਰ੍ਹਾਂ ਵਿਰੋਧੀਆਂ ਨੂੰ ਨਿਸ਼ਾਨਾ ਬਣਾ ਕੇ ਆਪਣੀ ਜ਼ਿੰਮੇਵਾਰੀ ਤੋਂ ਭੱਜ ਨਹੀਂ ਸਕਦੀ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਹੋਰ ਮੌਜੂਦ ਸਨ।

## ਸੈਣੀ ਕੋਲ ਚਿੰਤਾ ਜ਼ਾਹਰ ਕਰਨ ਵਾਲੇ ਆੜ੍ਹਤੀਏ ਹਰਿਆਣਾ 'ਚ ਹੀ ਆੜ੍ਹਤ ਕਰ ਲੈਣ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**-ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਹੜਤਾਲੀ ਆੜ੍ਹਤੀਆਂ ਨੂੰ ਸਿੱਧਾ ਕਹਿ ਦਿੱਤਾ ਕਿ ਜੇ ਹਰਿਆਣਾ ਦੇ ਮੁੱਖ ਮੰਤਰੀ ਕੋਲ ਜਾ ਕੇ ਹੀ ਪੰਜਾਬ ਦੀ ਚਿੰਤਾ ਕਰਨੀ ਹੈ ਤਾਂ ਪੰਜਾਬ ਦੇ ਆੜ੍ਹਤੀਏ ਹਰਿਆਣਾ 'ਚ ਆੜ੍ਹਤ ਕਰ ਲੈਣ।

ਉਨ੍ਹਾ ਕਿਹਾ ਕਿ ਆੜ੍ਹਤੀਏ ਹਰ ਮਾਮਲੇ 'ਚ ਹਰਿਆਣਾ ਨੂੰ ਖਿੱਚ ਲਿਆਉਂਦੇ ਹਨ, ਜਦੋਂ ਕਿ ਹਰਿਆਣਾ 'ਚ ਸੰਗਰੂਰ ਜ਼ਿਲ੍ਹੇ ਦੇ ਬਰਾਬਰ ਹੀ ਪੈਦਾਵਾਰ ਹੁੰਦੀ ਹੈ। ਉਨ੍ਹਾ ਸਵਾਲ ਕੀਤਾ ਕਿ ਹਰਿਆਣਾ 'ਚ ਤਾਂ ਬਿਜਲੀ ਮੁਆਫੀ ਵੀ ਨਹੀਂ ਹੈ। ਮੁੱਖ ਮੰਤਰੀ ਨੇ ਕਿਹਾ ਕਿ ਆੜ੍ਹਤੀਆਂ ਦੀ ਆੜ੍ਹਤ ਦਾ ਮਾਮਲਾ ਉਹ ਕੇਂਦਰ ਕੋਲ ਤਿੰਨ-ਚਾਰ ਵਾਰ ਉਠਾ ਚੁੱਕੇ ਹਨ।

ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਆਫ ਪੰਜਾਬ ਦੀ ਅਗਵਾਈ 'ਚ ਪਹਿਲੀ ਅਪਰੈਲ ਤੋਂ ਪੰਜਾਬ ਦੇ ਆੜ੍ਹਤੀਆਂ ਨੇ ਢਾਈ ਫੀਸਦੀ ਆੜ੍ਹਤ ਦੀ ਮੰਗ ਨੂੰ ਲੈ ਕੇ ਹੜਤਾਲ ਕੀਤੀ ਹੋਈ ਹੈ। ਪੰਜਾਬ ਦੇ ਮੁੱਖ ਮੰਤਰੀ ਨਾਲ ਮਸਲਾ ਨਜਿੱਠਣ ਲਈ ਮੀਟਿੰਗ ਕਰਨ ਤੋਂ ਬਾਅਦ ਆੜ੍ਹਤੀਆਂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੀਟਿੰਗ ਕੀਤੀ ਸੀ, ਤਾਂ ਜੋ ਕੇਂਦਰ ਤੱਕ ਪਹੁੰਚ ਬਣਾਈ ਜਾ ਸਕੇ। ਮੁੱਖ ਮੰਤਰੀ ਸੈਣੀ ਨੇ ਆੜ੍ਹਤੀਆਂ ਦੀ ਆਓ ਭਗਤ ਕੀਤੀ ਅਤੇ ਸਿਆਸੀ ਚੋਗਾ ਵੀ ਪਾਇਆ ਸੀ।

ਮਾਨ ਨੂੰ ਜਦੋਂ ਸੈਣੀ ਕੋਲ ਆੜ੍ਹਤੀਆਂ ਵੱਲੋਂ ਜ਼ਾਹਰ ਕੀਤੇ ਫਿਕਰਾਂ ਬਾਰੇ ਪੁੱਛਿਆ ਗਿਆ ਤਾਂ ਮੁੱਖ ਮੰਤਰੀ ਨੇ ਕਿਹਾ ਕਿ ਚੰਗਾ ਹੁੰਦਾ ਆੜ੍ਹਤੀਏ ਹਰਿਆਣਾ ਦੇ ਮੁੱਖ ਮੰਤਰੀ ਕੋਲ ਚਿੰਤਾ ਕਰਨ ਦੀ ਥਾਂ ਮੁੱਦੇ ਉਠਾਉਂਦੇ। ਮੁੱਖ ਮੰਤਰੀ ਨੇ ਕਿਹਾ ਕਿ ਉਹ ਵੀ ਜਲਦ ਹਰਿਆਣਾ 'ਚ ਆਪਣੇ ਸਿਆਸੀ ਪ੍ਰੋਗਰਾਮ ਉਲੀਕ ਰਹੇ ਹਨ।

## ਧਮਾਕਾ ਕੇਸ 'ਚ ਸ਼ੱਕੀ ਦਾ ਭਰਾ ਚੁੱਕਿਆ!

**ਚੰਡੀਗੜ੍ਹ** : ਇੱਥੇ ਪੰਜਾਬ ਭਾਜਪਾ ਦੇ ਦਫਤਰ ਦੇ ਬਾਹਰ ਹੋਏ ਧਮਾਕੇ ਦੇ ਮਾਮਲੇ 'ਚ ਪੰਜਾਬ ਪੁਲਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਸ਼ੁੱਕਰਵਾਰ ਤੜਕਸਾਰ ਰੋਪੜ ਜ਼ਿਲ੍ਹੇ ਦੇ ਮੋਰਿੰਡਾ ਇਲਾਕੇ ਦੇ ਪਿੰਡ ਰਤਨਗੜ੍ਹ ਵਿੱਚ ਦੋ ਸ਼ੱਕੀ ਮੁਲਜ਼ਮਾਂ ਦੇ ਘਰ ਛਾਪੇਮਾਰੀ ਕੀਤੀ। ਹਾਲਾਂਕਿ ਪੁਲਸ ਅਧਿਕਾਰੀਆਂ ਨੇ ਇਸ ਦੀ ਪੁਸ਼ਟੀ ਨਹੀਂ ਕੀਤੀ, ਪਰ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਇਸ ਮਾਮਲੇ ਦੇ ਮੁਲਜ਼ਮ ਗੁਰਤੇਜ ਸਿੰਘ ਦੇ ਭਰਾ ਗੁਰਜੰਟ ਸਿੰਘ ਨੂੰ ਸਵੇਰੇ ਹਿਰਾਸਤ ਵਿੱਚ ਲਿਆ ਗਿਆ ਹੈ। ਸੂਤਰਾਂ ਨੇ ਦੱਸਿਆ ਕਿ ਇਹ ਛਾਪੇਮਾਰੀ ਇਸ ਲਈ ਕੀਤੀ ਗਈ ਕਿਉਂਕਿ ਪੁਲਸ ਨੂੰ ਸ਼ੱਕ ਸੀ ਕਿ ਗੁਰਤੇਜ ਸਿੰਘ (ਜੋ ਕਿ ਰੈਪਿਡੋ ਬਾਈਕ ਰਾਈਡਰ ਸੀ) ਇਸ ਧਮਾਕੇ ਵਿੱਚ ਸ਼ਾਮਲ ਸੀ। ਗੁਰਤੇਜ ਸਿੰਘ ਦੇ ਭਰਾ ਗੁਰਜੰਟ ਸਿੰਘ ਦੀ ਪਤਨੀ ਨੇ ਕਿਹਾ ਕਿ ਉਸ ਦੇ ਪਤੀ ਦਾ ਗੁਰਤੇਜ ਨਾਲ ਕੋਈ ਸੰਬੰਧ ਨਹੀਂ ਹੈ, ਪਰ ਪੁਲਸ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ। ਗੁਰਤੇਜ ਸਿੰਘ ਦੀ ਮਾਂ ਨੇ ਦੱਸਿਆ ਕਿ ਪਰਵਾਰ ਪਿਛਲੇ 3-4 ਸਾਲਾਂ ਤੋਂ ਗੁਰਤੇਜ ਸਿੰਘ ਦੇ ਸੰਪਰਕ ਵਿੱਚ ਨਹੀਂ ਸੀ ਅਤੇ ਇਸ ਮਾਮਲੇ ਵਿੱਚ ਉਨ੍ਹਾਂ ਨੂੰ ਬਿਨਾਂ ਕਾਰਨ ਪਰੇਸ਼ਾਨ ਕੀਤਾ ਜਾ ਰਿਹਾ ਹੈ।

ਉਸ ਨੇ ਕਿਹਾ ਕਿ ਉਸ ਨੂੰ ਪਿਛਲੀ ਵਾਰ ਲੋਕਾਂ ਤੋਂ ਪਤਾ ਲੱਗਾ ਸੀ ਕਿ ਉਸ ਦਾ ਬੇਟਾ ਗੁਰਤੇਜ ਸਿੰਘ ਚੰਡੀਗੜ੍ਹ ਵਿੱਚ ਰੈਪਿਡੋ ਡਰਾਈਵਰ ਵਜੋਂ ਕੰਮ ਕਰ ਰਿਹਾ ਸੀ। ਜੇ ਉਸ ਨੇ ਕੁਝ ਗਲਤ ਕੀਤਾ ਹੈ ਤਾਂ ਪੁਲਸ ਉਸ ਨੂੰ ਗ੍ਰਿਫਤਾਰ ਕਰੇ ਪਰ ਪਰਵਾਰ ਦੇ ਹੋਰ ਮੈਂਬਰਾਂ ਨੂੰ ਪ੍ਰੇਸ਼ਾਨ ਨਹੀਂ ਕੀਤਾ ਜਾਣਾ ਚਾਹੀਦਾ।

## ਅਮਰੀਕੀ ਪਾਇਲਟ ਈਰਾਨ 'ਚ ਡਿੱਗਿਆ

**ਦੁਬਈ** : ਈਰਾਨੀ ਸਰਕਾਰੀ ਟੈਲੀਵਿਜ਼ਨ ਨੇ ਸ਼ੁੱਕਰਵਾਰ ਦਾਅਵਾ ਕੀਤਾ ਕਿ ਇੱਕ ਅਮਰੀਕੀ ਲੜਾਕੂ ਜਹਾਜ਼ ਦਾ ਪਾਇਲਟ ਦੱਖਣ-ਪੱਛਮੀ ਈਰਾਨ ਦੇ ਉੱਪਰ ਆਪਣੇ ਜਹਾਜ਼ ਤੋਂ ਬਾਹਰ ਨਿਕਲ ਗਿਆ ਹੈ। ਅਮਰੀਕਾ ਨੇ ਇਸ ਦਾਅਵੇ ਬਾਰੇ ਟਿੱਪਣੀ ਕਰਨ ਦੀਆਂ ਬੇਨਤੀਆਂ ਦਾ ਤੁਰੰਤ ਕੋਈ ਜਵਾਬ ਨਹੀਂ ਦਿੱਤਾ। ਦੂਜੇ ਪਾਸੇ ਈਰਾਨ ਨੇ ਦਾਅਵਾ ਕੀਤਾ ਹੈ ਕਿ ਪਾਇਲਟ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ, ਜਿਸ ਦੀ ਕੋਈ ਪੁਸ਼ਟੀ ਨਹੀਂ ਹੋਈ। ਉੱਧਰ ਈਰਾਨ ਦੇ 'ਕੋਹਕੀਲੂਏਹ ਅਤੇ ਬੋਇਰ-ਅਹਿਮਦ' ਸੂਬੇ ਦੇ ਚੈਨਲ 'ਤੇ ਐਂਕਰ ਨੇ ਇਹ ਐਲਾਨ ਪੜ੍ਹਿਆ, "ਜੇਕਰ ਤੁਸੀਂ ਦੁਸ਼ਮਣ ਦੇ ਪਾਇਲਟ ਜਾਂ ਪਾਇਲਟਾਂ ਨੂੰ ਜ਼ਿੰਦਾ ਫੜ ਕੇ ਪੁਲਸ ਹਵਾਲੇ ਕਰਦੇ ਹੋ, ਤਾਂ ਤੁਹਾਨੂੰ ਇੱਕ ਕੀਮਤੀ ਇਨਾਮ ਦਿੱਤਾ ਜਾਵੇਗਾ।"

## ਪੀ ਆਰ ਟੀ ਸੀ ਦੀ ਬੱਸ 'ਚ ਵੜ ਕੇ ਕੰਡਕਟਰ ਲੁੱਟ ਲਿਆ

**ਜਲੰਧਰ** : ਜਲੰਧਰ-ਸੁਲਤਾਨਪੁਰ ਲੋਧੀ ਰੂਟ 'ਤੇ ਕੁਲਾਰਾਂ ਨੇੜੇ ਮੋਠਾਂਵਾਲਾ ਪੁਲਸ ਚੌਂਕੀ ਕੋਲ ਕਾਰ ਸਵਾਰ 3-4 ਵਿਅਕਤੀਆਂ ਨੇ ਸ਼ੁੱਕਰਵਾਰ ਪੀ ਆਰ ਟੀ ਸੀ ਬੱਸ 'ਚ ਲੁੱਟ ਖੋਹ ਕੀਤੀ। ਇਹ ਬੱਸ ਰੋਜ਼ਾਨਾ ਜਲੰਧਰ ਤੋਂ ਸਿਧਵਾਂ ਦੋਨਾ-ਮੋਠਾਂਵਾਲਾ ਰੂਟ ਰਾਹੀਂ ਸੁਲਤਾਨਪੁਰ ਲੋਧੀ ਜਾਂਦੀ ਹੈ। ਦੁਪਹਿਰ ਕਰੀਬ 12:30 ਵਜੇ ਇਹ ਘਟਨਾ ਵਾਪਰੀ ਤੇ ਉਸ ਸਮੇਂ ਬੱਸ ਵਿੱਚ 10 ਤੋਂ 15 ਸਵਾਰੀਆਂ ਸਨ। ਡਰਾਈਵਰ ਪਵਿੱਤਰ ਸਿੰਘ ਨੇ ਦੱਸਿਆ ਕਿ ਕੁਲਾਰਾਂ ਨੇੜੇ ਇੱਕ ਪੁਰਾਣੀ ਹੋਂਡਾ ਸਿਟੀ ਕਾਰ ਵਿੱਚ ਸਵਾਰ ਕੁਝ ਵਿਅਕਤੀਆਂ ਨੇ ਬੱਸ ਨੂੰ ਰੁਕਣ ਦਾ ਇਸ਼ਾਰਾ ਕੀਤਾ, ਪਰ ਉਹ ਨਹੀਂ ਰੁਕਿਆ ਕਿਉਂਕਿ ਇਹ ਕੋਈ ਨਿਰਧਾਰਤ ਸਟਾਪ ਨਹੀਂ ਸੀ। ਉਨ੍ਹਾਂ ਨੇ ਪਿੱਛਾ ਜਾਰੀ ਰੱਖਿਆ ਅਤੇ ਆਪਣੀ ਕਾਰ ਨਾਲ ਬੱਸ ਦਾ ਰਸਤਾ ਰੋਕ ਲਿਆ ਤੇ ਜ਼ਬਰਦਸਤੀ ਬੱਸ ਦੇ ਦਰਵਾਜ਼ੇ ਖੋਲ੍ਹ ਲਏ। ਫਿਰ ਉਨ੍ਹਾਂ ਵਿੱਚੋਂ ਦੋ ਜਣਿਆਂ ਨੇ ਚਾਕੂ ਅਤੇ ਦਾਤ ਲਹਿਰਾਉਂਦੇ ਹੋਏ ਬੱਸ ਦੇ ਬੋਨਟ 'ਤੇ ਮਾਰੇ ਅਤੇ ਕੰਡਕਟਰ ਦਾ ਪੈਸਿਆਂ ਵਾਲਾ ਬੈਗ ਖੋਹ ਲਿਆ, ਉਸ ਵਿੱਚੋਂ ਪੈਸੇ ਕੱਢੇ ਅਤੇ ਫਰਾਰ ਹੋ ਗਏ। ਕੰਡਕਟਰ ਮਲਕੀਤ ਸਿੰਘ ਨੇ ਦੱਸਿਆ, "ਉਨ੍ਹਾਂ ਵਿੱਚੋਂ ਦੋ ਜਣੇ ਦਾਤ ਲੈ ਕੇ ਜ਼ਬਰਦਸਤੀ ਬੱਸ ਵਿੱਚ ਵੜ ਗਏ ਅਤੇ ਪੈਸਿਆਂ ਦੀ ਮੰਗ ਕੀਤੀ, ਮੈਂ ਉਨ੍ਹਾਂ ਨੂੰ 200 ਰੁਪਏ ਦਿੱਤੇ ਪਰ ਉਨ੍ਹਾਂ ਨੇ ਮੇਰੇ ਬੈਗ ਵਿੱਚੋਂ ਕਰੀਬ 900 ਤੋਂ 1200 ਰੁਪਏ ਕੱਢ ਲਏ।" ਘਟਨਾ ਦੌਰਾਨ ਇੱਕ ਮੁਲਜ਼ਮ ਨੇ ਆਪਣੀ ਪਛਾਣ ਜ਼ਾਹਰ ਕੀਤੀ ਅਤੇ ਧਮਕੀ ਦਿੱਤੀ

• ਬਾਕੀ ਸਫਾ 2 'ਤੇ

## ਦੁਬਈ 'ਚ ਗੁਰਦੁਆਰਾ, ਮੰਦਰ ਤੇ ਚਰਚ ਬੰਦ

**ਦੁਬਈ** : ਜੰਗੀ ਤਣਾਅ ਕਾਰਨ ਦੁਬਈ ਪ੍ਰਸ਼ਾਸਨ ਨੇ ਸੁਰੱਖਿਆ ਦੇ ਮੱਦੇਨਜ਼ਰ ਗੁਰੂ ਨਾਨਕ ਦਰਬਾਰ ਗੁਰਦੁਆਰਾ, ਹਿੰਦੂ ਮੰਦਰਾਂ ਅਤੇ ਕਈ ਚਰਚਾਂ ਨੂੰ ਅਗਲੇ ਹੁਕਮਾਂ ਤੱਕ ਅਸਥਾਈ ਤੌਰ 'ਤੇ ਬੰਦ ਕਰਨ ਦੇ ਨਿਰਦੇਸ਼ ਦਿੱਤੇ ਹਨ।

ਗੁਰੂ ਨਾਨਕ ਦਰਬਾਰ ਗੁਰਦੁਆਰਾ ਦੁਬਈ ਦੇ ਚੇਅਰਮੈਨ ਸੁਰਿੰਦਰ ਸਿੰਘ ਕੰਧਾਰੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਨੂੰ ਕਮਿਊਨਿਟੀ ਡਿਵੈਲਪਮੈਂਟ ਅਥਾਰਟੀ ਵੱਲੋਂ ਬੰਦ ਕਰਨ ਦੇ ਨਿਰਦੇਸ਼ ਮਿਲੇ ਹਨ। ਇਹ ਕਦਮ ਸੁਰੱਖਿਆ ਕਾਰਨਾਂ ਕਰਕੇ ਸਾਵਧਾਨੀ ਵਜੋਂ ਚੁੱਕਿਆ ਗਿਆ ਹੈ। ਸ੍ਰੀ ਕ੍ਰਿਸ਼ਨਾ ਮੰਦਰ ਨੂੰ ਵੀ ਅਗਲੇ ਨੋਟਿਸ ਤੱਕ ਅਸਥਾਈ ਤੌਰ 'ਤੇ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਹੈ।

## ਹੁੱਡਾ ਤੇ ਏ ਜੇ ਐੱਲ ਖਿਲਾਫ ਮਨੀ ਲਾਂਡਰਿੰਗ ਦਾ ਕੇਸ ਬੰਦ

**ਪੰਚਕੂਲਾ** : ਪੀ ਐੱਮ ਐੱਲ ਏ ਅਦਾਲਤ ਦੇ ਵਿਸ਼ੇਸ਼ ਜੱਜ ਰਾਜੀਵ ਗੋਇਲ ਨੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਅਤੇ ਮੈਸਰਜ਼ ਐਸੋਸੀਏਟਡ ਜਰਨਲਜ਼ ਲਿਮਟਿਡ (ਏ ਜੇ ਐੱਲ) ਕੰਪਨੀ ਵਿਰੁੱਧ ਪੁਰਾਣੇ ਰੇਟਾਂ 'ਤੇ ਪਲਾਟ ਅਲਾਟ ਕਰਨ ਦੇ ਮਾਮਲੇ ਵਿੱਚ ਈ ਡੀ ਦੇ ਕੇਸ ਨੂੰ ਸ਼ੁੱਕਰਵਾਰ ਬੰਦ ਕਰ ਦਿੱਤਾ। ਉਨ੍ਹਾ ਈ ਡੀ ਦੀ ਸ਼ਿਕਾਇਤ ਇਸ ਲਈ ਬੰਦ ਕਰ ਦਿੱਤੀ, ਕਿਉਂਕਿ ਹਾਈ ਕੋਰਟ ਪਹਿਲਾਂ ਹੀ ਸੀ ਬੀ ਆਈ ਵੱਲੋਂ ਚਲਾਏ ਜਾ ਰਹੇ ਮੁੱਖ ਕੇਸ ਵਿੱਚ ਹੁੱਡਾ ਅਤੇ ਏ ਜੇ ਐੱਲ ਕੰਪਨੀ ਨੂੰ ਬਰੀ ਕਰ ਚੁੱਕੀ ਸੀ।ਵਿਜੇ ਮਦਨ ਲਾਲ ਚੌਧਰੀ ਕੇਸ ਵਿੱਚ ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਸੀ ਕਿ ਜੇ ਕੋਈ ਵਿਅਕਤੀ ਮੁੱਖ ਅਪਰਾਧ ਵਿੱਚੋਂ ਬਰੀ ਹੋ ਜਾਂਦਾ ਹੈ ਜਾਂ ਅਦਾਲਤ ਉਸ ਵਿਰੁੱਧ ਕੇਸ ਰੱਦ ਕਰ ਦਿੰਦੀ ਹੈ ਤਾਂ ਉਸ ਉੱਤੇ ਮਨੀ-ਲਾਂਡਰਿੰਗ ਦਾ ਕੋਈ ਕੇਸ ਨਹੀਂ ਬਣ ਸਕਦਾ।

ਪੰਚਕੂਲਾ ਦੇ ਸੈਕਟਰ 6 ਵਿੱਚ ਪਲਾਟ ਨੰਬਰ ਸੀ-17, ਏ ਜੇ ਐੱਲ ਕੰਪਨੀ ਨੂੰ ਅਖਬਾਰ ਸ਼ੁਰੂ ਕਰਨ ਲਈ 91 ਰੁਪਏ ਪ੍ਰਤੀ ਵਰਗ ਮੀਟਰ ਦੀ ਸਸਤੀ ਦਰ 'ਤੇ ਅਲਾਟ ਕੀਤਾ ਗਿਆ ਸੀ, ਪਰ ਦੋ ਸਾਲਾਂ ਵਿੱਚ ਉਸਾਰੀ ਨਾ ਹੋਣ ਕਾਰਨ ਇਹ ਪਲਾਟ ਵਾਪਸ ਲੈ ਲਿਆ ਗਿਆ ਸੀ ਅਤੇ ਇਸ ਸੰਬੰਧੀ ਸਾਰੀਆਂ ਅਪੀਲਾਂ ਦਾ ਫੈਸਲਾ 10

• ਬਾਕੀ ਸਫਾ 2 'ਤੇ

## ਬਜ਼ੁਰਗ ਜੋੜਾ ਐੱਨ ਆਰ ਆਈ ਬੇਟੇ ਤੋਂ ਡਾਢਾ ਦੁਖੀ

**ਚੰਡੀਗੜ੍ਹ** : ਲੁਧਿਆਣਾ ਤੋਂ ਲੱਗਭੱਗ 20 ਕਿੱਲੋਮੀਟਰ ਦੂਰ ਦੋਰਾਹਾ ਨੇੜਲੇ ਪਿੰਡ ਛੰਦੜਾਂ ਦੇ 91 ਸਾਲਾ ਹਰਭਗਤ ਸਿੰਘ ਅਤੇ ਉਨ੍ਹਾ ਦੀ 88 ਸਾਲਾ ਪਤਨੀ ਸਵਰਨ ਕੌਰ ਅਮਰੀਕਾ ਰਹਿੰਦੇ ਆਪਣੇ ਪੁੱਤਰ ਗੁਰਪ੍ਰੀਤ ਸਿੰਘ ਤੇ ਉਸ ਦੇ ਐੱਸ ਪੀ ਏ (ਸਪੈਸ਼ਲ ਪਾਵਰ ਆਫ ਅਟਾਰਨੀ ਧਾਰਕ) ਗੁਰਜੀਤ ਸਿੰਘ ਤੋਂ ਧਮਕੀਆਂ ਦਾ ਸਾਹਮਣਾ ਕਰ ਰਹੇ ਹਨ। ਝਗੜੇ ਦੀ ਜੜ੍ਹ 22 ਏਕੜ ਖੇਤੀਬਾੜੀ ਜ਼ਮੀਨ ਹੈ। ਇਸ ਵਿੱਚੋਂ ਕੁਝ ਜ਼ਮੀਨ ਹਰਭਗਤ ਸਿੰਘ ਅਤੇ ਉਨ੍ਹਾ ਦੀ ਪਤਨੀ ਦੇ ਨਾਂਅ 'ਤੇ ਸੀ ਅਤੇ ਕੁਝ ਜ਼ਮੀਨ ਹਰਭਗਤ ਸਿੰਘ ਨੇ ਪਰਵਾਰਕ ਪੈਸਿਆਂ ਨਾਲ ਗੁਰਪ੍ਰੀਤ ਸਿੰਘ ਦੇ ਨਾਂਅ 'ਤੇ ਖਰੀਦੀ ਸੀ। ਦੱਸਿਆ ਜਾਂਦਾ ਹੈ ਕਿ ਗੁਰਪ੍ਰੀਤ, ਜੋ ਕਿ ਅਮਰੀਕਾ ਵਿੱਚ ਬਹੁਤ ਵਧੀਆ ਕਮਾਈ ਕਰ ਰਿਹਾ ਹੈ, ਚਾਹੁੰਦਾ ਸੀ ਕਿ ਸਾਰੀ ਜ਼ਮੀਨ ਉਸ ਦੇ ਨਾਂਅ 'ਤੇ ਤਬਦੀਲ ਕੀਤੀ ਜਾਵੇ। ਮਾਪਿਆਂ ਨੂੰ ਇਸ 'ਤੇ ਕੋਈ ਇਤਰਾਜ਼ ਨਹੀਂ ਸੀ ਅਤੇ ਉਨ੍ਹਾਂ ਨੇ ਆਪਣੇ ਨਾਂਅ ਵਾਲੀ ਜ਼ਮੀਨ ਗੁਰਪ੍ਰੀਤ ਦੇ ਨਾਂਅ ਇਸ ਸ਼ਰਤ 'ਤੇ ਤਬਦੀਲ ਕਰ ਦਿੱਤੀ ਕਿ ਉਹ ਉਨ੍ਹਾਂ ਦੀ ਦੇਖਭਾਲ ਕਰੇਗਾ, ਸਾਰੀਆਂ ਸਹੂਲਤਾਂ ਦੇਵੇਗਾ ਅਤੇ ਜ਼ਮੀਨ ਦਾ ਠੇਕਾ (ਲੀਜ਼ ਮਨੀ) ਕਿਰਾਏਦਾਰ ਵੱਲੋਂ ਮਾਪਿਆਂ ਨੂੰ ਹੀ ਦਿੱਤਾ ਜਾਵੇਗਾ।

ਜ਼ਮੀਨ ਨਾਮੇ ਹੋਣ ਤੋਂ ਬਾਅਦ ਗੁਰਪ੍ਰੀਤ ਨੇ ਮਾਪਿਆਂ ਨੂੰ ਸਹੂਲਤਾਂ ਦੇਣੀਆਂ ਬੰਦ ਕਰ ਦਿੱਤੀਆਂ। ਇਸ ਦੀ ਬਜਾਏ ਉਸ ਨੇ ਰਮੇਸ਼ ਕੁਮਾਰ ਨੂੰ ਜਨਰਲ ਪਾਵਰ ਆਫ ਅਟਾਰਨੀ ਦੇ ਦਿੱਤੀ, ਜਿਸ ਨੇ ਮਾਪਿਆਂ ਨੂੰ ਪ੍ਰੇਸ਼ਾਨ ਕਰਨਾ ਅਤੇ ਧਮਕਾਉਣਾ ਸ਼ੁਰੂ ਕਰ ਦਿੱਤਾ ਅਤੇ ਕਿਰਾਏਦਾਰ ਨੂੰ ਵੀ ਧਮਕੀ ਦਿੱਤੀ ਕਿ ਉਹ ਠੇਕੇ ਦੇ ਪੈਸੇ ਉਸ ਨੂੰ (ਰਮੇਸ਼ ਕੁਮਾਰ ਨੂੰ) ਦੇਵੇ।ਮਾਪਿਆਂ ਵੱਲੋਂ ਅਰਜ਼ੀ ਦਾਇਰ ਕਰਨ 'ਤੇ ਲੁਧਿਆਣਾ ਦੇ ਐੱਸ ਡੀ ਐੱਮ ਨੇ ਜ਼ਮੀਨ ਦੇ ਤਬਾਦਲੇ ਰੱਦ ਕਰ ਦਿੱਤੇ ਅਤੇ ਗੁਰਪ੍ਰੀਤ ਸਿੰਘ ਦੀਆਂ ਅਪੀਲਾਂ ਖਾਰਜ ਕਰ ਦਿੱਤੀਆਂ। 5 ਸਾਲਾਂ ਤੋਂ ਵੱਧ ਸਮੇਂ ਬਾਅਦ ਗੁਰਪ੍ਰੀਤ ਸਿੰਘ ਨੇ ਫਿਰ ਐਡੀਸ਼ਨਲ ਡਿਪਟੀ ਕਮਿਸ਼ਨਰ (ਏ ਡੀ ਸੀ) ਕੋਲ ਅਪੀਲਾਂ ਦਾਇਰ ਕੀਤੀਆਂ। ਤੱਤਕਾਲੀ ਏ ਡੀ ਸੀ ਐੱਸ ਡੀ ਐੱਮ ਦੇ ਹੁਕਮਾਂ ਨੂੰ ਪਲਟ ਦਿੱਤਾ। ਮਾਪਿਆਂ ਨੇ ਏ ਡੀ ਸੀ ਦੇ ਹੁਕਮਾਂ ਖਿਲਾਫ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਰਿੱਟ ਪਟੀਸ਼ਨਾਂ ਦਾਇਰ ਕੀਤੀਆਂ। ਹਾਈ ਕੋਰਟ ਨੇ ਹੁਕਮਾਂ ਨੂੰ ਰੱਦ ਕਰਕੇ ਜ਼ਮੀਨ ਮੁੜ ਮਾਪਿਆਂ ਨੂੰ ਸੌਂਪ ਦਿੱਤੀ। ਕਿਉਂਕਿ ਧੀ ਅੰਤਰਪ੍ਰੀਤ

• ਬਾਕੀ ਸਫਾ 2 'ਤੇ

## ਮੋਹਿੰਦਰ ਭਗਤ ਤੇ ਦੀਪਕ ਬਾਲੀ ਨੇ ਦਮੜੀ ਯਾਤਰਾ ਲਈ ਵਿਸ਼ੇਸ਼ ਟ੍ਰੇਨ ਹਰਿਦੁਆਰ ਨੂੰ ਕੀਤੀ ਰਵਾਨਾ

**ਜਲੰਧਰ** : ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਅਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਵੱਲੋਂ ਸ਼ੁਕਰਵਾਰ ਸੰਤ ਨਿਰਮਲ ਦਾਸ ਜੋੜੇ ਵਾਲੇ, ਸੰਤ ਪ੍ਰਗਟ ਨਾਥ ਅਤੇ ਹੋਰ ਸੰਤਾਂ-ਮਹਾਂਪੁਰਖਾਂ ਦੀ ਰਹਿਨੁਮਾਈ ਹੇਠ ਦਮੜੀ ਯਾਤਰਾ ਨੂੰ ਵਿਸ਼ੇਸ਼ ਟ੍ਰੇਨ ਰਾਹੀਂ ਸਥਾਨਕ ਸਿਟੀ ਰੇਲਵੇ ਸਟੇਸ਼ਨ ਤੋਂ ਹਰਿਦੁਆਰ ਲਈ ਰਵਾਨਾ ਕੀਤਾ ਗਿਆ।



ਇਸ ਮੌਕੇ ਵਿਧਾਇਕ ਚੱਬੇਵਾਲ ਡਾ. ਇਸ਼ਾਂਕ ਕੁਮਾਰ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ।ਕੈਬਨਿਟ ਮੰਤਰੀ ਨੇ ਸੰਬੋਧਨ ਕਰਦਿਆਂ ਲੋਕਾਂ ਨੂੰ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦਾ ਸੱਦਾ ਦਿੱਤਾ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਵੱਲੋਂ ਗੁਰੂ ਰਵਿਦਾਸ ਜੀ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਵਿਆਪਕ ਪ੍ਰੋਗਰਾਮ ਉਲੀਕੇ ਗਏ ਹਨ।ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਦਮੜੀ ਯਾਤਰਾ ਲਈ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਉਹ ਕੌਮਾਂ ਹਮੇਸ਼ਾ ਅੱਗੇ ਵਧਦੀਆਂ ਅਤੇ ਤਰੱਕੀ ਕਰਦੀਆਂ ਹਨ, ਜਿਹੜੀਆਂ ਆਪਣੇ ਗੁਰੂਆਂ-ਪੀਰਾਂ, ਸੰਤਾਂ ਨੂੰ ਯਾਦ ਰੱਖਦੀਆਂ ਹੋਈਆਂ ਉਨ੍ਹਾਂ ਵੱਲੋਂ ਪਾਏ ਪੂਰਨਿਆਂ 'ਤੇ ਚੱਲਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਸਾਡੇ ਮਹਾਨ ਗੁਰੂਆਂ ਅਤੇ ਸੰਤਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਦੇ ਹੋਏ ਹਰ ਵਰਗ ਦੀ ਭਲਾਈ ਅਤੇ ਖੁਸ਼ਹਾਲੀ ਲਈ ਲਗਾਤਾਰ ਕੰਮ ਕਰ ਰਹੀ ਹੈ।ਇਸ ਮੌਕੇ ਸੰਤ ਸਤਵਿੰਦਰ ਹੀਰਾ, ਭੈਣ ਸੰਤੋਸ਼, 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ, ਦਿਨੇਸ਼ ਢੱਲ ਤੋਂ ਇਲਾਵਾ ਸੰਤ ਸਮਾਜ ਅਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

## ਅੱਜ-ਨਾਮਾ

ਘਪਲੇ ਬੈਂਕਾਂ ਵਿੱਚ ਨਿੱਤ ਦਿਨ ਵਧੀ ਜਾਂਦੇ,
ਪੈਸਾ ਗ੍ਰਾਹਕਾਂ ਦਾ ਹੁੰਦਾ ਪਿਆ ਗੁੱਲ ਬੇਲੀ।
ਅਧਿਕਾਰੀ ਬੈਂਕ ਦੇ ਜਿੱਥੇ ਹਨ ਮਿਲ ਜਾਂਦੇ,
ਮਾਰਦੇ ਲੁੱਟਣ ਲਈ ਜ਼ੋਰਾਂ ਦਾ ਟੁੱਲ ਬੇਲੀ।
ਮੈਨੇਜਮੈਂਟ ਨਹੀਂ ਪਹਿਲਾਂ ਤਾਂ ਚੈੱਕ ਕਰਦੀ,
ਉਸ ਨੂੰ ਆਪਣਾ ਫਰਜ਼ ਗਿਆ ਭੁੱਲ ਬੇਲੀ।
ਹੁੰਦੀ ਪੜਤਾਲ, ਪਰ ਪੈਸੇ ਨਾ ਕਦੇ ਮੁੜਦੇ,
ਨਤੀਜਾ ਨਿਕਲਦਾ ਜ਼ੀਰੋ ਫਿਰ ਕੁੱਲ ਬੇਲੀ।
ਪੈਸੇ ਪਬਲਿਕ ਦੇ, ਖਸਮ ਨਾ ਸਾਈਂ ਕੋਈ,
ਕੁੱਤੀ ਰਹਿੰਦੀ ਆ ਚੋਰਾਂ ਨਾਲ ਰਲ਼ੀ ਬੇਲੀ।
ਚੰਗਿਆੜੀ ਇੱਕੋ ਹੀ ਸਾੜ ਸਵਾਹ ਕਰਦੀ,
ਸਾਜ਼ਿਸ਼ ਹੁੰਦੀ ਨਹੀਂ ਕਦੀ ਵੀ ਟਲ਼ੀ ਬੇਲੀ।

-ਤੀਸ ਮਾਰ ਖਾਂ

## ਅਣ-ਐਲਾਨੀ ਸੈਂਸਰਸ਼ਿਪ ਦੀ ਆਈ ਜੇ ਯੂ ਤੇ ਪੀ ਸੀ ਜੇ ਯੂ ਵੱਲੋਂ ਜ਼ੋਰਦਾਰ ਨਿੰਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**



ਇੰਡੀਅਨ ਜਰਨਲਿਸਟਸ ਯੂਨੀਅਨ (ਆਈ ਜੇ ਯੂ) ਅਤੇ ਪੰਜਾਬ ਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਨੇ ਪੱਤਰਕਾਰਾਂ, ਸੁਤੰਤਰ ਡਿਜੀਟਲ ਮੀਡੀਆ ਪਲੇਟਫਾਰਮਾਂ, ਵਿਅੰਗਕਾਰਾਂ ਅਤੇ ਸਰਕਾਰ ਦੀ ਆਲੋਚਨਾ ਕਰਨ ਵਾਲੇ ਤੱਥ ਖ਼ੋਜੀਆਂ ਵੱਲੋਂ ਸਾਂਝੀ ਕੀਤੀ ਸਮੱਗਰੀ ਨੂੰ ਹਟਾਉਣ ਅਤੇ ਪੇਜ ਬੰਦ ਕਰਨ ਲਈ ਜਾਰੀ ਕੀਤੇ ਹਾਲੀਆ ਫਰਮਾਨਾਂ ਉਪਰ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ ਅਤੇ ਇਸ ਨੂੰ ਬੋਲਣ ਤੇ ਪ੍ਰਗਟਾਵੇ ਦੀ ਆਜ਼ਾਦੀ 'ਤੇ ਇੱਕ ਅਣ-ਐਲਾਨੀ ਸੈਂਸਰਸ਼ਿਪ ਕਰਾਰ ਦਿੱਤਾ ਹੈ। ਆਈ ਜੇ ਯੂ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ, ਸਕੱਤਰ ਜਨਰਲ ਡੀ. ਸੋਮ ਸੁੰਦਰ, ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੂਬਾਈ ਚੇਅਰਮੈਨ ਬਲਬੀਰ ਸਿੰਘ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ ਅਤੇ ਸਕੱਤਰ ਜਨਰਲ ਸੰਤੋਖ ਗਿੱਲ ਨੇ ਕਿਹਾ ਕਿ ਮੁਹੰਮਦ ਜ਼ੁਬੈਰ, ਮੋਲੀਟਿਕਸ, ਨੈਸ਼ਨਲ ਦਸਤਕ, 4ਪੀ.ਐੱਮ ਨਿਊਜ਼, ਸਟੈਂਡ-ਅੱਪ ਕਾਮੇਡੀਅਨ ਰਾਜੀਵ ਨਿਗਮ ਅਤੇ ਹੋਰਾਂ ਨਾਲ ਜੁੜੀ ਸਮੱਗਰੀ ਤੇ ਖਾਤਿਆਂ ਨੂੰ ਬੰਦ ਕਰਨਾ ਵਿਰੋਧ ਦੀਆਂ ਆਵਾਜ਼ਾਂ ਨੂੰ ਚੁੱਪ ਕਰਾਉਣ ਅਤੇ ਸੁਤੰਤਰ ਪੱਤਰਕਾਰੀ ਨੂੰ ਦਬਾਉਣ ਲਈ ਕਾਰਜਕਾਰੀ ਸ਼ਕਤੀਆਂ ਦੀ ਸਿੱਧੀ ਦੁਰਵਰਤੋਂ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਅਜਿਹੀਆਂ ਕਾਰਵਾਈਆਂ ਡਿਜੀਟਲ ਸੈਂਸਰਸ਼ਿਪ ਤੋਂ ਇਲਾਵਾ ਕੁੱਝ ਵੀ ਨਹੀਂ ਹਨ ਅਤੇ ਧਾਰਾ 19 (1) (ਏ) ਦੇ ਤਹਿਤ ਬੋਲਣ ਤੇ ਪ੍ਰਗਟਾਵੇ ਦੀ ਆਜ਼ਾਦੀ ਦੀ ਸੰਵਿਧਾਨਕ ਗਰੰਟੀ 'ਤੇ ਸਿੱਧਾ ਹਮਲਾ ਹੈ। ਆਗੂਆਂ ਨੇ ਕਿਹਾ ਕਿ ਕੇਂਦਰ ਵੱਲੋਂ ਗੁਪਤ ਪ੍ਰਕਿਰਿਆਵਾਂ ਅਤੇ ਲੁਕਵੇਂ ਕਾਨੂੰਨੀ ਪ੍ਰਬੰਧਾਂ ਦੇ ਸਹਾਰੇ ਅਸਹਿਮਤੀ ਵਾਲੀਆਂ ਆਵਾਜ਼ਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ 'ਦੇਸ਼ ਚੁੱਪ ਨਹੀਂ ਰਹਿ ਸਕਦਾ' ਜਦੋਂ ਆਲੋਚਨਾਤਮਿਕ ਪੱਤਰਕਾਰੀ ਨੂੰ ਪਿਛਲੇ ਦਰਵਾਜ਼ੇ ਦੀ ਸੈਂਸਰਸ਼ਿਪ ਰਾਹੀ ਦਬਾਇਆ ਜਾਵੇਗਾ। ਇਹ ਲੋਕਤੰਤਰ, ਮੀਡੀਆ ਦੀ ਆਜ਼ਾਦੀ ਅਤੇ ਲੋਕਾਂ ਦੇ ਜਾਣਨ ਦੇ ਅਧਿਕਾਰ 'ਤੇ ਇੱਕ ਖ਼ਤਰਨਾਕ ਅਤੇ ਨਾ-ਕਾਬਲੇ ਬਰਦਾਸ਼ਤ ਹਮਲਾ ਹੈ। ਆਗੂਆਂ ਨੇ ਅਜਿਹੇ ਸਾਰੇ ਆਦੇਸ਼ ਤੁਰੰਤ ਵਾਪਸ ਲੈਣ, ਅਜਿਹੀਆਂ ਕਾਰਵਾਈਆਂ ਦੇ ਆਧਾਰ ਦਾ ਪੂਰਾ ਖ਼ੁਲਾਸਾ ਕਰਨ ਦੀ ਮੰਗ ਕੀਤੀ ਹੈ ਅਤੇ ਪੱਤਰਕਾਰਾਂ ਤੇ ਸੁਤੰਤਰ ਮੀਡੀਆ ਪਲੇਟਫ਼ਾਰਮਾਂ ਨੂੰ ਡਰਾਉਣ-ਧਮਕਾਉਣ ਉੱਪਰ ਰੋਕ ਲਾਉਣ ਦੀ ਮੰਗ ਕੀਤੀ ਹੈ। ਇੰਡੀਅਨ ਜਰਨਲਿਸਟਸ ਯੂਨੀਅਨ ਨੇ ਮੁੜ ਦੁਹਰਾਇਆ ਕਿ ਉਹ ਸੈਂਸਰਸ਼ਿਪ ਦਾ ਸਾਹਮਣਾ ਕਰ ਰਹੇ ਸਾਰੇ ਪੱਤਰਕਾਰਾਂ ਅਤੇ ਮੀਡੀਆ ਸੰਗਠਨਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਪ੍ਰੈੱਸ ਨੂੰ ਦਬਾਉਣ ਦੀ ਹਰ ਕੋਸ਼ਿਸ਼ ਦਾ ਵਿਰੋਧ ਜਾਰੀ ਰਹੇਗਾ।

## ਭਾਰਤ ਆ ਰਿਹਾ ਈਰਾਨੀ ਤੇਲ ਦਾ ਟੈਂਕਰ ਚਾਣਚੱਕ ਚੀਨ ਵੱਲ ਮੁੜਿਆ

**ਨਵੀਂ ਦਿੱਲੀ** : ਈਰਾਨੀ ਕੱਚੇ ਤੇਲ ਨਾਲ ਲੱਦਿਆ ਇੱਕ ਅਮਰੀਕੀ ਪਾਬੰਦੀਆਂ ਵਾਲਾ ਟੈਂਕਰ ਭਾਰਤ ਜਾਣ ਦੀ ਬਜਾਏ ਅੱਧ ਰਸਤਿਓਂ ਚੀਨ ਵੱਲ ਮੁੜ ਗਿਆ। ਜੇ ਇਹ ਜਹਾਜ਼ ਭਾਰਤ ਪਹੁੰਚਦਾ, ਤਾਂ ਇਹ ਪਿਛਲੇ ਲੱਗਭੱਗ ਸੱਤ ਸਾਲਾਂ ਵਿੱਚ ਈਰਾਨ ਤੋਂ ਤੇਲ ਦੀ ਪਹਿਲੀ ਖੇਪ ਹੁੰਦੀ। 2002 ਵਿੱਚ ਬਣੇ ਅਤੇ 2025 ਵਿੱਚ ਅਮਰੀਕਾ ਵੱਲੋਂ ਪਾਬੰਦੀਸ਼ੁਦਾ ਕੀਤੇ ਗਏ 'ਪਿੰਗ ਸ਼ੁਨ' ਨਾਮੀ ਇਸ ਐਫਰਾਮੈਕਸ ਟੈਂਕਰ ਨੇ ਹੁਣ ਗੁਜਰਾਤ ਦੇ ਵਾਡੀਨਾਰ ਦੀ ਬਜਾਏ ਚੀਨ ਦੇ ਡੋਂਗਯਿੰਗ ਨੂੰ ਆਪਣੀ ਮੰਜ਼ਲ ਵਜੋਂ ਦਰਸਾਉਣਾ ਸ਼ੁਰੂ ਕਰ ਦਿੱਤਾ ਹੈ।

ਸ਼ਿਪ-ਟਰੈਕਿੰਗ ਫਰਮ ਕੇਪਲਰ ਦੇ ਅਨੁਸਾਰ, ਇਹ ਤਬਦੀਲੀ ਭੁਗਤਾਨ ਨਾਲ ਸੰਬੰਧਤ ਮੁੱਦਿਆਂ ਕਾਰਨ ਜਾਪਦੀ ਹੈ, ਕਿਉਂਕਿ ਵਿਕਰੇਤਾ ਹੁਣ 30-60 ਦਿਨਾਂ ਦੀ ਕ੍ਰੈਡਿਟ ਵਿੰਡੋ ਦੀ ਬਜਾਏ ਤੁਰੰਤ ਜਾਂ ਨਜ਼ਦੀਕੀ ਮਿਆਦ ਦੇ ਨਿਪਟਾਰੇ ਦੀ ਮੰਗ ਕਰ ਰਹੇ ਹਨ।

ਭਾਰਤੀ ਰਿਫਾਇਨਰ ਅਮਰੀਕਾ ਵੱਲੋਂ ਹਾਲ ਹੀ ਵਿੱਚ ਦਿੱਤੀ ਗਈ ਪਾਬੰਦੀਆਂ ਦੀ ਛੋਟ ਤੋਂ ਬਾਅਦ ਈਰਾਨੀ ਤੇਲ ਖਰੀਦਣ ਦੇ ਮੌਕੇ ਤਲਾਸ਼ ਰਹੇ ਸਨ, ਪਰ ਭੁਗਤਾਨ ਦੀਆਂ ਸ਼ਰਤਾਂ ਅਤੇ ਈਰਾਨ ਦਾ ਸਵਿਫਟ ਸਿਸਟਮ ਤੋਂ ਬਾਹਰ ਹੋਣਾ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਹੈ। 'ਪਿੰਗ ਸ਼ੁਨ' ਵਿੱਚ ਲੱਗਭੱਗ 6,00,000 ਬੈਰਲ ਤੇਲ ਹੈ ਜੋ ਖਾਰਗ ਟਾਪੂ ਤੋਂ ਲੱਦਿਆ ਗਿਆ ਸੀ। ਭਾਵੇਂ ਅਮਰੀਕੀ ਛੋਟ 19 ਅਪਰੈਲ ਤੱਕ ਵੈਧ ਹੈ, ਪਰ ਅੰਤਰਰਾਸ਼ਟਰੀ ਬੈਂਕਿੰਗ ਨੈੱਟਵਰਕ ਤੱਕ ਪਹੁੰਚ ਨਾ ਹੋਣ ਕਾਰਨ ਭੁਗਤਾਨ ਕਿਵੇਂ ਕੀਤਾ ਜਾਵੇਗਾ, ਇਹ ਅਜੇ ਵੀ ਅਸਪੱਸ਼ਟ ਹੈ। ਵਾਡੀਨਾਰ ਵਿੱਚ ਰੂਸ ਦੇ ਰੋਸਨੇਫਟ ਦੀ ਨਾਇਰਾ ਐਨਰਜੀ ਰਿਫਾਇਨਰੀ ਸਥਿਤ ਹੈ, ਜਿੱਥੇ ਇਹ ਤੇਲ ਉਤਰਨਾ ਸੀ। ਇਹ ਘਟਨਾ ਦਰਸਾਉਂਦੀ ਹੈ ਕਿ ਈਰਾਨੀ ਤੇਲ ਦੇ ਵਪਾਰ ਵਿੱਚ ਹੁਣ ਵਪਾਰਕ ਤੇ ਵਿੱਤੀ ਸ਼ਰਤਾਂ ਲੌਜਿਸਟਿਕਸ ਜਿੰਨੀਆਂ ਹੀ ਮਹੱਤਵਪੂਰਨ ਹੋ ਗਈਆਂ ਹਨ।

## ਸ਼ਾਂਤੀ ਵਿੱਦਿਆ ਮੰਦਰ 'ਚ ਨਵੇਂ ਸੈਸ਼ਨ ਦਾ ਸ਼ੁੱਭ ਆਰੰਭ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਾਂਤੀ ਵਿੱਦਿਆ ਮੰਦਰ ਵਿਚ ਨਵੇਂ ਸੈਸ਼ਨ 2026-27 ਦੀ ਸ਼ੁਰੂਆਤ ਹਵਨ, ਪੂਜਾ-ਪਾਠ, ਜਾਪ ਤੇ ਮੰਤਰਾਂ ਦੇ ਉਚਾਰਨ ਨਾਲ ਕੀਤੀ ਗਈ। ਇਸ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਮੈਂਬਰ, ਪ੍ਰਿੰਸੀਪਲ ਰਜਨੀ ਮਡਾਹਰ, ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ। ਪੰਡਿਤ ਜੀ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਸਭ ਤੋਂ ਪਹਿਲਾਂ ਕਿਸੇ ਵੀ ਕੰਮ ਦੀ ਸ਼ੁਰੂਆਤ ਤੋਂ ਪਹਿਲਾਂ ਭਗਵਾਨ ਗਣੇਸ਼ ਜੀ ਦੀ ਅਰਾਧਨਾ ਕੀਤੀ ਜਾਂਦੀ ਹੈ। ਉਨ੍ਹਾਂ ਪ੍ਰਮਾਤਮਾ ਅੱਗੇ ਪ੍ਰਾਰਥਨਾ ਕੀਤੀ ਕਿ ਉਹ ਸਾਰਿਆਂ ਨੂੰ ਸੁਮੱਤ ਬਖ਼ਸ਼ਣ ਤੇ ਇਸ ਸੰਸਥਾ, ਇੱਥੋਂ ਦੇ ਸਾਰੇ ਮੈਂਬਰਾਂ, ਸਟਾਫ਼ ਤੇ ਵਿਦਿਆਰਥੀਆਂ 'ਤੇ ਆਪਣਾ ਆਸ਼ੀਰਵਾਦ ਬਣਾਈ ਰੱਖਣ। ਉਨ੍ਹਾਂ ਹਰ ਆਉਣ ਵਾਲੀ ਰੁਕਾਵਟ ਨੂੰ ਦੂਰ ਕਰਨ ਤੇ ਸਕੂਲ ਨੂੰ ਸਿਖਰਾਂ ਤੱਕ ਪਹੁੰਚਾਉਣ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਦਾ ਸਥਾਨ ਸਭ ਤੋਂ ਉੱਚਾ ਹੁੰਦਾ ਹੈ, ਇਸ ਲਈ ਸਾਨੂੰ ਹਮੇਸ਼ਾ ਆਪਣੇ ਅਧਿਆਪਕਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਸਾਰਿਆਂ ਨੇ ਯੱਗ ਦੇਵਤਾ ਅੱਗੇ ਸਕੂਲ ਦੀ ਦਿਨ-ਦੁੱਗਣੀ ਰਾਤ-ਚੌਗਣੀ ਤਰੱਕੀ ਲਈ ਅਰਦਾਸ ਕੀਤੀ ਤੇ ਪ੍ਰਣ ਲਿਆ ਕਿ ਅਸੀਂ ਸਰੀਰ, ਮਨ ਤੇ ਵਚਨਾਂ ਨਾਲ ਕਦੇ ਕਿਸੇ ਨੂੰ ਦੁੱਖ ਨਹੀਂ ਪਹੁੰਚਾਵਾਂਗੇ। ਅਸੀਂ ਨੇਕੀ ਦੇ ਰਾਹ 'ਤੇ ਚੱਲਦੇ ਹੋਏ ਆਪਣੇ ਕਰਮਾਂ ਨੂੰ ਪੂਰੇ ਮਨ ਤੇ ਲਗਨ ਨਾਲ ਨਿਭਾਵਾਂਗੇ। ਸਕੂਲ ਦੀ ਪ੍ਰਿੰਸੀਪਲ ਰਜਨੀ ਮਡਾਹਰ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਹਵਨ ਵਿੱਚ 'ਪੂਰਨ ਆਹੂਤੀ' ਪਾਉਣ ਤੋਂ ਬਾਅਦ ਸਾਰਿਆਂ ਨੂੰ ਪ੍ਰਸਾਦ ਵੰਡਿਆ ਗਿਆ। ਇਸ ਤੋਂ ਬਾਅਦ ਜਮਾਤ ਇੰਚਾਰਜਾਂ ਨੇ ਆਪਣੀਆਂ ਜਮਾਤਾਂ ਵਿੱਚ ਆਉਣ ਵਾਲੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਨਵੇਂ ਸੈਸ਼ਨ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਲਾਈਨਮੈਨ ਦੀ ਅਪਰੈਂਟਸ਼ਿਪ ਸ਼ਰਤ ਖਤਮ ਕਰਨ ਦੇ ਰੋਸ 'ਚ ਬਿਜਲੀ ਬੋਰਡ ਦੇ ਅਧਿਕਾਰੀ ਨਾਲ ਮੁਲਾਕਾਤ

**7 ਦੀ ਮੀਟਿੰਗ ਬੇਸਿੱਟਾ ਰਹਿਣ 'ਤੇ ਹੋਵੇਗਾ ਤਿੱਖੇ ਸੰਘਰਸ਼ ਦਾ ਐਲਾਨ : ਸੁਰਿੰਦਰ ਸਿੰਘ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਸਰਕਾਰ ਵੱਲੋਂ ਪੀਐਸਪੀਸੀਐਲ ਤੇ ਪੀਐਸਟੀਸੀਐਲ ਵਿੱਚ ਲਿਆਏ ਗਏ ਇਸ ਸੋਧ ਬਿੱਲ ਵਿੱਚ, ਅਪਰੈਂਟਸ਼ਿਪ ਲਾਜ਼ਮੀ ਨੂੰ ਖਤਮ ਕਰਕੇ ਸਿੱਧੀ ਭਰਤੀ ਕਰਨ ਲਈ ਦਾ ਅਪਰੈਂਟਸ਼ਿਪ ਕਰ ਰਹੇ 2600 ਸਿਖਿਆਰਥੀਆਂ ਵੱਲੋਂ ਵਿਰੋਧ ਸ਼ੁਰੂ ਕਰ ਦਿੱਤਾ ਗਿਆ ਹੈ।ਉਨ੍ਹਾਂ ਇਸ ਦੀ ਵਾਪਸੀ ਲਈ ਲੁਧਿਆਣਾ ਦੇ ਰੱਖ ਬਾਗ 'ਚ ਇੱਕ ਮੀਟਿੰਗ ਰੱਖੀ ਸੀ, ਜਿਸ ਵਿੱਚ ਪੁੱਜੇ 2000 ਦੇ ਕਰੀਬ ਸਿਖਿਆਰਥੀਆਂ ਦੇ ਵੱਡੇ ਇੱਕਠ ਨੇ ਇਸ ਨੂੰ ਰੈਲੀ ਬਣਾ ਦਿੱਤਾ।ਉਸ ਦਿਨ ਲਏ ਫੈਸਲੇ ਮੁਤਾਬਿਕ 2600 ਅਪਰੈਂਟਸ਼ਿਪ ਯੂਨੀਅਨ ਦੇ ਸੂਬਾ ਪ੍ਰਧਾਨ ਸੁਰਿੰਦਰ ਸਿੰਘ ਜਲਾਲਾਬਾਦ ਦੀ ਅਗਵਾਈ ਹੇਠ ਇੱਕ ਵਫਦ ਨੇ ਆਈ. ਏ. ਆਰ ਰਣਵੀਰ ਸਿੰਘ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਮੰਗ ਪੱਤਰ ਦਿੱਤਾ।ਵਫਦ ਨੇ ਦੱਸਿਆ ਕਿ ਰਣਵੀਰ ਸਿੰਘ ਨੇ ਸਾਨੂੰ ਜਾਣਕਾਰੀ ਦਿੱਤੀ ਕਿ 2600 ਅਪਰੈਂਟਸ਼ਿਪ ਭਰਤੀ ਬਾਰੇ ਵਿਚਾਰ ਚਰਚਾ ਚੱਲ ਰਹੀ ਹੈ।ਉਨ੍ਹਾਂ ਸਾਨੂੰ 7 ਅਪ੍ਰੈਲ ਨੂੰ ਅਗਲੀ ਮੀਟਿੰਗ ਉੱਚ ਅਫ਼ਸਰਾਂ, ਸੀ ਐਮ ਡੀ-ਕਮ-ਚੇਅਰਮੈਨ ਜਾਂ ਡਾਇਰੈਕਟਰਾਂ ਨਾਲ ਕਰਵਾਉਣ ਦਾ ਪੂਰਾ ਵਿਸ਼ਵਾਸ ਦਿਵਾਇਆ। ਉਨ੍ਹਾਂ ਏਹ ਵੀ ਭਰੋਸਾ ਦਿੱਤਾ ਕਿ ਕਿ ਮੀਟਿੰਗ ਵਿੱਚ ਤੁਹਾਡਾ ਹੱਲ ਕੀਤਾ ਜਾਵੇਗਾ।

ਪ੍ਰਧਾਨ ਸੁਰਿੰਦਰ ਸਿੰਘ ਜਲਾਲਾਬਾਦ ਨੇ ਦੱਸਿਆ ਕਿ ਯੂਨੀਅਨ ਵੱਲੋ ਉਨ੍ਹਾਂ ਨੂੰ ਕਿਹਾ ਗਿਆ ਕਿ ਜੇਕਰ ਮੀਟਿੰਗ ਵਿੱਚ ਸਾਡਾ ਹੱਲ ਨਹੀਂ ਹੁੰਦਾ ਤਾਂ ਅਸੀਂ ਤਿੱਖਾ ਸੰਘਰਸ਼ ਕਰਾਂਗੇ।

ਪ੍ਰਧਾਨ ਸੁਰਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਬਿਜਲੀ ਨਿਗਮ 'ਚ ਅਪਰੈਂਟਸ਼ਿਪ ਟ੍ਰੇਨਿੰਗ ਕਰ ਰਹੇ 2600, ਇਸ ਤੋਂ ਪਹਿਲਾਂ ਕਰ ਚੁੱਕੇ ਜਾਂ ਉਸ ਤੋਂ ਵੀ ਪਹਿਲਾਂ ਸਹਾਇਕ ਲਾਈਨਮੈਨ ਦਾ ਟੈਸਟ ਤੱਕ ਪਾਸ ਕਰ ਚੁੱਕੇ ਸਾਥੀਆਂ ਨੂੰ ਪਹਿਲ ਦੇ ਆਧਾਰ 'ਤੇ ਰੁਜ਼ਗਾਰ ਦਿਵਾਉਣ ਲਈ ਬਜ਼ਿੱਦ ਹਾਂ ਤੇ ਇਨ੍ਹਾਂ ਨੂੰ ਅਪਰੈਂਟਸ਼ਿਪ ਦੀ ਯੋਗਤਾ ਦੇ ਅਧਾਰ 'ਤੇ ਰੁਜ਼ਗਾਰ ਦੁਆ ਕੇ ਰਹਾਂਗੇ।ਉਨ੍ਹਾਂ 7 ਅਪ੍ਰੈਲ ਨੂੰ ਹੋਣ ਜਾ ਰਹੀ ਮੀਟਿੰਗ ਦੇ ਬੇਸਿੱਟਾ ਰਹਿਣ 'ਤੇ ਸਾਰੇ ਅਪਰੈਂਟਸ਼ਿਪ ਪਾਸ ਨੌਜਵਾਨਾਂ ਨੂੰ ਪਰਵਾਰਾਂ ਸਮੇਤ ਤਿਆਰ ਰਹਿਣ ਲਈ ਕਿਹਾ।ਇਸ ਮੌਕੇ ਗੁਰਦੀਪ ਸਿੰਘ ਢਿੱਲੋਂ ਸੰਗਰੂਰ, ਜਤਿੰਦਰ ਸਿੰਘ ਸੰਧੂ ਪਟਿਆਲਾ, ਸਤਨਾਮ ਸਿੰਘ ਕੋਟਦੂਨਾ, ਬੂਟਾ ਸਿੰਘ ਬਰਨਾਲਾ, ਸਿਮਰਪ੍ਰੀਤ ਸਿੰਘ ਨਾਭਾ ਤੇ ਹੋਰ ਹਾਜ਼ਰ ਸਨ।

## ਹੈਰੋਇਨ ਸਮੇਤ ਔਰਤ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ 6.10 ਗ੍ਰਾਮ ਹੈਰੋਇਨ ਸਣੇ ਇੱਕ ਔਰਤ ਨੂੰ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਂਚ ਅਧਿਕਾਰੀ ਐਚ.ਸੀ. ਅਮਨਦੀਪ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਥਾਣਾ ਸਿਟੀ ਏਰੀਏ ਵਿੱਚ ਮੌਜੂਦ ਸੀ ਤੇ ਇਸ ਦੌਰਾਨ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਜਸਮੀਤ ਉਰਫ ਸਲਮਾ ਪਤਨੀ ਸੋਨੂੰ ਸਿੰਘ ਵਾਸੀ ਰੇਲਵੇ ਕਲੋਨੀ ਜਲਾਲਾਬਾਦ ਹਾਲ ਅਬਾਦ ਗੋਬਿੰਦ ਨਗਰੀ ਜਲਾਲਾਬਾਦ ਹੈਰੋਇਨ ਵੇਚਨ ਦਾ ਕੰਮ ਕਰਦੀ ਹੈ, ਜੋ ਹੁਣ ਵੀ ਗੋਬਿੰਦ ਨਗਰੀ ਜਲਾਲਾਬਾਦ ਨੂੰ ਜਾਂਦੀ ਕੱਚੀ ਸੜਕ ਕਿਨਾਰੇ ਖੜੀ ਹੈਰੋਇਨ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਹੀ ਹੈ, ਜੇਕਰ ਹੁਣੇ ਰੇਡ ਕੀਤੀ ਜਾਵੇ ਤਾਂ ਕਾਬੂ ਆ ਸਕਦੀ ਹੈ, ਇਤਲਾਹ ਠੋਸ ਅਤੇ ਭਰੋਸੇਯੋਗ ਹੋਣ ਤੇ ਪੁਲਿਸ ਪਾਰਟੀ ਵੱਲੋਂ ਗੋਬਿੰਦ ਨਗਰੀ ਜਲਾਲਾਬਾਦ ਵਿਖੇ ਰੇਡ ਕਰਕੇ 6.10 ਗ੍ਰਾਮ ਹੈਰੋਇਨ ਸਣੇ ਜਸਮੀਤ ਉਰਫ ਸਲਮਾ ਨੂੰ ਕਾਬੂ ਕੀਤਾ ਗਿਆ। ਪੁਲਸ ਵੱਲੋਂ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਸਪਰਿੰਗ ਡਿਊ ਪਬਲਿਕ ਸਕੂਲ ਵਿਖੇ ਨਵੇਂ ਵਿੱਦਿਅਕ ਵਰ੍ਹੇ ਦੀ ਸ਼ੁਰੂਆਤ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਇਲਾਕੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਨਵੇਂ ਵਿੱਦਿਅਕ ਵਰ੍ਹੇ 2026-27 ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੇ ਭੋਗ ਪਾਏ ਗਏ। ਸਮੂਹ ਮਾਤਾ-ਪਿਤਾ ਸਾਹਿਬਾਨ ਅਧਿਆਪਕ ਤੇ ਵਿਦਿਆਰਥੀਆਂ ਵੱਲੋਂ ਹਾਜ਼ਰੀ ਲਗਾਈ ਗਈ। ਆਏ ਹੋਏ ਭਾਰੀ ਇਕੱਠ ਨੂੰ ਸੰਬੋਧਤ ਕਰਦਿਆਂ ਪ੍ਰਿੰਸੀਪਲ ਮੈਡਮ ਗੀਨਾ ਜੈਦਕਾ ਨੇ ਕਿਹਾ ਕਿ ਸਪਰਿੰਗ ਡਿਊ ਸਕੂਲ ਪਿੱਛਲੇ 26 ਸਾਲਾਂ ਤੋਂ ਇਲਾਕੇ ਦੀ ਇੱਕ ਸਿਰਕੱਢ ਸੰਸਥਾ ਹੈ, ਜਿਸ ਵਿੱਚ ਹਜ਼ਾਰਾਂ ਹੀ ਵਿਦਿਆਰਥੀ ਪੜ੍ਹ ਕੇ ਡਾਕਟਰ, ਇੰਜੀਨੀਅਰ ਤੇ ਸਰਕਾਰੀ ਅਫਸਰ ਬਣ ਚੁੱਕੇ ਹਨ। ਇਸ ਦੇ ਨਾਲ ਹੀ ਹਰ ਸਾਲ ਕਾਫੀ ਵਿਦਿਆਰਥੀ ਬਾਹਰਲੇ ਦੇਸ਼ਾਂ ਵਿੱਚ ਪੜ੍ਹਨ ਲਈ ਜਾਂਦੇ ਹਨ। ਉਨ੍ਹਾਂ ਸਾਰੇ ਮਾਤਾ-ਪਿਤਾ ਸਾਹਿਬਾਨ, ਅਧਿਆਪਕ ਤੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀ ਵਧਾਈ ਦਿੱਤੀ। ਇਸ ਦੇ ਨਾਲ ਹੀ ਪਿਛਲੇ ਸਾਲ ਦੇ ਵਧੀਆ ਰਿਜ਼ਲਟ ਲਈ ਸ਼ੁਕਰਾਨੇ ਤੇ ਨਵੇਂ ਸੈਸ਼ਨ ਲਈ ਅਰਦਾਸ ਬੇਨਤੀ ਕੀਤੀ ਗਈ। ਪ੍ਰਧਾਨ ਮਨਜੋਤ ਕੁਮਾਰ ਨੇ ਆਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਤਾ-ਪਿਤਾ ਨੂੰ ਤਜਰਬੇਕਾਰ ਤੇ ਵਿੱਦਿਆ ਦੇ ਖੇਤਰ ਵਿੱਚ ਕਈ ਸਾਲਾਂ ਤੋਂ ਕੰਮ ਕਰ ਰਹੇ ਵਧੀਆ ਸਕੂਲਾਂ ਵਿੱਚ ਹੀ ਆਪਣੇ ਬੱਚਿਆਂ ਦਾ ਦਾਖਲਾ ਕਰਵਾਉਣਾ ਚਾਹੀਦਾ ਹੈ। ਵਾਇਸ ਪ੍ਰਿੰਸੀਪਲ ਬੇਅੰਤ ਕੁਮਾਰ ਨੇ ਕਿਹਾ ਕਿ ਜਿਵੇਂ 26 ਸਾਲਾਂ ਤੋਂ ਸਕੂਲ ਇਲਾਕੇ ਵਿੱਚ ਵਧੀਆ ਸਿੱਖਿਆ ਪ੍ਰਦਾਨ ਕਰ ਰਿਹਾ ਹੈ, ਉਸੇ ਤਰ੍ਹਾਂ ਆਉਣ ਵਾਲੇ ਸਾਲਾਂ ਵਿੱਚ ਵੀ ਵਧੀਆ ਕਾਰਗੁਜ਼ਾਰੀ ਕਰਦਾ ਰਹੇਗਾ। ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰੈਜ਼ੀਡੈਂਟ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐਸ.ਏ. ਹਾਜ਼ਰ ਸਨ।

## ਪੰਜਾਬ ਲੋਕਲ ਬਾਡੀਜ਼ ਇੰਪਲਾਈਜ਼ ਐਂਡ ਪੈਨਸ਼ਨਰਜ਼ ਵੈੱਲਫੇਅਰ ਫਰੰਟ ਦੀ ਸਰਬਸੰਮਤੀ ਨਾਲ ਚੋਣ



**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਲੋਕਲ ਬਾਡੀਜ਼ ਇੰਪਲਾਈਜ਼ ਐਂਡ ਪੈਨਸ਼ਨਰਜ਼ ਵੈੱਲਫੇਅਰ ਫਰੰਟ ਲੁਧਿਆਣਾ ਦੀ ਮੀਟਿੰਗ ਹੋਈ।ਇਸ ਸਮੇਂ ਫਰੰਟ ਦੀ 2026-27 ਲਈ ਟੀਮ ਦੀ ਸਰਵਸੰਮਤੀ ਨਾਲ ਚੋਣ ਕੀਤੀ ਗਈ।ਸ੍ਰ. ਰਣਜੀਤ ਸਿੰਘ ਬਾਬਾ ਨੂੰ ਪ੍ਰਧਾਨ ਬਣਾਇਆ ਗਿਆ।ਇਸ ਉਪਰੰਤ ਰਣਜੀਤ ਸਿੰਘ ਪ੍ਰਧਾਨ ਵੱਲੋਂ ਹਰਵਿੰਦਰ ਸਿੰਘ ਨਾਮਧਾਰੀ ਦਾ ਨਾਮ ਫਰੰਟ ਦੇ ਜਰਨਲ ਸਕੱਤਰ ਵਜੋਂ ਪੇਸ਼ ਕੀਤਾ ਗਿਆ, ਜਿਸ ਨੂੰ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਸਹਿਮਤੀ ਦੇ ਨਾਲ ਮਨਜ਼ੂਰ ਕਰ ਲਿਆ ਗਿਆ।ਇਸ ਉਪਰੰਤ ਮੀਟਿੰਗ ਦੀ ਕਾਰਵਾਈ ਨੂੰ ਅੱਗੇ ਵਧਾਉਂਦੇ ਹੋਏ ਫਰੰਟ ਦੀ ਕੈਬਨਿਟ ਟੀਮ ਦਾ ਗਠਨ ਕੀਤਾ ਗਿਆ, ਜਿਸ 'ਚ ਸੀਨੀਅਰ ਮੀਤ ਪ੍ਰਧਾਨ ਜੀਤ ਸਿੰਘ, ਮੀਤ ਪ੍ਰਧਾਨ ਦਲਵਿੰਦਰ ਸਿੰਘ ਗ੍ਰੇਵਾਲ, ਸਕੱਤਰ ਚਮਨ ਲਾਲ ਸ਼ਾਹੀ, ਗੁਰਮੁੱਖ ਸਿੰਘ ਨੂੰ ਕੈਸ਼ੀਅਰ, ਸੁਰਿੰਦਰਪਾਲ ਸਿੰਘ ਨੂੰ ਦਫ਼ਤਰ ਸਕੱਤਰ, ਨਾਰੰਗ ਸਿੰਘ ਤੇ ਕੇਵਲ ਸਿੰਘ ਨੂੰ ਵੀ ਫਰੰਟ ਦੀ ਕੈਬਨਿਟ ਟੀਮ 'ਚ ਲਿਆ ਗਿਆ।ਮੀਟਿੰਗ ਦੌਰਾਨ ਚੋਣ ਉਪਰੰਤ ਪ੍ਰਧਾਨ ਰਣਜੀਤ ਸਿੰਘ ਬਾਬਾ ਨੇ ਫਰੰਟ ਵੱਲੋਂ ਮੈਂਬਰਾਂ ਨਾਲ ਸਬੰਧਤ ਚਲ ਰਹੇ ਕੰਮਾਂ ਸੰਬੰਧੀ ਜਾਣਕਾਰੀ ਦਿੱਤੀ ਗਈ।ਮੀਟਿੰਗ ਵਿੱਚ ਹਾਜ਼ਰ ਮੈਂਬਰ ਸਾਹਿਬਾਨਾਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਮੀਟਿੰਗ ਦੇ ਅੰਤ ਵਿੱਚ ਨਵ-ਨਿਯੁਕਤ ਜਨਰਲ ਸਕੱਤਰ ਤੇ ਪ੍ਰਧਾਨ ਨੇ ਹਾਜ਼ਰ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ।

# ਐੱਮ ਪੀ ਏ ਪੀ ਬਲਾਕ ਜ਼ੀਰਾ ਦੀ ਸਿਵਲ ਹਸਪਤਾਲ ਦੇ ਡਾਕਟਰਾਂ ਨਾਲ ਮੀਟਿੰਗ



**ਜ਼ੀਰਾ (ਨਰਿੰਦਰ ਅਨੇਜਾ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਬਲਾਕ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਆਤਮਾ ਸਿੰਘ ਦੀ ਪ੍ਰਧਾਨਗੀ ਤੇ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਜ਼ੀਰਾ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਨਵੀਨ ਸੇਠੀ ਦੀ ਰਹਿਨੁਮਾਈ ਹੇਠ ਡਾਕਟਰ ਮਨਜੀਤ ਕੌਰ ਆਪਣੀ ਟੀਮ ਨਾਲ ਪਹੁੰਚੇ।ਵੱਖ ਵੱਖ ਪਿੰਡਾਂ ਤੇ ਸ਼ਹਿਰ ਦੇ ਸਲੱਮ ਏਰੀਆ ਵਿੱਚ ਕੰਮ ਕਰਦੇ ਪ੍ਰੈਕਟੀਸ਼ਨਰਾਂ ਨੂੰ ਸੰਬੋਧਨ ਕਰਦਿਆਂ ਮਨਜੀਤ ਕੌਰ ਨੇ ਸਾਫ਼ ਸੁਥਰੀ ਪ੍ਰੈਕਟਿਸ ਕਰਨ ਲਈ ਕਿਹਾ ਤੇ ਨਾਲ ਨਾਲ ਸਮਾਜ ਪ੍ਰਤੀ ਸਮਾਜ ਸੇਵਾ ਨਿਭਾਉਣ ਲਈ ਕਿਹਾ। ਉਨ੍ਹਾਂ ਕਿਹਾ ਪੰਜਾਬ ਵਿੱਚ ਨਸ਼ਿਆਂ ਦੇ ਵਗ ਰਹੇ ਛੇਵੇਂ ਦਰਿਆ ਨੂੰ ਰੋਕਣ ਲਈ ਸਮਾਜ ਦੇ ਹਰ ਨਸ਼ੇ ਦੀ ਵਰਤੋਂ ਕਰਨ ਵਾਲੇ ਵਿਅਕਤੀ ਨੂੰ ਸਮਝਾ ਬੁਝਾ ਕੇ ਨਸ਼ਿਆਂ ਦੀਆਂ ਭੈੜੀਆਂ ਅਲਾਮਤਾਂ ਬਾਰੇ ਜਾਣਕਾਰੀ ਦਿੰਦਿਆਂ ਨਸ਼ੇ ਛੱਡਣ ਲਈ ਪ੍ਰੇਰਿਤ ਕਰੋ ਤਾਂ ਕਿ ਨਸ਼ੇੜੀ ਦਾ ਪਰਵਾਰ ਵੀ ਖੁਸ਼ਹਾਲ ਜ਼ਿੰਦਗੀ ਜੀ ਸਕੇ। ਸਰਕਾਰੀ ਹਸਪਤਾਲ ਵਿੱਚ ਸਹੂਲਤਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਹਸਪਤਾਲ ਜ਼ੀਰਾ ਵਿੱਚ ਵੱਖ ਵੱਖ ਬੀਮਾਰੀਆਂ ਦੇ ਮਾਹਰ ਡਾਕਟਰ ਮਰੀਜ਼ਾਂ ਦਾ ਚੈੱਕਅਪ ਕਰਕੇ ਦਵਾਈਆਂ ਦਿੰਦੇ ਹਨ, ਜਿਵੇਂ ਕਿ ਅੱਖਾਂ ਦੇ ਡਾਕਟਰ ਰਣਜੀਤ ਸਿੰਘ ਕਰੀਰ, ਹੱਡੀਆਂ ਦੇ ਡਾਕਟਰ ਸੌਰਭ ਜੈਨ, ਬੱਚਿਆਂ ਦੇ ਮਾਹਿਰ ਡਾਕਟਰ ਭਾਗਪ੍ਰੀਤ ਸਿੰਘ, ਚਮੜੀ ਰੋਗਾਂ ਦੇ ਡਾਕਟਰ ਸਾਹਿਬ, ਜੱਚਾ ਬੱਚਾ ਵਿਭਾਗ ਦੇ ਡਾਕਟਰ ਸਾਹਿਬ, ਟੀ ਬੀ ਵਿਭਾਗ ਦੇ ਡਾਕਟਰ ਹਰਪ੍ਰੀਤ ਸਿੰਘ ਤੇ ਹੋਰ ਡਾਕਟਰ ਸਾਹਿਬਾਨ ਸੇਵਾ ਨਿਭਾਅ ਰਹੇ ਹਨ ਅਤੇ ਨਵੀਂ ਐਕਸਰੇ ਮਸ਼ੀਨ ਲੱਗ ਗਈ ਹੈ।ਈ ਸੀ ਜੀ ਵੀ ਕੀਤੀ ਜਾਂਦੀ ਹੈ ਤੇ ਖੂਨ ਦੇ ਟੈਸਟ ਫਰੀ ਕੀਤੇ ਜਾਂਦੇ ਹਨ।ਮੀਟਿੰਗ ਦੇ ਅਖ਼ੀਰ 'ਤੇ ਪ੍ਰਧਾਨ ਡਾਕਟਰ ਆਤਮਾ ਸਿੰਘ ਵੱਲੋਂ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਮਨਜੀਤ ਕੌਰ ਤੇ ਉਨ੍ਹਾਂ ਦੀ ਟੀਮ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਸਾਡੀ ਜਥੇਬੰਦੀ ਪਹਿਲਾਂ ਵੀ ਸਰਕਾਰੀ ਹਸਪਤਾਲ ਵੱਲੋਂ ਉਲੀਕੇ ਗਏ ਪ੍ਰੋਗਰਾਮ ਤੇ ਦਿੱਤੀਆਂ ਹਦਾਇਤਾਂ 'ਤੇ ਪਹਿਰਾ ਦਿੰਦੀ ਆ ਰਹੀ ਹੈ ਤੇ ਅੱਗੇ ਤੋਂ ਵੀ ਜੋ ਸਾਨੂੰ ਹੁਕਮ ਕਰਨਗੇ, ਅਸੀਂ ਉਨ੍ਹਾਂ ਦਾ ਸਾਥ ਦੇਵਾਂਗੇ।

ਇਸ ਮੀਟਿੰਗ ਵਿੱਚ ਪ੍ਰਧਾਨ ਆਤਮਾ ਸਿੰਘ ਤੋਂ ਇਲਾਵਾ ਗੁਰਦਿੱਤ ਸਿੰਘ, ਸੁਰਜੀਤ ਸਿੰਘ, ਜਸਵਿੰਦਰ ਸਿੰਘ, ਅਜਮੇਰ ਸਿੰਘ, ਜਸਵਿੰਦਰ ਸਿੰਘ ਸੋਢੀ ਵਾਲਾ, ਜਰਨੈਲ ਸਿੰਘ, ਰਾਮ ਸਿੰਘ, ਇਕਬਾਲ ਸਿੰਘ, ਵਿਜੇਪਾਲ, ਸੰਦੀਪ ਸਿੰਘ, ਗੁਰਜੀਤ ਸਿੰਘ, ਬੋਹੜ ਸਿੰਘ, ਸੁਖਦੀਪ ਸਿੰਘ, ਵਰਿੰਦਰ ਸਿੰਘ, ਪੂਰਨ ਸਿੰਘ, ਕੁਲਬੀਰ ਸਿੰਘ, ਸ਼ਮਸ਼ੇਰ ਸਿੰਘ, ਬਲਜੀਤ ਸਿੰਘ, ਹਰਬੰਸ ਸਿੰਘ, ਰਾਜਵਿੰਦਰ ਸਿੰਘ, ਕੁਲਵੰਤ ਸਿੰਘ, ਸੰਦੀਪ ਸਿੰਘ, ਹਰਦੀਪ ਸਿੰਘ, ਲਖਵਿੰਦਰ ਸਿੰਘ, ਮਨਪ੍ਰੀਤ ਸਿੰਘ ਛੁਛਕ, ਲਵਲੀ ਸਿੰਘ, ਵਿਜੇ ਕੁਮਾਰ, ਸੰਜੀਵ ਸ਼ਰਮਾ, ਸਲਵਿੰਦਰ ਸਿੰਘ, ਹਰਦੀਪ ਸਿੰਘ, ਲਖਵਿੰਦਰ ਸਿੰਘ, ਗੁਰਵਿੰਦਰ ਸਿੰਘ ਲਹੁੱਕੇ, ਮਨਪ੍ਰੀਤ ਸਿੰਘ ਜ਼ੀਰਾ, ਸੁਖਦੀਪ ਸ਼ਰਮਾ, ਸਤਪਾਲ ਸਿੰਘ, ਸ਼ਮੀ ਨਰੂਲਾ ਤੇ ਜਸਵੰਤ ਸਿੰਘ ਆਦਿ ਕਰੀਬ ਸੱਠ-ਸੱਤਰ ਪ੍ਰੈਕਟੀਸ਼ਨਰਾ ਨੇ ਹਿੱਸਾ ਲਿਆ।

## ਪ੍ਰਾਇਮਰੀ ਸੈਂਟਰ ਸਕੂਲ ਬਿਲਾਸਪੁਰ ਦਾ ਨਤੀਜਾ ਐਲਾਨਿਆ



**ਦੋਰਾਹਾ (ਹਰਮਿੰਦਰ ਸੇਠ)**-ਪਿੰਡ ਬਿਲਾਸਪੁਰ ਵਿਖੇ ਸਰਕਾਰੀ ਪ੍ਰਾਇਮਰੀ ਸੈਂਟਰ ਸਕੂਲ ਬਿਲਾਸਪੁਰ ਬਲਾਕ ਦੋਰਾਹਾ ਦਾ ਪਹਿਲੀ ਕਲਾਸ ਤੋਂ ਲੈ ਕੇ ਪੰਜਵੀਂ ਕਲਾਸ ਤੱਕ ਦਾ ਨਤੀਜਾ ਕੱਢਿਆ ਗਿਆ, ਜਿਸ ਵਿੱਚ ਬੱਚਿਆਂ ਨੇ ਆਪਣੀ ਚੰਗੀ ਮਿਹਨਤ ਨਾਲ ਪੁਜ਼ੀਸ਼ਨ ਹਾਸਲ ਕੀਤੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਤੇ ਪਿੰਡ ਦੀ ਨਗਰ ਪੰਚਾਇਤ ਅਤੇ ਸਕੂਲ ਦੇ ਅਧਿਆਪਕ ਸਾਹਿਬਾਨ ਹਾਜ਼ਰ ਸਨ। ਐਲਾਨੇ ਨਤੀਜਿਆਂ 'ਚ ਪਹਿਲੀ ਕਲਾਸ 'ਚੋਂ ਗੁਰਨੂਰ ਕੌਰ ਪਹਿਲੇ, ਨਵਨੀਤ ਕੌਰ ਦੂਜੇ ਤੇ ਹਰਮਨਪ੍ਰੀਤ ਕੌਰ ਤੀਜੇ, ਕਲਾਸ ਦੂਜੀ 'ਚੋਂ ਨਵਜੋਤ ਕੌਰ ਪਹਿਲੇ, ਗੁਰਜੋਤ ਸਿੰਘ ਦੂਜੇ, ਸਰਗਨਪ੍ਰੀਤ ਕੌਰ ਤੇ ਸਿਮਰਨ ਕੌਰ ਤੀਜੇ, ਕਲਾਸ ਤੀਜੀ 'ਚੋਂ ਰਮਨਜੋਤ ਕੌਰ ਪਹਿਲੇ, ਪ੍ਰਭਜੋਤ ਸਿੰਘ ਦੂਜੇ, ਗਗਨਪ੍ਰੀਤ ਕੌਰ ਤੇ ਏਜਲਪ੍ਰੀਤ ਕੌਰ ਤੀਜੇ, ਕਲਾਸ ਚੌਥੀ 'ਚੋਂ ਲਵਜੋਤ ਸਿੰਘ ਪਹਿਲੇ, ਮਨਰਾਜ ਸਿੰਘ ਦੂਜੇ, ਨਵਪ੍ਰੀਤ ਕੌਰ ਤੇ ਜਗਜੀਤ ਸਿੰਘ ਤੀਜੇ, ਕਲਾਸ ਪੰਜਵੀਂ 'ਚੋਂ ਬਲਨੂਰ ਕੌਰ ਪਹਿਲੇ, ਗੁਰਲੀਨ ਕੌਰ ਦੂਜੇ ਤੇ ਸਿਮਰਨਪ੍ਰੀਤ ਸਿੰਘ ਤੀਜੇ ਸਥਾਨ 'ਤੇ ਰਹੇ। ਇਸ ਮੌਕੇ ਬੱਚਿਆਂ ਨੂੰ ਟਰਾਫ਼ੀਆਂ ਦੇ ਕੇ ਸਨਮਾਨਤ ਕੀਤਾ ਗਿਆ।

## ਖੇਤੀਬਾੜੀ ਮੰਤਰੀ ਖੁੱਡੀਆਂ ਵੱਲੋਂ ਗੜੇਮਾਰੀ ਕਾਰਨ ਨੁਕਸਾਨੀ ਫਸਲ ਦਾ ਜਾਇਜ਼ਾ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਪਿਛਲੇ ਹਫਤੇ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਅੰਦਰ ਖਾਸ ਕਰਕੇ ਲੰਬੀ ਤੇ ਲੱਖੇਵਾਲੀ ਜੈਲ ਵਿੱਚ ਗੜੇਮਾਰੀ ਕਾਰਨ ਫਸਲਾਂ ਦਾ ਭਾਰੀ ਨੁਕਸਾਨ ਹੋਇਆ। ਉਸੇ ਲੜੀ ਤਹਿਤ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਲੰਬੀ ਹਲਕੇ ਦੇ ਪਿੰਡ ਚੰਨੂ ਵਿਖੇ ਪਿਛਲੇ ਦਿਨੀ ਆਈ ਬੇਮੌਸਮੀ ਬਾਰਿਸ਼ ਤੇ ਗੜੇਮਾਰੀ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਤੇ ਅਧਿਕਾਰੀਆਂ ਨੂੰ ਤੁਰੰਤ ਸਪੈਸ਼ਲ ਗਰਦੌਰੀਆਂ ਕਰਨ ਦੀਆਂ ਹਦਾਇਤਾਂ ਦਿੱਤੀਆਂ ਅਤੇ ਅਫਸਰਾਂ ਨੂੰ ਇਸ ਗੱਲ ਦੀ ਵਿਸ਼ੇਸ਼ ਤੌਰ 'ਤੇ ਤਾਗੀਦ ਕੀਤੀ ਕਿ ਸਾਡੇ ਕਾਰਨ ਕੋਈ ਵੀ ਕਿਸਾਨ ਜਿਸ ਦੀ ਫਸਲ ਦਾ ਨੁਕਸਾਨ ਹੋਇਆ ਹੈ, ਉਹ ਮੁਆਵਜ਼ਾ ਲੈਣ ਤੋਂ ਨਾ ਰਹਿ ਜਾਵੇ, ਇਸ ਗੱਲ ਦਾ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਮੌਕੇ ਤਹਿਸੀਲਦਾਰ ਰੁਪਿੰਦਰ ਕੌਰ, ਪਟਵਾਰੀ ਪਰਮਿੰਦਰ ਸਿੰਘ ਅਮਨਦੀਪ ਅਮਨਾ, ਰਾਜਾ ਸਿੰਘ ਚੰਨੂੰ, ਕਿਰਨਪਾਲ ਸਿੰਘ, ਜਸਕਰਨ ਸਿੰਘ ਜੱਸਾ, ਗੁਰਜੀਤ ਸਿੰਘ, ਡਾ. ਬਲਜਿੰਦਰ ਸਿੰਘ, ਗੁਰਸੇਵਕ ਸਿੰਘ ਹਜ਼ਾਰ ਰਹੇ।

# ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਇੱਕਤਰਤਾ 'ਚ ਅਹਿਮ ਮਸਲੇ ਵਿਚਾਰੇ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਭਰਵੀਂ ਇੱਕਤਰਤਾ ਪ੍ਰਧਾਨ ਦਰਸ਼ਨ ਸਿੰਘ ਪੰਡੋਰੀ ਦੀ ਪ੍ਰਧਾਨਗੀ ਹੇਠ ਮਹਿਲ ਕਲਾਂ ਵਿਖੇ ਹੋਈ।ਇਸ ਦੌਰਾਨ ਪੈਨਸ਼ਨਰਾਂ ਦੇ ਲੰਬੇ ਸਮੇਂ ਤੋਂ ਲਟਕ ਰਹੇ ਮਸਲਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਉਪਰੰਤ ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਮੰਗਾਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕਰਨ ਦੀ ਮੰਗ ਕੀਤੀ ਗਈ।ਯੂਨਿਟ ਪ੍ਰਧਾਨ ਦਰਸ਼ਨ ਸਿੰਘ ਪੰਡੋਰੀ, ਜ: ਸਕੱਤਰ ਸੁਰਿੰਦਰ ਸ਼ਰਮਾ, ਖਜ਼ਾਨਚੀ ਪਵਨ ਕੁਮਾਰ, ਸਹਾਇਕ ਖਜ਼ਾਨਚੀ ਨੱਥਾ ਸਿੰਘ ਮਹਿਲ ਖੁਰਦ, ਅਮਰਜੀਤ ਸਿੰਘ ਮਹਿਲ ਖੁਰਦ, ਬਖਤੌਰ ਸਿੰਘ ਮੂੰਮ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਤੋਂ ਭੱਜ ਕੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਟਾਲਿਆ ਜਾ ਰਿਹਾ ਹੈ।ਸਰਕਾਰ ਦੇ ਮੰਤਰੀਆਂ, ਵਿਧਾਇਕਾਂ ਤੇ ਹਲਕਾ ਇੰਚਾਰਜਾਂ ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਮੰਗਾਂ ਵੱਲ ਉੱਕਾ ਹੀ।ਧਿਆਨ ਨਹੀਂ ਦਿੱਤਾ ਜਾ ਰਿਹਾ।ਇਸ ਕਾਰਨ ਪੈਨਸ਼ਨਰਾਂ 'ਚ ਸਰਕਾਰ ਪ੍ਰਤੀ ਭਾਰੀ ਨਾਰਾਜ਼ਗੀ ਪਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮੁਹਾਲੀ ਵਿਖੇ ਆਪਣੀਆਂ ਮੰਗਾਂ ਲਈ ਕੀਤੇ ਗਏ ਪ੍ਰਦਰਸ਼ਨ ਦੌਰਾਨ ਪੈਨਸ਼ਨਰਾਂ ਤੇ ਮੁਲਾਜ਼ਮਾਂ ਉੱਤੇ ਗੰਦੇ ਪਾਣੀ ਦੀ ਬੁਛਾੜਾਂ ਤੇ ਅੱਥਰੂ ਗੈਸ ਦੇ ਗੋਲੇ ਛੱਡੇ ਗਏ, ਜਿਸ ਨਾਲ ਕਈ ਪੈਨਸ਼ਨਰ, ਮੁਲਾਜ਼ਮ ਤੇ ਮਹਿਲਾਵਾਂ ਗੰਭੀਰ ਜ਼ਖ਼ਮੀ ਹੋਏ ਹਨ।ਜਬਰ ਦੀ ਇਸ ਘਟਨਾ ਤੋਂ ਬਾਅਦ ਪੂਰੇ ਪੰਜਾਬ ਦੇ ਪੈਨਸ਼ਨਰਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਮੀਟਿੰਗ 'ਚ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਜਲਦ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਸਮੁੱਚੀਆਂ ਪੈਨਸ਼ਨਰ ਜਥੇਬੰਦੀਆਂ ਵੱਲੋਂ ਇਕੱਠੇ ਹੋ ਕੇ ਪੰਜਾਬ ਭਰ 'ਚ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਸਿਰ ਹੋਵੇਗੀ।

ਇਸ ਮੌਕੇ ਸੋਹਣ ਸਿੰਘ ਮਹਿਲ ਕਲਾਂ, ਨਿਰਪਾਲ ਸਿੰਘ ਜਲਾਲਦੀਵਾਲ, ਸੁਰਿੰਦਰ ਸਿੰਘ, ਜੀਤ ਸਿੰਘ ਕੁਰੜ, ਬਲਦੇਵ ਸਿੰਘ, ਜੋਰਾ ਸਿੰਘ ਮਹਿਲ ਖੁਰਦ, ਦਲਵੀਰ ਸਿੰਘ ਵਜੀਦਕੇ ਖੁਰਦ, ਵਰਿੰਦਰ ਸਿੰਘ, ਦਲੀਪ ਸਿੰਘ ਠੁੱਲੀਵਾਲ, ਇੰਦਰਜੀਤ ਸਿੰਘ, ਹਰਬੰਸ ਸਿੰਘ, ਭੋਲਾ ਸਿੰਘ, ਹਾਕਮ ਸਿੰਘ ਖਿਆਲੀ, ਬਰਿੰਦਰ ਸਿੰਘ, ਦਲਬੀਰ ਸਿੰਘ ਵਜੀਦਕੇ, ਬਲਦੇਵ ਸਿੰਘ ਸਹਿਜੜਾ, ਜੱਗਾ ਸਿੰਘ ਮਹਿਲ ਖੁਰਦ ਆਦਿ ਹਾਜ਼ਰ ਸਨ।

## ਨਸ਼ੀਲੀਆਂ ਗੋਲੀਆਂ ਸਮੇਤ ਨੌਜਵਾਨ ਕਾਬੂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਜ਼ਿਲ੍ਹਾ ਪੁਲਸ ਮੁਖੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪੁਲਸ ਥਾਣਾ ਠੁੱਲੀਵਾਲ ਨੇ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਇਕ ਨੌਜਵਾਨ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ।ਇਸ ਸਬੰਧੀ ਡੀ ਐਸ ਪੀ ਜਸਪਾਲ ਸਿੰਘ ਧਾਲੀਵਾਲ ਨੇ ਦੱਸਿਆ ਇੰਸਪੈਕਟਰ ਗੁਰਪਾਲ ਸਿੰਘ ਥਾਣਾ ਠੁੱਲੀਵਾਲ ਦੀ ਅਗਵਾਈ ਹੇਠ ਮਾੜੇ ਅਨਸਰਾਂ ਤੇ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕਰਦੇ ਹੋਏ ਸਹਾਇਕ ਥਾਣੇਦਾਰ ਜਸਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਪਿੰਡ ਠੁੱਲੀਵਾਲ ਤੋਂ ਗੁੰਮਟੀ ਨੂੰ ਜਾਂਦੀ ਸੜਕ 'ਤੇ ਪੁਲ ਡਰੇਨ ਪਾਸੋਂ ਸਵਰਨਦੀਪ ਸਿੰਘ ਉਰਫ ਸੋਨੀ ਵਾਸੀ ਠੁੱਲੀਵਾਲ ਨੂੰ ਤਲਾਸ਼ੀ ਦੌਰਾਨ 45 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਗਿਆ ਹੈ।ਇਸ ਸਬੰਧੀ ਥਾਣਾ ਠੁੱਲੀਵਾਲ ਵਿਖੇ ਸਵਰਨਦੀਪ ਸਿੰਘ ਸੋਨੀ ਵਾਸੀ ਠੁੱਲੀਵਾਲ ਖ਼ਿਲਾਫ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਸਕੂਲ ਫੀਸਾਂ ਦੇ ਬੇਲਗਾਮ ਵਾਧੇ ਖ਼ਿਲਾਫ਼ ਕਰਾਂਗੇ ਆਵਾਜ਼ ਬੁਲੰਦ : ਅਰਸ਼ ਸੱਚਰ



**ਕੋਟਕਪੂਰਾ (ਰਛਪਾਲ ਭੁੱਲਰ)**-ਫਰੀਦਕੋਟ ਵਿੱਚ ਨਿੱਜੀ ਸਕੂਲਾਂ ਵੱਲੋਂ ਹਰ ਸਾਲ ਫੀਸਾਂ ਵਿੱਚ ਹੋ ਰਿਹਾ ਬੇਤਹਾਸ਼ਾ ਵਾਧਾ ਹੁਣ ਇੱਕ ਗੰਭੀਰ ਜਨਤਕ ਮਸਲਾ ਬਣ ਚੁੱਕਾ ਹੈ, ਜਿਸ ਨੇ ਹਜ਼ਾਰਾਂ ਪਰਵਾਰਾਂ ਨੂੰ ਆਰਥਿਕ ਤੇ ਮਾਨਸਿਕ ਤੌਰ 'ਤੇ ਪ੍ਰਭਾਵਿਤ ਕੀਤਾ ਹੈ।ਇਸ ਸਬੰਧੀ ਸਮਾਜਸੇਵੀ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਮਾਣਯੋਗ ਮੁੱਖ ਮੰਤਰੀ ਪੰਜਾਬ ਨੂੰ ਵਿਸਥਾਰ ਨਾਲ ਪੱਤਰ ਲਿਖ ਕੇ ਤੁਰਤ ਦਖਲਅੰਦਾਜ਼ੀ ਦੀ ਮੰਗ ਕੀਤੀ ਹੈ।ਅਰਸ਼ ਸੱਚਰ ਨੇ ਕਿਹਾ ਕਿ ਅੱਜ ਹਰ ਮਾਪੇ ਆਪਣੇ ਬੱਚਿਆਂ ਦੀ ਪੜ੍ਹਾਈ ਲਈ ਆਪਣੀ ਸਮਰੱਥਾ ਤੋਂ ਵੱਧ ਮਿਹਨਤ ਕਰਦਾ ਹੈ, ਪਰ ਸਕੂਲਾਂ ਵੱਲੋਂ ਬਿਨਾਂ ਕਿਸੇ ਪਾਰਦਰਸ਼ਤਾ ਤੇ ਬਿਨਾਂ ਵਾਜਬ ਕਾਰਨ ਦੇ ਫੀਸਾਂ ਵਿੱਚ ਵਾਧਾ ਕਰਕੇ ਉਨ੍ਹਾਂ 'ਤੇ ਨਜਾਇਜ਼ ਬੋਝ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇੱਕ ਮਾਪੇ ਹੋਣ ਦੇ ਨਾਤੇ ਇਹ ਹਾਲਾਤ ਦੇਖ ਕੇ ਚੁੱਪ ਰਹਿਣਾ ਸੰਭਵ ਨਹੀਂ, ਕਿਉਂਕਿ ਇਹ ਸਿਰਫ ਫੀਸਾਂ ਦਾ ਮਸਲਾ ਨਹੀਂ, ਸਗੋਂ ਹਜ਼ਾਰਾਂ ਪਰਵਾਰਾਂ ਦੀ ਆਰਥਿਕ ਸਥਿਤੀ ਤੇ ਬੱਚਿਆਂ ਦੇ ਭਵਿੱਖ ਨਾਲ ਜੁੜਿਆ ਹੋਇਆ ਮਸਲਾ ਹੈ।ਉਨ੍ਹਾਂ ਦੱਸਿਆ ਕਿ ਕਈ ਸਕੂਲਾਂ ਵਿੱਚ ਫੀਸ ਵਾਧੇ ਲਈ ਨਾ ਕੋਈ ਸਪੱਸ਼ਟ ਮਨਜ਼ੂਰੀ ਦਿਖਾਈ ਦਿੰਦੀ ਹੈ ਤੇ ਨਾ ਹੀ ਕੋਈ ਜ਼ਿੰਮੇਵਾਰੀ ਨਿਰਧਾਰਤ ਕੀਤੀ ਗਈ ਹੈ। ਮਾਪਿਆਂ ਦੀਆਂ ਸ਼ਿਕਾਇਤਾਂ ਵੀ ਅਕਸਰ ਬਿਨਾਂ ਸੁਣੇ ਹੀ ਰਹਿ ਜਾਂਦੀਆਂ ਹਨ।ਅਰਸ਼ ਸੱਚਰ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਾਰੇ ਨਿੱਜੀ ਸਕੂਲਾਂ ਦੀ ਫੀਸ ਸਟਰਕਚਰ ਜਨਤਕ ਕੀਤੀ ਜਾਵੇ, ਬਿਨਾਂ ਮਨਜ਼ੂਰੀ ਫੀਸ ਵਾਧੇ 'ਤੇ ਤੁਰਤ ਰੋਕ ਲੱਗੇ, ਮਾਪਿਆਂ ਲਈ ਸਮੇਂ-ਬੱਧ ਸ਼ਿਕਾਇਤ ਨਿਵਾਰਣ ਪ੍ਰਣਾਲੀ ਬਣਾਈ ਜਾਵੇ, ਨਿਯਮਾਂ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਜੇ ਲੋੜ ਪਈ ਤਾਂ ਮਾਪਿਆਂ ਨੂੰ ਇਕੱਠਾ ਕਰਕੇ ਇੱਕ ਸਾਂਝੀ ਮੁਹਿੰਮ ਸ਼ੁਰੂ ਕੀਤੀ ਜਾਵੇਗੀ।

## ਸਕੂਲ 'ਚ ਨਵੇਂ ਸੈਸ਼ਨ ਦੀ ਸ਼ੁਰੂਆਤ 'ਤੇ ਸੁਖਮਨੀ ਸਾਹਿਬ ਦਾ ਪਾਠ ਕਰਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਨਵਾਂ ਅਕਾਦਮਿਕ ਸੈਸ਼ਨ 2026-27 ਪ੍ਰਿੰਸੀਪਲ ਮੈਡਮ ਕੰਚਨ ਦੀ ਅਗਵਾਈ ਹੇਠ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਸ਼ੁਰੂ ਹੋਇਆ। ਇਸ ਸ਼ੁਭ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ ਤੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਮੁੱਖ ਅਧਿਆਪਕਾ, ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਨੇ ਪੂਰੀ ਸ਼ਰਧਾ ਨਾਲ ਪਾਠ ਕੀਤਾ। ਇਸ ਮੌਕੇ ਸਕੂਲ ਦੀ ਨਿਰੰਤਰ ਤਰੱਕੀ, ਵਿਦਿਆਰਥੀਆਂ ਦੀ ਅਕਾਦਮਿਕ ਸਫ਼ਲਤਾ, ਚੰਗੇ ਨਤੀਜਿਆਂ ਤੇ ਆਵਾਜਾਈ ਦੇ ਸਾਧਨਾਂ ਦੀ ਸੁਰੱਖਿਆ ਲਈ ਅਰਦਾਸ ਕੀਤੀ ਗਈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਪ੍ਰੋਫ਼ੈਸਰ ਐਮ. ਐਲ. ਅਰੋੜਾ, ਡਾਇਰੈਕਟਰ ਡਾਕਟਰ ਨੰਦਿਤਾ ਗਰੋਵਰ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੌਰਾਨ ਲਗਨ ਨਾਲ ਪੜ੍ਹਾਈ ਕਰਨ, ਮੋਬਾਈਲ ਫੋਨ/ਇੰਟਰਨੈੱਟ ਮੀਡੀਆ ਤੋਂ ਦੂਰ ਰਹਿਣ, ਖੇਡਾਂ ਸਮੇਤ ਹੋਰਨਾਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਤੇ ਪੁਰਾਣੀਆਂ ਗਲਤੀਆਂ ਤੋਂ ਕੁਝ ਨਵਾਂ ਸਿੱਖਣ ਲਈ ਪ੍ਰੇਰਿਤ ਕੀਤਾ।

## ਸਫਾ 1 ਦੇ ਬਾਕੀ...

### ਪੀ ਆਰ ਟੀ ਸੀ ਦੀ ...

ਕਿ ਜੇ ਸਵਾਰੀਆਂ ਜਾਂ ਬੱਸ ਚਾਲਕਾਂ ਨੇ ਕਿਸੇ ਨੂੰ ਦੱਸਿਆ ਤਾਂ ਉਨ੍ਹਾਂ ਨੂੰ ਨਤੀਜੇ ਭੁਗਤਣੇ ਪੈਣਗੇ। ਬੱਸ ਸਟਾਫ ਨੇ ਤੁਰੰਤ ਬੱਸ ਨੂੰ ਮੋਠਾਂਵਾਲਾ ਪੁਲਸ ਸਟੇਸ਼ਨ ਪਹੁੰਚਾਇਆ ਅਤੇ ਲਿਖਤੀ ਸ਼ਿਕਾਇਤ ਦਰਜ ਕਰਵਾਈ। ਐਸ ਐਚ ਓ ਸੁਲਤਾਨਪੁਰ ਲੋਧੀ ਨਰਿੰਦਰ ਸਿੰਘ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਛੇਤੀ ਗ੍ਰਿਫਤਾਰ ਕਰ ਲਿਆ ਜਾਵੇਗਾ।

### ਹੁੱਡਾ ਤੇ ਏ ਜੇ ਐੱਲ...

ਅਕਤੂਬਰ 1996 ਤੱਕ ਹੋ ਚੁੱਕਾ ਸੀ। ਏ ਜੇ ਐੱਲ ਨੇ ਪਲਾਟ ਵਾਪਸ ਲੈਣ ਲਈ ਤੱਤਕਾਲੀ ਮੁੱਖ ਮੰਤਰੀ ਬੰਸੀ ਲਾਲ ਨੂੰ ਚਾਰ ਵਾਰ ਚਿੱਠੀਆਂ ਲਿਖੀਆਂ, ਪਰ ਉਨ੍ਹਾ ਨੇ ਇਹ ਮੰਗ ਰੱਦ ਕਰ ਦਿੱਤੀ ਅਤੇ 16 ਮਾਰਚ 1999 ਨੂੰ ਏ ਜੇ ਐੱਲ ਦੇ ਚੇਅਰਮੈਨ ਨੂੰ ਇਸ ਬਾਰੇ ਜਾਣਕਾਰੀ ਦੇ ਦਿੱਤੀ ਗਈ। ਇਸ ਤੋਂ ਬਾਅਦ ਹਰਿਆਣਾ ਵਿੱਚ ਚੌਟਾਲਾ ਸਰਕਾਰ ਦੌਰਾਨ ਏ ਜੇ ਐੱਲ ਕੰਪਨੀ ਛੇ ਸਾਲਾਂ ਤੱਕ ਚੁੱਪ ਰਹੀ। ਹੁੱਡਾ ਦੇ ਮੁੱਖ ਮੰਤਰੀ ਬਣਨ 'ਤੇ 7 ਅਪ੍ਰੈਲ 2005 ਨੂੰ ਪਲਾਟ ਵਾਪਸ ਲੈਣ ਲਈ ਚਿੱਠੀ ਲਿਖੀ ਗਈ। ਹੁੱਡਾ ਨੇ ਹਰਿਆਣਾ ਸ਼ਹਿਰੀ ਵਿਕਾਸ ਅਥਾਰਟੀ ਦੇ ਚੇਅਰਮੈਨ ਵਜੋਂ ਤੱਤਕਾਲੀ ਮੁੱਖ ਪ੍ਰਸ਼ਾਸਕ ਐੱਸ ਐੱਸ ਢਿੱਲੋਂ, ਵਿੱਤ ਕਮਿਸ਼ਨਰ ਸ਼ਕੁੰਤਲਾ ਜਾਖੂ ਦੀਆਂ ਸਿਫਾਰਸ਼ਾਂ ਅਤੇ ਕਾਨੂੰਨੀ ਮਸ਼ੀਰ ਜਗਦੀਪ ਜੈਨ ਦੀ ਰਾਏ ਨੂੰ ਨਜ਼ਰਅੰਦਾਜ਼ ਕਰਦਿਆਂ 28 ਅਗਸਤ 2005 ਨੂੰ ਇਹ ਪਲਾਟ 1982 ਦੇ ਪੁਰਾਣੇ ਰੇਟਾਂ 'ਤੇ 59.39 ਲੱਖ ਰੁਪਏ ਵਿੱਚ ਅਲਾਟ ਕਰ ਦਿੱਤਾ। ਈ ਡੀ ਮੁਤਾਬਕ ਇਸ ਨਾਲ ਸਰਕਾਰ ਨੂੰ 1.75 ਕਰੋੜ ਰੁਪਏ ਦਾ ਘਾਟਾ ਪਿਆ। ਈ ਡੀ ਨੇ ਕਿਹਾ ਕਿ ਨਾ ਸਿਰਫ ਪਲਾਟ ਦੀ ਮੁੜ ਅਲਾਟਮੈਂਟ ਕੀਤੀ ਗਈ, ਸਗੋਂ ਸਾਜ਼ਿਸ਼ ਤਹਿਤ ਉਸਾਰੀ ਮੁਕੰਮਲ ਕਰਨ ਲਈ ਏ ਜੇ ਐੱਲ ਵਾਸਤੇ ਤਿੰਨ ਵਾਰ ਮਿਆਦ ਵਧਾ ਦਿੱਤੀ, ਜੋ ਅੰਤ ਵਿੱਚ 14 ਅਗਸਤ 2014 ਨੂੰ ਮੁਕੰਮਲ ਹੋਈ। ਹਾਲਾਂਕਿ 25 ਫਰਵਰੀ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸੀ ਬੀ ਆਈ ਅਦਾਲਤ ਦੇ ਉਸ ਫੈਸਲੇ ਨੂੰ ਰੱਦ ਕਰ ਦਿੱਤਾ ਸੀ, ਜਿਸ ਵਿੱਚ ਹੁੱਡਾ ਅਤੇ ਏ ਜੇ ਐੱਲ ਵਿਰੁੱਧ ਦੋਸ਼ ਤੈਅ ਕੀਤੇ ਗਏ ਸਨ। ਹਾਈ ਕੋਰਟ ਨੇ ਦੋਵਾਂ ਨੂੰ ਦੋਸ਼ਮੁਕਤ ਕਰਦਿਆਂ ਕਿਹਾ ਕਿ ਨੀਤੀਆਂ ਜਾਂ ਰਾਵਾਂ ਦੇ ਉਲਟ ਫੈਸਲਾ ਲੈਣਾ ਕਿਸੇ ਦੀ ਬੇਈਮਾਨੀ ਸਾਬਤ ਕਰਨ ਦਾ ਆਧਾਰ ਨਹੀਂ ਹੋ ਸਕਦਾ ਅਤੇ ਇਸ ਕੇਸ ਨੂੰ ਜਾਰੀ ਰੱਖਣਾ ਅਦਾਲਤੀ ਪ੍ਰਕਿਰਿਆ ਦੀ ਦੁਰਵਰਤੋਂ ਹੋਵੇਗੀ।

### ਬਜ਼ੁਰਗ ਜੋੜਾ ਐੱਨ ਆਰ...

ਕੌਰ ਦੇਖਭਾਲ ਕਰ ਰਹੀ ਸੀ, ਇਸ ਲਈ ਮਾਪਿਆਂ ਨੇ ਜ਼ਮੀਨ ਉਸ ਦੇ ਨਾਂਅ ਤਬਦੀਲ ਕਰ ਦਿੱਤੀ। ਮਾਪਿਆਂ ਨੇ ਸਿਵਲ ਕੋਰਟ ਵਿੱਚ ਕੇਸ ਵੀ ਦਾਇਰ ਕੀਤਾ ਕਿ ਗੁਰਪ੍ਰੀਤ ਸਿੰਘ ਦੇ ਨਾਂਅ 'ਤੇ ਖਰੀਦੀ ਗਈ ਜ਼ਮੀਨ ਦੇ 1/4 ਹਿੱਸੇ ਦੇ ਮਾਲਕ ਮਾਪੇ, ਅੰਤਰਪ੍ਰੀਤ ਕੌਰ ਅਤੇ ਗੁਰਪ੍ਰੀਤ ਸਿੰਘ ਬਰਾਬਰ ਹਨ।ਲੁਧਿਆਣਾ ਦੇ ਸਿਵਲ ਜੱਜ (ਜੂਨੀਅਰ ਡਵੀਜ਼ਨ) ਨੇ ਕਬਜ਼ੇ ਸੰਬੰਧੀ ਯਥਾਸਥਿਤੀ ਬਣਾਈ ਰੱਖਣ ਦਾ ਹੁਕਮ ਦਿੱਤਾ।ਇਸ ਦੇ ਬਾਵਜੂਦ ਹੁਣ ਗੁਰਪ੍ਰੀਤ ਸਿੰਘ ਅਤੇ ਉਸ ਦਾ ਐੱਸ ਪੀ ਏ ਕਥਿਤ ਤੌਰ 'ਤੇ ਸਥਾਨਕ ਪੁਲਸ ਅਤੇ ਸਿਆਸਤਦਾਨਾਂ ਦੀ ਮਿਲੀਭੁਗਤ ਨਾਲ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।ਪੁਲਸ ਤੋਂ ਜ਼ਾਬਤਾ ਫੌਜਦਾਰੀ ਦੀ ਧਾਰਾ 145/ਬੀ ਐੱਨ ਐੱਸ ਐੱਸ ਦੀ ਧਾਰਾ 164 ਤਹਿਤ ਕਲੰਦਰਾ ਤਿਆਰ ਕਰਵਾ ਕੇ ਐੱਸ ਡੀ ਐੱਮ ਕੋਲ ਪੇਸ਼ ਕੀਤਾ ਗਿਆ।ਐੱਸ ਡੀ ਐੱਮ ਨੇ ਚਾਰ ਨਵੰਬਰ 2025 ਨੂੰ ਅੰਤਰਮ ਹੁਕਮ ਪਾਸ ਕੀਤੇ, ਜਿਨ੍ਹਾਂ 'ਤੇ ਹਾਈ ਕੋਰਟ ਨੇ ਰੋਕ ਲਗਾ ਦਿੱਤੀ। ਹਾਈ ਕੋਰਟ ਦੇ ਸਟੇਅ ਆਰਡਰ ਦੇ ਬਾਵਜੂਦ ਸਥਾਨਕ ਪੁਲਸ ਕਥਿਤ ਤੌਰ 'ਤੇ ਮਾਪਿਆਂ ਅਤੇ ਕਿਰਾਏਦਾਰਾਂ ਨੂੰ ਜ਼ਮੀਨ ਵਿੱਚ ਦਾਖਲ ਨਹੀਂ ਹੋਣ ਦੇ ਰਹੀ ਅਤੇ ਗੁਰਪ੍ਰੀਤ ਸਿੰਘ ਦੇ ਬੰਦੇ ਲਗਾਤਾਰ ਡਰ ਪੈਦਾ ਕਰ ਰਹੇ ਹਨ।ਜਾਨ ਨੂੰ ਖਤਰਾ ਦੱਸਦਿਆਂ ਬਜ਼ੁਰਗ ਜੋੜੇ ਨੇ ਹਾਈ ਕੋਰਟ ਵਿੱਚ ਫਿਰ ਪਟੀਸ਼ਨ ਕੀਤੀ, ਜਿਸ 'ਤੇ ਹਾਈ ਕੋਰਟ ਨੇ 20 ਮਾਰਚ ਨੂੰ ਪੁਲਸ ਕਮਿਸ਼ਨਰ ਨੂੰ ਖਤਰੇ ਨੂੰ ਸਮਝਦਿਆਂ ਉਨ੍ਹਾਂ ਨੂੰ ਸੁਰੱਖਿਆ ਮੁਹੱਈਆ ਕਰਾਉਣ ਦੇ ਹੁਕਮ ਦੇ ਦਿੱਤੇ ਹਨ।

## ਇੰਡੀਅਨ ਡਾਕਟਰ ਫਾਰ ਪੀਸ ਐਂਡ ਡਿਵੈਲਪਮੈਂਟ ਤੇ ਤਾਲਮੇਲ ਕਮੇਟੀ ਪੈਰਾ-ਮੈਡੀਕਲ ਵੱਲੋਂ ਵਿਚਾਰ ਗੋਸ਼ਟੀ 5 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**-ਇੰਡੀਅਨ ਡਾਕਟਰ ਫਾਰ ਪੀਸ ਐਂਡ ਡਿਵੈਲਪਮੈਂਟ ਤੇ ਤਾਲਮੇਲ ਕਮੇਟੀ ਪੈਰਾ-ਮੈਡੀਕਲ ਅਤੇ ਸਿਹਤ ਕਰਮਚਾਰੀ ਪੰਜਾਬ ਵੱਲੋਂ 5 ਅਪ੍ਰੈਲ ਨੂੰ 10.30 ਤੋਂ 1 ਵਜੇ ਤੱਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਮੋਗਾ ਵਿਖੇ 'ਸਭ ਲਈ ਸਿਹਤ, ਚੁਣੌਤੀਆਂ ਤੇ ਹੱਲ' ਵਿਸ਼ੇ 'ਤੇ ਵਿਚਾਰ ਗੋਸ਼ਟੀ ਕਰਾਈ ਜਾ ਰਹੀ ਹੈ।ਇਸ ਦੀ ਜਾਣਕਾਰੀ ਡਾਕਟਰ ਇੰਦਰਵੀਰ ਗਿੱਲ ਸੈਂਟਰਲ ਕਮੇਟੀ ਮੈਂਬਰ ਆਈ.ਡੀ.ਪੀ.ਡੀ. ਤੇ ਕੁਲਬੀਰ ਸਿੰਘ ਢਿੱਲੋਂ ਸੂਬਾ ਪ੍ਰਧਾਨ ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਪੰਜਾਬ ਨੇ ਮੋਗਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ।ਇਸ ਗੋਸ਼ਟੀ ਨੂੰ ਸੰਬੋਧਨ ਕਰਨ ਲਈ ਡਾਕਟਰ ਜਸਬੀਰ ਸਿੰਘ ਸਾਬਕਾ ਡਿਪਟੀ ਡਾਇਰੈਕਟਰ ਸਿਹਤ ਵਿਭਾਗ ਪੰਜਾਬ, ਡਾ. ਅਰੁਣ ਮਿੱਤਰਾ ਕੌਮੀ ਪ੍ਰਧਾਨ ਆਈ.ਡੀ.ਪੀ.ਡੀ. ਤੇ ਰਵਿੰਦਰ ਲੂਥਰਾ ਕਨਵੀਨਰ ਤਾਲਮੇਲ ਕਮੇਟੀ ਪੈਰਾ-ਮੈਡੀਕਲ ਤੇ ਸਿਹਤ ਕਰਮਚਾਰੀ ਪੰਜਾਬ ਪਹੁੰਚ ਰਹੇ ਹਨ।ਉਨ੍ਹਾਂ ਕਿਹਾ ਕਿ ਸਿਹਤ ਸਹੂਲਤ ਆਮ ਲੋਕਾਂ ਦੀ ਬੁਨਿਆਦੀ ਜ਼ਰੂਰਤ ਹੈ, ਸਭ ਲੋਕਾਂ ਨੂੰ ਸਿਹਤ ਸੇਵਾਵਾਂ ਦੇਣਾ ਸਰਕਾਰਾਂ ਦਾ ਫਰਜ਼ ਹੈ, ਪਰ ਸਰਮਾਏਦਾਰੀ ਪ੍ਰਬੰਧ ਵਿੱਚ ਸਰਮਾਏਦਾਰੀ ਪੱਖੀ ਨੀਤੀਆਂ ਤੇ ਚਲਦੇ ਸਰਕਾਰ ਸਿਹਤ ਸੇਵਾਵਾਂ ਦਾ ਨਿੱਜੀਕਰਨ ਕਰਨ ਦੇ ਰਾਹ ਪੈ ਚੁੱਕੀ ਹੈ, ਜਿਸ ਕਾਰਨ ਸਿਹਤ ਸਹੂਲਤਾਂ ਆਮ ਲੋਕਾਂ ਦੀ ਪਹੁੰਚ ਤੋਂ ਲਗਾਤਾਰ ਦੂਰ ਹੋ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿਹਤ ਬੀਮਾ ਯੋਜਨਾਵਾਂ ਵੀ ਨਿੱਜੀਕਰਨ ਦੀਆਂ ਨੀਤੀਆਂ ਦਾ ਹੀ ਹਿੱਸਾ ਹੈ, ਜਿਸ ਦਾ ਆਮ ਲੋਕਾਂ ਨਾਲੋਂ ਜ਼ਿਆਦਾ ਬੀਮਾਂ ਕੰਪਨੀਆਂ ਨੂੰ ਹੀ ਫਾਇਦਾ ਹੁੰਦਾ ਹੈ।ਉਨ੍ਹਾਂ ਵੱਧ ਤੋਂ ਵੱਧ ਲੋਕਾਂ ਨੂੰ ਇਸ ਗੋਸ਼ਟੀ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ।

## ਭੱਠਾ ਮਜ਼ਦੂਰਾਂ ਨੇ ਲੇਬਰ ਕੋਡਾਂ ਦੀਆਂ ਕਾਪੀਆਂ ਸਾੜ ਕੇ ਮਨਾਇਆ ਕਾਲਾ ਦਿਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਲਾਲ ਝੰਡਾ ਭੱਠਾ ਵਰਕਰ ਯੂਨੀਅਨ ਪੰਜਾਬ ਸੀਟੂ ਦੇ ਸੱਦੇ 'ਤੇ ਭੱਠਾ ਮਜ਼ਦੂਰਾਂ ਵੱਲੋਂ ਇੱਥੇ ਕੇਂਦਰ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਲੇਬਰ ਕੋਡਾਂ ਦੀਆਂ ਕਾਪੀਆਂ ਸਾੜ ਕੇ ਕਾਲਾ ਦਿਨ ਮਨਾਇਆ ਗਿਆ। ਇਸ ਉਪਰੰਤ 6 ਅਪ੍ਰੈਲ ਨੂੰ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਰੈਲੀ 'ਚ ਭੱਠਾ ਮਜ਼ਦੂਰ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੇ।ਸੀਟੂ ਦੇ ਸੂਬਾ ਆਗੂ ਮਾਨ ਸਿੰਘ ਗੁਰਮ, ਪ੍ਰੀਤਮ ਸਿੰਘ ਸਹਿਜੜਾ ਨੇ ਕਿਹਾ ਕਿ ਕੇਂਦਰੀ ਸਰਕਾਰ ਵੱਲੋਂ 29 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਨਵੇਂ ਲੇਬਰ ਕੋਡ ਲਾਗੂ ਕਰਨਾ ਮਜ਼ਦੂਰਾਂ ਦੇ ਹੱਕਾਂ 'ਤੇ ਵੱਡਾ ਹਮਲਾ ਹੈ।ਉਨ੍ਹਾਂ ਦੱਸਿਆ ਕਿ 2015 ਦੀ ਕੌਮੀ ਲੇਬਰ ਕਾਨਫਰੰਸ ਤੋਂ ਬਾਅਦ ਤਿੰਨ ਧਿਰਾਂ-ਸਰਕਾਰ, ਮਾਲਕਾਂ ਤੇ ਟਰੇਡ ਯੂਨੀਅਨਾਂ ਦੀ ਕੋਈ ਮੀਟਿੰਗ ਨਹੀਂ ਬੁਲਾਈ ਗਈ, ਜਿਸ ਨਾਲ ਮਜ਼ਦੂਰਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ।ਮਜ਼ਦੂਰ ਆਗੂਆਂ ਨੇ ਕਿਹਾ ਕਿ ਇਹ ਲੇਬਰ ਕੋਡ ਮਜ਼ਦੂਰਾਂ ਦੀਆਂ ਯੂਨੀਅਨ ਬਣਾਉਣ, ਉਜਰਤਾਂ ਵਿੱਚ ਵਾਧਾ ਮੰਗਣ ਤੇ ਧਰਨੇ-ਰੈਲੀਆਂ ਕਰਨ ਦੇ ਹੱਕਾਂ 'ਤੇ ਪਾਬੰਦੀਆਂ ਲਗਾਉਣਗੇ ਹੋਏ ਕਾਰਪੋਰੇਟ ਘਰਾਣਿਆਂ ਨੂੰ ਫ਼ਾਇਦਾ ਪਹੁੰਚਾਉਣਗੇ।ਉਨ੍ਹਾਂ ਕਿਹਾ ਕਿ ਮਜ਼ਦੂਰ, ਕਿਸਾਨ ਤੇ ਮੁਲਾਜ਼ਮਾਂ ਦੇ ਜਮਹੂਰੀ ਹੱਕਾਂ ਦੀ ਰੱਖਿਆ ਲਈ ਵਿਸ਼ਾਲ ਏਕਤਾ ਤੇ ਤਿੱਖੇ ਸਾਂਝੇ ਸੰਘਰਸ਼ ਸਮੇਂ ਦੀ ਲੋੜ ਹਨ।ਇਸ ਮੌਕੇ ਰਾਜਾ ਰਾਮ, ਵਿਸ਼ਾਲ ਸ਼ਰਮਾ, ਪਦਾਰ ਸ਼ਰਮਾ, ਸ਼ਮਸ਼ੇਰ ਆਲਮ, ਲਖਬੀਰ ਸਿੰਘ, ਬਲਵੀਰ ਸਿੰਘ, ਅਮਰ ਸਿੰਘ, ਬਿਰਜੂ ਸ਼ਰਮਾ, ਪੂਜਾ ਦੇਵੀ, ਮੰਜੂ ਦੇਵੀ, ਸੰਜੂ ਦੇਵੀ, ਸੰਤੋਸ਼ ਸ਼ਰਮਾ, ਵਿਨੋਦ ਸ਼ਰਮਾ ਆਦਿ ਹਾਜ਼ਰ ਸਨ।

## ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਵਿਖੇ ਵਿਸ਼ੇਸ਼ ਲੈਕਚਰ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਪਰੇਨੀਅਲ ਇਕਨਾਮਿਕਸ ਕੁਲੈਕਟਿਵ ਤੇ ਆਈ.ਕਿਊ.ਏ.ਸੀ. ਦੇ ਸਹਿਯੋਗ ਨਾਲ 'ਡਿਵੈਲਪਮੈਂਟ ਡਾਇਨਾਮਿਕਸ ਆਫ ਚਾਇਨਾ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕੀਤਾ ਗਿਆ, ਜੋ ਆਧੁਨਿਕ ਵਿਸ਼ਵ-ਅਰਥਵਿਵਸਥਾ ਦੇ ਸੰਦਰਭ ਵਿੱਚ ਬਹੁਤ ਹੀ ਪ੍ਰਸੰਗਿਕ ਤੇ ਚਰਚਿਤ ਵਿਸ਼ਾ ਹੈ।ਇਸ ਵਿੱਚ ਮੁੱਖ ਵਕਤਾ ਵਜੋਂ ਪ੍ਰੋ. ਇਕਬਾਲ ਸਿੰਘ ਰਿਟਾਇਰਡ ਪ੍ਰੋਫੈਸਰ, ਦਿੱਲੀ ਯੂਨੀਵਰਸਿਟੀ ਨੇ ਸ਼ਮੂਲੀਅਤ ਕੀਤੀ।ਡਾ. ਬਲਦੇਵ ਸਿੰਘ ਮੁਖੀ ਸੋਸ਼ਲ ਸਾਇੰਸਜ਼ ਵਿਭਾਗ ਨੇ ਮੁੱਖ ਵਕਤਾ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਨੇ ਵਿਸਤ੍ਰਿਤ ਤੇ ਤੱਥਪੂਰਨ ਵਿਆਖਿਆਨ ਦੌਰਾਨ ਚੀਨ ਦੇ 1970 ਦੇ ਦਹਾਕੇ ਤੋਂ ਲੈ ਕੇ 2022 ਤੱਕ ਦੇ ਵਿਕਾਸ ਯਾਤਰਾ ਨੂੰ ਬਹੁਤ ਹੀ ਸੁਚੱਜੇ ਤੇ ਵਿਸ਼ਲੇਸ਼ਣਾਤਮਕ ਢੰਗ ਨਾਲ ਪੇਸ਼ ਕਰਦਿਆਂ ਦੱਸਿਆ ਕਿ ਕਿਵੇਂ ਚੀਨ ਨੇ ਉੱਚਿਤ ਯੋਜਨਾਬੰਦੀ, ਜਨਸੰਖਿਆ ਨਿਯੰਤਰਣ ਨੀਤੀਆਂ ਤੇ ਦੂਰਦਰਸ਼ੀ ਆਰਥਿਕ ਸੁਧਾਰਾਂ ਰਾਹੀਂ ਆਪਣੇ ਵਿਕਾਸ ਦੀ ਮਜ਼ਬੂਤ ਨੀਂਹ ਰੱਖੀ।ਉਨ੍ਹਾਂ ਦੱਸਿਆ ਕਿ ਕਿਵੇਂ ਚੀਨ ਵੱਲੋਂ ਸਿਹਤ ਤੇ ਸਿੱਖਿਆ ਖੇਤਰਾਂ ਵਿੱਚ ਕੀਤੇ ਗਏ ਵਿਸ਼ਾਲ ਨਿਵੇਸ਼ਾਂ ਨੇ ਮਨੁੱਖੀ ਸੰਸਾਧਨਾਂ ਦੀ ਗੁਣਵੱਤਾ ਨੂੰ ਨਿਖਾਰਿਆ ਇਸ ਤੋਂ ਇਲਾਵਾ, ਉਨ੍ਹਾਂ ਨੇ ਚੀਨ ਦੇ ਉਦਯੋਗਿਕ ਵਿਕਾਸ, ਨਿਰਯਾਤ-ਕੇਂਦਰਿਤ ਅਰਥਵਿਵਸਥਾ ਤੇ ਤਕਨੀਕੀ ਨਵੀਨਤਾ ਦੀ ਭੂਮਿਕਾ 'ਤੇ ਵੀ ਚਾਨਣਾ ਪਾਇਆ।ਇਸ ਦੌਰਾਨ ਪ੍ਰੋ. ਇਕਬਾਲ ਸਿੰਘ ਨੇ ਵੱਖ-ਵੱਖ ਉਦਾਹਰਨਾਂ ਤੇ ਅੰਕੜਿਆਂ ਰਾਹੀਂ ਆਪਣੇ ਵਿਚਾਰਾਂ ਨੂੰ ਹੋਰ ਵੀ ਪ੍ਰਭਾਵਸ਼ਾਲੀ ਬਣਾਇਆ।ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਇਸ ਆਯੋਜਨ ਨੂੰ ਸ਼ਲਾਘਾਯੋਗ ਕਰਾਰ ਦਿੱਤਾ।ਅਖੀਰ ਵਿੱਚ ਵਿਦਿਆਰਥੀ ਅੰਮ੍ਰਿਤਪਾਲ ਸਿੰਘ ਧੰਨਵਾਦੀ ਮਤਾ ਪੇਸ਼ ਕੀਤਾ।

## ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ 3 ਕਾਬੂ



**ਬੱਧਨੀ ਕਲਾਂ (ਲਵਲੀ ਕੁਮਾਰ)**-ਨਸ਼ਿਆਂ ਖਿਲਾਫ਼ ਚਲਾਈ ਗਈ ਮੁਹਿੰਮ ਤਹਿਤ ਥਾਣਾ ਬੱਧਨੀ ਕਲਾਂ ਪੁਲਿਸ ਵੱਲੋਂ 2 ਵੱਖ ਵੱਖ ਮਾਮਲਿਆਂ ਵਿੱਚ ਹੈਰੋਇਨ, ਨਸ਼ੀਲੀਆਂ ਗੋਲੀਆਂ ਤੇ ਕੈਪਸੂਲਾਂ ਸਮੇਤ 3 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ, ਮੋਗਾ ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਥਾਣਾ ਬੱਧਨੀ ਕਲਾਂ ਦੇ ਮੁਖੀ ਇੰਸਪੈਕਟਰ ਗੁਰਮੇਲ ਸਿੰਘ ਦੀ ਅਗਵਾਈ ਹੇਠ ਜਦੋਂ ਸਹਾਇਕ ਥਾਣੇਦਾਰ ਬਲਵੀਰ ਸਿੰਘ ਪੁਲਸ ਪਾਰਟੀ ਸਮੇਤ ਦੇਰ ਰਾਤ ਸੇਮਨਾਲਾ ਰਸੂਲਪੁਰ ਰੋਡ ਲੋਪੋਂ ਨੇੜਿਆਂ ਗਸ਼ਤ ਦੌਰਾਨ ਜਗਤਾਰ ਸਿੰਘ ਨਿਵਾਸੀ ਰਸੂਲਪੁਰ ਤੇ ਸੁਖਮਨੀ ਸਿੰਘ ਉਰਫ ਸੁੱਖਾ ਪਿੰਡ ਲੋਪੋਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 13 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਇਸੇ ਤਰ੍ਹਾਂ ਥਾਣੇਦਾਰ ਕਮਲਪ੍ਰੀਤ ਸਿੰਘ ਜਦੋਂ ਪੁਲਸ ਪਾਰਟੀ ਸਮੇਤ ਬੱਧਨੀ ਕਲਾਂ ਤੋਂ ਨਹਿਰ ਦੀ ਪੱਟੜੀ ਰਾਹੀਂ ਪਿੰਡ ਰਣੀਆਂ ਵੱਲ ਜਾ ਰਹੇ ਸਨ ਤਾਂ ਗੁਪਤ ਸੂਚਨਾ ਦੇ ਆਧਾਰ 'ਤੇ ਗੁਰਸਾਜਨ ਸਿੰਘ ਉਰਫ ਸਾਜਨ ਪਿੰਡ ਰਣੀਆਂ ਨੂੰ ਕਾਬੂ ਕਰ ਕੇ ਉਸ ਕੋਲੋਂ 45 ਨਸ਼ੀਲੀਆਂ ਗੋਲੀਆਂ ਤੇ 30 ਕੈਪਸੂਲ ਬਰਾਮਦ ਕੀਤੇ ਹਨ। ਥਾਣਾ ਮੁਖੀ ਇੰਸਪੈਕਟਰ ਗੁਰਮੇਲ ਸਿੰਘ ਨੇ ਦੱਸਿਆ ਕਿ ਕਾਬੂ ਕੀਤੇ ਗਏ ਤਿੰਨਾਂ ਕਥਿਤ ਦੋਸ਼ੀਆਂ ਖਿਲਾਫ਼ ਮਾਮਲੇ ਦਰਜ ਕੀਤੇ ਗਏ ਹਨ, ਉਨ੍ਹਾਂ ਨੂੰ ਪੁੱਛਗਿੱਛ ਤੋਂ ਬਾਅਦ ਅੱਜ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ ਤਾਂ ਜੋ ਇਹ ਪਤਾ ਲੱਗ ਸਕੇ ਕਿ ਉਕਤ ਨਸ਼ੀਲੇ ਪਦਾਰਥ ਕਿੱਥੋਂ ਲਿਆਉਂਦੇ ਹਨ।

## ਡੀ ਬੀ ਯੂ 'ਚ ਜੋਸ਼ ਨਾਲ ਮਨਾਇਆ ਸੱਭਿਆਚਾਰਕ ਬਿਹਾਰ ਦਿਵਸ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਇੰਜੀਨੀਅਰਿੰਗ, ਟੈਕਨਾਲੋਜੀ ਤੇ ਕੰਪਿਊਟਿੰਗ ਫੈਕਲਟੀ ਵੱਲੋਂ ਇਕ ਭਾਰਤ ਸ਼੍ਰੇਸ਼ਠ ਭਾਰਤ ਪਹਿਲ ਦੇ ਤਹਿਤ ਬਿਹਾਰ ਦਿਵਸ ਦਾ ਸਫਲ ਆਯੋਜਨ ਕੀਤਾ ਗਿਆ, ਜਿਸ ਦਾ ਉਦੇਸ਼ ਸੱਭਿਆਚਾਰਕ ਸਾਂਝ ਤੇ ਰਾਸ਼ਟਰੀ ਏਕਤਾ ਨੂੰ ਪ੍ਰੋਤਸਾਹਤ ਕਰਨਾ ਸੀ।ਇਸ ਸਮਾਗਮ ਵਿੱਚ ਬਿਹਾਰ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਰੰਗ-ਬਰੰਗੀਆਂ ਪ੍ਰਸਤੁਤੀਆਂ, ਪ੍ਰੰਪਰਾਗਤ ਕਾਰਜਾਂ ਤੇ ਵਿਦਿਆਰਥੀਆਂ ਦੀ ਉਤਸ਼ਾਹਪੂਰਣ ਭਾਗੀਦਾਰੀ ਰਾਹੀਂ ਸੁੰਦਰ ਢੰਗ ਨਾਲ ਦਰਸਾਇਆ ਗਿਆ।ਭਾਗੀਦਾਰਾਂ ਦੀ ਊਰਜਾ ਤੇ ਸਮਰਪਣ ਨੇ ਇਸ ਸਮਾਰੋਹ ਨੂੰ ਯਾਦਗਾਰ ਬਣਾ ਦਿੱਤਾ।ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਆਪਣੇ ਪ੍ਰੇਰਕ ਸ਼ਬਦਾਂ ਨਾਲ ਵਿਦਿਆਰਥੀਆਂ ਨੂੰ ਉਤਸ਼ਾਹਤ ਕੀਤਾ ਤੇ ਇਸ ਸ਼ਾਨਦਾਰ ਸਮਾਗਮ ਦੀ ਸਰਾਹਨਾ ਕੀਤੀ।ਉਨ੍ਹਾਂ ਵਿਦਿਆਰਥੀਆਂ ਦੀ ਰਚਨਾਤਮਕਤਾ, ਟੀਮ ਵਰਕ ਤੇ ਸਮਰਪਣ ਭਾਵਨਾ ਦੀ ਪ੍ਰਸ਼ੰਸਾ ਕੀਤੀ।ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਬਿਹਾਰ ਦੇ ਲੋਕਾਂ ਦੀ ਦੇਸ਼ ਭਗਤੀ ਦੀ ਭਾਵਨਾ ਨੂੰ ਉਜਾਗਰ ਕੀਤਾ।ਉਨ੍ਹਾਂ ਬਿਹਾਰੀ ਵਿਦਿਆਰਥੀਆਂ ਦੇ ਮਜ਼ਬੂਤ ਮੁੱਲਾਂ ਜਿਵੇਂ ਦੇਸ਼ ਭਗਤੀ, ਸਰੋਤਾਂ ਦੀ ਸੰਭਾਲ ਤੇ ਸਮਰਪਣ ਬਾਰੇ ਵੀ ਚਰਚਾ ਕੀਤੀ।ਇਸੇ ਤਰ੍ਹਾਂ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਤੇ ਪ੍ਰੋ-ਵਾਈਸ ਚਾਂਸਲਰ ਡਾ. ਬੂਟਾ ਸਿੰਘ ਨੇ ਬਿਹਾਰ ਦੀਆਂ ਅਮੀਰ ਸੱਭਿਆਚਾਰਕ ਪ੍ਰੰਪਰਾਵਾਂ ਦੀ ਪ੍ਰਸ਼ੰਸਾ ਕੀਤੀ ਤੇ ਵਿਦਿਆਰਥੀਆਂ ਵੱਲੋਂ ਕੀਤੀਆਂ ਸੁੰਦਰ ਪ੍ਰਸਤੁਤੀਆਂ ਦੀ ਵੀ ਸਰਾਹਨਾ ਕੀਤੀ।ਸਮਾਗਮ ਦੀ ਸਮਾਪਤੀ ਡਾ. ਖੁਸ਼ਬੂ ਬਾਂਸਲ ਵੱਲੋਂ ਧੰਨਵਾਦ ਪ੍ਰਸਤਾਵ ਨਾਲ ਹੋਈ, ਜਿਨ੍ਹਾਂ ਨੇ ਇਸ ਸਮਾਰੋਹ ਨੂੰ ਸਫਲ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਮਹਿਮਾਨਾਂ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕੈਬਨਿਟ ਮੰਤਰੀ ਕਟਾਰੂਚੱਕ ਵੱਲੋਂ ਮਾਝੇ ਦੇ ਟਰਾਂਸਪੋਰਟਰਾਂ ਤੇ ਲੇਬਰ ਠੇਕੇਦਾਰਾਂ ਨਾਲ ਮੀਟਿੰਗ

**ਗੁਰਦਾਸਪੁਰ, (ਜਨਕ ਮਹਾਜਨ)**- ਲਾਲ ਚੰਦ ਕਟਾਰੂਚੱਕ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਪੰਜਾਬ ਵੱਲੋਂ ਕਣਕ ਦੀ ਖਰੀਦ ਪ੍ਰਕਿਰਿਆ ਨੂੰ ਹੋਰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮਾਝੇ ਖੇਤਰ ਦੇ ਟਰਾਂਸਪੋਰਟਰਾਂ, ਲੇਬਰ ਠੇਕੇਦਾਰਾਂ ਨਾਲ ਗੁਰਦਾਸਪੁਰ ਵਿਖੇ ਮੀਟਿੰਗ ਕੀਤੀ ਗਈ ਜਿਸ ਵਿਚ ਗੁਰਦਾਸਪੁਰ, ਪਠਾਨਕੋਟ, ਸ੍ਰੀ ਅੰਮ੍ਰਿਤਸਰ ਸਾਹਿਬ, ਤਰਨਤਾਰਨ ਜ਼ਿਲ੍ਹਿਆਂ ਦੇ ਡੀਐੱਫਐੱਸਸੀ ਸਮੇਤ ਖਰੀਦ ਏਜੰਸੀਆਂ ਦੇ ਡੀ. ਐੱਮ, ਟਰਾਂਸਪੋਰਟਰ, ਠੇਕੇਦਾਰ ਮੌਜੂਦ ਸਨ। ਮੀਟਿੰਗ ਦੌਰਾਨ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਕਣਕ ਦੀ ਖਰੀਦ ਪ੍ਰਕਿਰਿਆ ਪਹਿਲੀ ਅਪ੍ਰੈਲ ਤੋਂ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਜਿਸ ਤਰ੍ਹਾਂ ਪਹਿਲਾਂ ਚਾਰ ਸਾਲਾਂ ਦੌਰਾਨ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਮੁਕੰਮਲ ਕੀਤੀਆਂ ਗਈਆ ਹਨ, ਓਸੇ ਤਰ੍ਹਾਂ ਬਲਕਿ ਹੋਰ ਵੀ ਬਿਹਤਰ ਢੰਗ ਨਾਲ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹੀ ਜਾਵੇਗੀ। ਮੀਟਿੰਗ ਦੌਰਾਨ ਉਨ੍ਹਾਂ ਟਰਾਂਸਪੋਰਟ ਅਤੇ ਲੇਬਰ ਠੇਕੇਦਾਰਾਂ ਨੂੰ ਕਿਹਾ ਕਿ ਖਰੀਦ ਪ੍ਰਕਿਰਿਆ ਦੌਰਾਨ ਕਿਸੇ ਕਿਸਮ ਦੀ ਟਰਾਂਸਪੋਰਟ ਅਤੇ ਲੇਬਰ ਦੀ ਕੋਈ ਸਮੱਸਿਆਂ ਨਹੀਂ ਆਉਣੀ ਚਾਹੀਦੀ ਹੈ ਅਤੇ ਕਲੱਸਟਰ ਵਾਈਜ਼ ਟਰਾਂਸਪੋਰਟ ਅਤੇ ਲੇਬਰ 100 ਫੀਸਦੀ ਕਰਨ ਨੂੰ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਪ੍ਰਕਾਰ ਦੀ ਢਿੱਲ ਮੱਠ ਬਰਦਾਸ਼ਤ ਨਹੀ ਕੀਤੀ ਜਾਵੇਗੀ। ਮੀਟਿੰਗ ਦੌਰਾਨ ਲੇਬਰ ਠੇਕੇਦਾਰਾਂ ਵੱਲੋਂ ਕਿਹਾ ਗਿਆ ਕਿ ਗੁਦਾਮਾਂ ਵਿੱਚ ਫਸਲ ਲਿਆਉਣ ਲਈ ਸਮਾਂ ਵਧਾਇਆ ਜਾਵੇ, ਜਿਸ 'ਤੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵਲੋਂ ਮੌਕੇ 'ਤੇ ਅਧਿਕਾਰੀਆਂ ਨਾਲ ਗੱਲ ਕਰਨ ਓਪਰੰਤ ਗੁਦਾਮਾਂ ਦਾ ਸਮਾਂ ਸਵੇਰੇ 8 ਵਜੇ ਤੋਂ ਸ਼ਾਮ 6 ਵਜੇ ਤੱਕ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਡਿਪਟੀ ਡਾਇਰੈਕਟਰ ਖੁਰਾਕ ਅਤੇ ਸਿਵਲ ਸਪਲਾਈ ਰਜਨੀਸ਼ ਕੌਰ, ਡੀਐੱਫਐੱਸਸੀ ਗੁਰਦਾਸਪੁਰ ਅਮਨਜੋਤ ਸਿੰਘ, ਡੀਐੱਫਐੱਸਸੀ ਪਠਾਨਕੋਟ ਰਾਜ ਰਿਸ਼ੀ ਮਹਿਰਾ, ਡੀਐੱਫਐੱਸਸੀ ਅੰਮ੍ਰਿਤਸਰ ਹਰਵੀਨ ਕੌਰ, ਡੀਐੱਫਐੱਸਸੀ ਤਰਨਤਾਰਨ ਜਸਜੀਤ ਕੌਰ, ਮਨਬੀਰ ਸਿੰਘ ਗਿੱਲ, ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਬਟਾਲਾ ਸਮੇਤ ਖਰੀਦ ਏਜੰਸੀਆਂ ਦੇ ਡੀ. ਐੱਮ. ਮੌਜੂਦ ਸਨ।




# ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਪੰਜਾਬ ਦਾ ਜ਼ਿਲ੍ਹਾ ਪੱਧਰੀ ਅਜਲਾਸ

## ● ਸਰਕਾਰਾਂ ਵੱਲੋਂ ਕਿਰਤੀ ਲੋਕਾਂ ਖਿਲਾਫ ਵਿੱਢੇ ਜਾਬਰ ਹਮਲਿਆਂ ਦੀ ਸੰਘਰਸ਼ੀ ਆਗੂਆਂ ਨੇ ਕੀਤੀ ਜ਼ੋਰਦਾਰ ਨਿਖੇਧੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**— ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਪੰਜਾਬ ਬਲਾਕ ਸ਼੍ਰੀ ਹਰਗੋਬਿੰਦਪੁਰ ਕਾਦੀਆਂ ਦਾ ਅਜਲਾਸ ਉਧਨਵਾਲ ਗੁਰਦੁਆਰਾ ਸਾਹਿਬ ਵਿਚ ਹੋਇਆ।ਪ੍ਰੈੱਸ ਸਕੱਤਰ ਡਾ ਅਸ਼ੋਕ ਭਾਰਤੀ, ਜ਼ਿਲ੍ਹਾ ਖਜ਼ਾਨਚੀ ਸਿਕੰਦਰ ਸਿੰਘ ਚੀਮਾ ਖੁੱਡੀ ਅਤੇ ਜ਼ਿਲ੍ਹਾ ਆਗੂ ਮਾਸਟਰ ਜਗੀਰ ਸਿੰਘ ਅਤੇਪੁਰ ਦੀ ਪ੍ਰਧਾਨਗੀ ਹੇਠ ਚੱਲੇ ਅਜਲਾਸ ਵਿਚ ਸਭ ਤੋਂ ਪਹਿਲਾਂ ਮੋਢੀ ਆਗੂਆਂ ਦਰਬਾਰਾ ਸਿੰਘ ਚੀਮਾ, ਕਾਮਰੇਡ ਇੰਦਰਜੀਤ ਸਿੰਘ ਖੋਖਰ (ਉਰਫ ਭੱਲੂ) ਮਜ਼ਦੂਰ ਆਗੂ ਕਾਮਰੇਡ ਕਰਮ ਸਿੰਘ ਥਰੀਏਵਾਲ, ਅਜੀਤ ਸਿੰਘ ਲੀਲਕਲਾਂ ਅਤੇ ਕਿਸਾਨ ਮਜ਼ਦੂਰ ਲਹਿਰ ਦੇ ਸ਼ਹੀਦਾਂ ਨੂੰ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਬਲਾਕ ਦੀਆਂ ਸਾਰੀਆਂ ਪਿੰਡ ਇਕਾਈਆਂ ਤੋਂ ਡੈਲੀਗੇਟਾਂ ਅਤੇ ਸਰਗਰਮ ਸਾਥੀਆਂ ਨੇ ਸ਼ਮੂਲੀਅਤ ਕੀਤੀ।ਪਿਛਲੀ ਕਾਰਗੁਜ਼ਾਰੀ ਰਿਪੋਰਟ ਮਾਸਟਰ ਜਗੀਰ ਸਿੰਘ ਅਤੇਪੁਰ ਅਤੇ ਵਿੱਤੀ ਰਿਪੋਰਟ ਬਲਾਕ ਖਜਾਨਚੀ ਕੁਲਵਿੰਦਰ ਸਿੰਘ ਬਸਰਾਵਾਂ ਨੇ ਪੇਸ਼ ਕੀਤੀ। ਰਿਪੋਰਟਾਂ ਉੱਪਰ ਚਰਚਾ ਕਰਨ ਉਪਰੰਤ ਡੈਲੀਗੇਟਾਂ ਵਲੋ ਪਾਸ ਕਰ ਦਿੱਤਾ ਗਿਆ ।ਜ਼ਿਲਾ ਪ੍ਰਧਾਨ ਕੁਲਦੀਪ ਸਿੰਘ ਦਾਦੂਜੋਧ ਅਤੇ ਜ਼ਿਲਾ ਸਕੱਤਰ ਕੁਲਵਿੰਦਰ ਜੀਤ ਸਿੰਘ ਅਠਵਾਲ ਦੀ ਮੌਜੂਦਗੀ ਵਿੱਚ ਪਹਿਲੀ ਬਲਾਕ ਕਮੇਟੀ ਨੂੰ ਭੰਗ ਕਰਕੇ ਨਵੀਂ ਬਲਾਕ ਕਮੇਟੀ ਦੀ ਚੋਣ ਕਰਵਾਈ ਗਈ ਜਿਸ ਵਿੱਚ ਕੈਪਟਨ ਅਜੀਤ ਸਿੰਘ ਸੈਰੋਵਾਲ, ਪ੍ਰਧਾਨ ਕੁਲਦੀਪ ਸਿੰਘ ਸੈਰੋਵਾਲ, ਸਕੱਤਰ ਗੁਰਦੀਪ ਸਿੰਘ ਬਸਰਾਵਾਂ, ਖਜਾਨਚੀ ਹਰਜੀਤ ਸਿੰਘ ਮਠੋਲਾ, ਮੀਤ ਪ੍ਰਧਾਨ ਬਲਕਾਰ ਸਿੰਘ, ਧਰਮੀ ਫੌਜੀ ਸੀਨੀਅਰ ਮੀਤ ਪ੍ਰਧਾਨ ਮਹਿੰਦਰ ਸਿੰਘ ਚੀਮਾ ਖੁੱਡੀ, ਸਹਾਇਕ ਖਜਾਨਚੀ ਡਾ. ਸਤਨਾਮ ਸਿੰਘ ਅਤੇਪੁਰ, ਪ੍ਰੈੱਸ ਸਕੱਤਰ ਦਰਸ਼ਨ ਸਿੰਘ ਡੱਲਾ, ਬੁਲਾਰਾ ਗੁਰਪ੍ਰੀਤ ਸਿੰਘ ਭਗਤੂਪੁਰਾ, ਸਰਵਣ ਸਿੰਘ ਚਾਚੋਕੇ, ਪਿਆਰਾ ਸਿੰਘ ਵਿਠਵਾਂ, ਜੋਗਿੰਦਰ ਸਿੰਘ ਮਠੋਲਾ, ਸਹਾਇਕ ਸਕੱਤਰ ਸਤਵਿੰਦਰ ਸਿੰਘ, ਗੁਰਮੁੱਖ ਸਿੰਘ ਅਤੇਪੁਰ ਅਤੇ ਬੀਬੀ ਗੁਰਜੀਤ ਕੌਰ ਚੀਮਾ ਖੁੱਡੀ ਕਮੇਟੀ ਮੈਂਬਰ ਚੁਣੇ ਗਏ।ਇਸ ਮੌਕੇ ਸਰਦੂਲ ਸਿੰਘ ਚੀਮਾ ਖੁੱਡੀ, ਗੁਰਨਾਮ ਸਿੰਘ ਚੀਮਾ ਖੁੱਡੀ, ਕਸ਼ਮੀਰ ਸਿੰਘ ਮਠੋਲਾ, ਕੁਲਵਿੰਦਰ ਸਿੰਘ ਮਠੋਲਾ, ਜਰਨੈਲ ਸਿੰਘ ਭਰਥ, ਗੁਰਚਰਨ ਸਿੰਘ ਭਰਥ, ਅੰਮ੍ਰਿਤਪਾਲ ਸਿੰਘ ਵਿਠਵਾਂ, ਸਤਨਾਮ ਸਿੰਘ ਨੰਗਲ ਝੌਰ, ਮੰਗਲ ਸਿੰਘ, ਕਸ਼ਮੀਰ ਸਿੰਘ ਨੰਗਲ ਝੌਰ, ਬੀਬੀ ਜਸਬੀਰ ਕੌਰ ਸੈਰੋਵਾਲ ਸਮੇਤ ਕਿਸਾਨ ਮਜ਼ਦੂਰ ਹਾਜ਼ਰ ਸਨ।ਇਸ ਮੌਕੇ ਪੰਜਾਬ ਅਤੇ ਕੇਂਦਰ ਸਰਕਾਰ ਵੱਲੋਂ ਕਿਸਾਨਾਂ, ਮਜ਼ਦੂਰਾਂ ਅਤੇ ਕਿਰਤੀ ਲੋਕਾਂ ਖਿਲਾਫ ਵਿੱਢੇ ਜਾਬਰ ਹਮਲਿਆਂ ਦੀ ਜ਼ੋਰਦਾਰ ਨਿਖੇਧੀ ਕਰਨ ਤੋਂ ਇਲਾਵਾ ਪੰਜਾਬ ਅੰਦਰ ਨੌਜਵਾਨਾਂ ਨੂੰ ਝੂਠੇ ਪੁਲਸ ਮੁਕਾਬਲਿਆਂ ਵਿੱਚ ਮਾਰਨ ਖਿਲਾਫ ਮਤਾ ਪਾਸ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿਚ ਕਿਸਾਨ ਮਜ਼ਦੂਰ ਅਤੇ ਬੀਬੀਆਂ ਹਾਜ਼ਰ ਸਨ।



# ਗੋਲੀਬਾਰੀ ਦੀ ਘਟਨਾ ਪਿੱਛੋਂ ਮਜੀਠੀਆ ਸਿਆਲਕਾ ਪਹੁੰਚੇ



**ਮਜੀਠਾ (ਸੋਇਮ ਆਨੰਦ/ਸੁਖਬੀਰ ਸਿੱਧੂ)**- ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਸਿਆਲਕਾ ਵਿਖੇ ਬੀਤੀ ਰਾਤ ਰਸ਼ਪਾਲ ਸਿੰਘ ਦੇ ਘਰ ਕਰੀਬ 11 ਵਜੇ ਕੁਝ ਅਣਪਛਾਤੇ ਵਿਅਕਤੀਆ ਵੱਲੋਂ ਤਾਬੜਤੋੜ ਗੋਲ਼ੀਆਂ ਚਲਾਈਆਂ ਗਈਆਂ ਜਿਸ ਨਾਲ ਭਾਵੇਂ ਕੋਈ ਜਾਨੀ ਤੇ ਮਾਲੀ ਨੁਕਸਾਨ ਨਹੀਂ ਹੋਇਆ ਪਰ ਗੋਲੀ ਚੱਲਣ ਨਾਲ ਪਿੰਡ ਵਿਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ, ਇਸ ਘਟਨਾ ਦੇ ਜਾਇਜ਼ਾ ਲੈਣ ਪਹੁੰਚੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਪੰਜਾਬ ਸਰਕਾਰ ਤੇ ਸਵਾਲ ਚੁੱਕਦਿਆਂ ਕਿਹਾ ਕਿ ਇਸ ਸਰਕਾਰ ਦੇ ਰਾਜ ਅੰਦਰ ਆਮ ਲੋਕਾਂ ਦੇ ਲਈ ਦਿਨ ਕੱਟਣੇ ਔਖੇ ਹੋ ਗਏ ਹਨ, ਲੋਕਾਂ ਦੀ ਹਿਫ਼ਾਜ਼ਤ ਲਈ ਇਸ ਸਰਕਾਰ ਨੂੰ ਕਿਸੇ ਕਿਸਮ ਦੀ ਚਿੰਤਾ ਨਹੀਂ ਰਹੀ ਤੇ ਪੰਜਾਬ ਦੀ ਸਥਿਤੀ ਦਿਨੋਂ ਦਿਨ ਵਿਗੜ ਰਹੀ ਹੈ ਜਿਸ ਨਾਲ ਸਰਕਾਰ ਬਿਲਕੁੱਲ ਫੇਲ ਹੋ ਚੁੱਕੀ ਹੈ।ਇਸ ਮੌਕੇ ਡਾ. ਸਤਨਾਮ ਸਿੰਘ ਸੱਤਾ, ਪਰਮਜੀਤ ਸਿੰਘ ਪੰਮਾ, ਮਨਜੀਤ ਸਿੰਘ ਬੱਬਰ, ਸਵੇਜੀਤ ਸਿੰਘ ਸਿਆਲਕਾ, ਤਰਸੇਮ ਸਿੰਘ ਕਾਲਾ, ਸੁਖਮਨਜੀਤ ਸਿੰਘ, ਸਰਬਜੀਤ ਸਿੰਘ, ਸੈਕਟਰੀ ਅਮਰਜੀਤ ਸਿੰਘ ਫੌਜੀ, ਤੇਜਬੀਰ ਸਿੰਘ ਸਮੇਤ ਵੱਡੀ ਗਿਣਤੀ 'ਚ ਪਿੰਡ ਦੇ ਲੋਕ ਹਾਜ਼ਰ ਸਨ ।

# ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਨੂੰ ਤੋੜਨ ਦੇ ਰੋਸ ਵਜੋਂ ਭਾਜਪਾ ਨੇ ਕੀਤਾ ਅਰਥੀ ਫੂਕ ਮੁਜ਼ਾਹਰਾ

**ਬਟਾਲਾ (ਤਰਲੋਕ ਬੱਗਾ)**- ਹੁਸ਼ਿਆਰਪੁਰ ਵਿਖੇ ਬੀਤੇ ਦਿਨੀਂ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਦੀ ਤੋੜਫੋੜ ਦੀ ਘਟਨਾ ਦੀ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹੀਰਾ ਵਾਲੀਆ ਨੇ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਕੀ ਅਤੇ ਬਟਾਲਾ ਵਿੱਚ ਭਾਜਪਾ ਵੱਲੋਂ ਅਰਥੀ ਫੂਕ ਮੁਜ਼ਾਹਰ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਹੀਰਾ ਵਾਲੀਆ ਨੇ ਕਿਹਾ ਕਿ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਖਤ ਸਜ਼ਾਵਾਂ ਦਿੱਤੀਆਂ ਜਾਣ ਤਾਂ ਜੋ ਪੰਜਾਬ ਅੰਦਰ ਮੁੜ ਅਜਿਹੀ ਘਟਨਾਵਾਂ ਨਾ ਵਾਪਰਨ।ਇਸ ਮੌਕੇ ਜਰਨਲ ਸੈਕਟਰੀ ਰੋਸ਼ਨ ਲਾਲ, ਪੰਜਾਬ ਮਹਿਲਾ ਮੋਰਚਾ ਜਨਰਲ ਸੈਕਟਰੀ ਅੰਬਿਕਾ ਖੰਨਾ, ਬਲਵਿੰਦਰ ਸਿੰਘ ਲਾਡੀ, ਪੰਜਾਬ ਕਾਰਿਆ ਕਰਨੀ ਮੈਂਬਰ ਭੂਸ਼ਣ ਬਜਾਜ, ਹਲਕਾ ਕਨਵੀਨਰ ਬਲਜਿੰਦਰ ਸਿੰਘ ਦਕੋਹਾ, ਪੰਕਜ ਸਰਮਾ ਵਾਈਸ ਪ੍ਰਧਾਨ ਜ਼ਿਲ੍ਹ, ਸਿਟੀ ਸਰਕਲ ਪ੍ਰਧਾਨ ਬਲਵਿੰਦਰ ਮਹਿਤਾ, ਹਰਪ੍ਰੀਤ ਸਿੰਘ ਬੇਦੀ ਸਰਕਲ ਪ੍ਰਧਾਨ, ਆਸ਼ੂ ਹਾਂਡਾ, ਰਾਜ ਕੁਮਾਰ ਕਾਲੀ, ਵਿਜੇ ਭਾਟੀਆ, ਪੰਕਜ ਮਹਾਜਨ, ਸੰਦੀਪ ਆਜ਼ਾਦ, ਗੁਰਿੰਦਰ ਸਿੰਘ, ਕੁਸ਼ਲ ਮਲਹੋਤਰਾ, ਰਾਧਾ ਰਾਣੀ, ਜੋਬਨ ਸਿੰਘ ਪਲਵਿੰਦਰ ਚੀਮਾ, ਰਵਿੰਦਰ ਸਿੰਘ, ਨਵਤੇਜ ਸਿੰਘ, ਰਾਜਿੰਦਰ ਸਿੰਘ, ਸਵਿੰਦਰ ਸਿੰਘ, ਪਰਦੀਪ ਕੁਮਾਰ, ਮਨਪ੍ਰੀਤ ਸਿੰਘ ਰਕੇਸ਼ ਕੁਮਾਰ ਚੱਠਾ, ਬਾਲਕ੍ਰਿਸ਼ਨ, ਸੁਰਿੰਦਰਪਾਲ, ਸੰਮੀ ਭੱਟੀ, ਅਨਿਲ ਭੱਟੀ, ਸ਼੍ਰੀਕਾਂਤ ਸ਼ਰਮਾ, ਅੰਮ੍ਰਿਤਪਾਲ ਸਿੰਘ, ਜਸਪਾਲ ਸਿੰਘ, ਰਾਜੂ ਗੌਸਪੁਰ, ਵਿਜੇ ਭਾਟੀਆ, ਬਿਕਰਮਜੀਤ ਸੋਨੂ, ਸੋਨੀਆ ਸ਼ਰਮਾ ਆਦਿ ਹਾਜ਼ਰ ਸਨ।



# ਚੰਡੀਗੜ੍ਹ ਬੰਬ ਧਮਾਕੇ ਨੂੰ ਲੈ ਕੇ ਤਰਨਤਾਰਨ ਜ਼ਿਲੇ ਦੇ ਭਾਜਪਾ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਭਾਰਤੀ ਜਨਤਾ ਪਾਰਟੀ ਦੇ ਸੂਬਾ ਪੰਜਾਬ ਦਫਤਰ ਚੰਡੀਗੜ੍ਹ ਵਿਖੇ ਕੁਝ ਅਣਪਛਾਤੇ ਲੋਕਾਂ ਵੱਲੋਂ ਬੰਬ ਧਮਾਕਾ ਕੀਤਾ ਗਿਆ ਸੀ ਜਿਸ ਨਾਲ ਪੰਜਾਬ ਦੇ ਲੋਕਾਂ ਵਿੱਚ ਸਹਿਮ ਦਾ ਮਾਹੌਲ ਪੈਦਾ ਹੋ ਗਿਆ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਤਰਨਤਾਰਨ ਵਿਖੇ ਪੰਜਾਬ ਅੰਦਰ ਵਿਗੜੀ ਕਾਨੂੰਨ ਵਿਵਸਥਾ ਨੂੰ ਲੈ ਕੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਰੋਜ਼ਾਨਾ ਸਮਾਜ ਵਿਰੋਧੀ ਅਨਸਰਾਂ ਕੋਈ ਨਾ ਕੋਈ ਨਿੱਤ ਦਿਨ ਵੱਡੀ ਜਾਨੀ ਅਤੇ ਮਾਲੀ ਵਾਰਦਾਤ ਕੀਤੀ ਜਾ ਰਹੀ ਹੈ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਇਹ ਸਭ ਕੁਝ ਵੇਖਦੇ ਹੋਏ ਵੀ ਲੋਕਾਂ ਨੂੰ ਹੋਰਨਾਂ ਗੱਲਾਂ ਵਿੱਚ ਉਲਝਾ ਕੇ ਡੰਗ ਟਪਾਊ ਰਾਜਨੀਤੀ ਕਰਕੇ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾ ਰਹੇ ਹਨ ਪਰ ਹੁਣ ਲੋਕ ਆਪ ਸਰਕਾਰ ਤੋਂ ਬੁਰੀ ਤਰਾਂ ਤੰਗ ਆ ਚੁੱਕੇ ਹਨ ਅਤੇ ਪੰਜਾਬ ਨੂੰ ਹੱਸਦਾ ਵੱਸਦਾ ਵੇਖਣ ਲਈ ਸਮੇਂ ਦੀ ਉਡੀਕ ਵਿੱਚ ਹਨ।ਇਸ ਮੌਕੇ ਜ਼ਿਲ੍ਹਾ ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਬਾਦ, ਮਹਾਂ ਮੰਤਰੀ ਸੁਰਜੀਤ ਸਿੰਘ ਸਾਗਰ, ਮਹਾਂ ਮੰਤਰੀ ਸ਼ਿਵ ਕੁਮਾਰ ਸੋਨੀ, ਮੀਤ ਪ੍ਰਧਾਨ ਸਤਨਾਮ ਸਿੰਘ ਭੁੱਲਰ, ਸੀਨੀਅਰ ਆਗੂ ਦਲਬੀਰ ਸਿੰਘ ਅਲਗੋਂ ਕੋਠੀ, ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ, ਕਿਸਾਨ ਮੋਰਚਾ ਪ੍ਰਧਾਨ ਡਾ. ਅਵਤਾਰ ਸਿੰਘ ਵੇਈਂਪੂਈਂ, ਐੱਸਸੀ ਮੋਰਚਾ ਪ੍ਰਧਾਨ ਅਵਤਾਰ ਸਿੰਘ ਬੰਟੀ, ਯੁਵਾ ਮੋਰਚਾ ਪ੍ਰਧਾਨ ਦਿਨੇਸ਼ ਜੋਸ਼ੀ, ਓਬੀਸੀ ਮੋਰਚਾ ਪ੍ਰਧਾਨ ਨਿਸ਼ਾਨ ਸਿੰਘ, ਸਕੱਤਰ ਸਵਿੰਦਰ ਸਿੰਘ ਪੰਨੂ, ਮੋਰਚਾ ਜਨਰਲ ਸਕੱਤਰ ਹਰਜੀਤ ਸਿੰਘ, ਮੋਰਚਾ ਜਨਰਲ ਸਕੱਤਰ ਅਮਨ ਅਰੋੜਾ, ਸਰਕਲ ਪ੍ਰਧਾਨ ਰੋਹਿਤ ਸ਼ਰਮਾ, ਸਰਕਲ ਪ੍ਰਧਾਨ ਗੌਰਵ ਦੇਵਗਨ, ਸਰਕਲ ਪ੍ਰਧਾਨ ਹਰਪਾਲ ਸੋਨੀ, ਸਰਕਲ ਪ੍ਰਧਾਨ ਮੇਹਰ ਸਿੰਘ, ਸਰਕਲ ਪ੍ਰਧਾਨ ਕੁਲਦੀਪ ਸਿੰਘ ਮੱਲਮੋਹਰੀ, ਸੁਭਾਸ਼ ਬਾਠ, ਪ੍ਰਗਟ ਸਿੰਘ ਬਾਠ, ਡਾ. ਸੁਖਦੇਵ ਸਿੰਘ ਮੂਸੇ, ਜੇਈ ਗੁਰਬਚਨ ਸਿੰਘ, ਸਾਬਕਾ ਸਰਪੰਚ ਗੁਰਮੀਤ ਸਿੰਘ, ਚਰਨਜੀਤ ਸਿੰਘ ਖਾਲਸਾ, ਸਾਬਕਾ ਸਰਪੰਚ ਸੁਖਦੇਵ ਸਿੰਘ, ਜਸਵਿੰਦਰ ਸਿੰਘ, ਜੱਬਰ ਸਿੰਘ, ਬਲਦੇਵ ਸਿੰਘ, ਜਸਬੀਰ ਸਿੰਘ ਮੁਗਲਚੱਕ, ਰਣਜੀਤ ਸਿੰਘ ਗਿੱਲ ਵੜੈਚ, ਬਾਬਾ ਸਵਰਨ ਸਿੰਘ ਮਾਲਚੱਕ, ਹਰਪ੍ਰੀਤ ਸਿੰਘ ਖਾਲਸਾ, ਜਗਜੀਤ ਸਿੰਘ ਕੋਟ ਆਦਿ ਸੈਂਕੜੇ ਪਾਰਟੀ ਆਗੂ ਮੌਜੂਦ ਸਨ।



# ਭੁੱਲੇਚੱਕ ਦੀ ਵਾਟਰ ਸਪਲਾਈ ਦਾ ਪਾਣੀ ਪੀਣ ਯੋਗ ਨਾ ਹੋਣ ਕਰਕੇ ਪਿੰਡ ਵਾਸੀ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**- ਬਲਾਕ ਗੁਰਦਾਸਪੁਰ ਅੰਦਰ ਪੈਂਦੇ ਪਿੰਡ ਭੁੱਲੇਚੱਕ ਵਿੱਚ ਪੰਜਾਬ ਸਰਕਾਰ ਨੇ ਸ਼ੁੱਧ ਪਾਣੀ ਮੁਹੱਈਆ ਕਰਵਾਉਣ ਲਈ ਲੱਖਾਂ ਰੁਪਏ ਦੀ ਲਾਗਤ ਨਾਲ ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਲੋਂ ਟੈਂਕੀ ਦੀ ਉਸਾਰੀ ਕਰਵਾਈ ਗਈ ਸੀ ਪਰ ਹੁਣ ਲੋਕਾਂ ਵਿਚ ਵਾਟਰ ਸਪਲਾਈ ਦਾ ਸਾਫ਼ ਪਾਣੀ ਨਹੀਂ ਮਿਲ ਰਿਹਾ। ਪਿੰਡ ਵਾਸੀਆਂ ਨੇ ਦੱਸਿਆ ਕਿ ਪਹਿਲਾਂ ਵਾਟਰ ਸਪਲਾਈ ਬੰਦ ਸੀ ਅਤੇ ਮਹਿਕਮੇ ਦੇ ਉਚ ਅਧਿਕਾਰੀਆਂ ਨੂੰ ਮਿਲ ਕੇ ਵਾਟਰ ਸਪਲਾਈ ਦੀ ਮੁਰੰਮਤ ਕਰਵਾਈ ਗਈ ਸੀ ਤਾਂ ਜੋ ਪਿੰਡ ਦੇ ਲੋਕਾਂ ਨੂੰ ਸ਼ੁੱਧ ਸਾਫ ਪਾਣੀ ਮਿਲ ਸਕੇ ਪਰ ਫਿਰ ਵੀ ਲੋਕਾਂ ਨੂੰ ਸ਼ੁੱਧ ਪਾਣੀ ਨਸੀਬ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਵਾਟਰ ਸਪਲਾਈ ਦਾ ਅੰਦਰੋਂ ਸਿਸਟਮ ਖਰਾਬ ਹੋਇਆ ਪਿਆ ਹੈ ਅਤੇ ਮਹਿਕਮੇ ਨੂੰ ਇਸ ਵਾਰ ਲਿਖਤੀ ਤੌਰ 'ਤੇ ਜਾਣੂੰ ਵੀ ਕਰਵਾਇਆ ਗਿਆ ਹੈ ਪਰ ਫਿਰ ਵੀ ਇਸ ਪਾਸੇ ਮਹਿਕਮੇ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਪਾਣੀ ਵਿਚੋਂ ਬਦਬੂ ਆਉਣ ਕਰਕੇ ਲੋਕਾਂ ਨੂੰ ਕਾਫੀ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਹੋਣ ਦਾ ਡਰ ਬਣਿਆ ਹੋਇਆ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਗਈ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਗੁਰਦਾਸਪੁਰ ਦੇ ਐਕਸੀਅਨ ਨੂੰ ਹਦਾਇਤਾਂ ਕਰਕੇ ਲੋਕਾਂ ਨੂੰ ਸ਼ੁੱਧ ਅਤੇ ਸਾਫ ਪਾਣੀ ਮੁਹੱਈਆ ਕਰਵਾਇਆ ਜਾਵੇ ਤਾਂ ਜੋ ਲੋਕ ਭਿਆਨਕ ਬਿਮਾਰੀਆਂ ਤੋਂ ਬਚ ਸਕਣ।




# ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਬੋਰਡ ਦੇ ਨਤੀਜਿਆਂ 'ਚ ਮਾਰੀਆਂ ਮੱਲਾਂ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦੇ ਵਿਦਿਆਰਥੀਆਂ ਨੇ ਸੀ.ਕੇ.ਡੀ ਬੋਰਡ ਵਿੱਚ ਚੰਗਾ ਪ੍ਰਦਰਸ਼ਨ ਕਰਦਿਆਂ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਸਾਲ ਹੋਈ ਪੰਜਵੀਂ ਦੀ ਪ੍ਰੀਖਿਆ ਵਿੱਚ 126 ਬੱਚਿਆਂ ਨੇ ਭਾਗ ਲਿਆ ਜਿਨ੍ਹਾਂ ਵਿੱਚੋਂ ਕਰਨਵੀਰ ਸਿੰਘ ਬਾਠ ਨੇ 99.38 %, ਅਭਿਰਾਜ ਸਿੰਘ ਨੇ 97.28%, ਖੁਸ਼ਨੀਤ ਕੌਰ ਨੇ 97.17%, ਪਰੀਨੀਤ ਕੌਰ ਨੇ 96.97%, ਸਰਗੁਣਪ੍ਰੀਤ ਸਿੰਘ ਨੇ 96.90%, ਅਜੈਬੀਰ ਸਿੰਘ ਨੇ 96.88%, ਹਰਗੁਣਰੀਤ ਕੌਰ ਨੇ 96.58%, ਹਰਨਾਜ ਕੌਰ ਨੇ 96.41%, ਜੈਸਮੀਨ ਕੌਰ ਨੇ 96.33% ਸਹਿਬਾਜਪ੍ਰੀਤ ਸਿੰਘ ਨੇ 95.73 % ਅੰਕ ਹਾਸਲ ਕੀਤੇ ਅਤੇ ਅੱਠਵੀਂ ਜਮਾਤ ਵਿੱਚ ਕੁੱਲ 157 ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਭਾਗ ਲਿਆ। ਜਿਸ ਵਿੱਚੋਂ ਚਹਿਕ ਢਿੱਲੋਂ ਨੇ 94.86%, ਹਰਸੀਰਤ ਕੌਰ ਬਾਠ ਨੇ 94.76 %,ਮਹਿਕਪ੍ਰੀਤ ਕੌਰ ਨੇ 94.75%, ਅਨੁਪ੍ਰੀਤ ਕੌਰ ਨੇ 93.89%,ਅਨੁਰੀਤ ਕੌਰ ਨੇ 93.70%, ਹਰਗੁਨਪ੍ਰੀਤ ਸਿੰਘ ਨੇ 93.35%, ਵਿਸ਼ਵਜੀਤ ਸ਼ਰਮਾ ਨੇ 93.30%, ਮਨਸੀਰਤ ਕੌਰ ਨੇ 92.44% ਕੋਮਨਪ੍ਰੀਤ ਕੌਰ ਨੇ 92.17%, ਅਨੁਰਾਗ ਸ਼ਰਮਾ ਨੇ 92.13%, ਅੰਕ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਪੰਜਵੀਂ ਅਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਇਸੇ ਤਰ੍ਹਾਂ ਅੱਗੇ ਵੀ ਮਿਹਨਤ ਜਾਰੀ ਰੱਖ ਕੇ ਆਪਣੇ ਭਵਿੱਖ ਵਿੱਚ ਜੀਵਨ ਦੀਆਂ ਬੁਲੰਦੀਆਂ ਨੂੰ ਛੂਹਣ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ।



# ਕਬੱਡੀ ਖਿਡਾਰੀ ਬੰਟੀ ਹਾਰਨੀਆ ਕਾਂਗਰਸ ਨੂੰ ਅਲਵਿਦਾ ਕਹਿ ਕੇ ਆਪ 'ਚ ਸ਼ਾਮਲ

**ਧਾਰੀਵਾਲ, (ਮਨਦੀਪ ਵਿੱਕੀ)**- ਵਿਧਾਨ ਸਭਾ ਹਲਕਾ ਕਾਦੀਆਂ ਦੇ ਪਿੰਡ ਹਾਰਨੀਆਂ ਤੋਂ ਇੰਟਰਨੈਸ਼ਨਲ ਕਬੱਡੀ ਖਿਡਾਰੀ ਰਵਿੰਦਰ ਸਿੰਘ ਬੰਟੀ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ ਹਨ।ਬੰਟੀ ਹਾਰਨੀਆ ਦਾ ਪਿੰਡ ਸੇਖਵਾਂ ਦਫ਼ਤਰ ਵਿਖੇ ਪਾਰਟੀ ਵਿੱਚ ਸ਼ਾਮਿਲ ਹੋਣ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਸਵਾਗਤ ਕਰਦਿਆਂ ਸਨਮਾਨਿਤ ਕੀਤਾ।ਇੰਟਰਨੈਸ਼ਨਲ ਕਬੱਡੀ ਖਿਡਾਰੀ ਬੰਟੀ ਹਾਰਨੀਆ ਨੇ ਦੱਸਿਆ ਉਹ ਬਲਾਕ ਸੰਮਤੀ ਮੈਂਬਰ ਸ਼ਮਸ਼ੇਰ ਸਿੰਘ ਸ਼ੇਰਾ ਜੋਗੀ ਚੀਮਾ ਅਤੇ ਸਰਪੰਚ ਬਿਕਰਮਪਾਲ ਸਿੰਘ ਸੇਖੋਂ ਸਠਿਆਲੀ ਦੀ ਪ੍ਰੇਰਨਾ ਅਤੇ ਆਮ ਆਦਮੀ ਪਾਰਟੀ ਦੀਆਂ ਲੋਕ ਹਿੱਤ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਿਲ ਹੋਏ ਹਨ।ਇਸ ਮੌਕੇ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਪਾਰਟੀ ਵਿੱਚ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਹਰੇਕ ਵਰਕਰ ਨੂੰ ਪੂਰਾ ਮਾਨ ਸਨਮਾਨ ਮਿਲਦਾ ਹੈ ਅਤੇ ਸਮੇਂ ਸਮੇਂ ਤੇ ਯੋਗ ਨੁਮਾਇੰਦਗੀਆਂ ਨਾਲ ਨਵਾਜਿਆ ਜਾਂਦਾ ਹੈ। ਸ੍ਰੀ ਸੇਖਵਾਂ ਨੇ ਕਿਹਾ ਸੂਬੇ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚੋਣਾਂ ਮੌਕੇ ਪੰਜਾਬ ਵਾਸੀਆਂ ਨਾਲ ਕੀਤੇ ਵਾਅਦੇ ਇੱਕ ਇੱਕ ਕਰਕੇ ਪੂਰੇ ਕੀਤੇ ਗਏ ਹਨ, ਜਿਸ ਨੂੰ ਵੇਖਦੇ ਹੋਏ ਲੋਕ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਵਰਕਰਾਂ ਦਾ ਪੂਰਾ ਮਾਣ ਸਨਮਾਨ ਬਹਾਲ ਰੱਖਿਆ ਜਾਵੇਗਾ।



# ਸੇਂਟ ਕਬੀਰ ਸਕੂਲ 'ਚ ਗੁਰੂ ਦਾ ਓਟ ਆਸਰਾ ਲੈ ਕੇ ਨਵਾਂ ਵਿੱਦਿਅਕ ਸੈਸ਼ਨ ਸ਼ੁਰੂ



**ਧਾਰੀਵਾਲ, (ਮਨਦੀਪ ਵਿੱਕੀ)**- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਨਵੇਂ ਅਕਾਦਮਿਕ ਸਾਲ 2026-27 ਦੀ ਸ਼ੁਰੂਆਤ ਸਕੂਲ ਦੇ ਸੰਸਥਾਪਕ ਚੇਅਰਮੈਨ ਹਰਪਾਲ ਸਿੰਘ ਦੇ ਜਨਮ ਦਿਨ ਦੇ ਸ਼ੁੱਭ ਅਵਸਰ 'ਤੇ ਉਨ੍ਹਾਂ ਨੂੰ ਯਾਦ ਕਰਦਿਆਂ ਅਤੇ ਪਰਮਾਤਮਾ ਦਾ ਓਟ ਆਸਰਾ ਲੈਂਦਿਆਂ ਕੀਤੀ ਗਈ। ਇਸ ਮੌਕੇ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਹੁਕਮਨਾਮਾ ਲੈ ਕੇ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ। ਉਪਰੰਤ ਰਾਗੀ ਜਥਾ ਭਾਈ ਦਿਲਪ੍ਰੀਤ ਸਿੰਘ, ਭਾਈ ਦਲਜੀਤ ਸਿੰਘ, ਭਾਈ ਅੰਮ੍ਰਿਤ ਪਾਲ ਸਿੰਘ ਤੇ ਭਾਈ ਗੁਰਪ੍ਰੀਤ ਸਿੰਘ ਦੁਆਰਾ ਸਬਦ ਕੀਰਤਨ ਕਰਕੇ ਸਾਰਿਆਂ ਨੂੰ ਗੁਰੂ ਦੇ ਚਰਨਾ ਨਾਲ ਜੋੜਿਆ। ਸਕੂਲੀ ਵਿਦਿਆਰਥੀਆਂ ਤੇ ਸਕੂਲ ਦੇ ਸੰਗੀਤ ਅਧਿਆਪਕ ਲਖਵਿੰਦਰ ਸਿੰਘ ਦੁਆਰਾ ਮਧੁਰ ਸਬਦ ਗਾਇਨ ਕੀਤਾ। ਸਕੂਲ ਦੀ ਸਭਾ ਵਿੱਚ ਪੰਜਾਬੀ ਵਿਭਾਗ ਦੇ ਅਧਿਆਪਕਾ ਕਰਮਜੀਤ ਕੌਰ ਨੇ ਸਵਰਗੀ ਸ. ਹਰਪਾਲ ਸਿੰਘ ਦੀ ਜ਼ਿੰਦਗੀ ਦੇ ਸੁਨਹਿਰੀ ਪਲਾਂ ਦੀਆਂ ਝਲਕੀਆਂ ਸਾਰਿਆਂ ਦੇ ਰੂਬਰੂ ਕੀਤੀਆਂ। ਸਕੂਲ ਪ੍ਰਿੰਸੀਪਲ ਐੱਸ. ਬੀ. ਨਾਇਰ ਨੇ ਪਰਮਾਤਮਾ ਦਾ ਅਸ਼ੀਰਵਾਦ ਲੈਂਦੇ ਹੋਏ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸਰਦਾਰ ਹਰਪਾਲ ਸਿੰਘ ਦੀਆਂ ਬੱਚਿਆਂ ਤੇ ਇਲਾਕੇ ਪ੍ਰਤੀ ਖਾਹਿਸ਼ਾਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਸਕੂਲ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਦੌਰਾਨ ਪ੍ਰਿੰਸੀਪਲ ਐੱਸ. ਬੀ. ਨਾਇਰ ਅਤੇ ਪ੍ਰਬੰਧਕ ਮੈਂਬਰਾਂ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ 'ਤੇ ਸਕੂਲ ਪ੍ਰਬੰਧਕਾਂ ਵੱਲੋਂ ਗੁਰੂ ਕੇ ਦਾ ਲੰਗਰ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਸਕੂਲੀ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸੇਵਾ ਨਿਭਾਅ ਕੇ ਇਸ ਕਾਰਜ ਨੂੰ ਸਫਲ ਕੀਤਾ। ਇਸ ਮੌਕੇ ਸਕੂਲ ਦੇ ਸਮੂਹ ਵਿਦਿਆਰਥੀ ਤੇ ਸਟਾਫ ਮੈਂਬਰ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚਾ ਤੇ ਹੋਰ ਜਥੇਬੰਦੀਆਂ ਵੱਲੋਂ ਡੀ ਸੀ ਦਫਤਰ ਧਰਨਾ 6 ਨੂੰ

**ਧਾਰੀਵਾਲ (ਮਨਦੀਪ ਵਿੱਕੀ)**- ਸੰਯੁਕਤ ਕਿਸਾਨ ਮੋਰਚਾ ਅਤੇ ਮਜ਼ਦੂਰਾਂ ਮੁਲਾਜ਼ਮਾਂ ਦੀਆਂ ਅਤੇ ਹੋਰ ਜਨਤਕ ਜਥੇਬੰਦੀਆਂ ਵੱਲੋਂ ਸਾਰੇ ਦੇਸ਼ ਵਿੱਚ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਸਾਹਮਣੇ ਵਿਸ਼ਾਲ ਧਰਨਾ ਦੇਣ ਉਪਰੰਤ ਡੀ ਸੀ ਨੂੰ ਗੁਰਦਾਸਪੁਰ ਨੂੰ ਮੰਗ ਪੱਤਰ ਦਿੱਤਾ ਜਾਵੇਗਾ।ਵੀਰਵਾਰ ਸੰਯੁਕਤ ਕਿਸਾਨ ਮੋਰਚਾ ਤੇ ਹੋਰ ਜਨਤਕ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਗੁਲਜਾਰ ਸਿੰਘ ਬਸੰਤਕੋਟ ਦੀ ਪ੍ਰਧਾਨਗੀ ਹੇਠ ਪਿੰਡ ਭਾਗੋਕਾਵਾਂ ਵਿਖੇ ਸਾਥੀ ਸੁਖਦੇਵ ਸਿੰਘ ਬਸੰਤਕੋਟ ਦੇ ਭੋਗ ਤੋਂ ਬਾਅਦ ਹੋਈ ।ਇਸ ਵਿੱਚ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀ ਇਸ ਗੱਲ ਦੀ ਨਿਖੇਧੀ ਕੀਤੀ ਗਈ ਕਿ ਪੰਜਾਬ ਸਰਕਾਰ ਨੇ ਕੋਈ ਖੇਤੀ ਨੀਤੀ ਨਹੀਂ ਬਣਾਈ ਤੇ ਨਾ ਹੀ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ ਦੇ ਖਿਲਾਫ ਕੋਈ ਮਤਾ ਪਾਸ ਕੀਤਾ ਹੈ। ਉਧਰ ਕੇਂਦਰ ਸਰਕਾਰ ਨੇ ਐਮ ਐਸ ਪੀ ਬਣਾਉਣ ਅਤੇ ਤਜਵੀਜ਼ਤ ਬਿਜਲੀ ਸੋਧ ਬਿੱਲ ਰੱਦ ਕਰਨ ਸਮੇਤ ਅਮਰੀਕਾ ਨਾਲ ਕੀਤੇ ਸਮਝੌਤੇ ਨੂੰ ਰੱਦ ਕਰਨ ਲਈ ਕੋਈ ਕਾਰਵਾਈ ਨਹੀਂ ਕੀਤੀ। ਇਸ ਦੇ ਵਿਰੋਧ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ 6 ਅਪ੍ਰੈਲ ਨੂੰ ਡੀ ਸੀ ਦਫਤਰ ਵਿਖੇ ਸਾਰੀਆਂ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਧਰਨਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮੱਖਣ ਸਿੰਘ ਕੁਹਾੜ, ਤਰਲੋਕ ਸਿੰਘ ਬਹਿਰਾਮਪੁਰ, ਅਸ਼ਵਨੀ ਕੁਮਾਰ ਲੱਖਣ ਕਲਾਂ, ਨਾਜਰ ਸਿੰਘ ਖਹਿਰਾ, ਰਾਜ ਗੁਰਵਿੰਦਰ ਸਿੰਘ ਲਾਡੀ, ਦਿਲਬਾਗ ਸਿੰਘ ਜੋਗਰ ,ਬਲਦੇਵ ਸਿੰਘ ਖਹਿਰਾ, ਜਸਵੰਤ ਸਿੰਘ ਪਾਹੜਾ, ਅਜੀਤ ਸਿੰਘ ਖਹਿਰਾ, ਵਿਜੇ ਕੁਮਾਰ ਸੋਹਲ, ਜੋਗਿੰਦਰ ਸਿੰਘ ਲੇਹਲ, ਅਜੀਤ ਸਿੰਘ ਹੁੰਦਲ, ਬਲਬੀਰ ਸਿੰਘ ਬੈਂਸ, ਲਖਵਿੰਦਰ ਸਿੰਘ ਮਰੜ, ਗੁਰਮੀਤ ਸਿੰਘ ਮਗਰਾਲਾ, ਬਲਬੀਰ ਸਿੰਘ ਪੀਰਾਂ ਬਾਗ ਅਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।



# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ

**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਪ੍ਰਧਾਨ ਲਖਵਿੰਦਰ ਸਿੰਘ ਮੰਜਿਆਂਵਾਲੀ ਦੀ ਅਗਵਾਈ ਹੇਠ ਬਟਾਲਾ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਜੋ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਅਨੁਸਾਰ 6 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਫਤਰ ਅੱਗੇ ਰੋਸ ਧਰਨੇ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਵੱਡੀ ਪੱਧਰ ਤੇ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਦੇ ਵਿੱਚ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਚੋਣਾਂ ਸਮੇਂ ਕਿਸਾਨਾਂ ਨੂੰ ਕਿਹਾ ਸੀ ਕਿ ਅਸੀਂ ਨਵੀਂ ਖੇਤੀ ਨੀਤੀ ਲਾਗੂ ਕਰਾਂਗੇ ਪਰ ਸਰਕਾਰ ਦੇ ਚਾਰ ਸਾਲ ਬੀਤ ਜਾਣ ਦੇ ਬਾਅਦ ਵੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਮੰਗ ਪੂਰੀ ਨਹੀਂ ਕੀਤੀ ਗਈ। ਉਲਟਾ ਕਿਸਾਨਾਂ ਦੀਆਂ ਜ਼ਮੀਨਾਂ ਦੀਆਂ ਕੁਰਕੀਆਂ ਕਰਨੀਆਂ ਸ਼ੁਰੂ ਕਰ ਰਹੀ ਹੈ। ਕਿਸਾਨ ਆਗੂਆਂ ਨੇ ਮੰਗ ਕੀਤੀ ਹੈ ਕਿ ਬਿਜਲੀ ਸੋਧ ਬਿੱਲ 2025 ਅਤੇ ਬੀਜ ਬਿੱਲ ਰੱਦ ਕੀਤਾ ਜਾਵੇ। ਅਮਰੀਕਾ ਭਾਰਤ ਟੈਕਸ ਮੁਕਤ ਸਮਝੌਤੇ ਚੋਂ ਬਾਹਰ ਆਇਆ ਜਾਵੇ ਕਿਸਾਨੀ ਕਰਜ਼ਾ ਖਤਮ ਕੀਤਾ ਜਾਵੇ। ਪੰਜਾਬ ਸਰਕਾਰ ਵੱਲ ਰਹਿੰਦੀ ਗੰਨੇ ਦੀ ਬਕਾਇਆ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ ਅਤੇ ਕੇਂਦਰ ਸਰਕਾਰ ਵੱਲੋਂ ਐੱਮ ਐੱਸ ਪੀ ਖਰੀਦ ਗਰੰਟੀ ਕਨੂੰਨ ਲਾਗੂ ਕੀਤੀ ਜਾਵੇ। ਇਸ ਮੀਟਿੰਗ ਵਿੱਚ ਹਰਦੀਪ ਸਿੰਘ ਕੈਸ਼ੀਅਰ, ਗੁਰਬਚਨ ਸਿੰਘ ਜਿਲਾ ਸਲਾਹਕਾਰ, ਸਕੱਤਰ ਸਿੰਘ ਭੇਟ ਪੱਤਣ ਪ੍ਰਧਾਨ ਹਰਗੋਬਿੰਦਪੁਰ ਸਾਹਿਬ, ਨਿਰਮਲ ਸਿੰਘ, ਜਸਪਾਲ ਸਿੰਘ, ਹਰਪ੍ਰੀਤ ਸਿੰਘ ਬੱਜੂਮਾਨ, ਰਾਜਬੀਰ ਸਿੰਘ ਬੱਲ , ਨਿਰਮਲ ਸਿੰਘ ਸ਼ੇਖੂਪੁਰ ਇਹਨਾਂ ਤੋਂ ਇਲਾਵਾ ਹੋਰ ਕਿਸਾਨ ਆਗੂ ਵੀ ਸ਼ਾਮਲ ਸਨ।



# ਹਲਕਾ ਵਿਧਾਇਕ ਰੰਧਾਵਾ ਵੱਲੋਂ 1 ਕਰੋੜ 80 ਲੱਖ ਰੁਪਏ ਦੀ ਗ੍ਰਾਂਟ ਦੇ ਚੈੱਕ ਤਕਸੀਮ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਰਹੱਦੀ ਹਲਕਾ ਡੇਰਾ ਬਾਬਾ ਨਾਨਕ ਤੋਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਸਰਬਸੰਮਤੀ ਨਾਲ ਬਣੀਆਂ 30/35 ਪੰਚਾਇਤਾਂ ਨੂੰ 1 ਕਰੋੜ 80 ਲੱਖ ਰੁਪਏ ਦੀ ਗ੍ਰਾਂਟ ਦੇ ਚੈੱਕ ਵੰਡੇ ਗਏ ਤੇ ਸਰਬ ਸੰਮਤੀ ਨਾਲ ਬਣੀਆਂ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ ਨੂੰ ਆਪੋ ਆਪਣੇ ਪਿੰਡਾਂ ਦੇ ਵਿਕਾਸ ਕਾਰਜ ਕਰਵਾਉਣ ਲਈ ਪੰਜ-ਪੰਜ ਲੱਖ ਰੁਪਏ ਦੇ ਚੈੱਕ ਤਕਸੀਮ ਕੀਤੇ ਗਏ।ਗੱਲਬਾਤ ਕਰਦਿਆਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਚਾਇਤੀ ਚੋਣਾ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸਰਬ ਸੰਮਤੀ ਨਾਲ ਬਣਨ ਵਾਲੀਆਂ ਪੰਚਾਇਤਾਂ ਨੂੰ 5/5 ਲੱਖ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ ਹੈ ਸੀ ਉਤੇ ਤਹਿਤ ਹੀ ਅੱਜ ਬਲਾਕ ਡੇਰਾ ਬਾਬਾ ਨਾਨਕ 'ਚ ਸਰਬ ਸੰਮਤੀ ਨਾਲ ਬਣੀਆਂ 35/36 ਪੰਚਾਇਤਾਂ ਨੂੰ ਚੈੱਕ ਤਕਸੀਮ ਕੀਤੇ ਗਏ ਹਨ। ਵਿਧਾਇਕ ਗੁਰਦੀਪ ਰੰਧਾਵਾ ਨੇ ਇਲਾਕੇ ਦੇ ਸਰਪੰਚਾਂ ਨੂੰ ਅਪੀਲ ਕੀਤੀ ਕਿ ਇਸ ਗ੍ਰਾਂਟ ਦੀ ਸਹੀ ਤਰੀਕੇ ਨਾਲ ਵਰਤੋਂ ਕੀਤੀ ਜਾਵੇ ਰੰਧਾਵਾ ਨੇ ਕਿਹਾ ਕਿ 2027 ਦੀਆਂ ਚੋਣਾਂ ਲੜਨ ਲਈ ਉਹ ਬਿਲਕੁਲ ਤਿਆਰ ਹਨ।ਇਸ ਮੌਕੇ ਬੀ ਡੀ ਪੀ ਓ ਡੇਰਾ ਬਾਬਾ ਨਾਨਕ ਉਦੇਪਾਲ ਸਿੰਘ ਸੰਘਾ, ਵੀ ਡੀ ਓ ਸ਼ੰਮੀ ਕਪੂਰ, ਰੋਸ਼ਨ ਲਾਲ ਪੰਚਾਇਤ ਸਕੱਤਰ, ਧਰਮਿੰਦਰ ਸਿੰਘ ਕੈਸ਼ੀਅਰ, ਦਲਬੀਰ ਸਿੰਘ ਸਰਪੰਚ ਰਾਜੇਕੇ,ਸੁਖਦੀਪ ਸਿੰਘ ਸਰਪੰਚ ਹਕੀਮਬੇਗ, ਰਣਦੀਪ ਸਿੰਘ ਸਰਪੰਚ ਨਿੱਝਰਪੁਰ, ਰਜਿੰਦਰ ਸਿੰਘ ਰਵੀ ਸਰਪੰਚ ਮੰਨਣ, ਨੰਬੜਦਾਰ ਰਾਜਵਿੰਦਰ ਸਿੰਘ ਰਾਜੂ ਹਰਦੋਵਾਲ, ਮਨਦੀਪ ਸਿੰਘ ਗਿੱਲਾਵਾਲੀ, ਮਲਕੀਤ ਸਿੰਘ ਸਰਪੰਚ ਡੇਰਾ ਪਠਾਣਾ ਆਦਿ ਹਾਜ਼ਰ ਸਨ।

# ਗੁਰੂ ਨਾਨਕ ਸਰਕਾਰੀ ਕਾਲਜ ਕਾਲਾ ਅਫ਼ਗਾਨਾ ਵਿਖੇ ਲਿਟਰੇਰੀ ਫੈਸਟ ਕਰਵਾਇਆ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਦਾ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਸੰਵਿਧਾਨਕ ਕਾਲਜ ਗੁਰੂ ਨਾਨਕ ਸਰਕਾਰੀ ਕਾਲਜ, ਕਾਲਾ ਅਫ਼ਗਾਨਾ (ਗੁਰਦਾਸਪੁਰ) ਵਿਖੇ ਪ੍ਰਿੰਸੀਪਲ/ਇੰਚਾਰਜ ਡਾ. ਅਮਨਦੀਪ ਕੌਰ ਜੀ ਦੀ ਅਗਵਾਈ ਹੇਠ ਲਿਟਰੇਰੀ ਫੈਸਟ ਕਰਵਾਇਆ ਗਿਆ। ਇਸ ਵਿੱਚ ਕਵਿਤਾ ਉਚਾਰਨ ਅਤੇ ਭਾਸ਼ਣ ਯੋਗਤਾ ਵਿੱਚ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਇਸ ਦੌਰਾਨ ਮੰਚ ਸੰਚਾਲਨ ਦੀ ਭੂਮਿਕਾ ਡਾ. ਅਸ਼ਵਨੀ ਕੁਮਾਰ ਨੇ ਨਿਭਾਈ।ਫੈਸਟ ਦੇ ਕੋਆਰਡੀਨੇਟਰ ਹਰਜਿੰਦਰ ਕੌਰ ਨੇ ਸਮੂਹ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦੇ ਅਜਿਹੇ ਮੁਕਾਬਲਿਆਂ ਦੁਆਰਾ ਬਹੁਪੱਖੀ ਵਿਕਾਸ ਦੀ ਗੱਲ ਕੀਤੀ।ਭਾਸ਼ਣ ਪ੍ਰਤੀਯੋਗਤਾ ਵਿੱਚ ਵਿਦਿਆਰਥੀਆਂ ਨੇ ਪੰਜਾਬੀ ਦੇ ਨਾਲ-ਨਾਲ ਅੰਗਰੇਜ਼ੀ ਵਿੱਚ ਵੀ ਸਮਕਾਲੀ ਵਿਸ਼ਿਆਂ ਨਾਲ ਸੰਬੰਧਿਤ ਭਾਸ਼ਣ ਦਿੱਤਾ।ਇਸ ਉਪਰੰਤ ਪੋਸਟਰ ਮੇਕਿੰਗ, ਸੁੰਦਰ ਲਿਖਾਈ, ਮਹਿੰਦੀ ਅਤੇ ਦਸਤਾਰਬੰਦੀ ਮੁਕਾਬਲਿਆਂ ਵਿੱਚ ਵੀ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਭਾਗ ਲਿਆ।ਉਪਰੋਕਤ ਸਾਰੇ ਮੁਕਾਬਲਿਆਂ ਵਿੱਚੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ ਉੱਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵਜੋਂ ਸਨਮਾਨ-ਚਿੰਨ੍ਹ ਦਿੱਤੇ ਗਏ। ਪ੍ਰਿੰਸੀਪਲ/ਇੰਚਾਰਜ ਡਾ. ਅਮਨਦੀਪ ਕੌਰ ਨੇ ਸਨਮਾਨ ਚਿੰਨ੍ਹ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਹੋਰਨਾਂ ਨੂੰ ਵੀ ਅਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ।ਇਸ ਦੌਰਾਨ ਬੀ.ਏ. ਅਤੇ ਬੀ.ਪੀ.ਈ.ਐੱਸ. ਦੇ ਸਮੂਹ ਵਿਦਿਆਰਥੀ ਅਤੇ ਸਮੂਹ ਟੀਚਿੰਗ ਸਟਾਫ਼ ਹਾਜ਼ਰ ਰਿਹਾ।



# ਬੇਅਦਬੀ ਮਾਮਲੇ 'ਤੇ ਸੁਖਬੀਰ ਸਿੰਘ ਬਾਦਲ ਨੇ ਰਾਜਾ ਵੜਿੰਗ ਨੂੰ ਕੀਤੀ ਤਾੜਨਾ

**ਬਾਬਾ ਬਕਾਲਾ (ਅੰਮ੍ਰਿਤਸਰ) (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਨਿਰਮਲ ਸਿੰਘ ਸੰਘਾ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਪਵਿੱਤਰ ਗ੍ਰੰਥਾਂ ਦੇ ਸੰਵੇਦਨਸ਼ੀਲ ਮਾਮਲੇ 'ਤੇ ਸਸਤੀ ਨੌਟੰਕੀ ਕਰਨ ਵਿਰੁੱਧ ਤਾੜਨਾ ਕੀਤੀ ਅਤੇ ਉਹਨਾਂ ਵੜਿੰਗ ਨੂੰ ਸਵਾਲ ਕੀਤਾ ਕਿ 2017 ਤੋਂ 2022 ਤੱਕ ਉਹਨਾਂ ਦੀ ਸਰਕਾਰ ਦੇ ਪੰਜ ਸਾਲਾਂ ਵਿਚ ਬੇਅਦਬੀ ਦੇ ਦੋਸ਼ੀ ਕਿਉਂ ਨਹੀਂ ਫੜੇ ਗਏ। ਇਥੇ ਪਾਰਟੀ ਦੀ ਪੰਜਾਬ ਬਚਾਓ ਮੁਹਿੰਮ ਦੇ ਤਹਿਤ ਪਾਰਟੀ ਦੇ ਹਲਕਾ ਇੰਚਾਰਜ ਬਲਜੀਤ ਸਿੰਘ ਜਲਾਲਉਸਮਾ ਦੇ ਨਾਲ ਰਲ ਕੇ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਵੜਿੰਗ ਨੂੰ ਇਹ ਵੀ ਆਖਿਆ ਕਿ ਉਹ ਇਹ ਵੀ ਦੱਸਣ ਕਿ ਉਹਨਾਂ ਨੇ ਕਦੇ ਵੀ ਇੰਦਰਾ ਗਾਂਧੀ ਵੱਲੋਂ ਸ੍ਰੀ ਦਰਬਾਰ ਸਾਹਿਬ 'ਤੇ ਟੈਂਕਾਂ ਤੇ ਤੋਪਾਂ ਨਾਲ ਹਮਲਾ ਕਰਕੇ ਸਿੱਖਾਂ ਖਿਲਾਫ ਕੀਤੀ ਸਭ ਤੋਂ ਵੱਡੀ ਬੇਅਦਬੀ ਦਾ ਮਾਮਲਾ ਕਿਉਂ ਨਹੀਂ ਚੁੱਕਿਆ। ਬਾਦਲ ਨੇ ਵੜਿੰਗ ਨੂੰ ਇਹ ਵੀ ਆਖਿਆ ਕਿ ਉਹ ਦੱਸਣ ਕਿ ਪਿਛਲੇ 10 ਸਾਲਾਂ ਵਿਚ 597 ਥਾਵਾਂ 'ਤੇ ਜਿਹੜੀਆਂ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ, ਉਹਨਾਂ ਵਿਚੋਂ ਕਿਸੇ ਵੀ ਥਾਂ 'ਤੇ ਉਹ ਕਦੇ ਗਏ ਸਨ। ਉਹਨਾਂ ਕਿਹਾ ਕਿ ਕਾਂਗਰਸ ਨੇ ਬੇਅਦਬੀ ਦੇ ਸੰਵੇਦਨਸ਼ੀਲ ਮਾਮਲੇ 'ਤੇ ਹਮੇਸ਼ਾ ਹੀ ਰਾਜਨੀਤੀ ਕੀਤੀ ਹੈ। ਬਾਦਲ ਨੇ ਇਹ ਵੀ ਦੱਸਿਆ ਕਿ ਜਦੋਂ 2014 ਵਿਚ ਆਮ ਆਦਮੀ ਪਾਰਟੀ (ਆਪ) ਦਾ ਪੰਜਾਬ ਵਿਚ ਦਾਖਲਾ ਹੋਇਆ ਤਾਂ ਉਸ ਮਗਰੋਂ ਹੀ 2015 ਤੋਂ ਬੇਅਦਬੀ ਦੀਆਂ ਘਟਨਾਵਾਂ ਸ਼ੁਰੂ ਹੋਈਆਂ। ਉਹਨਾਂ ਕਿਹਾ ਕਿ ਆਪ ਦੇ ਐਮ ਐਲ ਏ ਨਰੇਸ਼ ਯਾਦਵ ਨੂੰ ਤਾਂ 2016 ਵਿਚ ਮਾਲੇਰਕੋਟਲਾ ਵਿਚ ਹੋਈ ਬੇਅਦਬੀ ਦੀ ਘਟਨਾ ਦਾ ਦੋਸ਼ੀ ਵੀ ਠਹਿਰਾਇਆ ਗਿਆ ਹਾਲਾਂਕਿ ਆਪ ਨੇ ਡਿਪਟੀ ਕਮਿਸ਼ਨਰ 'ਤੇ ਕੇਸ ਵਾਪਸ ਲੈਣ ਦਾ ਦਬਾਅ ਬਣਾ ਕੇ ਅਤੇ ਹਰਪਾਲ ਚੀਮਾ ਤੇ ਹਰਜੋਤ ਬੈਂਸ ਵਰਗਿਆਂ ਨੂੰ ਉਸ ਦੇ ਬਚਾਅ ਵਾਸਤੇ ਤਾਇਨਾਤ ਕਰ ਕੇ ਬਚਾਉਣ ਦੀ ਕੋਸ਼ਿਸ਼ ਕੀਤੀ।ਅਕਾਲੀ ਦਲ ਦੇ ਪ੍ਰਧਾਨ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨੌਜਵਾਨਾਂ ਨੂੰ ਪਸ਼ੂ ਪਾਲਣ ਦਾ ਧੰਦਾ ਅਪਣਾਉਣ ਤੋਂ ਨਿਰਉਤਸ਼ਾਹਿਤ ਕਰਨ ਦੀ ਵੀ ਨਿਖੇਧੀ ਕੀਤੀ । ਉਹਨਾਂ ਕਿਹਾ ਕਿ ਅਜਿਹਾ ਜਾਪਦਾ ਹੈ ਕਿ ਮੁੱਖ ਮੰਤਰੀ ਅਕਾਲੀ ਦਲ ਦੀ ਪਸ਼ੂ ਪਾਲਣ ਵਾਸਤੇ 75 ਫੀਸਦੀ ਸਬਸਿਡੀ ਦੇਣ ਅਤੇ ਪੰਜਾਬ ਬਚਾਓ ਰੈਲੀਆਂ ਨੂੰ ਮਿਲ ਰਹੇ ਹੁੰਗਾਰੇ ਤੋਂ ਬੌਖਲਾ ਗਏ ਹਨ। ਉਹਨਾਂ ਕਿਹਾ ਕਿ ਇਹੀ ਕਾਰਨ ਹੈ ਕਿ ਉਹ ਅਜਿਹੇ ਬੇਤੁਕੇ ਬਿਆਨ ਦੇ ਰਹੇ ਹਨ ਕਿ ਅਕਾਲੀ ਦਲ ਨੌਜਵਾਨਾਂ ਨੂੰ ਗੋਹਾ ਕੂੜਾ ਕਰਨ ਲਗਾ ਦੇਵੇਗਾ। ਪੰਜਾਬ ਲਈ ਆਪਣੀ ਸੋਚ ਦੀ ਗੱਲ ਕਰਦਿਆਂ ਬਾਦਲ ਨੇ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਦੁੱਧ 'ਤੇ ਵੀ ਐਮ ਐਸ ਪੀ ਦੇਵੇਗੀ ਤਾਂ ਜੋ ਡੇਅਰੀ ਕਿਸਾਨਾਂ ਦੇ ਹਿੱਤ ਸੁਰੱਖਿਅਤ ਕੀਤੇ ਜਾ ਸਕਣ। ਉਹਨਾਂ ਕਿਹਾ ਕਿ ਪਾਰਟੀ ਵਿਸ਼ਵ ਸਕਿੱਲ ਯੂਨੀਵਰਸਿਟੀ ਸਥਾਪਿਤ ਕਰੇਗੀ ਜਿਸ ਦੇ ਕੇਂਦਰ ਹਰ ਜ਼ਿਲ੍ਹੇ ਵਿਚ ਸਥਾਪਿਤ ਕੀਤੇ ਜਾਣਗੇ ਤੇ ਨੌਜਵਾਨਾਂ ਨੂੰ ਉਦਯੋਗ ਜਗਤ ਦੀ ਲੋੜ ਮੁਤਾਬਕ ਹੁਨਰ ਸਿੱਖਲਾਈ ਦਿੱਤੀ ਜਾਵੇਗੀ।ਉਹਨਾਂ ਕਿਹਾ ਕਿ ਸਾਂਝੀਆਂ ਜ਼ਮੀਨਾਂ ਦੀ ਤਕਸੀਮ ਮੁਫਤ ਵਿਚ ਕਰਵਾ ਕੇ ਦਿੱਤੀ ਜਾਵੇਗੀ ਅਤੇ ਲਾਲ ਡੋਰੇ ਦੇ ਅੰਦਰ ਰਹਿਣ ਵਾਲਿਆਂ ਦੀਆਂ ਰਜਿਸਟਰੀਆਂ ਕਰਵਾ ਕੇ ਦਿੱਤੀਆਂ ਜਾਣਗੀਆਂ।ਇਸ ਮੌਕੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਮੁੱਖ ਮੰਤਰੀ ਨੂੰ ਵੇਅਰ ਹਾਊਸਿੰਗ ਦੇ ਜ਼ਿਲ੍ਹਾ ਮੈਨੇਜਰ ਡਾ. ਗਗਨਦੀਪ ਸਿੰਘ ਰੰਧਾਵਾ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਅਤੇ 19 ਸਾਲਾਂ ਦੇ ਰਣਜੀਤ ਸਿੰਘ ਨੂੰ ਝੂਠੇ ਮੁਕਾਬਲੇ ਵਿਚ ਮਾਰਨ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਇਸ ਮੌਕੇ ਸੀਨੀਅਰ ਆਗੂ ਵੀਰ ਸਿੰਘ ਲੋਪੋਕੇ ਤੇ ਰਾਜਵਿੰਦਰ ਸਿੰਘ ਰਾਜਾ ਲਾਦੇਹ ਵੀ ਹਾਜ਼ਰ ਸਨ।



# ਦੌਲਤ ਟੈਕਸ

ਅਮੀਰਾਂ ਤੇ ਗਰੀਬਾਂ ਵਿਚਾਲੇ ਵਧ ਰਹੇ ਪਾੜੇ ਨੂੰ ਲੈ ਕੇ ਨਵੀਂ ਰਿਪੋਰਟ 'ਚ ਖੁਲਾਸਾ ਹੋਇਆ ਹੈ ਕਿ ਭਾਰਤ ਦੇ ਪੰਜ ਸਭ ਤੋਂ ਅਮੀਰ ਪਰਵਾਰਾਂ ਦੀ ਸੰਪਤੀ ਸਾਲ 2019 ਤੋਂ 2025 ਤੱਕ ਸਿਰਫ ਛੇ ਸਾਲਾਂ ਵਿੱਚ 400 ਫੀਸਦੀ ਵਧ ਗਈ। ਸੈਂਟਰ ਫਾਰ ਫਾਇਨੈਂਸ਼ੀਅਲ ਅਕਾਊਂਟੀਬਿਲਟੀ ਦੀ ਰਿਪੋਰਟ ਕਹਿੰਦੀ ਹੈ ਕਿ ਦੇਸ਼ ਦੇ 1688 ਸਭ ਤੋਂ ਅਮੀਰ ਲੋਕਾਂ ਦੀ ਕੁੱਲ ਦੌਲਤ 166 ਲੱਖ ਕਰੋੜ ਰੁਪਏ ਤੋਂ ਵਧ ਗਈ ਹੈ। ਇਹ ਭਾਰਤ ਦੀ ਕੁੱਲ ਘਰੇਲੂ ਪੈਦਾਵਾਰ (ਜੀ ਡੀ ਪੀ) ਦਾ ਲੱਗਭੱਗ 50 ਫੀਸਦੀ ਹੈ। ਇਨ੍ਹਾਂ ਸਾਰੇ ਅਮੀਰਾਂ ਦੀ ਨਿੱਜੀ ਸੰਪਤੀ ਇੱਕ ਹਜ਼ਾਰ ਕਰੋੜ ਰੁਪਏ ਤੋਂ ਉੱਪਰ ਹੈ। ਦੇਸ਼ ਦੀ ਸਭ ਤੋਂ ਅਮੀਰ ਇੱਕ ਫੀਸਦੀ ਆਬਾਦੀ ਕੋਲ ਕੁੱਲ ਕੌਮੀ ਸੰਪਤੀ ਦਾ 40 ਫੀਸਦੀ ਹਿੱਸਾ ਹੈ। ਉੱਥੇ ਹੀ ਦੇਸ਼ ਦੀ ਹੇਠਲੀ 50 ਫੀਸਦੀ ਆਬਾਦੀ ਕੋਲ ਸਿਰਫ 6.4 ਫੀਸਦੀ ਸੰਪਤੀ ਹੈ, ਜੋ 2024 ਤੱਕ ਲੱਗਭੱਗ ਸਥਿਰ ਰਹੀ।

ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤ 'ਚ ਅੱਜ ਬਸਤੀਵਾਦੀ ਕਾਲ ਵਰਗੀ ਭਿਆਨਕ ਨਾਬਰਾਬਰੀ ਦੇਖਣ ਨੂੰ ਮਿਲ ਰਹੀ ਹੈ। ਰਿਪੋਰਟ ਵਿੱਚ ਸੁਝਾਅ ਦਿੱਤਾ ਗਿਆ ਹੈ ਕਿ ਜੇ ਇਨ੍ਹਾਂ 1688 ਸਭ ਤੋਂ ਵੱਧ ਅਮੀਰ ਲੋਕਾਂ 'ਤੇ 2 ਫੀਸਦੀ ਤੋਂ 6 ਫੀਸਦੀ ਤੱਕ ਦੌਲਤ ਟੈਕਸ ਲਾ ਦਿੱਤਾ ਜਾਵੇ ਅਤੇ ਇੱਕ-ਤਿਹਾਈ ਇਨਹੈਰੀਟੈਂਸ ਟੈਕਸ ਵੀ ਲਾ ਦਿੱਤਾ ਜਾਵੇ ਤਾਂ ਹਰ ਸਾਲ 10.6 ਲੱਖ ਕਰੋੜ ਰੁਪਏ ਜੁਟਾਏ ਜਾ ਸਕਦੇ ਹਨ। ਇਸ ਪੈਸੇ ਨਾਲ ਸਰਕਾਰ ਸਿਹਤ ਤੇ ਸਿੱਖਿਆ 'ਤੇ ਜੀ ਡੀ ਪੀ ਦਾ 1-1 ਫੀਸਦੀ ਵੱਧ ਖਰਚ ਕਰ ਸਕਦੀ ਹੈ। ਬਜ਼ੁਰਗਾਂ ਨੂੰ ਹਰ ਮਹੀਨੇ 12 ਹਜ਼ਾਰ ਰੁਪਏ ਪੈਨਸ਼ਨ ਦੇ ਸਕਦੀ ਹੈ। ਮੁਕੇਸ਼ ਅੰਬਾਨੀ ਦੀ ਸੰਪਤੀ 2019-2025 ਵਿਚਾਲੇ 153 ਫੀਸਦੀ ਵਧੀ ਹੈ। ਜੇ ਉਸ ਤੋਂ 2 ਫੀਸਦੀ ਦੌਲਤ ਟੈਕਸ ਲਿਆ ਜਾਂਦਾ ਹੈ ਤਾਂ ਤਿੰਨ ਸਾਲ ਤੱਕ ਸਾਰੇ ਦਸਵੀਂ ਦੇ ਵਿਦਿਆਰਥੀਆਂ ਨੂੰ ਫ੍ਰੀ ਲੈਪਟਾਪ ਦਿੱਤੇ ਜਾ ਸਕਦੇ ਹਨ। ਗੌਤਮ ਅਡਾਨੀ ਦੀ ਸੰਪਤੀ ਇਸ ਦੌਰਾਨ 625 ਫੀਸਦੀ ਵਧੀ। ਉਸ 'ਤੇ ਦੋ ਫੀਸਦੀ ਦੌਲਤ ਟੈਕਸ ਲਾ ਕੇ ਪੂਰੇ ਦੇਸ਼ ਵਿੱਚ ਦੋ ਸਾਲ ਤੱਕ ਮੁਢਲੀਆਂ ਸਿਹਤ ਸਹੂਲਤਾਂ ਮੁਫਤ ਦਿੱਤੀਆਂ ਜਾ ਸਕਦੀਆਂ ਹਨ। ਨਾਲ ਹੀ 8 ਕਰੋੜ ਪ੍ਰਦੂਸ਼ਣ ਪ੍ਰਭਾਵਤ ਪਰਵਾਰਾਂ ਨੂੰ ਫ੍ਰੀ ਏਅਰ ਪਿਊਰੀਫਾਇਰ ਦਿੱਤੇ ਜਾ ਸਕਦੇ ਹਨ।

ਸਰਕਾਰ ਕਹਿੰਦੀ ਹੈ ਕਿ ਕਲਿਆਣਕਾਰੀ ਯੋਜਨਾਵਾਂ ਲਈ ਉਸ ਕੋਲ ਬਹੁਤੇ ਪੈਸੇ ਨਹੀਂ ਹਨ, ਪਰ ਇਹ ਦਾਅਵਾ ਗਲਤ ਹੈ। ਸਰਕਾਰ ਨੇ ਪਿਛਲੇ 11 ਸਾਲਾਂ ਵਿੱਚ 19.6 ਲੱਖ ਕਰੋੜ ਰੁਪਏ ਕਾਰਪੋਰੇਟ ਲੋਨ ਮੁਆਫ ਕੀਤਾ ਹੈ। ਵੱਡੇ ਕਾਰੋਬਾਰੀਆਂ ਦਾ ਟੈਕਸ ਘਟਾ ਰਹੀ ਹੈ, ਜਦਕਿ ਆਮ ਮਿਹਨਤਕਸ਼ ਲੋਕ ਟੈਕਸ ਦੇ ਰਹੇ ਹਨ। ਅੱਜ ਭਾਰਤ ਵਿੱਚ ਦੋ ਭਾਰਤ ਬਣ ਚੁੱਕੇ ਹਨ-ਇੱਕ ਮੁੱਠੀ ਭਰ ਅਮੀਰਾਂ ਦਾ, ਜਿਨ੍ਹਾਂ ਦੀ ਦੌਲਤ ਵਧ ਰਹੀ ਹੈ ਤੇ ਦੂਜਾ ਆਮ ਗਰੀਬਾਂ ਦਾ, ਜਿਹੜੇ ਕਰਜ਼ ਵਿੱਚ ਡੁੱਬੇ ਮੁਸ਼ਕਲ ਨਾਲ ਗੁਜ਼ਾਰਾ ਕਰ ਰਹੇ ਹਨ। ਨਾਬਰਾਬਰੀ ਲੋਕਤੰਤਰ ਲਈ ਖਤਰਾ ਬਣ ਰਹੀ ਹੈ, ਇਸ ਲਈ ਇਨ੍ਹਾਂ ਸੁਪਰ ਅਮੀਰਾਂ 'ਤੇ ਦੌਲਤ ਟੈਕਸ ਲਾਉਣਾ ਜ਼ਰੂਰੀ ਹੈ।

## ਫੂਲਕਾ ਹੋਇਆ ਫੂਲ ਕਾ !

ਨਜ਼ਰਾਂ ਰੱਖ 'ਸਤਾਈ' ਦੇ ਸਾਲ 'ਤੇ,
ਦੌੜਾਂ ਏਧਰ ਨੂੰ ਓਧਰ ਨੂੰ ਲੱਗੀਆਂ ਨੇ।
ਡਬਲ ਇੰਜਣ ਬਣਾਉਣ ਦੀ ਹੋੜ ਦੇਖੋ,
'ਲਾਲ਼ਾ' ਹਾਕਮਾਂ ਮੂੰਹ ਤੋਂ ਵੱਗੀਆਂ ਨੇ,
ਰਹਿਣਾ ਇੱਕੋ 'ਸਟੈਂਡ' 'ਤੇ ਖੜ੍ਹਨ ਵਾਲਾ,
ਪਾਤਾ ਭੋਗ ਹੀ ਦਾੜ੍ਹੀਆਂ ਬੱਗੀਆਂ ਨੇ,
ਪਾਣੀ ਪੀ ਪੀ ਕੇ ਕੋਸਦੇ ਰਹਿਣ ਜਿਹਨੂੰ,।
ਉਹਦੇ ਨਾਲ ਹੀ ਪਾ ਲੈਂਦੇ 'ਹੱਗੀਆਂ' ਨੇ,
ਚੰਗਾ ਥੋੜ੍ਹਿਆਂ ਬਹੁਤਿਆਂ ਕਿਹਾ ਮਾੜਾ।
ਲੋਕਾਂ ਬੁਰਾ ਮਨਾਇਆ ਇਸ ਭੂਲ ਕਾ ਜੀ,
ਹੋਈ ਹੋਵੇਗੀ 'ਔਫਰ' ਕੋਈ ਬਹੁਤ ਵੱਡੀ।
ਬਣਿਆ 'ਫੂਲਕਾ' ਕਮਲ ਕੇ ਫੂਲ ਕਾ ਜੀ,

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਹਜ਼ਾਰਾਂ ਕਰੋੜਾਂ ਦਾ ਫੰਡ, ਪਰ ਮਜ਼ਦੂਰ ਖਾਲੀ ਹੱਥ

**ਐੱਮ ਐੱਸ ਭਾਟੀਆ**

ਉੱਚੀਆਂ ਇਮਾਰਤਾਂ, ਮਾਲ, ਫਲਾਈਓਵਰ ਅਤੇ ਸ਼ਹਿਰੀ ਪ੍ਰੋਜੈਕਟ ਜਿਨ੍ਹਾਂ ਹੱਥਾਂ ਨਾਲ ਬਣਦੇ ਹਨ, ਉਹੀ ਹੱਥ ਅੱਜ ਵੀ ਅਸੁਰੱਖਿਅਤ ਹਨ। ਇਹ ਨਿਰਮਾਣ ਮਜ਼ਦੂਰ, ਜੋ ਸ਼ਹਿਰਾਂ ਦੀ ਰੂਹ ਹਨ, ਆਪਣੇ ਹੱਕਾਂ ਤੋਂ ਵਾਂਝੇ ਰਹਿ ਗਏ ਹਨ। ਸਵਾਲ ਇਹ ਹੈ ਕਿ ਜਦ ਮਜ਼ਦੂਰਾਂ ਲਈ ਹਜ਼ਾਰਾਂ ਕਰੋੜਾਂ ਦਾ ਫੰਡ ਮੌਜੂਦ ਹੈ, ਤਾਂ ਫਿਰ ਇਹ ਹਾਲਤ ਕਿਉਂ ਹੈ ?

ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ (ਰੈਗੂਲੇਸ਼ਨ ਆਫ ਇੰਪਲਾਇਮੈਂਟ ਐਂਡ ਕੰਡੀਸ਼ਨ ਆਫ਼ ਸਰਵਿਸ) ਐਕਟ1996 ਦੇ ਤਹਿਤ ਬਣਾਇਆ ਗਿਆ ਨਿਰਮਾਣ ਮਜ਼ਦੂਰ ਵੈੱਲਫੇਅਰ ਬੋਰਡ ਮਜ਼ਦੂਰਾਂ ਨੂੰ ਸਮਾਜਿਕ ਸੁਰੱਖਿਆ ਦੇਣ ਲਈ ਇੱਕ ਮਹੱਤਵਪੂਰਨ ਕਦਮ ਸੀ। ਇਸ ਕਾਨੂੰਨ ਅਨੁਸਾਰ ਹਰ ਨਿਰਮਾਣ ਕੰਮ 'ਤੇ 1 ਫੀਸਦੀ ਸੈੱਸ ਇਕੱਠਾ ਕੀਤਾ ਜਾਂਦਾ ਹੈ। ਇਹ ਪੈਸਾ ਮਜ਼ਦੂਰਾਂ ਨੂੰ ਪੈਨਸ਼ਨ, ਇਲਾਜ, ਸਿੱਖਿਆ, ਵਜ਼ੀਫੇ, ਸ਼ਗਨ ਸਕੀਮ ਆਦਿ ਦੇ ਲਾਭ ਅਤੇ ਹੋਰ ਸਹੂਲਤਾਂ ਦੇਣ ਲਈ ਵਰਤਿਆ ਜਾਣਾ ਸੀ। ਕਾਗਜ਼ਾਂ ਵਿੱਚ ਇਹ ਯੋਜਨਾ ਬਹੁਤ ਵਧੀਆ ਦਿਸਦੀ ਹੈ, ਪਰ ਜ਼ਮੀਨ 'ਤੇ ਇਸ ਦੀ ਹਕੀਕਤ ਬਿਲਕੁਲ ਵੱਖਰੀ ਹੈ।

ਪੰਜਾਬ ਵਿੱਚ ਪਿਛਲੇ ਕੁਝ ਸਾਲਾਂ ਵਿੱਚ ਨਿਰਮਾਣ ਮਜ਼ਦੂਰਾਂ ਦੇ ਨਾਂ 'ਤੇ ਲਗਭਗ 3,500 ਤੋਂ 4,000 ਕਰੋੜ ਰੁਪਏ ਦਾ ਫੰਡ ਇਕੱਠਾ ਹੋ ਚੁੱਕਾ ਹੈ। 2018-19 ਵਿੱਚ ਇਹ ਰਕਮ ਲਗਭਗ 2,500 ਕਰੋੜ ਦੇ ਕਰੀਬ ਸੀ, ਜੋ 2022-23 ਤੱਕ ਵੱਧ ਕੇ 3,500 ਕਰੋੜ ਤੋਂ ਪਾਰ ਹੋ ਗਈ। ਇਹ ਗੱਲ ਸਾਫ਼ ਦਰਸਾਉਂਦੀ ਹੈ ਕਿ ਪੈਸੇ ਦੀ ਕਮੀ ਨਹੀਂ ਹੈ। ਪਰ ਜੇ ਅਸੀਂ ਇਸ ਦੀ ਵਰਤੋਂ ਵੱਲ ਦੇਖੀਏ, ਤਾਂ ਪਤਾ ਲੱਗਦਾ ਹੈ ਕਿ ਕਈ ਸਾਲਾਂ ਵਿੱਚ ਇਸ ਫੰਡ ਦਾ ਸਿਰਫ਼ 30 ਤੋਂ 50 ਫੀਸਦੀ ਹਿੱਸਾ ਹੀ ਮਜ਼ਦੂਰਾਂ 'ਤੇ ਖਰਚਿਆ ਗਿਆ ਹੈ। ਬਾਕੀ ਰਕਮ ਸਰਕਾਰੀ ਖਾਤਿਆਂ ਵਿੱਚ ਪਈ ਰਹਿੰਦੀ ਹੈ।

ਇਸ ਦਾ ਮਤਲਬ ਇਹ ਹੈ ਕਿ ਜਦ ਮਜ਼ਦੂਰ ਆਪਣੇ ਬੱਚਿਆਂ ਦੀ ਪੜ੍ਹਾਈ ਲਈ ਕਰਜ਼ੇ ਲੈਂਦੇ ਹਨ, ਜਦ ਉਹ ਇਲਾਜ ਲਈ ਪੈਸਿਆਂ ਦੀ ਕਮੀ ਕਾਰਨ ਹਸਪਤਾਲਾਂ ਦੇ ਚੱਕਰ ਲਗਾਉਂਦੇ ਹਨ, ਉਸ ਸਮੇਂ ਉਹਨਾਂ ਦੇ ਆਪਣੇ ਹੱਕਾਂ ਦਾ ਪੈਸਾ ਵਰਤਿਆ ਨਹੀਂ ਜਾ ਰਿਹਾ। ਇਹ ਸਿਰਫ਼ ਇੱਕ ਪ੍ਰਸ਼ਾਸਨਕ ਖਾਮੀ ਨਹੀਂ, ਸਗੋਂ ਸਮਾਜਿਕ ਨਿਆਂ ਦੇ ਸਿਧਾਂਤਾਂ ਦੀ ਖੁੱਲ੍ਹੀ ਉਲੰਘਣਾ ਹੈ।

ਇਸ ਸਿਸਟਮ ਦੀ ਸਭ ਤੋਂ ਵੱਡੀ ਨਾਕਾਮੀ ਹੈ ਮਜ਼ਦੂਰਾਂ ਦੀ ਘੱਟ ਰਜਿਸਟ੍ਰੇਸ਼ਨ। ਪੰਜਾਬ ਵਿੱਚ ਲੱਖਾਂ ਨਿਰਮਾਣ ਮਜ਼ਦੂਰ ਹਨ, ਪਰ ਉਹਨਾਂ ਵਿੱਚੋਂ ਬਹੁਤ ਥੋੜ੍ਹੇ ਹੀ ਵੈਲਫੇਅਰ ਬੋਰਡ ਨਾਲ ਜੁੜੇ ਹਨ। ਖ਼ਾਸ ਤੌਰ 'ਤੇ ਪਰਵਾਸੀ ਮਜ਼ਦੂਰ, ਜੋ ਬਿਹਾਰ, ਉੱਤਰ ਪ੍ਰਦੇਸ਼ ਅਤੇ ਝਾਰਖੰਡ ਤੋਂ ਆ ਕੇ ਇੱਥੇ ਕੰਮ ਕਰਦੇ ਹਨ, ਉਹ ਇਸ ਪ੍ਰਣਾਲੀ ਤੋਂ ਲਗਭਗ ਬਾਹਰ ਹਨ। ਉਹਨਾਂ ਨੂੰ ਨਾ ਆਪਣੇ ਹੱਕਾਂ ਬਾਰੇ ਪਤਾ ਹੈ ਅਤੇ ਨਾ ਹੀ ਸਰਕਾਰ ਵੱਲੋਂ ਉਹਨਾਂ ਤੱਕ ਪਹੁੰਚਣ ਦੀ ਕੋਈ ਗੰਭੀਰ ਕੋਸ਼ਿਸ਼ ਕੀਤੀ ਗਈ ਹੈ।

ਜਿਹੜੇ ਮਜ਼ਦੂਰ ਰਜਿਸਟਰ ਹੋ ਜਾਂਦੇ ਹਨ, ਉਹਨਾਂ ਲਈ ਵੀ ਇਹ ਸਫ਼ਰ ਆਸਾਨ ਨਹੀਂ। ਬੋਰਡ ਦੇ ਦਫ਼ਤਰਾਂ ਵਿੱਚ ਲੰਮੀ ਕਾਗਜ਼ੀ ਕਾਰਵਾਈ, ਵਾਰ-ਵਾਰ ਤਸਦੀਕ ਅਤੇ ਦਲਾਲਾਂ ਦੀ ਦਖ਼ਲ-ਅੰਦਾਜ਼ੀ ਇੱਕ ਆਮ ਗੱਲ ਹੈ। ਮਜ਼ਦੂਰ ਨੂੰ ਆਪਣੇ ਹੀ ਹੱਕ ਲਈ ਦਫ਼ਤਰਾਂ ਦੇ ਚੱਕਰ ਲਗਾਉਣੇ ਪੈਂਦੇ ਹਨ। ਕਈ ਵਾਰ ਉਹਨਾਂ ਨੂੰ ਰਿਸ਼ਵਤ ਦੇਣੀ ਪੈਂਦੀ ਹੈ ਜਾਂ ਦਲਾਲਾਂ ਨੂੰ ਹਿੱਸਾ ਦੇਣਾ ਪੈਂਦਾ ਹੈ। ਇਹ ਸਿਸਟਮ ਮਜ਼ਦੂਰਾਂ ਦੀ ਮਦਦ ਕਰਨ ਦੀ ਬਜਾਏ ਉਹਨਾਂ ਨੂੰ ਹੋਰ ਤੰਗ ਕਰਦਾ ਹੈ।

ਇਸ ਦੇ ਨਾਲ ਨਾਲ ਠੇਕੇਦਾਰ ਪ੍ਰਣਾਲੀ ਇਸ ਸਮੱਸਿਆ ਨੂੰ ਹੋਰ ਗੰਭੀਰ ਬਣਾਉਂਦੀ ਹੈ। ਬਹੁਤ ਸਾਰੇ ਠੇਕੇਦਾਰ ਮਜ਼ਦੂਰਾਂ ਨੂੰ ਰਜਿਸਟਰ ਨਹੀਂ ਕਰਵਾਉਂਦੇ, ਤਾਂ ਜੋ ਉਹ ਸੈੱਸ ਤੋਂ ਬਚ ਸਕਣ। ਸਰਕਾਰੀ ਨਿਗਰਾਨੀ ਦੀ ਕਮੀ ਕਾਰਨ ਇਹ ਪ੍ਰਥਾ ਬੇਰੋਕ-ਟੋਕ ਚੱਲ ਰਹੀ ਹੈ। ਇਸ ਤਰ੍ਹਾਂ ਇੱਕ ਪਾਸੇ ਮਜ਼ਦੂਰਾਂ ਦੇ ਹੱਕਾਂ ਦੀ ਉਲੰਘਣਾ ਹੁੰਦੀ ਹੈ ਅਤੇ ਦੂਜੇ ਪਾਸੇ ਸਰਕਾਰ ਦਾ ਰੈਵਨਿਊ ਵੀ ਘਟਦਾ ਹੈ।

ਜੇ ਅਸੀਂ ਹੋਰ ਸੂਬਿਆਂ ਨਾਲ ਤੁਲਨਾ ਕਰੀਏ, ਤਾਂ ਪੰਜਾਬ ਦੀ ਸਥਿਤੀ ਹੋਰ ਵੀ ਸਪੱਸ਼ਟ ਹੋ ਜਾਂਦੀ ਹੈ। ਕੇਰਲ ਅਤੇ ਤਾਮਿਲਨਾਡੂ ਵਰਗੇ ਸੂਬਿਆਂ ਵਿੱਚ ਮਜ਼ਦੂਰ ਯੂਨੀਅਨਾਂ ਦੀ ਮਜ਼ਬੂਤ ਭੂਮਿਕਾ ਹੈ ਅਤੇ ਵੈੱਲਫੇਅਰ ਸਕੀਮਾਂ ਜ਼ਿਆਦਾ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕੀਤੀਆਂ ਜਾਂਦੀਆਂ ਹਨ। ਵਰਨਣਯੋਗ ਹੈ ਕਿ ਕੇਰਲ ਵਿੱਚ ਖੱਬੇ ਪੱਖੀਆਂ ਦੀ ਸਰਕਾਰ ਹੈ ਅਤੇ ਤਾਮਿਲਨਾਡੂ ਵਿੱਚ ਖੱਬੇ ਪੱਖੀ ਸਰਕਾਰ ਵਿੱਚ ਹਨ। ਉੱਥੇ ਮਜ਼ਦੂਰਾਂ ਦੀ ਰਜਿਸਟ੍ਰੇਸ਼ਨ ਵੱਧ ਹੈ ਅਤੇ ਲਾਭ ਸਿੱਧੇ ਉਹਨਾਂ ਤੱਕ ਪਹੁੰਚਦੇ ਹਨ। ਇਸਦੇ ਉਲਟ ਉੱਤਰ ਪ੍ਰਦੇਸ਼ ਵਰਗੇ ਸੂਬਿਆਂ ਵਿੱਚ ਭਾਵੇਂ ਫੰਡ ਬਹੁਤ ਵੱਡਾ ਹੈ, ਪਰ ਇਸ ਦੀ ਵਰਤੋਂ 'ਤੇ ਭਾਰੀ ਸਵਾਲ ਉਠਦੇ ਹਨ।

ਪੰਜਾਬ ਦੀ ਆਰਥਿਕ ਹਕੀਕਤ ਨੂੰ ਵੇਖਦੇ ਹੋਏ ਇਹ ਮਸਲਾ ਹੋਰ ਵੀ ਗੰਭੀਰ ਹੋ ਜਾਂਦਾ ਹੈ। ਖੇਤੀਬਾੜੀ ਸੰਕਟ, ਕਰਜ਼ੇ ਦਾ ਬੋਝ ਅਤੇ ਬੇਰੁਜ਼ਗਾਰੀ ਨੇ ਲੱਖਾਂ ਲੋਕਾਂ ਨੂੰ ਪਿੰਡਾਂ ਤੋਂ ਸ਼ਹਿਰਾਂ ਵੱਲ ਧੱਕਿਆ ਹੈ। ਇਹ ਲੋਕ ਨਿਰਮਾਣ ਖੇਤਰ ਵਿੱਚ ਸਸਤੀ ਮਜ਼ਦੂਰੀ ਕਰਨ ਲਈ ਮਜਬੂਰ ਹਨ। ਇੱਥੇ ਵੀ ਉਹਨਾਂ ਨੂੰ ਨਾ ਤਾਂ ਸੁਰੱਖਿਆ ਮਿਲਦੀ ਹੈ ਅਤੇ ਨਾ ਹੀ ਸਮਾਜਿਕ ਸੁਰੱਖਿਆ ਯੋਜਨਾਵਾਂ ਦਾ ਲਾਭ।

ਅੱਜ ਲੋੜ ਹੈ ਕਿ ਇਸ ਸਿਸਟਮ ਵਿੱਚ ਬੁਨਿਆਦੀ ਸੁਧਾਰ ਕੀਤੇ ਜਾਣ:

ਸਭ ਤੋਂ ਪਹਿਲਾਂ ਹਰ ਨਿਰਮਾਣ ਮਜ਼ਦੂਰ ਦੀ ਲਾਜ਼ਮੀ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾਵੇ। ਸਰਕਾਰ ਨੂੰ ਖੁਦ ਮਜ਼ਦੂਰਾਂ ਤੱਕ ਪਹੁੰਚਣਾ ਪਵੇਗਾ, ਨਾ ਕਿ ਮਜ਼ਦੂਰਾਂ ਨੂੰ ਦਫ਼ਤਰਾਂ ਦੇ ਚੱਕਰ ਲਗਾਉਣੇ ਪੈਣ।

ਦੂਜੇ, ਸੈੱਸ ਫੰਡ ਦੀ ਪੂਰੀ ਪਾਰਦਰਸ਼ਤਾ ਹੋਣੀ ਚਾਹੀਦੀ ਹੈ, ਕਿੰਨਾ ਪੈਸਾ ਇਕੱਠਾ ਹੋਇਆ, ਕਿੰਨਾ ਖਰਚਿਆ ਗਿਆ ਅਤੇ ਕਿੰਨਾ ਬਾਕੀ ਹੈ। ਇਹ ਸਾਰਾ ਡਾਟਾ ਜਨਤਾ ਲਈ ਉਪਲੱਬਧ ਹੋਣਾ ਚਾਹੀਦਾ ਹੈ।

ਇਸ ਦੇ ਨਾਲ-ਨਾਲ ਠੇਕੇਦਾਰਾਂ 'ਤੇ ਸਖ਼ਤ ਕਾਰਵਾਈ ਕਰਨੀ ਜ਼ਰੂਰੀ ਹੈ। ਜੋ ਠੇਕੇਦਾਰ ਮਜ਼ਦੂਰਾਂ ਨੂੰ ਰਜਿਸਟਰ ਨਹੀਂ ਕਰਵਾਉਂਦੇ ਜਾਂ ਕਾਨੂੰਨ ਦੀ ਉਲੰਘਣਾ ਕਰਦੇ ਹਨ, ਉਹਨਾਂ ਖ਼ਿਲਾਫ਼ ਫੌਜਦਾਰੀ ਕੇਸ ਦਰਜ ਕੀਤੇ ਜਾਣੇ ਚਾਹੀਦੇ ਹਨ। ਮਜ਼ਦੂਰ ਯੂਨੀਅਨਾਂ ਨੂੰ ਵੀ ਬੋਰਡ ਦੇ ਕੰਮਕਾਜ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਮਜ਼ਦੂਰਾਂ ਦੀ ਸਿੱਧੀ ਨਿਗਰਾਨੀ ਹੋ ਸਕੇ।ਅਖੀਰ ਵਿੱਚ ਇਹ ਗੱਲ ਸਪੱਸ਼ਟ ਹੈ ਕਿ ਇਹ ਮਸਲਾ ਭਲਾਈ ਦਾ ਨਹੀਂ, ਸਗੋਂ ਹੱਕਾਂ ਦਾ ਹੈ। ਮਜ਼ਦੂਰਾਂ ਦੇ ਨਾਂਅ 'ਤੇ ਇਕੱਠਾ ਕੀਤਾ ਗਿਆ ਹਰ ਰੁਪਈਆ ਮਜ਼ਦੂਰਾਂ ਦਾ ਹੈ ਅਤੇ ਉਹਨਾਂ ਨੂੰ ਹੀ ਮਿਲਣਾ ਚਾਹੀਦਾ ਹੈ। ਜੇ ਅਸੀਂ ਇਸ ਗੱਲ ਨੂੰ ਯਕੀਨੀ ਨਹੀਂ ਬਣਾਉਂਦੇ, ਤਾਂ ਫਿਰ ਸਾਡਾ ਵਿਕਾਸ ਸਿਰਫ਼ ਕਾਗਜ਼ੀ ਦਾਅਵਿਆਂ ਤੱਕ ਸੀਮਿਤ ਰਹਿ ਜਾਵੇਗਾ। ਪੰਜਾਬ ਵਿੱਚ ਨਿਰਮਾਣ ਮਜ਼ਦੂਰਾਂ ਦੇ ਨਾਂਅ 'ਤੇ ਹਜ਼ਾਰਾਂ ਕਰੋੜ ਰੁਪਏ ਪਏ ਹਨ, ਪਰ ਮਜ਼ਦੂਰ ਅਜੇ ਵੀ ਆਪਣੇ ਹੱਕਾਂ ਲਈ ਲੜ ਰਹੇ ਹਨ, ਇਹ ਸਿਰਫ਼ ਨਾਕਾਮੀ ਨਹੀਂ, ਇਹ ਪ੍ਰਣਾਲੀ ਦਾ ਧੋਖਾ ਹੈ।

# ਸੰਪਰਕ : 99884-91002

# ਸਿਹਤ ਬੀਮਾ ਕਾਰਡ ਦੀ ਅਹਿਮੀਅਤ ਨੂੰ ਸਮਝੋ



ਡਾ. ਪ੍ਰਭਦੀਪ ਸਿੰਘ ਚਾਵਲਾ

ਬਹੁਤ ਹੀ ਚਿੰਤਾ ਦੀ ਗੱਲ ਹੈ ਕਿ ਸਾਇਲੈਂਟ ਕਿੱਲਰ ਵੱਜੋਂ ਜਾਣੀਆਂ ਜਾਂਦੀਆਂ ਬਿਮਾਰੀਆਂ ਬਲੱਡ ਪ੍ਰੈਸ਼ਰ, ਸ਼ੂਗਰ, ਦਿਲ ਦੇ ਰੋਗ, ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਦੇ ਮਰੀਜ਼ਾਂ ਦੀ ਗਿਣਤੀ ਖੁੰਬਾਂ ਵਾਂਗ ਵਧਦੀ ਹੀ ਜਾ ਰਹੀ ਹੈ, ਸ਼ਾਇਦ ਹੀ ਕੋਈ ਪਰਿਵਾਰ ਐਸਾ ਹੋਵੇ, ਜਿਸ ਵਿੱਚ ਇਨਾਂ ਬਿਮਾਰੀਆਂ ਨਾਲ ਕੋਈ ਪੀੜਤ ਨਾ ਹੋਵੇ, ਪਰ ਜ਼ਿਆਦਾਤਰ ਲੋਕ ਅਜਿਹੀਆਂ ਬਿਮਾਰੀਆਂ ਤੋਂ ਅਣਜਾਣ ਹਨ, ਜਦੋਂ ਤੱਕ ਲੋਕ ਇਨਾਂ ਜਾਨਲੇਵਾ ਬਿਮਾਰੀਆਂ ਨੂੰ ਸਮਝ ਪਾਉਂਦੇ ਹਨ, ਓਦੋਂ ਤੱਕ ਤਾਂ ਇਹ ਸਰੀਰ 'ਤੇ ਹਮਲਾ ਕਰ ਚੁੱਕੀਆਂ ਹੁੰਦੀਆਂ ਹਨ। ਇਹ ਬਿਮਾਰੀਆਂ ਹੌਲੀ-ਹੌਲੀ ਵਿਅਕਤੀ ਨੂੰ ਅੰਦਰੋਂ ਖੋਖਲਾ ਕਰ ਦਿੰਦੀਆਂ ਹਨ। ਇਨ੍ਹਾਂ ਬਿਮਾਰੀਆਂ ਦਾ ਸਿੱਧਾ ਸਬੰਧ ਸਾਡੀ ਜੀਵਨ ਸ਼ੈਲੀ, ਸਾਡੀਆਂ ਆਦਤਾਂ ਨਾਲ ਹੈ। ਦੁਨੀਆ 'ਤੇ ਸਭ ਤੋਂ ਕੀਮਤੀ ਚੀਜ਼ ਸਾਡੀ ਆਪਣੀ ਸਿਹਤ ਹੈ, ਤੰਦਰੁਸਤੀ ਹੈ,ਤਾਂ ਸਭ ਵਧੀਆ ਮਹਿਸੂਸ ਹੁੰਦਾ ਹੈ। ਜੇਕਰ ਸਿਹਤ ਠੀਕ ਨਹੀਂ ਤਾਂ ਕੋਈ ਵੀ ਚੀਜ਼ ਸਾਨੂੰ ਆਨੰਦ ਨਹੀਂ ਦੇ ਸਕਦੀ, ਜਿਸ ਦਿਨ ਸਿਹਤ ਨੇ ਸਾਥ ਛੱਡ ਦਿੱਤਾ, ਇਨਸਾਨ ਹਰ ਰਿਸ਼ਤੇ 'ਤੇ ਬੋਝ ਬਣ ਜਾਂਦਾ ਹੈ, ਤਾਂ ਹੀ ਤਾਂ ਕਹਿੰਦੇ ਹਨ,ਚੰਗੀ ਸਿਹਤ ਕਿਸੇ ਖਜ਼ਾਨੇ ਤੋਂ ਘੱਟ ਨਹੀਂ ਹੁੰਦੀ।

**ਸਵੇਰ ਦੀ ਸੈਰ ਜਾਂ ਕਸਰਤ** : ਇੰਟਰਨੈੱਟ ਦੀ ਲਤ ਨੇ ਹਰ ਉਮਰ ਦੇ ਲੋਕਾਂ ਨੂੰ ਆਪਣੇ ਜਾਲ ਵਿੱਚ ਫਸਾਇਆ ਹੋਇਆ ਹੈ, ਜਿਸ ਕਾਰਨ ਦੇਰ ਨਾਲ ਰਾਤ ਨੂੰ ਸੌਣ ਦੀ ਆਦਤ ਸਵੇਰੇ ਜਲਦੀ ਉੱਠਣ ਨਹੀਂ ਦਿੰਦੀ, ਰਾਤੀਂ ਜਲਦੀ ਸੌਂਵੋ, ਸਵੇਰੇ ਜਲਦੀ ਉੱਠੋ ਕਸਰਤ ਕਰਨਾ ਯਕੀਨੀ ਬਣਾਓ,ਤੁਹਾਡੇ ਸਰੀਰ ਨੂੰ ਦਿਨ ਭਰ ਕੰਮ ਕਰਨ ਲਈ ਊਰਜਾ ਅਤੇ ਤਾਕਤ ਦੀ ਲੋੜ ਹੁੰਦੀ ਹੈ। ਇਹੀ ਕਾਰਨ ਹੈ ਕਿ ਸਵੇਰੇ ਜਲਦੀ ਕਸਰਤ ਕਰਨ ਦੀ ਆਦਤ ਤੁਹਾਡੇ ਸਟੈਮਿਨਾ ਨੂੰ ਵਧਾਏਗੀ ਅਤੇ ਤੁਹਾਨੂੰ ਊਰਜਾ ਦੇਵੇਗੀ।

**ਸਾਦਾ ਭੋਜਨ ਖਾਓ** : ਜ਼ੰਕ ਫੂਡ-ਫਾਸਟ ਫੂਡ ਤੋਂ ਪਰਹੇਜ਼ ਕਰੋ, ਬਾਹਰ ਦਾ ਖਾਣਾ ਸੁਆਦੀ ਜ਼ਰੂਰ ਲੱਗਦਾ ਹੈ,ਪਰ ਜਿੰਨਾ ਹੋ ਸਕੇ ਘੱਟ ਹੀ ਖਾਓ,ਵੱਧ ਤੋਂ ਵੱਧ ਘਰ ਦਾ ਸਾਦਾ ਭੋਜਨ ਖਾਓ, ਜਿਸ ਨਾਲ ਤੁਹਾਡੀ ਪਾਚਨ ਕਿਰਿਆ ਠੀਕ ਰਹੇ।ਪੈਕਡ ਫੂਡ,ਨਕਲੀ ਜਾਂ ਬਣਾਉਟੀ ਮਿੱਠੇ ਅਤੇ ਰੰਗਦਾਰ ਖਾਣ-ਪੀਣ ਵਾਲੇ ਪ੍ਰੋਡਕਟ, ਤਲਿਆ, ਤੇਜ਼ ਨਮਕ-ਮਸਾਲਿਆਂ ਵਾਲਾ ਖਾਣਾ, ਖੰਡ ਅਤੇ ਮੈਦਾ ਨਾ ਵਰਤ ਕੇ ਬਹੁਤ ਹੱਦ ਤੱਕ ਅਸੀਂ ਬਿਮਾਰੀਆਂ ਤੋਂ ਬਚ ਸਕਦੇ ਹਾਂ। ਫਲ-ਫਰੂਟ,ਸਬਜ਼ੀਆਂ ਅਤੇ ਪ੍ਰੋਟੀਨ ਯੁਕਤ ਭੋਜਨ ਕਰਨਾ ਸਿਹਤ ਲਈ ਲਾਭਦਾਇਕ ਹੈ। ਰਾਤ ਦਾ ਖਾਣਾ ਜਲਦੀ ਖਾਓ, ਖਾਣਾ ਖਾਣ ਅਤੇ ਸੌਣ ਦੇ ਵਿਚਕਾਰ ਘੱਟੋ-ਘੱਟ 2-3 ਘੰਟੇ ਦਾ ਅੰਤਰ ਹੋਣਾ ਚਾਹੀਦਾ ਹੈ, ਤਾਂ ਜੋ ਭੋਜਨ ਨੂੰ ਪਾਚਣ ਲਈ ਸਹੀ ਸਮਾਂ ਮਿਲ ਜਾਵੇ ਅਤੇ ਨੀਂਦ ਪੂਰੀ ਹੋਵੇ।

**ਆਦਤਾਂ 'ਚ ਬਦਲਾਵ:** ਸਿਹਤ ਨਾਲ ਸੰਬੰਧਤ ਹਰ ਕਦਮ 'ਤੇ ਅਸੀਂ ਲਾਪਰਵਾਹ ਬਣਦੇ ਜਾ ਰਹੇ ਹਾਂ,ਅੱਜ ਸਾਡੇ ਸਮਾਜ ਵਿੱਚ ਸ਼ਰਾਬ ਪੀਣਾ ਤਾਂ ਹੁਣ ਆਮ ਜਿਹੀ ਗੱਲ ਹੈ ਤੇ ਇਹ ਅਮੀਰੀ ਜਾਂ ਸਟੇਟਸ ਸਿੰਬਲ ਬਣ ਗਿਆ ਹੈ, ਛੋਟੀ ਉਮਰ ਦੇ ਨੌਜਵਾਨਾਂ ਵਿੱਚ ਤੰਬਾਕੂ-ਸਿਗਰਟ, ਸਮੈਕ, ਗਾਂਜਾ, ਚਿੱਟਾ ਅਤੇ ਹੋਰ ਕਈ ਪ੍ਰਕਾਰ ਦੇ ਨਸ਼ਿਆਂ ਦੀ ਮਾੜੀ ਆਦਤ ਭਿਆਨਕ ਬਿਮਾਰੀਆਂ ਨੂੰ ਸੱਦਾ ਹੈ। ਇਨ੍ਹਾਂ ਸਭ ਆਦਤਾਂ ਤੋਂ ਦੂਰ ਰਹੋ।ਜਿੰਨਾ ਹੋ ਸਕੇ ਹੱਥੀ ਕੰਮ ਕਰੋ, ਮੋਬਾਇਲ, ਟੀ.ਵੀ ਜਾਂ ਕੰਪਿਊਟਰ ਦੀ ਵਰਤੋਂ ਘਟਾਓ,ਲਿਫਟ ਦੀ ਬਜਾਏ ਪੌੜੀਆਂ ਦੀ ਵਰਤੋ ਕਰੋ,ਨੇੜੇ ਜਾਣਾ ਹੋਵੇ ਤਾਂ ਕਾਰ ਜਾਂ ਸਕੂਟਰ ਦੀ ਬਜਾਏ ਪੈਦਲ ਜਾਂ ਸਾਈਕਲ 'ਤੇ ਜਾਓ। ਮਾਨਸਿਕ ਸਿਹਤ ਤੰਦਰੁਸਤੀ ਲਈ ਸਕਾਰਾਤਮਕ ਸੋਚ ਰੱਖੋ, ਸੰਤੁਸ਼ਟ ਤੇ ਖੁਸ਼ ਰਹਿਣ ਦੀ ਕੋਸ਼ਿਸ਼ ਕਰੋ ਅਤੇ ਈਰਖਾ ਦੀ ਭਾਵਨਾ ਤੋਂ ਬਚਣਾ ਚਾਹੀਦਾ ਹੈ,ਸਮਾਜਿਕ ਅਤੇ ਪਰਵਾਰਕ ਰਿਸ਼ਤੇ ਦਿਲੋਂ ਨਿਭਾਓ।

**ਅੱਜ ਹੀ ਬਣਵਾਓ ਸਿਹਤ ਬੀਮਾ ਕਾਰਡ** : ਅਚਾਨਕ ਬਿਮਾਰ ਪੈ ਜਾਣ ਜਾਂ ਗੰਭੀਰ ਰੋਗ ਦਾ ਸਾਹਮਣਾ ਕਰਨਾ ਨਾ ਸਿਰਫ਼ ਤਕਲੀਫ਼ਦੇਹ ਹੁੰਦਾ ਹੈ, ਸਗੋਂ ਇਹ ਆਰਥਿਕ ਤੌਰ 'ਤੇ ਵੀ ਬਹੁਤ ਭਾਰੀ ਪੈਂਦਾ ਹੈ। ਕਈ ਵਾਰ ਦਵਾਈਆਂ ਅਤੇ ਇਲਾਜ ਦੇ ਭਾਰੀ ਖਰਚੇ ਕਾਰਨ ਪਰਿਵਾਰ ਗੰਭੀਰ ਮੁਸੀਬਤ ਵਿੱਚ ਫਸ ਜਾਂਦੇ ਹਨ। ਇਸੇ ਚੁਣੌਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੀ ਸਿਹਤ ਸੁਰੱਖਿਆ ਲਈ ਕੋਈ ਨਾ ਕੋਈ ਸਿਹਤ ਬੀਮਾ ਜ਼ਰੂਰ ਕਰਵਾਓ, ਪੰਜਾਬ ਸਰਕਾਰ ਵੱਲੋਂ ਤਾਂ ਸੂਬੇ ਦੇ ਹਰ ਨਾਗਰਿਕ ਲਈ 10 ਲੱਖ ਤੱਕ ਦਾ ਮੁਫ਼ਤ ਇਲਾਜ ਕਰਨ ਵਾਲੀ ਲਾਂਚ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਕਾਰਡ ਸਕੀਮ ਇੱਕ ਬਹੁਤ ਹੀ ਸ਼ਲਾਘਾਯੋਗ ਅਤੇ ਜਨ-ਹਿਤੈਸ਼ੀ ਕਦਮ ਹੈ।ਇਸ ਕਾਰਡ ਦੇ ਜ਼ਰੀਏ ਰਾਜ ਦੇ ਸਾਰੇ ਨਾਗਰਿਕਾਂ ਨੂੰ ਸਕੀਮ ਵਿੱਚ ਸ਼ਾਮਿਲ ਸਰਕਾਰੀ ਅਤੇ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਗਈ ਹੈ,ਹੋਰ ਤਾਂ ਹੋਰ ਇਸ ਯੋਜਨਾ ਵਿੱਚ ਆਮਦਨ ਦੀ ਕੋਈ ਪਾਬੰਦੀ ਨਹੀ ਰੱਖੀ ਗਈ ਅਤੇ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਵੀ ਇਸ ਵਿੱਚ ਸ਼ਾਮਿਲ ਕੀਤਾ ਗਿਆ ਹੈ। ਕਾਰਡ ਧਾਰਕਾਂ ਨੂੰ ਸਕੀਮ ਵਿੱਚ ਵਧੀਆ ਵੱਡੇ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਚੰਗੀਆਂ ਸਿਹਤ ਸੇਵਾਵਾਂ ਪ੍ਰਾਪਤ ਕਰਨ ਦਾ ਮੌਕਾ ਮਿਲਿਆ ਹੈ। ਇਸ ਸਿਹਤ ਦਿਵਸ ਮੌਕੇ ਸਭ ਨੂੰ ਅਪੀਲ ਹੈ ਕਿ ਆਪਣਾ ਅਤੇ ਆਪਣੇ ਪਰਿਵਾਰਕ ਮੈਂਬਰਾਂ ਦਾ ਅੱਜ ਹੀ ਸਿਹਤ ਬੀਮਾ ਕਾਰਡ ਬਣਵਾਓ।

# ਸੰਪਰਕ : 98146-56257

# ਆਈ ਏ ਐਸ ਬਨਾਮ ਨਵੀਨਤਾ



ਵਿਜੈ ਗਰਗ

ਭਾਰਤ ਵਿੱਚ ਆਈ ਏ ਐੱਸ ਨੂੰ ਸਮਾਜ ਵਿੱਚ ਸਭ ਤੋਂ ਉੱਚਾ ਦਰਜਾ ਪ੍ਰਾਪਤ ਹੈ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਨੌਕਰਸ਼ਾਹੀ ਨੇ ਦੇਸ਼ ਦੀ ਵਿਭਿੰਨਤਾ ਨੂੰ ਸੰਭਾਲਣ ਅਤੇ ਕਾਨੂੰਨ ਅਤੇ ਵਿਵਸਥਾ ਬਣਾਈ ਰੱਖਣ ਵਿੱਚ ਵੱਡੀ ਭੂਮਿਕਾ ਨਿਭਾਈ ਹੈ, ਪਰ ਜਦੋਂ ਰੂਕੂ ਆਈਡੀਆਜ਼ ਜਾਂ ਵਿਸ਼ਵ ਪੱਧਰ 'ਤੇ ਗੇਮ-ਚੇਂਜਿੰਗ ਇਨੋਵੇਸ਼ਨ ਦੀ ਗੱਲ ਆਉਂਦੀ ਹੈ, ਤਾਂ ਇਹ ਸਿਸਟਮ ਅਕਸਰ ਪਿੱਛੇ ਰਹਿ ਜਾਂਦਾ ਹੈ।

ਪ੍ਰਸ਼ਾਸਨ ਬਨਾਮ ਖੋਜ ਇੱਕ ਆਈ ਏ ਐਸ ਅਧਿਕਾਰੀ ਦਾ ਮੁੱਖ ਕੰਮ ਮੌਜੂਦਾ ਪ੍ਰਣਾਲੀਆਂ ਨੂੰ ਕੁਸ਼ਲਤਾ ਨਾਲ ਚਲਾਉਣਾ ਹੈ। ਉਹ ਪ੍ਰਬੰਧਕ ਹਨ, ਸਿਰਜਣਹਾਰ ਨਹੀਂ।

ਇੱਕ ਵਿਗਿਆਨੀ ਕੁਝ ਵੀ ਨਹੀਂ ਤੋਂ ਕੁਝ ਨਵਾਂ ਬਣਾਉਂਦਾ ਹੈ। ਇੱਕ ਨਵੀਨਤਾਕਾਰੀ ਪੁਰਾਣੀਆਂ ਸਮੱਸਿਆਵਾਂ ਦਾ ਬਿਲਕੁਲ ਨਵਾਂ ਹੱਲ (ਜਿਵੇਂ ਕਿ ਯੂ ਪੀ ਆਈ ਜਾਂ ਆਦਿਵਾਸੀ ਟੀਕਾ) ਲੱਭਦਾ ਹੈ। ਪ੍ਰਸ਼ਾਸਨ ਸਿਰਫ਼ ਇਨ੍ਹਾਂ ਸਹੂਲਤਾਂ ਨੂੰ ਜਨਤਾ ਤੱਕ ਪਹੁੰਚਾਉਣ ਦਾ ਸਾਧਨ ਬਣਦਾ ਹੈ। ਜੋਖਮ ਲੈਣ ਦੀ ਘਾਟ ਵਿਗਿਆਨੀ ਅਤੇ ਨਵੀਨਤਾਕਾਰ ਅਸਫਲਤਾ ਤੋਂ ਸਿੱਖਦੇ ਹਨ। ਥਾਮਸ ਐਡੀਸਨ ਹਜ਼ਾਰਾਂ ਵਾਰ ਅਸਫਲ ਰਿਹਾ, ਫਿਰ ਹੀ ਬਲਬ ਬਣ ਗਿਆ। ਇਸ ਦੇ ਉਲਟ ਸਰਕਾਰੀ ਮਸ਼ੀਨ ਵਿੱਚ ਫੇਲੀਅਰ ਦਾ ਅਰਥ ਹੈ ਮੁਅੱਤਲ ਜਾਂ ਜਾਂਚ। ਇਸ ਲਈ ਕੋਈ ਵੀ ਅਧਿਕਾਰੀ ਲੀਕ ਤੋਂ ਬਾਹਰ ਨਿਕਲਣ ਅਤੇ ਕੁਝ ਰਾਜਕ ਕਰਨ ਦੀ ਬਜਾਏ ਸੁਰੱਖਿਅਤ ਰਸਤਾ ਅਪਣਾਉਣਾ ਬਿਹਤਰ ਸਮਝਦਾ ਹੈ।

**ਵਿਗਿਆਨੀ** : ਜੋ ਊਰਜਾ ਸੰਕਟ, ਜਲਵਾਯੂ ਪਰਿਵਰਤਨ ਅਤੇ ਨਵੀਆਂ ਬਿਮਾਰੀਆਂ ਦਾ ਇਲਾਜ ਲੱਭ ਸਕਦੇ ਹਨ। ਨਵੀਨਤਾਕਾਰੀ: ਜੋ ਕਿ ਖੇਤੀ ਤੋਂ ਲੈ ਕੇ ਕੂੜੇ ਪ੍ਰਬੰਧਨ ਤੱਕ ਸਸਤੀਆਂ ਅਤੇ ਪ੍ਰਭਾਵਸ਼ਾਲੀ ਤਕਨੀਕਾਂ ਵਿਕਸਤ ਕਰ ਸਕਦੇ ਹਨ। ਉੱਦਮੀ: ਜੋ ਸਿਰਫ਼ ਸਰਕਾਰੀ ਨੌਕਰੀਆਂ ਦੀ ਮੰਗ ਨਹੀਂ ਕਰਦੇ, ਸਗੋਂ ਹਜ਼ਾਰਾਂ ਲੋਕਾਂ ਲਈ ਰੁਜ਼ਗਾਰ ਪੈਦਾ ਕਰਦੇ ਹਨ। ਤਬਦੀਲੀ ਦੀ ਲਹਿਰ: ਜਨਰਲ ਤੋਂ ਸਪੈਸ਼ਲਿਸਟ ਵੱਲ ਹੁਣ ਸਮਾਂ ਆ ਗਿਆ ਹੈ ਕਿ ਅਸੀਂ ਆਪਣੀ ਸਿੱਖਿਆ ਪ੍ਰਣਾਲੀ ਅਤੇ ਸਮਾਜਿਕ ਸੋਚ ਨੂੰ ਬਦਲੀਏ।

**ਮੁਹਾਰਤ:** ਸਾਨੂੰ ਜਨਰਲ ਪ੍ਰਸ਼ਾਸਕਾਂ ਦੀ ਥਾਂ ਉਸ ਖੇਤਰ ਦੇ ਮਾਹਰਾਂ (ਜਿਵੇਂ ਕਿ ਹੈੱਲਥ ਟੈਕ, ਏ ਆਈ, ਅਤੇ ਸਪੇਸ ਸਾਇੰਸ) ਨੂੰ ਫੈਸਲਾ ਲੈਣ ਦੀ ਸ਼ਕਤੀ ਦੇਣੀ ਪਵੇਗੀ। ਸਨਮਾਨ ਦੀ ਮੁੜ ਵੰਡ: ਜਦੋਂ ਸਮਾਜ ਵਿੱਚ ਇੱਕ ਪੇਟੈਂਟ ਦੇਣ ਵਾਲੇ ਵਿਗਿਆਨੀ ਨੂੰ ਕੁਲੈਕਟਰ ਦੇ ਬਰਾਬਰ ਜਾਂ ਵੱਧ ਸਤਿਕਾਰ ਮਿਲਦਾ ਹੈ, ਤਾਂ ਦੇਸ਼ ਦਾ ਨੌਜਵਾਨ ਪ੍ਰਯੋਗਸ਼ਾਲਾ ਵੱਲ ਖਿੱਚਿਆ ਜਾਵੇਗਾ। ਪ੍ਰਸ਼ਾਸਨ ਦੇਸ਼ ਨੂੰ ਸਥਿਰਤਾ ਦਿੰਦਾ ਹੈ, ਪਰ ਨਵੀਨਤਾ ਦੇਸ਼ ਨੂੰ ਮਹਾਨ ਬਣਾਉਂਦੀ ਹੈ।

ਭਾਰਤ ਵਰਗੇ ਵਿਸ਼ਾਲ ਅਤੇ ਵਿਭਿੰਨ ਦੇਸ਼ ਦੇ ਸਾਹਮਣੇ ਅੱਜ ਕਈ ਵੱਡੀਆਂ ਚੁਣੌਤੀਆਂ ਹਨ। ਜਨਸੰਖਿਆ, ਵਾਤਾਵਰਣ ਸੰਕਟ, ਊਰਜਾ ਦੀ ਵਧਦੀ ਮੰਗ, ਖੇਤੀਬਾੜੀ ਸਮੱਸਿਆਵਾਂ ਅਤੇ ਤਕਨੀਕੀ ਮੁਕਾਬਲਾ। ਇਹਨਾਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਸਿਰਫ਼ ਪ੍ਰਸ਼ਾਸਕੀ ਪ੍ਰਬੰਧਨ ਹੀ ਕਾਫ਼ੀ ਨਹੀਂ, ਸਗੋਂ ਵਿਗਿਆਨਕ ਸੋਚ ਅਤੇ ਨਵੀਨਤਾ ਦੀ ਵੀ ਲੋੜ ਹੈ।

ਅਕਸਰ ਇਹ ਚਰਚਾ ਹੁੰਦੀ ਹੈ ਕਿ ਦੇਸ਼ ਵਿੱਚ ਪ੍ਰਸ਼ਾਸਕੀ ਸੇਵਾਵਾਂ, ਖਾਸ ਕਰਕੇ ਭਾਰਤੀ ਪ੍ਰਬੰਧਕੀ ਸੇਵਾ ਨੂੰ ਬਹੁਤ ਮਾਣ ਅਤੇ ਮਹੱਤਵ ਦਿੱਤਾ ਜਾਂਦਾ ਹੈ। ਇਹ ਸੱਚ ਹੈ ਕਿ ਆਈ ਏ ਐਸ ਅਧਿਕਾਰੀ ਸ਼ਾਸਨ ਅਤੇ ਨੀਤੀਆਂ ਨੂੰ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਪਰ ਦੇਸ਼ ਦੇ ਲੰਮੇ ਸਮੇਂ ਦੇ ਵਿਕਾਸ ਲਈ ਸਿਰਫ਼ ਪ੍ਰਸ਼ਾਸਕੀ ਢਾਂਚਾ ਹੀ ਕਾਫ਼ੀ ਨਹੀਂ ਹੁੰਦਾ। ਇਸ ਲਈ ਵਿਗਿਆਨੀਆਂ, ਖੋਜਕਰਤਾਵਾਂ ਅਤੇ ਨਵੀਨਤਾਕਾਰੀ ਨੌਜਵਾਨਾਂ ਦੀ ਵੀ ਓਨੀ ਹੀ ਲੋੜ ਹੈ।

**ਪ੍ਰਸ਼ਾਸਨ ਅਤੇ ਨਵੀਨਤਾ ਦਾ ਸੰਤੁਲਨ** : ਆਈਏਐਸ ਅਧਿਕਾਰੀ ਨੀਤੀਆਂ ਲਾਗੂ ਕਰਦੇ ਹਨ, ਯੋਜਨਾਵਾਂ ਚਲਾਉਂਦੇ ਹਨ ਅਤੇ ਪ੍ਰਸ਼ਾਸਕੀ ਪ੍ਰਬੰਧਾਂ ਨੂੰ ਸੁਚਾਰੂ ਬਣਾਉਂਦੇ ਹਨ। ਪਰ ਨਵੀਆਂ ਤਕਨੀਕਾਂ, ਵਿਗਿਆਨਕ ਖੋਜਾਂ ਅਤੇ ਉਦਯੋਗਿਕ ਨਵੀਨਤਾਵਾਂ ਤੋਂ ਬਿਨਾਂ ਕਿਸੇ ਵੀ ਦੇਸ਼ ਦੀ ਤਰੱਕੀ ਸੀਮਤ ਰਹਿੰਦੀ ਹੈ।

ਇਤਿਹਾਸ ਦਰਸਾਉਂਦਾ ਹੈ ਕਿ ਜਿਨ੍ਹਾਂ ਦੇਸ਼ਾਂ ਨੇ ਵਿਗਿਆਨ ਅਤੇ ਖੋਜ ਨੂੰ ਤਰਜੀਹ ਦਿੱਤੀ, ਉਹ ਤੇਜ਼ੀ ਨਾਲ ਵਿਸ਼ਵ ਪੱਧਰ 'ਤੇ ਅੱਗੇ ਵਧੇ। ਉਦਾਹਰਣ ਵਜੋਂ ਪੁਲਾੜ ਵਿਗਿਆਨ, ਸੂਚਨਾ ਤਕਨਾਲੋਜੀ ਅਤੇ ਦਵਾਈ ਦੇ ਖੇਤਰਾਂ ਵਿੱਚ ਕੰਮ ਕਰਨ ਵਾਲੇ ਵਿਗਿਆਨੀਆਂ ਨੇ ਮਨੁੱਖੀ ਜੀਵਨ ਨੂੰ ਨਵੀਂ ਦਿਸ਼ਾ ਦਿੱਤੀ ਹੈ।

### ਵਿਗਿਆਨੀਆਂ ਦੀ ਭੂਮਿਕਾ

ਭਾਰਤ ਵਿੱਚ ਵੀ ਬਹੁਤ ਸਾਰੇ ਮਹਾਨ ਵਿਗਿਆਨੀ ਰਹੇ ਹਨ, ਜਿਨ੍ਹਾਂ ਦੇਸ਼ ਦੀ ਪਛਾਣ ਵਿਸ਼ਵ ਪੱਧਰ 'ਤੇ ਸਥਾਪਤ ਕੀਤੀ ਹੈ। ਜਿਵੇਂ ਕਿ ਏ. ਪੀ ਜੇ. ਅਬਦੁਲ ਕਲਾਮ, ਜਿਨ੍ਹਾਂ ਨੇ ਮਿਜ਼ਾਈਲ ਅਤੇ ਪੁਲਾੜ ਪ੍ਰੋਗਰਾਮ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਇਆ ਅਤੇ ਸੀ. ਵੀ. ਰਮਨ, ਜਿਨ੍ਹਾਂ ਦੀ ਖੋਜ ਨੇ ਵਿਗਿਆਨ ਦੀ ਦੁਨੀਆ ਵਿੱਚ ਭਾਰਤ ਦਾ ਨਾਂਅ ਰੋਸ਼ਨ ਕੀਤਾ।

ਇਨ੍ਹਾਂ ਵਿਗਿਆਨੀਆਂ ਦੇ ਯੋਗਦਾਨ ਨੇ ਇਹ ਸਾਬਤ ਕੀਤਾ ਕਿ ਗਿਆਨ ਅਤੇ ਖੋਜ ਦੇਸ਼ ਦੀ ਦਿਸ਼ਾ ਬਦਲ ਸਕਦੀ ਹੈ।

**ਨਵੀਨਤਾ ਦੀ ਲੋੜ** : ਅੱਜ ਦੇ ਸਮੇਂ ਵਿੱਚ ਦੁਨੀਆ ਕਲਾਤਮਕ ਬੁੱਧੀ, ਬਾਇਓ-ਪ੍ਰਮਾਣਿਕਤਾ, ਪੁਲਾੜ ਖੋਜ ਅਤੇ ਨਵਿਆਉਣਯੋਗ ਊਰਜਾ ਵਰਗੇ ਖੇਤਰਾਂ ਵਿੱਚ ਤੇਜ਼ੀ ਨਾਲ ਅੱਗੇ ਵਧ ਰਹੀ ਹੈ। ਜੇਕਰ ਭਾਰਤ ਨੂੰ ਵਿਸ਼ਵਵਿਆਪੀ ਮੁਕਾਬਲੇ ਵਿੱਚ ਮਜ਼ਬੂਤ ਹੋਣਾ ਹੈ, ਤਾਂ ਨੌਜਵਾਨਾਂ ਨੂੰ ਵਿਗਿਆਨ, ਖੋਜ ਅਤੇ ਨਵੀਨਤਾ ਵੱਲ ਪ੍ਰੇਰਿਤ ਕਰਨਾ ਪਵੇਗਾ।

ਸਕੂਲਾਂ ਅਤੇ ਯੂਨੀਵਰਸਿਟੀਆਂ ਵਿੱਚ ਖੋਜ ਸੱਭਿਆਚਾਰ ਵਿਕਸਤ ਕਰਨਾ, ਪ੍ਰਯੋਗਸ਼ਾਲਾਵਾਂ ਨੂੰ ਮਜ਼ਬੂਤ ਬਣਾਉਣਾ ਅਤੇ ਵਿਗਿਆਨਕ ਸੋਚ ਨੂੰ ਉਤਸ਼ਾਹਤ ਕਰਨਾ ਸਮੇਂ ਦੀ ਮੰਗ ਹੈ।

### ਨੌਜਵਾਨਾਂ ਲਈ ਸੁਨੇਹਾ

ਅੱਜ ਬਹੁਤ ਸਾਰੇ ਨੌਜਵਾਨ ਸਿਰਫ਼ ਪ੍ਰਸ਼ਾਸਕੀ ਸੇਵਾਵਾਂ ਜਾਂ ਸਰਕਾਰੀ ਨੌਕਰੀਆਂ ਨੂੰ ਹੀ ਸਫਲਤਾ ਦਾ ਇੱਕੋ-ਇੱਕ ਰਸਤਾ ਸਮਝਦੇ ਹਨ, ਜਦੋਂ ਕਿ ਦੇਸ਼ ਨੂੰ ਉਨ੍ਹਾਂ ਨੌਜਵਾਨਾਂ ਦੀ ਵੀ ਲੋੜ ਹੈ, ਜੋ ਨਵੀਆਂ ਤਕਨਾਲੋਜੀਆਂ ਵਿਕਸਤ ਕਰਨ, ਵਿਗਿਆਨਕ ਖੋਜਾਂ ਕਰਨ ਅਤੇ ਸਮਾਜ ਦੀਆਂ ਸਮੱਸਿਆਵਾਂ ਦੇ ਨਵੇਂ ਹੱਲ ਲੱਭਣ।

ਜੇਕਰ ਜ਼ਿਆਦਾ ਤੋਂ ਵੱਧ ਨੌਜਵਾਨ ਵਿਗਿਆਨੀ, ਇੰਜੀਨੀਅਰ ਅਤੇ ਨਵੀਨਤਾਕਾਰੀ ਬਣਦੇ ਹਨ ਤਾਂ ਦੇਸ਼ ਦੀ ਆਰਥਿਕਤਾ, ਉਦਯੋਗ ਅਤੇ ਤਕਨਾਲੋਜੀ ਦੇ ਸਾਰੇ ਖੇਤਰਾਂ ਵਿੱਚ ਤੇਜ਼ੀ ਨਾਲ ਤਰੱਕੀ ਹੋਵੇਗੀ।

**ਸਿੱਟਾ:** ਪ੍ਰਸ਼ਾਸਕੀ ਸੇਵਾਵਾਂ ਦੇਸ਼ ਦੇ ਸਿਸਟਮ ਨੂੰ ਮਜ਼ਬੂਤ ਕਰਦੀਆਂ ਹਨ, ਪਰ ਅਸਲ ਤਬਦੀਲੀ ਅਕਸਰ ਵਿਗਿਆਨ ਅਤੇ ਨਵੀਨਤਾ ਰਾਹੀਂ ਆਉਂਦੀ ਹੈ। ਇਸ ਲਈ ਭਾਰਤ ਨੂੰ ਅਜਿਹੇ ਨੌਜਵਾਨਾਂ ਦੀ ਲੋੜ ਹੈ, ਜੋ ਸਿਰਫ਼ ਨੌਕਰੀਆਂ ਪ੍ਰਾਪਤ ਕਰਨ ਦੀ ਬਜਾਏ ਨਵੀਆਂ ਖੋਜਾਂ ਅਤੇ ਨਵੇਂ ਵਿਚਾਰਾਂ ਦਾ ਸਾਹਮਣਾ ਕਰਨ ਦੇ ਦਲੇਰ ਹੋਣ।

ਜਦੋਂ ਪ੍ਰਬੰਧਕੀ ਕੁਸ਼ਲਤਾ ਅਤੇ ਵਿਗਿਆਨਕ ਨਵੀਨਤਾ ਇਕੱਠੇ ਕੰਮ ਕਰਨਗੇ, ਤਾਂ ਹੀ ਭਾਰਤ ਇੱਕ ਮਜ਼ਬੂਤ, ਸਵੈ-ਨਿਰਭਰ ਅਤੇ ਵਿਕਸਤ ਰਾਸ਼ਟਰ ਵਜੋਂ ਉੱਭਰੇਗਾ।

## ਪਾਠਕ-ਸੱਥ

### ਨਵੀਆਂ ਜਮਾਤਾਂ ਲਈ ਬਣਾਉ ਠੋਸ ਰਣਨੀਤੀ

ਮਾਰਚ ਮਹੀਨਾ ਲੰਘ ਗਿਆ ਹੈ ਤੇ ਅਪ੍ਰੈਲ ਮਹੀਨੇ ਦੀ ਰੌਸ਼ਨੀ ਦੀ ਕਿਰਨ ਨਾਲ ਜਿਥੇ ਵਿੱਤੀ ਸਾਲ 2026-2027 ਸ਼ੁਰੂ ਹੋ ਜਾਵੇਗਾ, ਉਸ ਦੇ ਨਾਲ-ਨਾਲ ਨਵੇਂ ਵਿੱਦਿਅਕ ਸੈਸ਼ਨ ਦੀ ਵੀ ਸ਼ੁਰੂਆਤ ਹੋ ਜਾਵੇਗੀ। ਕੁੱਝ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਨੇ ਤਾਂ ਆਪਣੇ ਸਕੂਲਾਂ ਦੀ ਦਾਖਲਾ ਮੁਹਿੰਮ ਨੂੰ ਹੁਲਾਰਾ ਦੇ ਵੀ ਦਿੱਤਾ ਹੈ, ਪਰੰਤੂ ਬੋਰਡ ਦੀਆਂ ਜਮਾਤਾਂ ਦੇ ਰਹਿੰਦੇ ਇੱਕਾ-ਦੁੱਕਾ ਪੇਪਰ ਹੋਣ ਬਾਅਦ ਦਾਖਲਾ ਮੁਹਿੰਮ ਹੋਰ ਰਫ਼ਤਾਰ ਫੜਦੀ ਨਜ਼ਰ ਆਵੇਗੀ। ਇਕੱਤੀ ਮਾਰਚ ਨੂੰ ਬੋਰਡ ਨੂੰ ਛੱਡ ਦੂਜੀਆਂ ਜਮਾਤਾਂ ਦੇ ਨਿਕਲੇ ਨਤੀਜੇ ਵਿਦਿਆਰਥੀਆਂ ਦੇ ਭਵਿੱਖ ਦਾ ਫੈਸਲਾ ਕਰਨਗੇ।ਪਾਸ ਹੋਏ ਵਿਦਿਆਰਥੀ ਅਗਲੀਆਂ ਜਮਾਤਾਂ ਦੀ ਤਿਆਰੀ ਕਰਨਗੇ, ਜਦਕਿ ਅਸਫ਼ਲਤਾ ਦਾ ਸ਼ਿਕਾਰ ਹੋਏ ਵਿਦਿਆਰਥੀ ਮੁੜ ਪੁਰਾਣੀਆਂ ਜਮਾਤਾਂ ਵਿੱਚ ਬੈਠਣਗੇ। ਸਫਲਤਾ ਅਤੇ ਅਸਫ਼ਲਤਾ ਜ਼ਿੰਦਗੀ ਦਾ ਸਰਮਾਇਆ ਹਨ, ਕਦੇ ਜਿੱਤਦੇ ਹਾਂ ਅਤੇ ਕਦੇ ਹਾਰਦੇ ਹਾਂ। ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਕਿ ਕੋਈ ਇੱਕ ਵਾਰ ਹਾਰਨ ਨਾਲ ਭਿਖਾਰੀ ਅਤੇ ਕੋਈ ਇੱਕ ਵਾਰ ਜਿੱਤਣ ਨਾਲ ਸਿਕੰਦਰ ਨਹੀਂ ਬਣ ਜਾਂਦਾ। ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀ ਸ਼ੁਰੂਆਤ ਤੋਂ ਹੀ ਆਪਣੀ ਰਣਨੀਤੀ ਤਿਆਰ ਕਰਨੀ ਹੋਵੇਗੀ, ਜਿਸ ਨਾਲ ਉਹ ਆਪਣੇ ਆਉਣ ਵਾਲੇ ਇਮਤਿਹਾਨਾਂ ਵਿੱਚ ਸਫਲਤਾ ਹਾਸਲ ਕਰ ਸਕਣ।

ਸਮਾਂ ਸਾਰਣੀ - ਵਿਦਿਆਰਥੀ ਜੀਵਨ ਵਿੱਚ ਸਮਾਂ ਸਾਰਣੀ ਦੀ ਮਹੱਤਤਾ ਨੂੰ ਅਣਗੌਲਿਆ ਨਹੀਂ ਕੀਤਾ ਜਾ ਸਕਦਾ। ਸਕੂਲਾਂ ਵਿੱਚ ਹੀ ਅਸੀਂ ਦੇਖਦੇ ਹਾਂ ਕਿ ਜਮਾਤ ਵਿੱਚ ਟਾਈਮ ਟੇਬਲ ਬਣਿਆ ਹੁੰਦਾ ਹੈ, ਜਿਸ 'ਤੇ ਕਿਹੜਾ ਵਿਸ਼ਾ ਕਦੋਂ ਅਤੇ ਕਿੰਨੇ ਵਜੇ ਪੜ੍ਹਾਇਆ ਜਾਵੇਗਾ, ਉਸ ਬਾਰੇ ਪੂਰੀ ਜਾਣਕਾਰੀ ਹੁੰਦੀ ਹੈ, ਬਿਲਕੁਲ ਉਸੇ ਤਰ੍ਹਾਂ ਵਿਦਿਆਰਥੀਆਂ ਨੂੰ ਘਰ ਵਿੱਚ ਵੀ ਸਮਾਂ ਸਾਰਣੀ ਬਣਾਉਣੀ ਹੋਵੇਗੀ, ਕਿਹੜਾ ਵਿਸ਼ਾ ਕਿੰਨਾ ਸਮਾਂ ਪੜ੍ਹਨਾ ਹੈ, ਕਦੋਂ ਸੌਣਾ ਹੈ, ਕਦੋਂ ਖੇਡਣਾ ਹੈ, ਇਸ ਬਾਰੇ ਪੂਰੀ ਅਗਾਊਂ ਤਿਆਰੀ ਕਰਨੀ ਹੋਵੇਗੀ।

**ਸਕੂਲ ਵਿੱਚ ਹਾਜ਼ਰੀ ਪੂਰੀ ਰੱਖੋ** - ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਉਹ ਲੋੜ ਅਨੁਸਾਰ ਹੀ ਛੁੱਟੀ ਲੈਣ। ਜ਼ਿਆਦਾ ਗੈਰ-ਹਾਜ਼ਰੀ ਵਿਦਿਆਰਥੀਆਂ ਦੇ ਸਿਲੇਬਸ ਦਾ ਨੁਕਸਾਨ ਕਰਵਾ ਸਕਦੀ ਹੈ। ਮਾਪਿਆਂ ਨੂੰ ਇਹ ਧਿਆਨ ਰੱਖਣਾ ਹੋਵੇਗਾ ਕਿ ਉਹਨਾਂ ਦੇ ਬੱਚੇ ਲਗਾਤਾਰ ਸਕੂਲ ਜਾਣ।

**ਮੋਬਾਇਲ ਅਤੇ ਸੋਸ਼ਲ ਮੀਡੀਏ ਦੀ ਵਰਤੋਂ** - ਅਜੋਕਾ ਸਮਾਂ ਸੋਸ਼ਲ ਮੀਡੀਏ ਦਾ ਸਮਾਂ ਹੈ। ਨਿੱਕੇ-ਨਿੱਕੇ ਹੱਥਾਂ ਵਿੱਚ ਫੜੇ ਮੋਬਾਇਲ ਤਕਨਾਲੋਜੀ ਦੇ ਯੁੱਗ ਦੀ ਨਿਸ਼ਾਨੀ ਹਨ।ਇਸ ਦੇ ਫਾਇਦੇ ਵੀ ਹਨ ਅਤੇ ਨੁਕਸਾਨ ਵੀ। ਪੜ੍ਹਾਈ ਕਰਨ ਲਈ ਅਤੇ ਕੁਝ ਸਿੱਖਣ ਲਈ ਇਹ ਵਰਦਾਨ ਹੈ, ਪਰੰਤੂ ਲੋੜੋਂ ਵੱਧ ਸੋਸ਼ਲ ਮੀਡੀਏ ਤੇ ਸਰਗਰਮ ਹੋਣਾ ਭਵਿੱਖ ਦਾ ਵਿਨਾਸ਼ ਹੈ। ਬੱਚਿਆਂ ਨੂੰ ਲੋੜ ਅਨੁਸਾਰ ਮੋਬਾਇਲ ਅਤੇ ਸੋਸ਼ਲ ਮੀਡੀਏ ਦੀ ਵਰਤੋਂ ਸੰਬੰਧੀ ਜਾਗਰੂਕ ਕਰਨਾ ਹੋਵੇਗਾ, ਲੋੜ ਪਵੇ ਤਾਂ ਮਾਪਿਆਂ ਅਤੇ ਅਧਿਆਪਕਾਂ ਨੂੰ ਵੀ ਵਿਦਿਆਰਥੀਆਂ 'ਤੇ ਸਖ਼ਤਾਈ ਵਰਤਣੀ ਹੋਵੇਗੀ, ਤਾਂ ਜੋ ਵਿਦਿਆਰਥੀ ਆਪਣਾ ਕੀਮਤੀ ਸਮਾਂ ਨਾ ਬਰਬਾਦ ਕਰ ਸਕਣ।

**ਖੇਡਾਂ ਵੀ ਜ਼ਰੂਰੀ** - ਹਲਕੀ ਫੁਲਕੀ ਕਸਰਤ ਦੇ ਨਾਲ-ਨਾਲ ਬੈਡਮਿੰਟਨ, ਟੈਨਿਸ ਅਤੇ ਲੋੜ ਅਨੁਸਾਰ ਕੋਈ ਵੀ ਖੇਡ ਦਾ ਸਹਾਰਾ ਲਿਆ ਜਾ ਸਕਦਾ ਹੈ, ਇਸ ਤਰ੍ਹਾਂ ਕਰਨ ਨਾਲ ਮਨ ਤਾਜ਼ਾ ਅਤੇ ਸਰੀਰ ਤੰਦਰੁਸਤੀ ਭਰਪੂਰ ਹੋਵੇਗਾ। ਇਨਡੋਰ ਗੇਮਾਂ ਦੀ ਬਜਾਏ ਆਊਟਡੋਰ ਗੇਮਾਂ, ਜਿਵੇਂ ਫੁੱਟਬਾਲ, ਕ੍ਰਿਕਟ, ਐਥਲੈਟਿਕਸ, ਖੋ-ਖੋ ਅਤੇ ਕਬੱਡੀ ਵਰਗੀਆਂ ਰਵਾਇਤੀ ਖੇਡਾਂ ਖੇਡਣਾ ਵੀ ਲਾਹੇਵੰਦ ਸਾਬਿਤ ਹੋ ਸਕਦੀਆਂ ਹਨ।

**ਸੰਤੁਲਿਤ ਭੋਜਨ ਜ਼ਰੂਰੀ** - ਸਰੀਰ ਨੂੰ ਤੰਦਰੁਸਤ ਅਤੇ ਬਿਮਾਰੀਆਂ ਤੋਂ ਸੁਰੱਖਿਆ ਪ੍ਰਦਾਨ ਕਰਨ ਦੇ ਨਾਲ ਨਾਲ ਸ਼ਰੀਰ ਨੂੰ ਊਰਜਾ ਭਰਪੂਰ ਰੱਖਣ ਲਈ ਸੰਤੁਲਿਤ ਭੋਜਨ, ਜਿਸ ਵਿੱਚ ਸਰੀਰ ਨੂੰ ਲੋੜ ਅਨੁਸਾਰ ਸਾਰੇ ਤੱਤ ਮੌਜੂਦ ਹੋਣ ਖਾਣੇ ਚਾਹੀਦੇ ਹਨ। ਜ਼ਿਆਦਾ ਤਲੇ ਅਤੇ ਘੀ ਭਰਪੂਰ ਚਰਬੀ ਵਾਲੇ ਪਦਾਰਥਾਂ ਖ਼ਾਸ ਕਰਕੇ ਫਾਸਟ ਫੂਡ ਤੋਂ ਪਰਹੇਜ਼ ਕਰਦੇ ਹੋਏ ਫ਼ਲ ਅਤੇ ਸਬਜ਼ੀਆਂ ਨੂੰ ਤਰਜ਼ੀਹ ਦੇਣੀ ਚਾਹੀਦੀ ਹੈ।

ਜਲਦੀ ਸੌਣਾ ਜਲਦੀ ਜਾਗਣਾ -ਅੰਗਰੇਜ਼ੀ ਵਿੱਚ ਇੱਕ ਕਥਨ ਬੜਾ ਮਸ਼ਹੂਰ ਹੈ ਕਿ Early to bed Early to rise keep the healthy and wise ਜਿਸ ਦਾ ਅਰਥ ਹੈ ਜਲਦੀ ਸੌਣ ਅਤੇ ਜ਼ਲਦੀ ਉੱਠਣ ਨਾਲ ਜਿਥੇ ਸਰੀਰ ਸਿਹਤਮੰਦ ਰਹਿੰਦਾ ਹੈ, ਉਥੇ ਕੰਮ ਸਮੇਂ ਸਿਰ ਕਰਨ ਨਾਲ ਜ਼ਿੰਦਗੀ ਵੀ ਖੁਸ਼ੀਆਂ ਭਰਪੂਰ ਹੋ ਜਾਂਦੀ ਹੈ।ਇਸ ਲਈ ਵਿਦਿਆਰਥੀਆਂ ਨੂੰ ਦੇਰ ਰਾਤ ਤੱਕ ਪੜ੍ਹਣ ਦੀ ਬਜਾਏ ਸਵੇਰੇ ਜਲਦੀ ਉੱਠਣ ਦੀ ਆਦਤ ਪਾਉਣੀ ਚਾਹੀਦੀ ਹੈ।ਈਰਖਾ ਤੋਂ ਬਣਾਓ ਦੂਰੀ - ਜਮਾਤ ਵਿੱਚ ਇੱਕ ਵਿਦਿਆਰਥੀ ਦੇ ਜ਼ਿਆਦਾ ਨੰਬਰ ਆਉਂਦੇ ਹਨ ਤਾਂ ਦੂਜੇ ਵਿਦਿਆਰਥੀ ਉਸ ਤੋਂ ਈਰਖਾ ਕਰਦੇ ਹੋਏ ਦੂਰੀ ਬਣਾ ਲੈਂਦੇ ਹਨ।ਰੱਬ ਨੇ ਸਾਨੂੰ ਸਾਰਿਆਂ ਨੂੰ ਇੱਕੋ ਜਿਹਾ ਦਿਮਾਗ ਦਿੱਤਾ ਹੈ, ਸਾਨੂੰ ਮਿਹਨਤ ਕਰਨੀ ਚਾਹੀਦੀ ਹੈ, ਮਿਹਨਤ ਕਰਕੇ ਅਸੀਂ ਵੀ ਚੰਗੇ ਨੰਬਰ ਹਾਸਲ ਕਰ ਸਕਦੇ ਹਾਂ। ਈਰਖਾ ਕਰਨ ਦੀ ਬਜਾਏ ਵਿਦਿਆਰਥੀਆਂ ਨੂੰ ਆਪਣੀ ਪੀੜ੍ਹੀ ਥੱਲੇ ਸੋਟਾ ਮਾਰਦੇ ਹੋਏ ਆਪਣੀ ਵਿਚਲੀ ਕਮੀਂ ਲੱਭਣੀ ਚਾਹੀਦੀ ਹੈ, ਜਿਸ ਨੂੰ ਦੂਰ ਕਰਕੇ ਚੰਗੇ ਅਤੇ ਸਫ਼ਲ ਵਿਦਿਆਰਥੀਆਂ ਦੇ ਰਾਹ 'ਤੇ ਤੁਰਿਆ ਜਾ ਸਕੇ।

- **ਰਜਵਿੰਦਰ ਪਾਲ ਸ਼ਰਮਾ**, 70873-67969

# ਮੈਰੀਟੋਰੀਅਸ ਅਧਿਆਪਕਾਂ ਵੱਲੋਂ ਵਿੱਤ ਮੰਤਰੀ ਦੀ ਕੋਠੀ ਦਾ ਘਿਰਾਓ

## ਲਿਖਤੀ ਭਰੋਸੇ ਤੋਂ ਬਾਅਦ ਧਰਨਾ ਕੀਤਾ ਖਤਮ




**ਸੰਗਰੂਰ (ਪ੍ਰਵੀਨ ਸਿੰਘ)**-ਮੈਰੀਟੋਰੀਅਸ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਸੰਗਰੂਰ ਵਿੱਚ ਵੱਡੇ ਪੱਧਰ 'ਤੇ ਤਿੱਖਾ ਧਰਨਾ ਪ੍ਰਦਰਸ਼ਨ ਕੀਤਾ ਗਿਆ।ਇਹ ਪ੍ਰਦਰਸ਼ਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਵਿਰੁੱਧ ਕੀਤਾ ਗਿਆ, ਕਿਉਂਕਿ ਲੰਬੇ ਸਮੇਂ ਤੋਂ ਅਧਿਆਪਕਾਂ ਦੀਆਂ ਜਾਇਜ਼ ਮੰਗਾਂ ਨੂੰ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ।ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਅਧਿਆਪਕਾਂ ਨੇ ਇਕੱਠੇ ਹੋ ਕੇ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਆਪਣਾ ਰੋਸ ਦਰਜ ਕਰਵਾਇਆ। ਮੈਰੀਟੋਰੀਅਸ ਟੀਚਰਜ਼ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਵਿਪਨੀਤ ਕੌਰ ਨੇ ਦੱਸਿਆ ਕੀ ਮੈਰੀਟੋਰੀਅਸ ਅਧਿਆਪਕ ਪਿਛਲੇ 11 ਸਾਲਾਂ ਤੋਂ ਮੈਰੀਟੋਰੀਅਸ ਸਕੂਲਾਂ ਵਿੱਚ ਕੱਚੇ ਤੌਰ 'ਤੇ ਸੇਵਾ ਨਿਭਾਅ ਰਹੇ ਹਨ ਤੇ ਉਨ੍ਹਾਂ ਦੀ ਮੁੱਖ ਮੰਗ ਮੈਰੀਟੋਰੀਅਸ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਰੈਗੂਲਰ ਕਰਨ ਦੀ ਹੈ।ਉਨ੍ਹਾਂ ਇਹ ਵੀ ਉਜਾਗਰ ਕੀਤਾ ਕਿ ਉਨ੍ਹਾਂ ਦੀ ਭਰਤੀ ਸਰਕਾਰੀ ਲੈਕਚਰਾਰਾਂ ਵਾਂਗ ਪੂਰੀ ਪ੍ਰਕਿਰਿਆ ਰਾਹੀਂ ਹੋਈ ਹੈ, ਯੋਗਤਾਵਾਂ ਵੀ ਉਨ੍ਹਾਂ ਦੇ ਬਰਾਬਰ ਹਨ ਤੇ ਕੰਮ ਵੀ ਉਨ੍ਹਾਂ ਦੇ ਸਮਾਨ ਹੀ ਲਿਆ ਜਾਂਦਾ ਹੈ, ਪਰ ਸਿਰਫ਼ ਕੱਚੇ ਹੋਣ ਕਰਕੇ ਉਨ੍ਹਾਂ ਨਾਲ ਪੰਜਾਬ ਸਰਕਾਰ ਵੱਲੋਂ ਵੱਡਾ ਭੇਦਭਾਵ ਕੀਤਾ ਜਾ ਰਿਹਾ ਹੈ।

ਯੂਨੀਅਨ ਦੇ ਜਨਰਲ ਸਕੱਤਰ ਡਾ. ਅਜੈ ਸ਼ਰਮਾ ਤੇ ਯੂਨੀਅਨ ਆਗੂ ਡਾ. ਟੀਨਾ ਨੇ ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਦੇ ਨਾਮ 'ਤੇ ਸਿਰਫ਼ ਭਰੋਸੇ ਦਿੱਤੇ ਜਾਂਦੇ ਹਨ, ਪਰ ਹਕੀਕਤ ਵਿੱਚ ਕੋਈ ਢੁੱਕਵਾਂ ਫੈਸਲਾ ਨਹੀਂ ਲਿਆ ਜਾਂਦਾ। 25 ਮਾਰਚ 2026 ਨੂੰ ਵਿੱਤ ਮੰਤਰੀ ਵੱਲੋਂ ਸਿੱਖਿਆ ਸੱਕਤਰ ਨੂੰ ਹਦਾਇਤ ਦਿੱਤੀ ਗਈ ਸੀ ਕੀ ਮੈਰੀਟੋਰੀਅਸ ਯੂਨੀਅਨ ਦੇ ਆਗੂਆਂ ਨਾਲ ਮੀਟਿੰਗ ਕਰਕੇ ਮੈਰੀਟੋਰੀਅਸ ਅਧਿਆਪਕਾਂ ਦੇ ਮਸਲੇ ਨੂੰ ਤੁਰੰਤ ਹੱਲ ਕੀਤਾ ਜਾਵੇ, ਪਰ ਅਜੇ ਤੱਕ ਇਸ ਸਬੰਧੀ ਕੋਈ ਢੁੱਕਵੀਂ ਕਾਰਵਾਈ ਨਹੀਂ ਹੋਈ, ਜਿਸ ਕਾਰਨ ਅਧਿਆਪਕਾਂ ਵਿੱਚ ਨਾਰਾਜ਼ਗੀ ਵਧ ਗਈ ਹੈ।ਧਰਨੇ ਦੌਰਾਨ ਰੈਗੂਲਰ ਕਰੋ ਤੇ ਵਾਅਦੇ ਪੂਰੇ ਕਰੋ ਵਰਗੇ ਨਾਅਰੇ ਗੂੰਜਦੇ ਰਹੇ। ਇਸ ਮੌਕੇ ਗੌਰਮਿੰਟ ਟੀਚਰ ਯੂਨੀਅਨ ਤੋਂ ਫ਼ਕੀਰ ਸਿੰਘ ਟਿੱਬਾ, ਸਰਬਜੀਤ ਸਿੰਘ ਪੁੰਨਾਵਾਲ, ਬੱਗਾ ਸਿੰਘ, ਜਗਰੂਪ ਸਿੰਘ ਉਪਲੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੈਰੀਟੋਰੀਅਸ ਅਧਿਆਪਕਾ ਨੂੰ ਜਲਦੀ ਸਿੱਖਿਆ ਵਿਭਾਗ ਵਿੱਚ ਰੈਗੂਲਰ ਕੀਤਾ ਜਾਵੇ।ਇਸ ਪ੍ਰਦਰਸ਼ਨ ਨਾਲ ਸੰਗਰੂਰ ਵਿੱਚ ਮਾਹੌਲ ਗਰਮਾਇਆ ਹੋਇਆ ਦਿਖਾਈ ਦਿੱਤਾ ਤੇ ਇਸੇ ਦਬਾਅ ਸਦਕਾ ਪ੍ਰਸ਼ਾਸਨ ਵੱਲੋਂ ਯੂਨੀਅਨ ਨਾਲ ਗੱਲਬਾਤ ਕੀਤੀ ਗਈ ਅਤੇ ਸਬ-ਕਮੇਟੀ ਨਾਲ 10 ਅਪ੍ਰੈਲ 2026 ਨੂੰ ਤੇ ਸਿੱਖਿਆ ਸੱਕਤਰ ਨਾਲ 7 ਅਪ੍ਰੈਲ 2026 ਨੂੰ ਮੀਟਿੰਗ ਕਰਵਾਉਣ ਦਾ ਲਿਖਤੀ ਪੱਤਰ ਦਿੱਤਾ ਗਿਆ।ਇਸ ਲਿਖਤੀ ਭਰੋਸੇ ਤੋਂ ਬਾਅਦ ਯੂਨੀਅਨ ਨੇ ਆਪਣਾ ਧਰਨਾ ਅਸਥਾਈ ਤੌਰ 'ਤੇ ਖਤਮ ਕਰ ਦਿੱਤਾ।ਹਾਲਾਂਕਿ ਯੂਨੀਅਨ ਦੇ ਆਗੂਆਂ ਦੇ ਨੇ ਚੇਤਾਵਨੀ ਦਿੱਤੀ ਕਿ ਜੇਕਰ ਇਸ ਵਾਰ ਵੀ ਕੋਈ ਢੁੱਕਵਾਂ ਨਤੀਜਾ ਸਾਹਮਣੇ ਨਾ ਆਇਆ ਤਾਂ ਸੰਘਰਸ਼ ਨੂੰ ਮੁੜ ਹੋਰ ਜ਼ੋਰਦਾਰ ਢੰਗ ਨਾਲ ਸ਼ੁਰੂ ਕੀਤਾ ਜਾਵੇਗਾ।

# ਅਕਾਲੀ ਦਲ ਨੂੰ ਝਟਕਾ, ਮਿੱਡੂਖੇੜਾ ਦੇ ਦਰਜਨਾਂ ਪਰਵਾਰ 'ਆਪ' 'ਚ ਸ਼ਾਮਲ

## ਖੁੱਡੀਆਂ ਨੇ ਪਾਰਟੀ 'ਚ ਸ਼ਾਮਲ ਹੋਣ ਵਾਲੇ ਪਰਵਾਰਾਂ ਦਾ ਕੀਤਾ ਸਵਾਗਤ



**ਮੁਕਤਸਰ/ਲੰਬੀ/ਗਿੱਦੜਬਾਹਾ (ਸ਼ਮਿੰਦਰ ਪਾਲ, ਪੂਜਾ/ਓਮ ਪ੍ਰਕਾਸ਼ ਸ਼ੇਖੂ/ਜਸਵੰਤ ਗਿੱਲ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਆਮ ਆਦਮੀ ਪਾਰਟੀ ਦੇ ਪਰਵਾਰਾਂ ਵਿੱਚ ਆਏ ਦਿਨ ਵਾਧਾ ਹੋ ਰਿਹਾ ਹੈ। ਇਸੇ ਕੜੀ ਤਹਿਤ ਲੰਬੀ ਹਲਕੇ ਦੇ ਪਿੰਡ ਬਿੱਟੂ ਖੇੜਾ ਵਿਖੇ ਦਰਜਨਾਂ ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਅਲਵਿਦਾ ਕਹਿ ਆਮ ਆਦਮੀ ਪਾਰਟੀ ਦੇ ਪਰਵਾਰ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਆਮ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਹਿਤੈਸ਼ੀ ਸਕੀਮਾਂ ਕਰਕੇ ਲੋਕਾਂ ਦਾ ਭਰੋਸਾ ਲਗਾਤਾਰ ਵੱਧ ਰਿਹਾ ਹੈ।ਇਸ ਦੌਰਾਨ ਸਹਿਜਪਾਲ ਸਿੰਘ ਜਟਾਣਾ, ਗੁਰਜੀਤ ਸਿੰਘ ਜਟਾਣਾ, ਸਰਬਜੀਤ ਸਿੰਘ ਜਟਾਣਾ, ਹਰਦੀਪ ਸਿੰਘ ਜਟਾਣਾ, ਕੁਲਦੀਪ ਸਿੰਘ ਜਟਾਣਾ, ਗੁਰਪ੍ਰੀਤ ਸਿੰਘ ਜਟਾਣਾ, ਰਮਨਪ੍ਰੀਤ ਸਿੰਘ ਤੇ ਗੁਰਤੇਜ ਸਿੰਘ ਸਮੇਤ ਹੋਰ ਪਰਵਾਰਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਚੇਅਰਮੈਨ ਰਸ਼ਪਾਲ ਸਿੰਘ ਖੁੱਡੀਆਂ, ਗੁਰਬਾਜ ਸਿੰਘ ਬਣਵਾਲਾ, ਦਰਸ਼ਨ ਸਿੰਘ (ਪ੍ਰਧਾਨ ਟਰੱਕ ਯੂਨੀਅਨ), ਚਰਨ ਸਿੰਘ ਫੌਜੀ, ਗੁਰਲਾਲ ਸਿੰਘ ਵੜਿੰਗ ਖੇੜਾ, ਕਰਮਵੀਰ ਸੰਨੀ (ਬਲਾਕ ਪ੍ਰਧਾਨ), ਟੋਜੀ ਲੰਬੀ, ਜਗਸੀਰ ਲੰਬੀ, ਕ੍ਰਿਸ਼ਨ ਮੈਂਬਰ, ਸਾਬਕਾ ਸਰਪੰਚ ਬਿੱਟੂ, ਜਗਦੀਸ਼ ਮੈਂਬਰ, ਕ੍ਰਿਸ਼ਨ ਕੁਮਾਰ ਮੈਂਬਰ, ਰਾਜੂ ਮੈਂਬਰ, ਸੁਖਬੀਰ ਸਿੰਘ ਮੈਂਬਰ, ਹਰਪਾਲ ਸਿੰਘ ਮੈਂਬਰ, ਗੁਰਪਾਲ ਸਿੰਘ, ਮਨਪ੍ਰੀਤ ਸਿੰਘ, ਬੱਬੂ ਨੰਬਰਦਾਰ, ਰਮਨਦੀਪ ਸਿੰਘ ਤੇ ਬਲਜੀਤ ਸਿੰਘ ਦਾਰਾ ਮੌਜੂਦ ਸਨ।

# 'ਆਪ' ਨੇ ਚੋਣ ਵਾਅਦਿਆਂ ਤੇ ਗਰੰਟੀਆਂ ਨੂੰ ਚਾਰ ਸਾਲਾਂ 'ਚ ਹੀ ਪੂਰਾ ਕੀਤਾ : ਦਹੀਆ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਆਮ ਆਦਮੀ ਪਾਰਟੀ ਨੇ ਪਿਛਲੀਆਂ ਚੋਣਾਂ ਸਮੇਂ ਪੰਜਾਬ ਦੇ ਲੋਕਾਂ ਨਾਲ ਕੀਤੇ ਜ਼ਿਆਦਾਤਰ ਚੋਣ ਵਾਅਦਿਆਂ ਤੇ ਦਿੱਤੀਆਂ ਗਰੰਟੀਆਂ ਨੂੰ ਪਹਿਲੇ ਚਾਰ ਸਾਲਾਂ ਵਿੱਚ ਹੀ ਪੂਰਾ ਕਰਕੇ ਇਕ ਨਵੀਂ ਪਿਰਤ ਪਾਈ ਹੈ। ਇਸ ਗੱਲ ਦਾ ਪ੍ਰਗਟਾਵਾ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਨੇ ਕਸਬਾ ਮਮਦੋਟ ਦੇ ਸੀਨੀਅਰ ਆਗੂ ਰਾਜਬੀਰ ਸਿੰਘ ਮਿੱਠਾ ਦੇ ਗ੍ਰਹਿ ਵਿਖੇ ਪਾਰਟੀ ਦੇ ਆਗੂਆਂ ਤੇ ਵਰਕਰਾਂ ਨਾਲ ਗੱਲਬਾਤ ਦੌਰਾਨ ਕੀਤਾ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਿਸਾਨਾਂ ਨੂੰ ਖੇਤੀ ਸੈਕਟਰ ਵਾਸਤੇ ਦਿਨ ਸਮੇਂ ਨਿਰਵਿਘਨ ਬਿਜਲੀ ਸਪਲਾਈ, ਹਰੇਕ ਘਰੇਲੂ ਖਪਤਕਾਰ ਨੂੰ 300 ਯੂਨਿਟ ਮਹੀਨਾ ਮੁਫ਼ਤ ਬਿਜਲੀ, ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਹਜ਼ਾਰਾਂ ਸੰਗਤਾਂ ਨੂੰ ਵੱਖ ਵੱਖ ਤੀਰਥ ਅਸਥਾਨਾ ਦੇ ਦਰਸ਼ਨ ਕਰਾਉਣੇ, ਪੰਜਾਬ ਦੀਆਂ ਨਹਿਰਾਂ ਤੇ ਖਾਲਿਆਂ ਨੂੰ ਪੱਕਾ ਕਰਕੇ ਟੇਲਾਂ ਤੱਕ ਪਾਣੀ ਪਹੁੰਚਾਉਣਾ, ਸਿੱਖਿਆ ਤੇ ਸਿਹਤ ਪ੍ਰਬੰਧਾਂ ਵਿੱਚ ਸੁਧਾਰ ਕਰਕੇ ਸਕੂਲ ਆਫ ਐਮੀਨੈਂਸ ਬਣਾਉਣੇ ਤੇ ਲੋੜਵੰਦ ਪਰਿਵਾਰਾਂ ਵਾਸਤੇ 10 ਲੱਖ ਦੀ ਸਿਹਤ ਬੀਮਾ ਯੋਜਨਾ, ਸੜਕੀ ਹਾਦਸਿਆਂ ਵਿੱਚ ਹੋ ਰਹੀਆਂ ਅਨਿਆਈਆਂ ਮੌਤਾਂ ਦੀ ਰੋਕਥਾਮ ਲਈ ਸੜਕ ਸੁਰੱਖਿਆ ਫੋਰਸ ਬਣਾਉਣਾ ਤੇ ਤਹਿਸੀਲਾਂ ਵਿੱਚ ਰਜਿਸਟਰੀਆਂ ਦੇ ਕੰਮ ਨੂੰ ਆਮ ਲੋਕਾਂ ਦੀ ਸਮਝ ਆਉਣ ਵਾਲੀ ਭਾਸ਼ਾ ਵਿੱਚ ਕਰਕੇ ਕੰਮ ਨੂੰ ਆਸਾਨ ਬਣਾਉਣਾ, ਬਿਨਾਂ ਸਿਫਾਰਿਸ਼ ਬਿਨਾਂ ਰਿਸ਼ਵਤ ਪੜ੍ਹੇ ਲਿਖੇ ਨੌਜਵਾਨ ਬੱਚਿਆਂ ਨੂੰ ਸਰਕਾਰੀ ਨੌਕਰੀਆਂ ਦੇਣਾ ਸਮੇਤ ਅਜਿਹੇ ਹੋਰ ਕਈ ਕੰਮ ਹਨ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਪਿਛਲੇ ਚਾਰ ਸਾਲਾਂ ਵਿੱਚ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹੁਣ ਪੰਜਵੇਂ ਵਰ੍ਹੇ ਪੰਜਾਬ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕੀਤਾ ਜਾਵੇਗਾ ਤੇ ਆਉਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਆਮ ਆਦਮੀ ਪਾਰਟੀ ਵਿਕਾਸ ਦੇ ਮੁੱਦੇ 'ਤੇ ਚੋਣਾਂ ਲੜੇਗੀ ਤੇ ਪਹਿਲਾਂ ਦੀ ਤਰ੍ਹਾਂ ਹੀ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਪੰਜਾਬ ਵਿੱਚ ਆਪਣੇ ਬਲਬੂਤੇ ਮੁੜ ਤੋਂ ਸਰਕਾਰ ਬਣਾਏਗੀ। ਇਸ ਮੌਕੇ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਦਲਜੀਤ ਸਿੰਘ ਬਾਬਾ ਉਪ ਪ੍ਰਧਾਨ ਨਗਰ ਪੰਚਾਇਤ ਮਮਦੋਟ, ਲਖਵਿੰਦਰ ਸਿੰਘ ਸਿੱਧੂ, ਦਿਲਸ਼ੇਰ ਸਿੰਘ ਜੋਧਪੁਰ, ਆਕਾਸ਼ ਰਾਊਕੇ, ਪਰਮਜੀਤ ਸਿੰਘ, ਤਰਸੇਮ ਸਿੰਘ ਸੋਨੂ ਛੱਪੜ, ਡਾਕਟਰ ਸੁਖਵਿੰਦਰ ਸਿੰਘ, ਜਗਦੀਸ਼ ਸਿੰਘ, ਸੁਭਾਸ਼ ਬੱਤਾ, ਹਰਜਿੰਦਰ ਸਿੰਘ ਸਿੰਧੀ ਤੇ ਵਿਧਾਇਕ ਦੇ ਨਿੱਜੀ ਸਕੱਤਰ ਪਵਨ ਕੁਮਾਰ ਸੋਲੰਕੀ ਸਮੇਤ ਹੋਰ ਕਈ ਆਗੂ ਹਾਜ਼ਰ ਸਨ।

## ਕਾਤਰਾਂ

### ਪੰਜਾਬ 'ਚ ਭਾਈਚਾਰਕ ਸਾਂਝ ਹਮੇਸ਼ਾ ਕਾਇਮ ਰਹੇਗੀ : ਭਗਤਾ



ਬਠਿੰਡਾ (ਰਾਜੀਵ ਗੋਇਲ)-ਬੀਤੇ ਦਿਨੀ ਸ਼ਰਾਰਤੀ ਅਨਸਰਾਂ ਵੱਲੋਂ ਭਾਜਪਾ ਦੇ ਚੰਡੀਗੜ੍ਹ ਸਥਿਤ ਦਫਤਰ 'ਤੇ ਕੀਤੇ ਗ੍ਰਨੇਡ ਹਮਲੇ ਨੂੰ ਲੈ ਕੇ ਗੱਲਬਾਤ ਕਰਦਿਆਂ ਭਾਜਪਾ ਦੇ ਸੀਨੀਅਰ ਆਗੂ ਗੁਰਬਿੰਦਰ ਭਗਤਾ ਨੇ ਕਿਹਾ ਹੈ ਕਿ ਉਨ੍ਹਾਂ ਦੀ ਪਾਰਟੀ ਪੰਜਾਬ ਵਿਰੋਧੀ ਅਨਸਰਾਂ ਦੇ ਮਨਸੂਬਿਆਂ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਵੇਗੀ ਤੇ ਪੰਜਾਬ ਅੰਦਰ ਹਮੇਸ਼ਾ ਭਾਈਚਾਰਕ ਸਾਂਝ ਕਾਇਮ ਰੱਖੀ ਜਾਵੇਗੀ। ਉਨ੍ਹਾਂ ਚਿੰਤਾ ਜ਼ਾਹਰ ਕੀਤੀ ਕਿ ਭਾਵੇਂ ਹੀ ਸੂਬੇ ਅੰਦਰ ਕਾਨੂੰਨ ਵਿਵਸਥਾ ਡਾਵਾਂਡੋਲ ਹੈ, ਪਰ ਭਾਜਪਾ ਕਦੇ ਵੀ ਆਮ ਲੋਕਾਂ ਦਾ ਨੁਕਸਾਨ ਨਹੀਂ ਹੋਣ ਦੇਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੂੰ ਟਿੱਪਣੀਆਂ ਕਰਨ ਦੀ ਬਜਾਏ ਨਿੱਜੀ ਤੌਰ 'ਤੇ ਇਸ ਮਾਮਲੇ ਵਿੱਚ ਦਖਲ ਅੰਦਾਜ਼ੀ ਕਰਕੇ ਕਾਰਵਾਈ ਕਰਵਾਉਣੀ ਚਾਹੀਦੀ ਹੈ।

### ਜੈਤੋ ਨੂੰ ਮਿਲ ਸਕਦੈ ਸਿਵਲ ਹਸਪਤਾਲ ਦਾ ਤੋਹਫ਼ਾ : ਭਗਤੂਆਣਾ

**ਜੈਤੋ (ਸਤੀਸ਼ ਕੁਮਾਰ ਭੀਰੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ 5 ਅਪ੍ਰੈਲ ਨੂੰ ਜੈਤੋ ਆਮਦ 'ਤੇ ਗਦਗਦ ਹੁੰਦੇ ਹੋਏ ਆਮ ਆਦਮੀ ਪਾਰਟੀ ਦੇ ਸਿਰਕੱਢ ਆਗੂ ਤੇ ਮਾਰਕਿਟ ਕਮੇਟੀ ਦੇ ਚੇਅਰਮੈਨ ਲਛਮਣ ਭਗਤੂਆਣਾ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਸਾਡੀ ਸਰਕਾਰ ਵੱਲੋਂ ਪੰਜਾਬ ਦੀ ਜਨਤਾ ਨਾਲ ਕੀਤੇ ਗਏ ਨਾ ਕੇਵਲ ਸਾਰੇ ਵਾਅਦੇ ਹੀ ਪੂਰੇ ਕੀਤੇ, ਬਲਕਿ ਪੰਜਾਬ ਨੂੰ ਵਿਕਾਸ ਕਾਰਜਾਂ ਦੀ ਲੜੀ ਵਿੱਚ ਪਿਰੋਅ ਦਿੱਤਾ ਗਿਆ ਹੈ।ਭਗਤੂਆਣਾ ਨੇ ਕਿਹਾ ਕਿ ਅਕਾਲੀ ਸਰਕਾਰ ਨੇ ਇਲਾਕੇ ਖਾਸਕਰ ਜੈਤੋ ਦੀ ਜਨਤਾ ਨਾਲ ਧ੍ਰੋਹ ਕਮਾਉਂਦੇ ਹੋਏ ਸੇਠ ਰਾਮ ਨਾਥ ਸਿਵਲ ਹਸਪਤਾਲ ਨੂੰ ਹੈਲਥ ਕਮਿਊਨਿਟੀ ਸੈਂਟਰ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ, ਜਿਸ ਨੂੰ ਅੱਗੇ ਆਉਣ ਵਾਲੀਆਂ ਸਰਕਾਰਾਂ ਨੇ ਵੀ ਗੰਭੀਰਤਾ ਨਾਲ ਨਹੀਂ ਲਿਆ ਤੇ ਹੁਣ ਯੁੱਗ ਪੁਰਸ਼ ਭਗਵੰਤ ਮਾਨ ਵੱਲੋਂ ਆਪਣੀ ਜੈਤੋ ਫੇਰੀ ਦੌਰਾਨ ਇਤਿਹਾਸਕ ਨਗਰੀ ਨੂੰ ਅਨੇਕਾਂ ਹੋਰ ਸੌਗਾਤਾਂ ਦੇ ਗੱਫਿਆਂ ਦੇ ਨਾਲ ਨਾਲ ਸਿਵਲ ਹਸਪਤਾਲ ਦਾ ਦਰਜਾ ਵੀ ਦਿੱਤਾ ਜਾ ਸਕਦਾ ਹੈ।

### ਹਾਦਸੇ 'ਚ ਨੌਜਵਾਨ ਦੀ ਮੌਤ

**ਧੂਰੀ (ਮਨੋਹਰ ਸਿੰਘ ਸੱਗੂ)**-ਲੰਘੀ ਦੇਰ ਸ਼ਾਮ ਧੂਰੀ-ਸੰਗਰੂਰ ਸੜਕ 'ਤੇ ਵਾਪਰੇ ਸੜਕ ਹਾਦਸੇ 'ਚ ਧੂਰੀ ਦੇ ਨੌਜਵਾਨ ਦੀ ਮੌਤ ਹੋਣ ਦੀ ਖਬਰ ਹੈ।ਜਾਣਕਾਰੀ ਅਨੁਸਾਰ ਇਹ ਹਾਦਸਾ ਉਸ ਵੇਲੇ ਵਾਪਰਿਆ, ਜਦੋਂ ਧੂਰੀ ਸ਼ਹਿਰ ਦੇ ਮੁਹੱਲਾ ਧਰਮਪੁਰਾ ਦਾ ਨਿਵਾਸੀ ਨੌਜਵਾਨ ਆਪਣੇ ਮੋਟਰਸਾਈਕਲ 'ਤੇ ਸੰਗਰੂਰ ਤੋਂ ਧੂਰੀ ਨੂੰ ਪਰਤਦਿਆਂ ਪਿੰਡ ਬੰਗਾਵਾਲੀ ਵਾਲੇ ਮੋੜ ਨੇੜੇ ਅੱਗਿਓਂ ਆ ਰਹੀ ਟ੍ਰੈਕਟਰ ਟਰਾਲੀ ਦੀ ਫੇਟ ਦਾ ਸ਼ਿਕਾਰ ਹੋ ਜਾਣ ਕਾਰਨ ਗੰਭੀਰ ਫੱਟੜ ਹੋ ਗਿਆ, ਜਿਸ ਨੂੰ ਸਿਵਲ ਹਸਪਤਾਲ ਸੰਗਰੂਰ ਵਿਖੇ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।ਮ੍ਰਿਤਕ ਜਤਿੰਦਰ ਸਿੰਘ ਉਰਫ਼ ਵਿੱਕੀ (32) ਆਪਣੇ ਪਿੱਛੇ ਪਤਨੀ ਤੇ ਦੋ ਬੱਚੇ ਬੇਟਾ ਤੇ ਬੇਟੀ ਛੱਡ ਗਿਆ।

### ਅੱਜ ਬਿਜਲੀ ਬੰਦ ਰਹੇਗੀ

**ਭੀਖੀ (ਗੁਰਿੰਦਰ ਸਿੰਘ ਔਲਖ)**-66 ਕੇ ਵੀ ਗਰਿੱਡ ਮੱਤੀ ਤੋਂ ਚਲਦਾ 11 ਕੇ ਵੀ ਫੀਡਰ ਜ਼ਰੂਰੀ ਮੁਰੰਮਤ ਦੇ ਚਲਦਿਆਂ 4 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।ਇਹ ਜਾਣਕਾਰੀ ਇੰਜੀਨੀਅਰ ਜਗਜੀਵਨ ਸਿੰਘ ਤੇ ਜੇ ਈ ਮੱਖਣ ਲਾਲ ਨੇ ਦਿੱਤੀ।

# ਪ੍ਰਨੀਤ ਕੌਰ ਨੇ ਮਰਹੂਮ ਲਾਲ ਸਿੰਘ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ, ਕਾਂਗਰਸ ਪਾਰਟੀ ਦੇ ਭੀਸ਼ਮ ਪਿਤਾਮਾ ਸਾਬਕਾ ਮੰਤਰੀ ਲਾਲ ਸਿੰਘ ਦੀ ਮੌਤ ਤੋਂ ਬਾਅਦ ਪਟਿਆਲਾ ਸਥਿਤ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ, ਕਾਂਗਰਸੀ ਆਗੂਆਂ, ਪ੍ਰਸ਼ਾਸਨਿਕ ਤੇ ਪੁਲਸ ਅਧਿਕਾਰੀਆਂ ਦਾ ਤਾਂਤਾ ਲੱਗਿਆ ਹੋਇਆ ਹੈ।ਰੋਜ਼ਾਨਾ ਵੱਡੀ ਗਿਣਤੀ 'ਚ ਲੋਕ ਪਹੁੰਚ ਕੇ ਸਵ. ਲਾਲ ਸਿੰਘ ਦੇ ਪਰਿਵਾਰ ਨਾਲ ਆਪਣਾ ਦੁੱਖ ਦਾ ਪ੍ਰਗਟਾਵਾ ਕਰ ਰਹੇ ਹਨ।ਪੰਜਾਬ ਦੇ ਸਾਬਕਾ ਮੰਤਰੀ ਪ੍ਰਨੀਤ ਕੌਰ ਸਮੇਤ ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂਆਂ, ਸਮਾਜ-ਸੇਵੀ ਸੰਸਥਾਵਾਂ ਦੇ ਮੁੱਖੀਆਂ ਵੱਲੋਂ ਉਨ੍ਹਾਂ ਦੇ ਸਪੁੱਤਰ ਰਾਜਿੰਦਰ ਸਿੰਘ ਸਾਬਕਾ ਵਿਧਾਇਕ ਅਤੇ ਪਰਿਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ, ਹਰਵਿੰਦਰ ਸਿੰਘ ਸਿੰਘ ਬੀਬੀਪੁਰ, ਬਲਵਿੰਦਰ ਸਿੰਘ ਬਿੱਲੂ ਬੇਦੀ ਬਲਾਕ ਸੰਮਤੀ ਦੇ ਸਾਬਕਾ ਪ੍ਰਧਾਨ ਤਰਸੇਮ ਸਿੰਘ ਝੰਡੀ, ਸਿੱਪੀ ਧਾਲੀਵਾਲ, ਰਾਜ ਕੁਮਾਰ ਡਕਾਲਾ, ਨਇਬ ਸਿੰਘ ਭਾਨਰੀ, ਗਿਆਨ ਸਿੰਘ ਬਠੋਈ ਹਰਮੇਲ ਸਿੰਘ ਮਕੌਰੜ, ਪੋਲੋਜੀਤ ਸਿੰਘ ਮਕੌਰੜ, ਕੁਲਦੀਪ ਸਿੰਘ ਥਿੰਦ, ਦਵਿੰਦਰ ਸਿੰਘ ਸਰਪੰਚ ਰਾਮਗੜ੍ਹ, ਬਲਵਿੰਦਰ ਸਿੰਘ ਡਕਾਲਾ ਫੀਲਿੰਗ ਸਟੇਸ਼ਨ, ਸੁਖਜੀਤ ਸਿੰਘ, ਐਡਵੋਕੇਟ ਅਮਰੀਕ ਸਿੰਘ ਰਾਮਗੜ੍ਹ, ਹੁਸਿਆਰ ਸਿੰਘ ਸਿੰਘ ਮਕੌਰੜ, ਪੋਲੋਜੀਤ ਸਿੰਘ ਮਕੌਰੜ, ਸਾਬਕਾ ਵਿਧਾਇਕ, ਕਿਸਾਨ ਯੂਨੀਅਨ ਦੇ ਆਗੂ ਸਤਨਾਮ ਸਿੰਘ ਬਹਿਰੂ, ਨੰਬਰਦਾਰ ਸ਼ੀਤਲ ਸਿੰਘ ਭਾਨਰਾ, ਦਮੋਦਰ ਸਿੰਘ, ਸਮਸ਼ੇਰ ਸਿੰਘ ਗੋਪਾਲ ਸਵੀਟਸ, ਵਿਜੇ ਸੁਰਿੰਦਰ ਮਿੱਤਲ ਬਲਬੇੜਾ ਤੋਂ ਇਲਾਵਾ ਤੋਂ ਇਲਾਵਾ ਹੋਰ ਬਹੁਤ ਸਾਰੇ ਆਗੂਆਂ ਵੱਲੋਂ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਪ੍ਰਨੀਤ ਕੌਰ ਨੇ ਕਿਹਾ ਕਿ ਪੰਜਾਬ ਨੇ ਇਕ ਲੋਕ ਹਿਤੈਸ਼ੀ ਆਗੂ ਨੂੰ ਗੁਆ ਦਿੱਤਾ ਹੈ।ਉਨ੍ਹਾਂ ਕਿਹਾ ਕਿ ਸਵ. ਲਾਲ ਸਿੰਘ ਨੇ ਹਮੇਸ਼ਾ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਕੰਮ ਕੀਤਾ।ਉਨ੍ਹਾਂ ਕਾਂਗਰਸ ਤੋਂ ਹੀ ਆਪਣਾ ਰਾਜਨੀਤਕ ਜੀਵਨ ਸ਼ੁਰੂ ਕੀਤਾ ਤੇ ਆਖਰੀ ਸਾਹ ਤੱਕ ਕਾਂਗਰਸੀ ਰਹੇ।ਉਨ੍ਹਾ ਨੇ ਕਿਹਾ ਕਿ ਲਾਲ ਸਿੰਘ ਇਕ ਬੁੱਧੀਮਾਨ ਤੇ ਗੈਰ ਵਿਵਾਦਤ ਲੀਡਰ ਸਨ, ਜਿਨ੍ਹਾਂ ਦੇ ਵਿਰੋਧੀ ਪਾਰਟੀਆਂ ਦੇ ਆਗੂਆਂ ਨਾਲ ਵੀ ਹਮੇਸ਼ਾ ਸੁਖਾਵੇਂ ਸਬੰਧ ਰਹੇ। ਉਨ੍ਹਾਂ ਕਿਹਾ ਕਿ ਲਾਲ ਸਿੰਘ ਦੇ ਚਲੇ ਜਾਣ ਨਾਲ ਰਾਜਨੀਤੀ 'ਚ ਵੱਡਾ ਖਲਾਅ ਪੈਦਾ ਹੋ ਗਿਆ ਹੈ।

# ਖੁਸ਼ਬਾਜ ਜਟਾਣਾ ਦਾ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਹੋਇਆ ਅੰਤਿਮ ਸੰਸਕਾਰ

## ਵੜਿੰਗ ਤੇ ਚੰਨੀ ਸਮੇਤ ਵੱਡੀ ਗਿਣਤੀ ਰਾਜਨੀਤਕ ਆਗੂਆਂ ਤੇ ਸਮਰਥਕਾਂ ਨੇ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਜ਼ਿਲ੍ਹਾ ਕਾਂਗਰਸ ਕਮੇਟੀ ਬਠਿੰਡਾ ਦਿਹਾਤੀ ਦੇ ਲੰਬਾ ਸਮਾਂ ਪ੍ਰਧਾਨ ਰਹੇ ਤੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਕਾਂਗਰਸ ਦੇ ਹਲਕਾ ਇੰਚਾਰਜ ਖੁਸ਼ਬਾਜ ਜਟਾਣਾ, ਜਿਨ੍ਹਾਂ ਦਾ ਬੀਤੇ ਦਿਨ ਦਿੱਲੀ ਤੋਂ ਬਠਿੰਡਾ ਆਉਂਦਿਆਂ ਪਾਣੀਪਤ ਕੋਲ ਭਿਆਨਕ ਐਕਸੀਡੈਂਟ ਵਿੱਚ ਦੇਹਾਂਤ ਹੋ ਗਿਆ ਸੀ, ਦਾ ਅੰਤਿਮ ਸਸਕਾਰ ਅੱਜ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਦਾਣਾ ਮੰਡੀ ਦੇ ਰਾਮਬਾਗ ਵਿਖੇ ਕੀਤਾ ਗਿਆ।ਇਸ ਮੌਕੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ,ਵਿਧਾਇਕ ਪ੍ਰਗਟ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਰਾਜਨੀਤਕ ਆਗੂਆਂ ਤੇ ਸਮਰਥਕਾਂ ਦੇ ਨਾਲ ਪਰਿਵਾਰਕ ਮੈਂਬਰਾਂ ਨੇ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ ਗਈ।ਖੁਸ਼ਬਾਜ ਜਟਾਣਾ ਦਾ ਲੋਕਾਂ ਨਾਲ ਪਿਆਰ ਅੱਜ ਸੜਕਾਂ 'ਤੇ ਹਰ ਅੱਖ ਰੋਂਦੀ ਦਿਖਾਈ ਦੇਣ ਦੇ ਨਾਲ ਉਮੜੇ ਜਨ ਸੈਲਾਬ ਨਾਲ ਦੇਖਣ ਨੂੰ ਮਿਲਿਆ, ਜਿਸ ਤੋਂ ਪਤਾ ਚੱਲਦਾ ਸੀ ਕਿ ਖੁਸ਼ਬਾਜ ਜਟਾਣਾ ਆਮ ਲੋਕਾਂ ਨਾਲ ਜੁੜੇ ਹੋਏ ਲੀਡਰ ਸਨ, ਜਿਨ੍ਹਾਂ ਦੀ ਅਚਨਚੇਤ ਐਕਸੀਡੈਂਟ ਵਿੱਚ ਹੋਈ ਮੌਤ ਨਾਲ ਜ਼ਿਲ੍ਹਾ ਬਠਿੰਡਾ ਕਾਂਗਰਸ ਨੂੰ ਵੱਡਾ ਘਾਟਾ ਪਿਆ ਹੈ।ਖੁਸ਼ਬਾਜ ਜਟਾਣਾ ਨੂੰ ਉਨ੍ਹਾਂ ਦੇ ਸਪੁੱਤਰ ਵੱਲੋਂ ਅਗਨੀ ਦਿੱਤੀ ਗਈ ਤੇ ਪੂਰੇ ਪਰਵਾਰ ਨੇ ਧਾਰਮਿਕ ਰਾਜਨੀਤੀ ਰਿਵਾਜਾਂ ਅਨੁਸਾਰ ਰਸਮਾਂ ਨਿਭਾਈਆਂ।ਇਸ ਮੌਕੇ ਰਾਜਾ ਵੜਿੰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਖੁਸ਼ਬਾਜ ਜਟਾਣਾ ਕਾਂਗਰਸ ਦੇ ਨਿਧੜਕ ਲੀਡਰ ਸਨ ਤੇ ਬੂਥ ਪੱਧਰ 'ਤੇ ਜੁੜੇ ਹੋਏ ਲੀਡਰ ਸਨ, ਜਿਨ੍ਹਾਂ ਨੇ ਹਰ ਵਰਗ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾਈ, ਉਨ੍ਹਾਂ ਦੀ ਐਕਸੀਡੈਂਟ ਵਿੱਚ ਮੌਤ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੇ ਵਿਧਾਇਕ ਪ੍ਰਗਟ ਸਿੰਘ ਨੇ ਖੁਸ਼ਬਾਜ ਸਿੰਘ ਜਟਾਣਾ ਨਾਲ ਬਤਾਏ ਸਮੇਂ ਦੀਆਂ ਗੱਲਾਂ ਯਾਦ ਕਰਦੇ ਕਿਹਾ ਕਿ ਦਿਲ ਦਾ ਦਿਲਦਾਰ ਇਨਸਾਨ ਇਸ ਤਰ੍ਹਾਂ ਦੁਨੀਆਂ ਤੋਂ ਚਲੇ ਜਾਣਾ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ, ਕਿਉਂਕਿ ਜਟਾਣਾ ਨੇ ਆਮ ਲੋਕਾਂ ਦੀ ਆਵਾਜ਼ ਉਠਾਈ ਤੇ ਆਪਣੀ ਵਿਲੱਖਣ ਪਹਿਚਾਣ ਬਣਾਈ, ਜਿਸ ਦਾ ਰੁਤਬਾ ਪੰਜਾਬ ਦੇ ਨਾਲ ਦਿੱਲੀ ਹਾਈ ਕਮਾਂਡ ਤੱਕ ਵੀ ਸਤਿਕਾਰ ਵਜੋਂ ਸਾਹਮਣੇ ਆਉਂਦਾ ਸੀ। ਉਸ ਦੀ ਮੌਤ ਨਾਲ ਜਿੱਥੇ ਪਰਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉੱਥੇ ਹੀ ਕਾਂਗਰਸ ਤੇ ਇਲਾਕੇ ਨੂੰ ਵੀ ਵੱਡੀ ਸੱਟ ਲੱਗੀ ਹੈ। ਜਟਾਣਾ ਦੇ ਐਕਸੀਡੈਂਟ ਵਿੱਚ ਡਰਾਈਵਰ ਸਮੇਤ ਹੋਈ ਮੌਤ ਦੇ ਮਾਮਲੇ ਤੇ ਅੱਜ ਰਾਮ ਬਾਗ ਵਿੱਚ ਹਰ ਵਿਅਕਤੀ ਵੱਲੋਂ ਐਕਸੀਡੈਂਟ 'ਤੇ ਸਵਾਲ ਖੜ੍ਹੇ ਕੀਤੇ ਗਏ ਤੇ ਇਸ ਮਾਮਲੇ ਦੀ ਨਿਰਪੱਖ ਜਾਂਚ ਵੀ ਮੰਗੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਸੰਸਦੀ ਸਕੱਤਰ ਜਗਦੀਪ ਸਿੰਘ ਨਕਈ, ਸਾਬਕਾ ਵਿਧਾਇਕ ਗੁਰਜੰਟ ਸਿੰਘ ਕੁੱਤੀਵਾਲ, ਵਿਧਾਇਕ ਜਗਰੂਪ ਸਿੰਘ ਗਿੱਲ, ਸਾਬਕਾ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਬਿਕਰਮ ਸਿੰਘ ਮੋਫਰ, ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ, ਭਾਰਤ ਭੂਸ਼ਣ ਆਸ਼ੂ, ਵਿਜੇਇੰਦਰ ਸਿੰਗਲਾ ਤੇ ਪ੍ਰਧਾਨ ਸ਼ਹਿਰੀ ਰਾਜਨ ਗਰਗ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਤੇ ਸਮਰਥਕ ਹਾਜ਼ਰ ਸਨ, ਜਿਨ੍ਹਾਂ ਨੇ ਆਪਣੇ ਸਾਥੀ ਖੁਸ਼ਬਾਜ ਜਟਾਣਾ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ।



# ਸਿਲੰਡਰ ਨਾ ਮਿਲਣ ਕਾਰਨ ਏਜੰਸੀ ਅੱਗੇ ਧਰਨਾ

## ਜਲਦ ਲੋਕਾਂ ਦੀ ਮੰਗ ਨੂੰ ਪੂਰਾ ਕੀਤਾ ਜਾਵੇਗਾ : ਮਾਲਕ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਲੋਕਾਂ ਵਿਚ ਇਰਾਨ-ਇਜ਼ਰਾਇਲ ਦੀ ਜੰਗ ਤੋਂ ਬਾਅਦ ਗੈਸ ਦੀ ਕਮੀ ਨੂੰ ਲੈ ਕੇ ਹਫ਼ੜਾ-ਦਫ਼ੜੀ ਮਚੀ ਹੋਈ ਹੈ, ਜੋ ਸਵੇਰ ਸਮੇਂ ਤੋਂ ਏਜੰਸੀ ਦੇ ਬਾਹਰ ਲੰਬੀਆਂ ਲਾਈਨਾਂ ਵਿੱਚ ਲੱਗ ਜਾਂਦੇ ਹਨ। ਅੱਜ ਸਵੇਰੇ ਸੈਂਕੜੇ ਦੀ ਗਿਣਤੀ 'ਚ ਲੋਕ ਸਿਲੰਡਰ ਲੈਣ ਲਈ ਏਜੰਸੀ ਸਾਹਮਣੇ ਇਕੱਠੇ ਹੋਏ ਜਿਨ੍ਹਾਂ ਨੂੰ ਪ੍ਰਬੰਧਕਾਂ ਵਲੋਂ ਕਿਹਾ ਗਿਆ ਕਿ ਸਪਲਾਈ ਵਾਲੀ ਗੱਡੀ 1 ਤੋਂ 2 ਵਜੇ ਦੇ ਕਰੀਬ ਆ ਜਾਵੇਗੀ। ਅੱਜ ਗੁੱਡ ਫਰਾਇਡੇ ਦੀ ਸਰਕਾਰੀ ਛੁੱਟੀ ਹੋਣ ਕਾਰਨ ਸਪਲਾਈ ਵਾਲੀ ਗੱਡੀ ਨਾ ਪੁੱਜੀ, ਜਿਸ ਕਾਰਨ ਭੜਕੇ ਲੋਕਾਂ ਨੇ ਸੜਕ 'ਤੇ ਚੱਕਾ ਜਾਮ ਕਰ ਦਿੱਤਾ। ਇਸ ਮੌਕੇ ਕਾਮਰੇਡ ਜਗਦੀਸ਼ ਰਾਏ ਬੌਬੀ ਨੇ ਕਿਹਾ ਕਿ ਗੈਸ ਦੀ ਸਪਲਾਈ ਨਿਯਮਾਂ ਅਨੁਸਾਰ ਹਰੇਕ ਵਿਅਕਤੀ ਨੂੰ ਮਿਲਣੀ ਚਾਹੀਦੀ ਹੈ ਅਤੇ ਉਹ ਖੁਰਾਕ ਸਪਲਾਈ ਵਿਭਾਗ ਤੋਂ ਮੰਗ ਕਰਦੇ ਹਨ ਕਿ ਪ੍ਰਸ਼ਾਸਨ ਦੇ ਦਾਅਵਿਆਂ ਮੁਤਾਬਿਕ ਸਪਲਾਈ ਦੇ ਪੁਖਤਾ ਪ੍ਰਬੰਧ ਕੀਤੇ ਜਾਣ। ਗੈਸ ਸਿਲੰਡਰ ਲੈਣ ਆਏ ਲੋਕਾਂ ਨੇ ਕਿਹਾ ਕਿ ਉਹ ਸਵੇਰੇ 6 ਵਜੇ ਤੋਂ ਆ ਕੇ ਕਤਾਰਾਂ ਵਿਚ ਲੱਗੇ ਹੋਏ ਹਨ ਅਤੇ ਆਪਣੀਆਂ ਦੁਕਾਨਾਂ ਤੇ ਹੋਰ ਕੰਮਕਾਰ ਛੱਡ ਕੇ ਇੱਥੇ ਆਏ ਹਨ। ਲੋਕਾਂ ਦਾ ਕਹਿਣਾ ਸੀ ਕਿ ਜੇਕਰ ਅੱਜ ਸਿਲੰਡਰ ਨਹੀਂ ਮਿਲਣੇ ਸਨ ਤਾਂ ਉਨ੍ਹਾਂ ਨੂੰ ਸਵੇਰ ਤੋਂ ਲੈ ਕੇ ਦੁਪਹਿਰ ਤੱਕ ਕਤਾਰਾਂ ਵਿਚ ਕਿਉਂ ਖੜਾ ਕੇ ਰੱਖਿਆ। ਮੌਕੇ 'ਤੇ ਖੁਰਾਕ ਸਪਲਾਈ ਵਿਭਾਗ ਦੇ ਅਧਿਕਾਰੀ ਯਾਦਵਿੰਦਰ ਸਿੰਘ ਪੁੱਜੇ ਜਿਨ੍ਹਾਂ ਲੋਕਾਂ ਨੂੰ ਸ਼ਾਂਤ ਕਰਦਿਆਂ ਕਿਹਾ ਕਿ ਵਿਭਾਗ ਆਪਣੀ ਨਿਗਰਾਨੀ ਹੇਠ ਸਿਲੰਡਰਾਂ ਦੀ ਸਪਲਾਈ ਯਕੀਨੀ ਬਣਾਵੇਗਾ ਤੇ ਕੋਸ਼ਿਸ਼ ਕੀਤੀ ਜਾਵੇਗੀ ਕਿ ਭਲਕੇ 2 ਜਾਂ 3 ਗੱਡੀਆਂ ਮੰਗਵਾ ਕੇ ਲੋਕਾਂ ਦੀ ਮੰਗ ਨੂੰ ਪੂਰਾ ਕੀਤਾ ਜਾਵੇ। ਦੂਸਰੇ ਪਾਸੇ ਗੈਸ ਏਜੰਸੀ ਦੇ ਮਾਲਕ ਗਗਨਦੀਪ ਸਿੰਘ ਨੇ ਕਿਹਾ ਕਿ ਜੰਗ ਕਾਰਨ ਲੋਕਾਂ ਵਿੱਚ ਸਿਲੰਡਰ ਦੀ ਮੰਗ ਵਧ ਗਈ ਹੈ ਅਤੇ ਉਨ੍ਹਾਂ ਨੂੰ ਲੱਗ ਰਿਹਾ ਹੈ ਕਿ ਕਿਤੇ ਇਕਦਮ ਸਪਲਾਈ ਬੰਦ ਨਾ ਹੋ ਜਾਵੇ। ਉਨ੍ਹਾਂ ਦੱਸਿਆ ਕਿ ਅੱਜ ਛੁੱਟੀ ਹੋਣ ਕਾਰਨ ਸਪਲਾਈ ਨਹੀਂ ਆਈ, ਜਿਸ ਕਾਰਨ ਲੋਕਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਪਿੱਛੋਂ ਗੈਸ ਸਪਲਾਈ ਵਧਾ ਕੇ ਲੋਕਾਂ ਦੀ ਮੰਗ ਨੂੰ ਜਲਦ ਪੂਰਾ ਕੀਤਾ ਜਾਵੇਗਾ।

# ਪ੍ਰੈੱਸ ਦੀ ਆਜ਼ਾਦੀ 'ਤੇ ਹਮਲੇ ਖਿਲਾਫ਼ ਸਾਂਝਾ ਇਕੱਠ, ਅਗਲੇ ਸੰਘਰਸ਼ ਦਾ ਐਲਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਲੋਕ ਆਵਾਜ਼ ਟੀਵੀ ਦੇ ਪੱਤਰਕਾਰ ਮਨਿੰਦਰਜੀਤ ਸਿੱਧੂ ਦੇ ਫੇਸਬੁੱਕ ਪੇਜ ਨੂੰ ਭਾਰਤ ਵਿੱਚ ਬੈਨ ਕਰਵਾਉਣ ਦੇ ਮਾਮਲੇ ਖਿਲਾਫ਼ ਅੱਜ ਟੀਚਰਸ ਹੋਮ, ਬਠਿੰਡਾ ਵਿਖੇ ਪ੍ਰੈੱਸ ਦੀ ਆਜ਼ਾਦੀ ਬਹਾਲ ਕਰੋ ਸੰਘਰਸ਼ ਕਮੇਟੀ ਦੇ ਸੱਦੇ 'ਤੇ ਪੱਤਰਕਾਰਾਂ, ਕਿਸਾਨ, ਮਜ਼ਦੂਰ, ਵਿਦਿਆਰਥੀ ਤੇ ਹੋਰ ਜਨਤਕ ਜਥੇਬੰਦੀਆਂ ਦਾ ਵੱਡਾ ਸਾਂਝਾ ਇਕੱਠ ਕੀਤਾ ਗਿਆ।ਪਹਿਲਾਂ ਤੈਅ ਪ੍ਰੋਗਰਾਮ ਅਨੁਸਾਰ ਸਮੂਹ ਜਥੇਬੰਦੀਆਂ ਤੇ ਪੱਤਰਕਾਰਾਂ ਵੱਲੋਂ ਡੀਆਈਜੀ ਦਫਤਰ ਬਠਿੰਡਾ ਪਹੁੰਚ ਕੇ ਮੰਗ ਪੱਤਰ ਦੇਣ ਦੀ ਕੋਸ਼ਿਸ਼ ਕੀਤੀ ਗਈ, ਪਰ ਪਹਿਲਾਂ ਤੋਂ ਜਾਣਕਾਰੀ ਹੋਣ ਦੇ ਬਾਵਜੂਦ ਡੀਆਈਜੀ ਦਫਤਰ ਵਿੱਚ ਕੋਈ ਵੀ ਜ਼ਿੰਮੇਵਾਰ ਅਧਿਕਾਰੀ ਮੌਜੂਦ ਨਾ ਮਿਲਿਆ ਤੇ ਨਾ ਹੀ ਕਿਸੇ ਨੇ ਮੰਗ ਪੱਤਰ ਪ੍ਰਾਪਤ ਕੀਤਾ।ਇਸ ਗੱਲ 'ਤੇ ਗੁੱਸੇ ਵਿੱਚ ਆਈਆਂ ਜਥੇਬੰਦੀਆਂ ਵੱਲੋਂ ਡੀਆਈਜੀ ਦਫਤਰ ਦੇ ਬਾਹਰ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਦੋਸ਼ ਲਗਾਇਆ ਕਿ ਇਹ ਕਾਰਵਾਈ ਸਰਕਾਰ ਦੇ ਇਸ਼ਾਰੇ 'ਤੇ ਕੀਤੀ ਗਈ ਹੈ ਤੇ ਪ੍ਰਸ਼ਾਸਨ ਵੱਲੋਂ ਸੱਚੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੱਤਰਕਾਰ ਮਨਿੰਦਰਜੀਤ ਸਿੱਧੂ ਨੇ ਸਿਰਫ਼ ਲੋਕਾਂ ਦੀ ਆਵਾਜ਼ ਤੇ ਜ਼ਮੀਨੀ ਹਕੀਕਤ ਨੂੰ ਕਵਰ ਕੀਤਾ ਸੀ, ਜਿਸ ਕਰਕੇ ਉਨ੍ਹਾਂ ਦੇ ਪੇਜ 'ਤੇ ਕਾਰਵਾਈ ਕੀਤੀ ਗਈ।ਇਕੱਠ ਵਿੱਚ ਸ਼ਾਮਲ ਜਥੇਬੰਦੀਆਂ ਨੇ ਕਿਹਾ ਕਿ ਸਰਕਾਰ ਤੇ ਪੁਲਸ ਵੱਲੋਂ ਲਗਾਤਾਰ ਲੋਕਾਂ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ ਤੇ ਬੋਲਣ ਦੀ ਆਜ਼ਾਦੀ 'ਤੇ ਹਮਲੇ ਹੋ ਰਹੇ ਹਨ, ਜੋ ਲੋਕਤੰਤਰ ਲਈ ਗੰਭੀਰ ਖਤਰਾ ਹੈ।ਅੰਤ ਵਿੱਚ ਜਥੇਬੰਦੀਆਂ ਵੱਲੋਂ ਅਗਲੇ ਸੰਘਰਸ਼ ਦਾ ਐਲਾਨ ਕਰਦਿਆਂ ਕਿਹਾ ਕਿ 12 ਅਪ੍ਰੈਲ ਨੂੰ ਸਵੇਰੇ 11 ਵਜੇ ਟੀਚਰਜ਼ ਹੋਮ, ਬਠਿੰਡਾ ਵਿਖੇ ਵੱਡੀ ਮੀਟਿੰਗ ਕੀਤੀ ਜਾਵੇਗੀ, ਜਿਸ ਵਿੱਚ ਅਗਲੇ ਸੰਘਰਸ਼ ਦੀ ਰਣਨੀਤੀ ਤਿਆਰ ਕੀਤੀ ਜਾਵੇਗੀ।ਦਿਹਾਤੀ ਮਜ਼ਦੂਰ ਸਭਾ, ਪੰਜਾਬ ਖੇਤ ਮਜ਼ਦੂਰ ਯੂਨੀਅਨ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਧਨੇਰ, ਬੱਸ ਅੱਡਾ ਬਚਾਓ ਸੰਘਰਸ਼ ਕਮੇਟੀ, ਬਠਿੰਡਾ ਪ੍ਰੈੱਸ ਕਲੱਬ, ਕਿਰਤੀ ਕਿਸਾਨ ਯੂਨੀਅਨ, ਲੋਕ ਮੋਰਚਾ ਪੰਜਾਬ, ਟੀਐੱਸਯੂ ਭੰਗਲ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ, ਜਲ ਸਪਲਾਈ ਤੇ ਸੈਨੀਟੇਸ਼ਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ, ਲੋਕ ਅਧਿਕਾਰ, ਬੇਰੁਜ਼ਗਾਰ ਸਾਂਝਾ ਮੋਰਚਾ, ਪੰਜਾਬ ਸਟੂਡੈਂਟਸ ਯੂਨੀਅਨ ਲਲਕਾਰ, ਜਮਹੂਰੀ ਕਿਸਾਨ ਸਭਾ, ਅਮਰ ਉਜਾਲਾ, ਪੰਜਾਬ ਸਟੂਡੈਂਟਸ ਯੂਨੀਅਨ, ਪੈਰਾ-ਮੈਡੀਕਲ ਸਿਹਤ ਕਾਮੇ ਯੂਨੀਅਨ, ਪੀਐੱਸਐੱਸਐੱਫ, ਆਊਟਸੋਰਸ ਹੈਲਥ ਵਰਕਰ ਯੂਨੀਅਨ, ਆਊਟਸੋਰਸ ਸਿਹਤ ਮੁਲਾਜ਼ਮ ਯੂਨੀਅਨ ਪੰਜਾਬ, ਨੌਜਵਾਨ ਭਾਰਤ ਸਭਾ, ਮਜ਼ਦੂਰ ਮੁਕਤੀ ਮੋਰਚਾ (ਲਿਬਰੇਸ਼ਨ), ਪੰਜਾਬ ਲੋਕ ਸੱਭਿਆਚਾਰ ਮੰਚ, ਪੰਜਾਬ ਪੈਨਸ਼ਨਰ ਐਸੋਸੀਏਸ਼ਨ, ਡੈਮੋਕ੍ਰੇਟਿਕ ਮੁਲਾਜ਼ਮ ਫਰੰਟ, ਜ਼ਿਲ੍ਹਾ ਮੀਡੀਆ ਕਲੱਬ ਸੰਗਰੂਰ ਆਦਿ।

# ਘਰ 'ਚੋਂ ਗਹਿਣੇ ਚੋਰੀ ਕਰਨ ਦੇ ਮਾਮਲੇ 'ਚ ਦੋ ਗ੍ਰਿਫ਼ਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਮੰਡੀ ਚੌਕੀ ਦੀ ਪੁਲਸ ਵੱਲੋਂ ਇੱਕ ਘਰ 'ਚੋਂ ਸੋਨੇ ਦੇ ਗਹਿਣੇ ਚੋਰੀ ਕਰਨ ਤੇ ਉਕਤ ਚੋਰੀਸ਼ੁਦਾ ਗਹਿਣੇ ਖ਼ਰੀਦਣ ਦੇ ਦੋਸ਼ ਹੇਠ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸਰਹਿੰਦ ਦੇ ਬ੍ਰਾਹਮਣਮਾਜਰਾ ਇਲਾਕੇ ਵਿੱਚ ਰਹਿਣ ਵਾਲੇ ਨਿਸ਼ਾਂਤ ਕੁਮਾਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਏ ਸਨ ਕਿ ਜਗਜੀਤ ਸਿੰਘ ਸੋਢੀ ਉਸ ਦਾ ਦੋਸਤ ਹੋਣ ਕਰਕੇ ਅਕਸਰ ਉਸ ਦੇ ਘਰ ਆਉਂਦਾ ਜਾਂਦਾ ਰਹਿੰਦਾ ਸੀ।ਬੀਤੇ ਦਿਨੀਂ ਉਹ ਜਦੋਂ ਪਰਿਵਾਰ ਸਮੇਤ ਮੇਰਠ ਵਿਖੇ ਮੱਥਾ ਟੇਕਣ ਗਏ ਹੋਏ ਸਨ ਤਾਂ ਉਸ ਦੇ ਦੋਸਤ ਜਗਜੀਤ ਸਿੰਘ ਸੋਢੀ ਨੇ ਉਨ੍ਹਾਂ ਦੇ ਘਰ ਦੀ ਅਲਮਾਰੀ ਵਿੱਚ ਰੱਖੇ ਸੋਨੇ ਚਾਂਦੀ ਦੇ ਗਹਿਣੇ, ਜੋ ਕਿ ਉਸ ਦੀ ਸ਼ਾਦੀਸ਼ੁਦਾ ਭੈਣ ਦੇ ਸਨ, ਚੋਰੀ ਕਰ ਲਏ।ਸ਼ਿਕਾਇਤਕਰਤਾ ਨੇ ਦੱਸਿਆ ਕਿ ਉਨ੍ਹਾਂ ਨੂੰ ਪਤਾ ਲੱਗਾ ਹੈ ਕਿ ਜਗਜੀਤ ਸਿੰਘ ਨੇ ਉਨ੍ਹਾਂ ਦੇ ਘਰੋਂ ਚੋਰੀ ਕੀਤੇ ਗਹਿਣੇ ਸਰਹਿੰਦ ਮੰਡੀ ਵਿਖੇ ਸੁਨਿਆਰ ਦਾ ਕੰਮ ਕਰਨ ਵਾਲੇ ਪ੍ਰਿੰਸ ਵਰਮਾ ਨਾਮਕ ਵਿਅਕਤੀ ਨੂੰ ਵੇਚੇ ਹਨ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਵਾ ਕੇ ਮਾਮਲੇ ਦੀ ਤਫਤੀਸ਼ ਕਰ ਰਹੀ। ਸਰਹਿੰਦ ਮੰਡੀ ਚੌਕੀ ਦੀ ਪੁਲਸ ਨੇ ਇਸ ਮਾਮਲੇ 'ਚ ਜਗਜੀਤ ਸਿੰਘ ਸੋਢੀ ਤੇ ਨਰਿੰਦਰਪਾਲ ਉਰਫ਼ ਪ੍ਰਿੰਸ ਵਰਮਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਤੇ ਚੋਰੀਸ਼ੁਦਾ ਗਹਿਣੇ ਵੀ ਉਕਤ ਵਿਅਕਤੀ ਦੀ ਦੁਕਾਨ 'ਚੋਂ ਬਰਾਮਦ ਕੀਤੇ ਜਾਣ ਦੀ ਸੂਚਨਾ ਹੈ।ਸਰਹਿੰਦ ਮੰਡੀ ਚੌਕੀ ਦੇ ਇੰਚਾਰਜ ਥਾਣੇਦਾਰ ਸੰਜੀਵ ਕੁਮਾਰ ਵੱਲੋਂ ਮਾਮਲੇ ਦੀ ਤਫ਼ਤੀਸ਼ ਜਾਰੀ ਹੈ।

# ਸਰਬ ਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਗਰਾਂਟਾਂ ਦੇ ਚੈੱਕ ਤਕਸੀਮ

## ਆਪ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ : ਵਿਧਾਇਕ ਬਾਜ਼ੀਗਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪਿਛਲੀਆਂ ਪੰਚਾਇਤੀ ਚੋਣਾਂ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਸਰਬ ਸੰਮਤੀ ਨਾਲ ਚੁਣੀਆਂ ਗਈਆਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਗਰਾਂਟਾਂ ਦੇ ਚੈੱਕ ਤਕਸੀਮ ਕੀਤੇ ਗਏ ਹਨ।

ਗ੍ਰਾਮ ਪੰਚਾਇਤਾਂ ਨੂੰ ਗਰਾਂਟਾਂ ਦੇ ਚੈੱਕ ਵੰਡਣ ਉਪਰੰਤ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਪਿੰਡਾਂ ਦੇ ਸਰਬੱਖੀ ਵਿਕਾਸ ਲਈ ਵਚਨ ਵੱਧ ਹੈ ਤੇ ਸਰਕਾਰ ਨੇ ਆਪਣਾ ਵਾਅਦਾ ਪੂਰਾ ਕਰਦਿਆਂ ਸਰਬ ਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਪੰਜ-ਪੰਜ ਲੱਖ ਰੁਪਏ ਦੇ ਗਰਾਂਟਾਂ ਦੇਣ ਦੇ ਐਲਾਨ ਨੂੰ ਅਮਲੀ ਜਾਮਾ ਪਹਿਨਾਇਆ ਹੈ।ਉਨ੍ਹਾਂ ਦੱਸਿਆ ਕਿ ਚੈੱਕ ਵੰਡ ਸਮਾਰੋਹ ਦੌਰਾਨ ਪਿੰਡ ਮਤੌਲੀ, ਸ਼ੇਰਗੜ੍ਹ ਖੁਰਦ, ਗੁਰੂ ਨਾਨਕਪੁਰਾ, ਕਾਂਗਥਲਾ, ਗੋਬਿੰਦਪੁਰ ਸਾਗਰਾ, ਡੇਰਾ ਗੋਬਿੰਦਪੁਰਾ ਸ਼ੁਤਰਾਣਾ, ਭੂੰਡਥੇਹ, ਕਾਠ, ਸਧਾਰਨਪੁਰ ਖੁਰਦ, ਸਾਜਿਬਜ਼ਾਦਾ ਅਜੀਤ ਸਿੰਘ ਨਗਰ, ਸੁੰਦਰ ਨਗਰ, ਗੰਗਾ ਨਗਰ, ਬਕਰਾਹਾ, ਜੋਗਿੰਦਰ ਨਗਰ ਬਕਰਾਹਾ, ਕਰਤਾਰਪੁਰ, ਪੈਂਦ ਖੁਰਦ, ਨੂਰਪੁਰਾ, ਸ਼ਹੀਦ ਭਗਤ ਸਿੰਘ ਨਗਰ, ਗੁਰੂ ਅਰਜਨ ਨਗਰ ਹਰਿਆਊ, ਬੂਰੜ, ਬੂਰੜ ਖੁਰਦ, ਡਰੌਲੀ ਤੇ ਹੀਰਾ ਨਗਰ ਡਰੌਲੀ ਦੀਆਂ ਗ੍ਰਾਮ ਪੰਚਾਇਤਾਂ ਨੂੰ ਪਿੰਡਾਂ ਦੀ ਸਰਬ ਪੱਖੀ ਵਿਕਾਸ ਲਈ ਪੰਜ-ਪੰਜ ਲੱਖ ਰੁਪਏ ਦੀਆਂ ਗਰਾਂਟਾਂ ਦੇ ਚੈੱਕ ਦਿੱਤੇ ਗਏ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ, ਟਰੱਕ ਯੂਨੀਅਨ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ ਡਰੌਲੀ, ਸੀਨੀਅਰ ਆਪ ਆਗੂ ਕੁਲਦੀਪ ਸਿੰਘ ਥਿੰਦ, ਲਾਭ ਸਿੰਘ ਡਰੌਲੀ, ਜਸਵਿੰਦਰ ਸਿੰਘ ਕਾਕਾ ਸ਼ੇਰਗੜ੍ਹ, ਨੰਬਰਦਾਰ ਪਿਸ਼ੌਰਾ ਸਿੰਘ, ਈਸ਼ਵਰ ਚੰਦ ਰਾਣਾ, ਸਾਬਕਾ ਸਰਪੰਚ ਕਾਰਜ ਸਿੰਘ ਬਕਰਾਹਾ ਆਦਿ ਹਾਜ਼ਰ ਸਨ।

# ਰਾਜਪੁਰਾ ਨੂੰ ਮਾਡਲ ਸ਼ਹਿਰ ਵਜੋਂ ਵਿਕਸਿਤ ਕੀਤਾ ਜਾਵੇਗਾ : ਨੀਨਾ ਮਿੱਤਲ

## ਵਿਧਾਇਕਾ ਨੇ ਸੀਵਰੇਜ ਪ੍ਰਾਜੈਕਟ ਦਾ ਰੱਖਿਆ ਨੀਂਹ ਪੱਥਰ



**ਰਾਜਪੁਰਾ (ਰਮੇਸ਼ ਕਟਾਰੀਆ)**

ਹਲਕਾ ਰਾਜਪੁਰਾ ਦੇ ਵਿਧਾਇਕਾ ਨੀਨਾ ਮਿੱਤਲ ਨੇ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਲਗਭਗ 22 ਕਰੋੜ ਰੁਪਏ ਦੀ ਲਾਗਤ ਨਾਲ ਸੀਵਰੇਜ ਪ੍ਰੋਜੈਕਟਾਂ ਦੇ ਕੰਮਾਂ ਦਾ ਨੀਂਹ ਪੱਥਰ ਰੱਖਿਆ।ਇਸ ਦੇ ਨਾਲ ਹੀ ਵਾਰਡ ਨੰਬਰ 17 ਵਿੱਚ ਨਵੀਂ ਸੀਵਰੇਜ ਪਾਈਪ ਲਾਈਨ ਪਾਉਣ ਦੇ ਕੰਮ ਦੀ ਅਧਿਕਾਰਕ ਸ਼ੁਰੂਆਤ ਵੀ ਕੀਤੀ ਗਈ।

ਇਹ ਪ੍ਰੋਜੈਕਟ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤੇ ਸਥਾਨਕ ਸਰਕਾਰਾਂ ਵਿਭਾਗ ਦੇ ਕੈਬਿਨੇਟ ਮੰਤਰੀ ਸੰਜੀਵ ਕੁਮਾਰ ਅਰੋੜਾ ਦੇ ਯਤਨਾਂ ਸਦਕਾ ਅੱਗੇ ਵਧਾਇਆ ਗਿਆ ਹੈ।ਇਸ ਮੌਕੇ ਨਗਰ ਕੌਂਸਲ ਰਾਜਪੁਰਾ ਦੇ ਕਾਰਜਸਾਧਕ ਅਫਸਰ ਅਵਤਾਰ ਚੰਦ ਤੇ ਉਪ ਮੰਡਲ ਮੈਜਿਸਟ੍ਰੇਟ ਨਮਨ ਮਾਰਕਨ ਤੇ ਹਲਕਾ ਸੰਗਠਨ ਇੰਚਾਰਜ ਅਤੇ ਵਾਰਡ ਨੰਬਰ 17 ਦੇ ਇੰਚਾਰਜ ਰੀਤੇਸ਼ ਬਾਂਸਲ ਦੇ ਸਹਿਯੋਗ ਨਾਲ ਇਹ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕੀਤਾ ਗਿਆ।ਇਸ ਮੌਕੇ ਅਜੈ ਮਿੱਤਲ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਵਿਧਾਇਕਾ ਨੀਨਾ ਮਿੱਤਲ ਨੇ ਇਸ ਮੌਕੇ ਕਿਹਾ ਕਿ ਵਾਰਡ ਨੰਬਰ 17 ਤੇ ਹੋਰ ਇਲਾਕਿਆਂ ਦੇ ਨਿਵਾਸੀ ਲੰਮੇ ਸਮੇਂ ਤੋਂ ਸੀਵਰੇਜ ਓਵਰਫਲੋ ਦੀ ਸਮੱਸਿਆ ਨਾਲ ਜੂਝ ਰਹੇ ਸਨ।ਲੋਕਾਂ ਦੀ ਇਸ ਪੁਰਾਣੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਹੁਣ ਨਵੀਂ ਸੀਵਰੇਜ ਪਾਈਪ ਲਾਈਨ ਪਾਈ ਜਾ ਰਹੀ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਉਨ੍ਹਾਂ ਦੱਸਿਆ ਕਿ ਨੀਲਪੁਰ ਸਟੇਡੀਅਮ ਕੋਲੋਂ ਮੇਨ ਰੋਡ ਬਾਈਪਾਸ ਤੇ ਅੰਡਰਗਰਾਊਂਡ ਸੀਵਰੇਜ ਪਾਈਪ ਲਾਈਨ ਪਾਉਣ ਦਾ ਕੰਮ ਸ਼ੁਰੂ ਹੋ ਚੁੱਕਾ ਹੈ ਤੇ ਜਲਦੀ ਹੀ ਹੋਰ ਇਲਾਕਿਆਂ ਵਿੱਚ ਵੀ ਇਹ ਕੰਮ ਵਿਸਥਾਰ ਨਾਲ ਕੀਤਾ ਜਾਵੇਗਾ।ਇਸ ਮੌਕੇ ਵਾਰਡ ਨੰਬਰ 17 ਦੇ ਇੰਚਾਰਜ ਰੀਤੇਸ਼ ਬਾਂਸਲ ਨੇ ਵਿਧਾਇਕਾ ਮੈਡਮ ਨੀਨਾ ਮਿੱਤਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਲੰਮੇ ਸਮੇਂ ਵਾਰਡ ਨਿਵਾਸੀਆਂ ਦੀ ਲਟਕਦੀ ਮੰਗ ਨੂੰ ਪੂਰਾ ਕੀਤਾ ਹੈ।ਇਸ ਮੌਕੇ ਸੀਵਰੇਜ ਬੋਰਡ ਦੇ ਐੱਸ ਡੀ ਓ ਕਰਨਦੀਪ ਸਿੰਘ, ਸ਼ਾਮ ਸੁੰਦਰ ਵਧਵਾ, ਸਚਿਨ ਮਿੱਤਲ, ਟਿੰਕੂ ਬਾਂਸਲ, ਰਮਨ ਟਿਵਾਣਾ, ਗੁਰਵਿੰਦਰ ਸਿੰਘ ਵੜੈਚ, ਬੀ ਡੀ ਨੰਦਾ, ਮਨੀਸ਼ ਕੁਮਾਰ, ਗੁਰਵੀਰ ਸਰਾਓਂ, ਹਰਪ੍ਰੀਤ ਸਿੰਘ ਲਾਲੀ, ਸਾਬਕਾ ਸਰਪੰਚ ਰਣਜੀਤ ਸਿੰਘ, ਰਤਨੇਸ਼ ਜਿੰਦਲ, ਮੁਨੀਸ਼ ਕੁਮਾਰ ਭਟੇਜਾ ਕਲੋਨੀ, ਮਣੀ ਗਨੇਸ਼ ਕਲੋਨੀ, ਸਰਪੰਚ ਜਸਵੰਤ ਸਿੰਘ ਨੈਣਾ ਸਮੇਤ ਵੱਡੀ ਗਿਣਤੀ ਵਿੱਚ ਵਾਰਡ ਨੰਬਰ 17 ਦੇ ਵਾਸੀ ਮੌਜੂਦ ਸਨ।

# ਨਾਜਾਇਜ਼ ਕਬਜ਼ੇ ਦੇ ਵਿਰੋਧ 'ਚ ਪੰਜ ਬੀਬੀਆਂ ਵੱਲੋਂ ਭੁੱਖ ਹੜਤਾਲ ਸ਼ੁਰੂ

## ਪਥਵਾੜਿਆਂ ਵਾਲੀ ਸ਼ਾਮਲਾਟ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਵਾਉਣ ਦਾ ਦੋਸ਼



**ਧੂਰੀ (ਮਨੋਹਰ ਸਿੰਘ ਸੱਗੂ)**

ਨੇੜਲੇ ਪਿੰਡ ਬੇਨੜਾ ਦੇ ਦਲਿਤ ਮਜ਼ਦੂਰਾਂ ਵੱਲੋਂ ਗੁਰੂ ਰਵਿਦਾਸ ਭਾਈ ਜੀਵਨ ਸਿੰਘ ਗੁਰ ਸੰਗਤ ਕਮੇਟੀ ਦੀ ਅਗਵਾਈ ਹੇਠ ਬੇਗਮਪੁਰਾ ਗੁਰੂ ਘਰ ਨੇੜੇ ਰੂੜੀਆਂ ਤੇ ਪਥਵਾੜਿਆਂ ਵਾਲੀ ਸ਼ਾਮਲਾਟ ਜ਼ਮੀਨ ਉੱਪਰ ਕਥਿਤ ਤੌਰ 'ਤੇ ਪਿੰਡ ਦੇ ਮੋਹਤਵਰ ਵਿਅਕਤੀ ਵੱਲੋਂ ਕਰਵਾਏ ਗਏ ਨਾਜਾਇਜ਼ ਕਬਜ਼ੇ ਦੇ ਵਿਰੋਧ 'ਚ ਧਰਨਾ ਦਿੰਦਿਆਂ ਪੰਜ ਬੀਬੀਆਂ ਗੁਰਮੀਤ ਕੌਰ, ਕਿਰਨਜੀਤ ਕੌਰ, ਹਰਜਿੰਦਰ ਕੌਰ, ਬਲਵੀਰ ਕੌਰ ਤੇ ਜਸਬੀਰ ਕੌਰ ਵੱਲੋਂ ਲੜੀਵਾਰ ਭੁੱਖ ਹੜਤਾਲ ਸ਼ੁਰੂ ਕੀਤੀ ਗਈ।

ਕਮੇਟੀ ਪ੍ਰਬੰਧਕ ਵੱਲੋਂ ਜਾਰੀ ਪ੍ਰੈੱਸ ਨੋਟ ਅਨੁਸਾਰ ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਸੇਵਾ ਮੁਕਤ ਲੈਕਚਰਾਰ ਰਾਮ ਸਿੰਘ ਬੇਨੜਾ ਤੇ ਬਹਾਲ ਸਿੰਘ ਬੇਨੜਾ ਨੇ ਦੋਸ਼ ਲਾਉਂਦਿਆਂ ਕਿਹਾ ਕਿ ਦਲਿਤ ਮਜ਼ਦੂਰਾਂ ਦੀ ਸਾਂਝੀ ਵਰਤੋਂ ਵਾਲੀ ਜਗ੍ਹਾ ਉਪਰ ਕਥਿਤ ਤੌਰ 'ਤੇ ਗੁਰਦੁਆਰਾ ਕਮੇਟੀ ਨਾਲ ਮਿਲ ਕੇ ਨਾਜਾਇਜ਼ ਕਬਜ਼ਾ ਕਰਵਾਇਆ ਗਿਆ ਹੈ।ਸਾਬਕਾ ਸਰਪੰਚ ਹਰਜਿੰਦਰ ਸਿੰਘ ਨੇ ਦਲਿਤਾਂ ਵਿਹੜੇ 'ਚ ਸਹੂਲਤਾਂ ਦੀ ਘਾਟ ਨੂੰ ਕਥਿਤ ਤੌਰ 'ਤੇ ਜਾਤੀ ਭੇਦ-ਭਾਵ ਕਰਾਰ ਦਿੰਦਿਆਂ ਕਿਹਾ ਕਿ ਸ਼ਾਮਲਾਟ ਜ਼ਮੀਨ ਦੀ ਰੱਖਿਆ ਕਰਨਾ ਮੌਜੂਦਾ ਸਰਪੰਚ ਦੀ ਜ਼ਿੰਮੇਵਾਰੀ ਹੈ।ਬੁਲਾਰਿਆਂ ਨੇ ਮੰਗ ਕੀਤੀ ਕਿ ਨਜਾਇਜ਼ ਕਬਜ਼ਾ ਹਟਵਾ ਕੇ ਐੱਸ ਸੀ ਭਾਈਚਾਰੇ ਲਈ ਸ਼ਾਮਲਾਟ ਜ਼ਮੀਨ 'ਚ ਹਿੱਸਾ ਰਾਖਵਾਂ ਕੀਤਾ ਜਾਵੇ ਤੇ ਉੱਥੇ ਪਾਰਕ, ਕਮਿਊਨਿਟੀ ਹਾਲ, ਸਕੂਲ ਤੇ ਰੂੜੀਆਂ ਲਈ ਢੰਗ ਦੀ ਥਾਂ ਮੁਹੱਈਆ ਕਰਵਾਈ ਜਾਵੇ।ਇਸ ਮੌਕੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਬਿੱਕਰ ਸਿੰਘ ਹਥੋਆ ਨੇ ਦਲਿਤਾਂ ਦੇ ਸੰਘਰਸ਼ ਦੀ ਹਮਾਇਤ ਕੀਤੀ।ਹੋਰਨਾਂ 'ਚ ਦਰਸ਼ਨ ਸਿੰਘ, ਗੁਰਵਿੰਦਰ ਸਿੰਘ ਗੁਰੀ, ਮੇਜਰ ਸਿੰਘ ਤੇ ਗਿੰਦਰ ਸਿੰਘ ਨੇ ਕਿਹਾ ਕਿ ਜੇਕਰ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਸੰਪਰਕ ਕਰਨ 'ਤੇ ਪਿੰਡ ਦੇ ਸਰਪੰਚ ਗੋਪਾਲ ਸ਼ਰਮਾ ਨੇ ਦੋਸ਼ਾਂ ਨੂੰ ਬੇ-ਬੁਨਿਆਦ ਦਸਦਿਆਂ ਸਪੱਸ਼ਟ ਕੀਤਾ ਕਿ ਸਬੰਧਤ ਸ਼ਾਮਲਾਟ ਜ਼ਮੀਨ ਦੀ ਮਾਲ ਵਿਭਾਗ ਤੋਂ ਮਿਣਤੀ ਕਰਵਾਈ ਗਈ ਹੈ ਤੇ ਕਾਨੂੰਗੋ ਦੀ ਰਿਪੋਰਟ ਆਉਣ ਮਗਰੋਂ ਇਸ ਥਾਂ 'ਚ ਪਾਰਕ ਬਣਵਾਉਣ ਦੀ ਤਜਵੀਜ਼ ਹੈ।

# ਵਿਧਾਇਕ ਨੇ ਬੱਬਨਪੁਰ ਤੋਂ ਜੌੜੇ ਪੁਲ ਤੱਕ ਸੜਕ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ

## ਮਾਨ ਸਰਕਾਰ ਦੇ 4 ਸਾਲਾਂ 'ਚ ਵਿਕਾਸ ਕਾਰਜਾਂ ਨੂੰ ਮਿਲੀ ਨਵੀਂ ਰਫ਼ਤਾਰ : ਗੱਜਣਮਾਜਰਾ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਵੱਲੋਂ ਕਰੀਬ 27 ਕਰੋੜ 31 ਲੱਖ ਰੁਪਏ ਦੀ ਲਾਗਤ ਨਾਲ ਬੱਬਨਪੁਰ ਤੋਂ ਜੋੜੇਪੁਲ ਤੱਕ ਦੀ ਮਹੱਤਵਪੂਰਨ ਸੜਕ ਦੇ ਰਿਪੇਅਰ ਤੇ ਨਵੀਨੀਕਰਨ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ।ਇਹ ਪ੍ਰੋਜੈਕਟ ਸਪੈਸ਼ਲ ਅਸਿਸਟੈਂਸ ਫੇਜ਼-2 ਸਕੀਮ ਤਹਿਤ ਕਰਵਾਇਆ ਜਾ ਰਿਹਾ ਹੈ, ਜਿਸ ਅਧੀਨ ਲਗਭਗ 26.43 ਕਿਲੋਮੀਟਰ ਲੰਬੀ ਸੜਕ ਦਾ ਨਵੀਨੀਕਰਨ ਕੀਤਾ ਜਾਵੇਗਾ।ਇਸ ਮੌਕੇ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 'ਸ਼ਾਨਦਾਰ 4 ਸਾਲ ਭਗਵੰਤ ਮਾਨ ਦੇ ਨਾਲ' ਮੁਹਿੰਮ ਤਹਿਤ ਪੰਜਾਬ ਭਰ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਮਿਲੀ ਹੈ ਤੇ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਸੜਕਾਂ, ਸਿਹਤ ਤੇ ਸਿੱਖਿਆ ਖੇਤਰ ਵਿੱਚ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਬੱਬਨਪੁਰ ਤੋਂ ਜੋੜੇਪੁਲ ਤੱਕ ਦੀ ਇਹ ਸੜਕ ਲੰਮੇ ਸਮੇਂ ਤੋਂ ਖਰਾਬ ਹਾਲਤ ਵਿੱਚ ਸੀ ਤੇ ਕਰੀਬ 35 ਸਾਲਾਂ ਬਾਅਦ ਇਸ ਸੜਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਹੋ ਰਿਹਾ ਹੈ।ਇਸ ਸੜਕ ਦੇ ਨਵੀਨੀਕਰਨ ਨਾਲ ਇਲਾਕੇ ਦੇ ਵਸਨੀਕਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤ ਮਿਲੇਗੀ ਤੇ ਕਈ ਪਿੰਡਾਂ ਦੇ ਲੋਕਾਂ ਨੂੰ ਰੋਜ਼ਾਨਾ ਆਉਣ-ਜਾਣ ਵਿੱਚ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਖੇਤਰ ਵਿੱਚ ਸਮਾਨ ਵਿਕਾਸ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਵਿੱਚ ਸੜਕਾਂ ਦੇ ਨਵੀਨੀਕਰਨ ਤੇ ਨਵੀਆਂ ਸੜਕਾਂ ਦੀ ਉਸਾਰੀ ਲਈ ਵੱਡੇ ਪੱਧਰ 'ਤੇ ਫੰਡ ਜਾਰੀ ਕੀਤੇ ਗਏ ਹਨ, ਜਿਸ ਨਾਲ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮਿਲ ਰਹੀਆਂ ਹਨ।ਇਸ ਮੌਕੇ ਐਕਸ਼ੀਅਨ ਪੀ ਡਬਲਿਊ ਡੀ ਇੰਜੀ. ਪਰਨੀਤ ਕੌਰ ਟਿਵਾਣਾ, ਐੱਸ.ਡੀ.ਓ. ਇੰਜ. ਯੁਦਵੀਰ ਸਿੰਘ, ਜੇ.ਈ.ਈ. ਇੰਜ. ਬਲਪ੍ਰੀਤ ਸਿੰਘ ਤੋਂ ਇਲਾਵਾ ਸਥਾਨਕ ਪ੍ਰਤੀਨਿਧੀ, ਪੰਚਾਇਤੀ ਨੁਮਾਇੰਦੇ, ਅਧਿਕਾਰੀ ਤੇ ਇਲਾਕੇ ਦੇ ਵਸਨੀਕ ਹਾਜ਼ਰ ਸਨ।

## ਸਵਾਮੀ ਰੂਪ ਚੰਦ ਜੈਨ ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ



**ਜਗਰਾਉਂ (ਸੰਜੀਵ ਅਰੋੜਾ)**-ਸਵਾਮੀ ਰੂਪ ਚੰਦ ਜੈਨ ਸਕੂਲ ਦੇ ਵਿਦਿਆਰਥੀਆਂ ਨੇ ਨਤੀਜਿਆਂ ਵਿੱਚ 100 ਪ੍ਰਤੀਸ਼ਤ ਅੰਕ ਲੈ ਕੇ ਮਾਰੀਆਂ ਮੱਲਾਂ। ਵਿਦਿਆਰਥੀਆਂ ਨੇ ਪੰਜਵੀਂ ਜਮਾਤ ਦੀ ਪ੍ਰੀਖਿਆ 'ਚੋਂ ਪਹਿਲਾ ਸਥਾਨ ਹਾਸਲ ਕਰਕੇ ਜਿੱਤਾਂ ਦਾ ਸਿਖਰ ਉਸਾਰਿਆ, ਜੋ ਕਿ ਸਾਲ 2025-2026 ਦੀਆਂ ਸਕੂਲ ਦੀਆਂ ਅਕਾਦਮਿਕ ਪ੍ਰਾਪਤੀਆਂ ਵਿੱਚੋਂ ਇਸ ਸਾਲ ਦੀ ਪਹਿਲੀ ਖੁਸ਼ਖ਼ਬਰੀ ਲੈ ਕੇ ਆਇਆ ਹੈ। ਪ੍ਰਿੰਸੀਪਲ ਰਾਜਪਾਲ ਕੌਰ ਨੇ ਇਨ੍ਹਾਂ ਹੋਣਹਾਰ ਬੱਚਿਆਂ 'ਤੇ ਮਾਣ ਮਹਿਸੂਸ ਕਰਦਿਆਂ ਦੱਸਿਆ ਕਿ ਪੰਜਵੀਂ ਜਮਾਤ ਦੀ ਪ੍ਰੀਖਿਆ ਦੇ ਨਤੀਜਿਆਂ ਦੌਰਾਨ ਹੋਣਹਾਰ ਵਿਦਿਆਰਥੀਆਂ ਵਿੱਚ ਹਰਨੀਜ਼ ਕੌਰ ਹਿਡਕੇਵਾਲ ਨੇ 500/500, ਮੰਨਤ ਵਰਮਾ ਨੇ 500/500 ਅੰਕ ਲੈ ਕੇ ਪਹਿਲਾ ਸਥਾਨ, ਯੁਵਾਨ ਰੈਲਨ ਨੇ 500/500 ਹਾਸਲ ਕਰਕੇ ਪਹਿਲਾ ਸਥਾਨ, ਕ੍ਰਿਸ਼ਮਾ ਕੁਮਾਰੀ ਨੇ 500/500 ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਗਰਨੂਰ ਸਿੰਘ 498/500 ਅੰਕ ਲੈ ਕੇ (99.6 ਪ੍ਰਤੀਸ਼ਤ) ਲੈ ਕੇ ਦੂਜਾ ਸਥਾਨ, ਸੁਖਪ੍ਰੀਤ ਕੌਰ 498/500 (99.6 ਪ੍ਰਤੀਸ਼ਤ) ਅੰਕ ਲੈ ਕੇ ਦੂਜਾ ਸਥਾਨ, ਪ੍ਰਭਅਸੀਸ ਸਿੰਘ ਨੇ 498/500) ਅੰਕ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅਨੰਨਿਆ ਯਾਦਵ ਨੇ 495/500 ਅੰਕ ਲੈ ਕੇ ਤੀਜਾ ਸਥਾਨ ਕੀਤਾ। ਪ੍ਰਿੰਸੀਪਲ ਰਾਜਪਾਲ ਕੌਰ ਨੇ ਖੁਸ਼ੀ ਜ਼ਾਹਰ ਕਰਦਿਆਂ ਦੱਸਿਆ ਕਿ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਦੇ ਨਾਲ-ਨਾਲ ਸਾਰੇ ਵਿਦਿਆਰਥੀਆਂ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ, 50 ਪ੍ਰਤੀਸ਼ਤ ਤੋਂ ਜ਼ਿਆਦਾ ਬੱਚਿਆਂ ਦੇ 95 ਪ੍ਰਤੀਸ਼ਤ ਤੋਂ ਜ਼ਿਆਦਾ ਅੰਕ ਆਏ। ਉਨ੍ਹਾਂ ਦੱਸਿਆ ਕਿ ਪੰਜਵੀਂ ਵਿੱਚ ਪੜ੍ਹਦੇ ਸਾਰੇ ਬੱਚਿਆਂ ਨੇ 80 ਪ੍ਰਤੀਸ਼ਤ ਤੋਂ ਜ਼ਿਆਦਾ ਅੰਕ ਪ੍ਰਾਪਤ ਕਰਕੇ ਆਪਣੇ ਮਾਂ-ਬਾਪ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਸਕੂਲ ਮੈਨੇਜਮੈਂਟ ਨੇ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਤੇ ਸ਼ੁਭ ਇਛਾਵਾਂ ਦਿੱਤੀਆਂ। ਪ੍ਰਿੰਸੀਪਲ ਰਾਜਪਾਲ ਕੌਰ ਨੇ ਸਕੂਲ ਮੈਨੇਜਮੈਂਟ ਦਾ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਨ ਤੇ ਧੰਨਵਾਦ ਕੀਤਾ।

## ਦਰਸ਼ਨ ਸਿੰਘ ਦੋਸਾਂਝ ਦੀ ਪਲੇਠੀ ਪੁਸਤਕ 'ਅੰਨ੍ਹਾ ਖੂਹ' 'ਤੇ ਗੋਸ਼ਟੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਸਹਿਤ ਅਕਾਦਮੀ (ਰਜਿ.) ਮੋਗਾ ਵੱਲੋਂ ਮਹਿੰਦਰ ਸਾਥੀ ਯਾਦਗਾਰੀ ਮੰਚ ਤੇ ਲਿਖਾਰੀ ਸਭਾ ਮੋਗਾ ਦੇ ਸਹਿਯੋਗ ਨਾਲ ਦਰਸ਼ਨ ਸਿੰਘ ਦੁਸਾਂਝ 'ਸੰਘਾ' ਦੇ ਪਲੇਠੇ ਕਹਾਣੀ ਸੰਗ੍ਰਹਿ 'ਅੰਨ੍ਹਾ ਖੂਹ' 'ਤੇ ਸਰਕਾਰੀ ਹਾਈ ਮਿਡਲ ਸਕੂਲ ਦੁਸਾਂਝ ਵਿਖੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਗੋਸ਼ਟੀ ਕਰਵਾਈ ਗਈ।ਸਮਾਗਮ ਦੇ ਪਹਿਲੇ ਸੈਸ਼ਨ ਦੇ ਪ੍ਰਧਾਨਗੀ ਮੰਡਲ ਵਿੱਚ ਉੱਘੇ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ, ਜਸਵਿੰਦਰ ਰੱਤੀਆਂ ਯੂ ਕੇ, ਕੈਨੇਡਾ ਦੇ ਐਕਸ ਐੱਮ ਐੱਲ ਏ ਪੀਟਰ ਸੰਧੂ, ਰੇਡੀਓ/ਟੀਵੀ ਆਪਣਾ ਵਿਨੀਪਿਗ ਕੈਨੇਡਾ ਦੇ ਮਾਲਕ/ਸੰਚਾਲਕ ਮਨਧੀਰ ਕੌਰ ਮੰਨੂ ਕੈਨੇਡਾ, ਡਾ. ਮਨਪ੍ਰੀਤ ਕੌਰ ਸੰਗਰੂਰ ਤੇ ਦਰਸ਼ਨ ਸਿੰਘ ਦੋਸਾਂਝ ਸੰਘਾ ਸ਼ਾਮਲ ਹੋਏ।ਸਟੇਜ ਦੀ ਕਾਰਵਾਈ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਂਦੇ ਹੋਏ ਹੋਏ ਨੌਜਵਾਨ ਸ਼ਾਇਰ ਚਰਨਜੀਤ ਸਮਾਲਸਰ ਨੇ ਸਭ ਤੋਂ ਪਹਿਲਾਂ ਉੱਘੇ ਆਲੋਚਕ ਡਾ. ਸੁਰਜੀਤ ਬਰਾੜ ਘੋਲੀਆ ਨੂੰ ਕਿਤਾਬ ਉੱਪਰ ਪਰਚਾ ਪੜ੍ਹਨ ਲਈ ਸੱਦਾ ਦਿੱਤਾ ਗਿਆ। ਡਾ. ਸੁਰਜੀਤ ਬਰਾੜ ਨੇ ਅੰਨ੍ਹਾ ਖੂਹ ਦੀਆਂ ਸਾਰੀਆਂ ਕਹਾਣੀਆਂ ਨੂੰ ਅਜੋਕੇ ਪੂੰਜੀਵਾਦੀ ਸਿਸਟਮ ਦੇ ਵਿੱਚ ਪਿਸ ਰਹੇ ਮਾਨਵਤਾਵਾਦੀ ਮਨੁੱਖ ਲਈ ਸਾਰਥਕ ਸਨੇਹਾ ਦੇਣ ਵਾਲੀਆਂ ਕਿਹਾ।ਕਹਾਣੀਕਾਰ ਜਸਵੀਰ ਕਲਸੀ ਧਰਮਕੋਟ ਨੇ ਦਰਸ਼ਨ ਦੋਸਾਂਝ ਸੰਘਾ ਨੂੰ ਵੱਖਰੀ ਸ਼ੈਲੀ ਤੇ ਵੱਖਰੇ ਦ੍ਰਿਸ਼ਟੀਕੋਣ ਵਾਲੀਆਂ ਕਹਾਣੀਆਂ ਦਾ ਸਿਰਜਕ ਕਿਹਾ।ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਕਿਹਾ ਕਿ ਕਹਾਣੀ ਵਿੱਚ ਟੈਂਸ਼ਨ ਉਭਰਨੀ ਜ਼ਰੂਰੀ ਹੈ।ਸਿਸਟਮ ਘਟਨਾਵਾਂ ਵਿੱਚ ਵਾਪਰਦਾ ਹੋਣਾ ਚਾਹੀਦਾ ਹੈ।ਕਹਾਣੀ ਵਿੱਚ ਨਾਇਕ ਤੇ ਖਲਨਾਇਕ ਦਾ ਟਾਕਰਾ ਹੋਣਾ ਅਤਿ ਜ਼ਰੂਰੀ ਹੈ।ਕੈਨੇਡਾ ਦੇ ਐਕਸ ਐੱਮ ਐੱਲ ਏ ਪੀਟਰ ਸਿੰਘ ਸੰਧੂ ਨੇ ਦਰਸ਼ਨ ਦੋਸਾਂਝ ਨੂੰ ਵਧੀਆ ਕਹਾਣੀਆਂ ਸਿਰਜਣ ਦੀ ਵਧਾਈ ਦਿੱਤੀ।ਡਾ. ਮਨਪ੍ਰੀਤ ਕੌਰ ਸੰਗਰੂਰ ਨੇ ਕਹਾਣੀਆਂ ਦੀ ਪ੍ਰਸੰਸਾ ਕਰਦੇ ਹੋਏ ਕਾਵਿਕ ਸ਼ੈਲੀ ਨੂੰ ਆਧਾਰ ਬਣਾ ਕੇ ਆਪਣੀ ਗੱਲ ਕੀਤੀ। ਕੈਨੇਡਾ ਵਾਸੀ ਮਨਧੀਰ ਕੌਰ ਮੰਨੂ ਨੇ ਕਿਹਾ ਕਿ ਕਹਾਣੀਆਂ ਵਿਚਲਾ ਸਰੋਦੀਪਣ, ਸਾਦਾਪਣ ਤੇ ਪ੍ਰਭਾਵਸ਼ਾਲੀ ਬਿਰਤਾਂਤ ਪਾਠਕ ਨੂੰ ਟੁੰਬਦਾ ਹੈ।ਵਿਚਾਰ ਚਰਚਾ ਵਿੱਚ ਜਸਵੀਰ ਕਲਸੀ ਧਰਮਕੋਟ, ਕਹਾਣੀਕਾਰ ਰਾਜਵਿੰਦਰ ਰਾਜਾ ਨੇ ਭਾਗ ਲਿਆ।ਦਰਸ਼ਨ ਦੋਸਾਂਝ ਸੰਘਾ ਨੇ ਆਪਣੀ ਸਿਰਜਣ ਪ੍ਰਕਿਰਿਆ ਬਾਰੇ ਗੱਲ ਕਰਦਿਆਂ ਕਹਾਣੀਆਂ ਦੇ ਪਿਛੋਕੜ ਤੇ ਸੱਚ ਨੂੰ ਸਾਹਮਣੇ ਰੱਖਦਿਆਂ ਚਰਚਾ ਵਿੱਚ ਸ਼ਾਮਲ ਸਾਹਿਤਕਾਰਾਂ ਦਾ ਧੰਨਵਾਦ ਕੀਤਾ।ਇਸ ਸਮੇਂ ਸੰਤੋਖ ਕੌਰ ਗਰੇਵਾਲ ਦੀ ਪੁਸਤਕ 'ਯਾਦਾਂ ਦਾ ਪਰਾਗਾ 1947' ਤੇ ਗੁਰਬਚਨ ਸਿੰਘ ਚਿੰਤਕ ਦੀ ਅੰਗਰੇਜ਼ੀ ਵਿੱਚ ਰਚੀ ਪੁਸਤਕ 'ਫਲਾਈਟ ਆਫ਼ ਦਿ ਅਬਾਬੀਲ' (ਹੰਸਿਕਾ ਕੌਰ ਤੱਥਗੜ) ਲੋਕ ਅਰਪਣ ਕੀਤੀਆਂ ਗਈਆਂ।ਇਨ੍ਹਾਂ ਨੂੰ ਪੁਸਤਕਾਂ ਬਾਰੇ ਸੰਖੇਪ ਜਾਣ-ਪਛਾਣ ਡਾ. ਸੁਰਜੀਤ ਬਰਾੜ ਦੁਆਰਾ ਕਰਵਾਈ ਗਈ।ਦੂਸਰੇ ਸੈਸ਼ਨ ਦੀ ਪ੍ਰਧਾਨਗੀ ਮੰਡਲ ਵਿਚ ਸਾਹਿਤਕਾਰ ਜਸਵਿੰਦਰ ਰੱਤੀਆਂ, ਕਰਨਲ ਬਾਬੂ ਸਿੰਘ ਮੋਗਾ, ਐੱਕਸ ਐੱਮ ਐੱਲ ਏ ਕਨੇਡਾ ਪੀਟਰ ਸਿੰਘ ਸੰਧੂ, ਡਾਕਟਰ ਸਰਬਜੀਤ ਕੌਰ ਬਰਾੜ ਮੋਗਾ, ਮਨਧੀਰ ਕੌਰ ਮੰਨੂ ਕੈਨੇਡਾ, ਕਵੀ ਪ੍ਰਸ਼ੋਤਮ ਪੱਤੋ, ਪਿਆਰਾ ਸਿੰਘ ਚਾਹਲ ਕੈਨੇਡਾ ਸ਼ਾਮਲ ਹੋਏ।ਕਵੀ ਦਰਬਾਰ ਦੀ ਸ਼ੁਰੂਆਤ ਪ੍ਰੇਮ ਕੁਮਾਰ ਦੇ ਖੂਬਸੂਰਤ ਗੀਤ ਨਾਲ ਹੋਈ।

ਕਵੀ ਦਰਬਾਰ ਵਿੱਚ ਜੰਗੀਰ ਸਿੰਘ ਖੋਖਰ, ਕੁਲਵਿੰਦਰ ਸਿੰਘ ਦਲਗੀਰ, ਡਾ. ਸਰਬਜੀਤ ਬਰਾੜ ਮੋਗਾ, ਅਮਰ ਘੋਲੀਆ, ਅਵਤਾਰ ਸਮਾਲਸਰ, ਕੁਲਵੰਤ ਧਾਲੀਵਾਲ, ਵਿਅੰਗਕਾਰ ਡਾ. ਸਾਧੂ ਰਾਮ ਲੰਗੇਆਣਾ, ਕੰਵਲਜੀਤ ਭੋਲਾ ਲੰਡੇ, ਗੁਰਪ੍ਰੀਤ ਸਿੰਘ ਮੁਕਤਸਰ, ਬਲਵਿੰਦਰ ਸਿੰਘ ਧਰਮਕੋਟ, ਗੁਰਮੇਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ, ਹਰਬੰਸ ਸਿੰਘ ਫਤਿਹਗੜ੍ਹ ਪੰਜਤੂਰ, ਕ੍ਰਾਂਤੀਕਾਰੀ ਕਵੀ ਪ੍ਰਸ਼ੋਤਮ ਪੱਤੋ, ਪਰਗਟ ਸਿੰਘ ਸਮਾਧ ਭਾਈ, ਹੈਪੀ ਸ਼ਾਇਰ, ਰਛਪਾਲ ਬਰਾੜ ਕੈਨੇਡਾ, ਪਿਆਰਾ ਸਿੰਘ ਚਾਹਲ, ਬਬਲੀ ਮੋਗਾ, ਦਵਿੰਦਰ ਸਿੰਘ ਸੰਘਾ, ਦਰਸ਼ਨ ਦੋਸਾਂਝ ਸੰਘਾ, ਪਿਆਰਾ ਸਿੰਘ ਚਾਹਲ, ਹਰਭਜਨ ਸਿੰਘ ਨਾਗਰਾ ਨੇ ਆਪੋ ਆਪਣੀਆਂ ਰਚਨਾਵਾਂ ਨਾਲ ਸਮੇਂ ਨੂੰ ਬੰਨ੍ਹੀ ਰੱਖਿਆ।ਇਸ ਸਮੇਂ ਡਾਕਟਰ ਸੁਰਜੀਤ ਬਰਾੜ ਘੋਲੀਆ, ਗਿਆਨ ਸਿੰਘ ਸਾਬਕਾ ਡੀ.ਪੀ.ਆਰ.ਓ ਮੋਗਾ ਤੇ ਹੋਰ ਸਾਹਿਤਕਾਰ ਹਾਜ਼ਰ ਸਨ।

## ਵਿਧਾਇਕ ਨੇ ਘੜਾਮਾਂ ਕਲਾਂ 'ਚ 408 ਪਰਵਾਰਾਂ ਨੂੰ ਮਾਲਕਾਨਾ ਹੱਕ ਸੌਂਪੇ

■ ਸਰਕਾਰ ਦਾ ਮੂਲ ਉਦੇਸ਼ ਸੂਬੇ ਦੇ ਹਰ ਵਰਗ ਨੂੰ ਉੱਚਾ ਚੁੱਕਣਾ : ਗੁਰਲਾਲ ਘਨੌਰ

**ਰਾਜਪੁਰਾ (ਰਮੇਸ਼ ਕਟਾਰੀਆ)**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਅਹਿਮ ਲੋਕ-ਹਿਤੈਸ਼ੀ ਯੋਜਨਾ 'ਮੇਰਾ ਘਰ ਮੇਰੇ ਨਾਮ' ਦੇ ਤਹਿਤ ਹਲਕਾ ਘਨੌਰ ਦੇ ਪਿੰਡ ਘੜਾਮਾਂ ਕਲਾਂ ਵਿੱਚ 408 ਪਰਵਾਰਾਂ ਨੂੰ ਵੱਡੀ ਰਾਹਤ ਮਿਲੀ।ਪੰਜਾਬ ਕਬੱਡੀ ਐਸੋਸੀਏਸ਼ਨ ਦੇ ਪ੍ਰਧਾਨ ਤੇ ਵਿਧਾਇਕ ਗੁਰਲਾਲ ਘਨੌਰ ਨੇ ਇੱਕ ਵਿਸ਼ੇਸ਼ ਸਮਾਗਮ ਦੌਰਾਨ ਇਨ੍ਹਾਂ ਪਰਵਾਰਾਂ ਨੂੰ ਰਜਿਸਟਰੀਆਂ ਸੌਂਪ ਕੇ ਮਾਲਕਾਨਾ ਹੱਕ ਦਿੱਤੇ।ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਪੰਜਾਬ ਸਰਕਾਰ ਦੀ ਇੱਕ ਇਤਿਹਾਸਕ ਪਹਿਲ ਹੈ, ਜਿਸ ਨਾਲ ਲਾਲ ਡੋਰਾ (ਆਬਾਦੀ ਦੇਹ) ਦੇ ਰਕਬੇ ਵਿੱਚ ਰਹਿ ਰਹੇ ਪਰਿਵਾਰਾਂ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਪੂਰੀ ਹੋਈ ਹੈ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਰਾਹੀਂ ਉਨ੍ਹਾਂ ਲੋਕਾਂ ਨੂੰ ਪੱਕੀ ਮਾਲਕੀ ਦੇ ਹੱਕ ਮਿਲ ਰਹੇ ਹਨ, ਜੋ ਸਾਲਾਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਸਨ, ਪਰ ਕਾਨੂੰਨੀ ਤੌਰ 'ਤੇ ਮਾਲਕ ਨਹੀਂ ਮੰਨੇ ਜਾਂਦੇ ਸਨ।ਵਿਧਾਇਕ ਘਨੌਰ ਨੇ ਦੱਸਿਆ ਕਿ ਇਹ ਯੋਜਨਾ ਨਾ ਸਿਰਫ਼ ਲੋਕਾਂ ਨੂੰ ਕਾਨੂੰਨੀ ਸੁਰੱਖਿਆ ਪ੍ਰਦਾਨ ਕਰਦੀ ਹੈ, ਸਗੋਂ ਉਨ੍ਹਾਂ ਦੀ ਆਰਥਿਕ ਸਥਿਤੀ ਨੂੰ ਵੀ ਮਜ਼ਬੂਤ ਕਰਦੀ ਹੈ।ਹੁਣ ਇਹ ਪਰਿਵਾਰ ਆਪਣੀ ਜਾਇਦਾਦ ਨੂੰ ਬੈਂਕ ਲੋਨ ਜਾਂ ਹੋਰ ਵਿੱਤੀ ਸਹੂਲਤਾਂ ਲਈ ਵਰਤ ਸਕਣਗੇ, ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਵਿੱਚ ਸੁਧਾਰ ਆਵੇਗਾ। ਸਮਾਗਮ ਦੌਰਾਨ ਰਜਿਸਟਰੀਆਂ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ।ਇਸ ਮੌਕੇ ਚੇਅਰਮੈਨ ਸਹਿਜਪਾਲ ਸਿੰਘ ਦਿਉਲ ਲਾਡਾ ਨਨਹੇੜਾ, ਸਰਪੰਚ ਜੋਧਵੀਰ ਸਿੰਘ ਵੜੈਚ, ਗੁਰਤਾਜ ਸਿੰਘ ਸੰਧੂ, ਗੁਰਪ੍ਰੀਤ ਸਿੰਘ ਢਿੱਲੋਂ ਬੂਹਾ, ਨਿਸ਼ਾਨ ਸਿੰਘ ਸੰਧੂ ਤੇ ਸਬੰਧਤ ਅਧਿਕਾਰੀ ਅਤੇ ਪੰਚ, ਸਰਪੰਚਾਂ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਅਹੁਦੇਦਾਰ ਤੇ ਵਰਕਰ ਮੌਜੂਦ ਸਨ।

## ਏਕ ਆਸ ਆਸ਼ਰਮ ਸੇਵਾ ਸੋਸਾਇਟੀ ਵਿਖੇ ਬਜ਼ੁਰਗਾਂ ਨੂੰ ਰਾਸ਼ਨ ਵੰਡਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਰੌਲੀ ਰੋਡ 'ਤੇ 'ਏਕ ਆਸ ਆਸ਼ਰਮ ਸੇਵਾ ਸੋਸਾਇਟੀ' ਵੱਲੋਂ ਚਲਾਏ ਜਾ ਰਹੇ ਬਿਰਧ ਆਸ਼ਰਮ ਦੇ ਬਜ਼ੁਰਗਾਂ ਨੂੰ ਘਰੇਲੂ ਰਾਸ਼ਨ ਤਕਸੀਮ ਕਰਨ ਲਈ ਇੱਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸਮਾਜ ਸੇਵੀ ਜਸਬੀਰ ਕੌਰ ਜੱਸੀ ਰਾਏ, ਮਨਜੀਤ ਕੌਰ, ਪ੍ਰੀਤ ਸੰਧੂ, ਐੱਨ.ਆਰ.ਆਈ. ਸਭਾ ਦੀ ਪ੍ਰਧਾਨ ਹਰਚਰਨਜੀਤ ਕੌਰ ਗਿੱਲ, ਮਨਜੀਤ ਕੌਰ ਬਾਵਾ ਰਣਸਿੰਘ ਕਲਾਂ, ਵੀਰਪਾਲ ਕੌਰ, ਨਿਰਮਲ ਕੌਰ, ਭੁਪਿੰਦਰ ਕੌਰ, ਕੁਲਦੀਪ ਕੌਰ, ਗੌਰਵ ਕੁਮਾਰ ਤੇ ਗੁਰਮੀਤ ਸਿੰਘ ਨੇ ਸਾਂਝੇ ਤੌਰ 'ਤੇ ਮੋਗਾ ਨੇੜੇ ਰੌਲੀ ਰੋਡ 'ਤੇ ਸਥਿਤ 'ਏਕ ਆਸ ਆਸ਼ਰਮ ਸੇਵਾ ਸੋਸਾਇਟੀ' ਵਿਖੇ ਫਲ, ਸਬਜ਼ੀਆਂ ਤੇ ਹੋਰ ਵਸਤਾਂ ਭੇਟ ਕੀਤੀਆਂ ਗਈਆਂ ਅਤੇ ਆਸ਼ਰਮ ਵਿੱਚ ਰਹਿੰਦੇ ਬਜ਼ੁਰਗਾਂ ਦਾ ਹਾਲ-ਚਾਲ ਪੁੱਛਦਿਆਂ ਤੰਦਰੁਸਤੀ ਦੀ ਕਾਮਨਾ ਕੀਤੀ।ਇਸ ਮੌਕੇ ਬੋਲਦਿਆਂ ਜਸਬੀਰ ਸਿੰਘ ਬਾਵਾ-ਬਿਰਧ ਆਸ਼ਰਮ ਦੇ ਪ੍ਰਬੰਧਕ ਤੇ ਇਸ ਦੀ ਪ੍ਰਧਾਨ, ਠੇਕੇਦਾਰ ਮੀਤਾ ਬਾਵਾ ਨੇ ਹਾਜ਼ਰ ਸਾਰਿਆਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਬਜ਼ੁਰਗ ਨਿਵਾਸੀਆਂ ਦੀ ਭਲਾਈ ਦਾ ਪਤਾ ਲਗਾਉਣ ਲਈ ਅਕਸਰ ਆਸ਼ਰਮ ਦਾ ਦੌਰਾ ਕਰਦੀਆਂ ਹਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਮਾਜ ਸੇਵਾ ਤੋਂ ਵੱਧ ਉੱਤਮ ਕੋਈ ਸੇਵਾ ਨਹੀਂ ਹੈ ਤੇ ਪੁਸ਼ਟੀ ਕੀਤੀ ਕਿ ਇਹ ਸਮਾਜ ਸੇਵਾ ਪਹਿਲਕਦਮੀਆਂ ਉਸੇ ਭਾਵਨਾ ਨਾਲ ਜਾਰੀ ਰਹਿਣਗੀਆਂ।

## ਚੰਡੀਗੜ੍ਹ ਧਮਾਕੇ ਦੇ ਵਿਰੋਧ 'ਚ ਭਾਜਪਾ ਦਾ ਜ਼ੋਰਦਾਰ ਰੋਸ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਚੰਡੀਗੜ੍ਹ ਸਥਿਤ ਭਾਰਤੀ ਜਨਤਾ ਪਾਰਟੀ ਦੇ ਦਫ਼ਤਰ ਦੇ ਬਾਹਰ ਹੋਏ ਧਮਾਕੇ ਦੇ ਵਿਰੋਧ ਵਿੱਚ ਜ਼ਿਲ੍ਹਾ ਭਾਜਪਾ ਵੱਲੋਂ ਮੋਗਾ ਵਿੱਚ ਜ਼ੋਰਦਾਰ ਰੋਸ ਮਾਰਚ ਕੱਢਿਆ ਗਿਆ।ਇਹ ਮਾਰਚ ਸ਼ਹੀਦੀ ਪਾਰਕ ਤੋਂ ਸ਼ੁਰੂ ਹੋ ਕੇ ਪ੍ਰਤਾਪ ਰੋਡ, ਚੈਂਬਰ ਰੋਡ ਤੇ ਪੁਰਾਣੀ ਸਬਜ਼ੀ ਮੰਡੀ ਰਾਹੀਂ ਕੱਢਿਆ ਗਿਆ।ਪ੍ਰਦਰਸ਼ਨਕਾਰੀਆਂ ਨੇ ਹੱਥਾਂ ਵਿੱਚ ਕਾਲੀਆਂ ਝੰਡੀਆਂ ਫੜ ਕੇ ਘਟਨਾ ਖਿਲਾਫ਼ ਆਪਣਾ ਰੋਸ ਪ੍ਰਗਟ ਕੀਤਾ।ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਭਾਜਪਾ ਪ੍ਰਧਾਨ ਡਾ. ਹਰਜੋਤ ਕਮਲ ਨੇ ਕਿਹਾ ਕਿ ਇਹ ਪ੍ਰਦਰਸ਼ਨ ਪੰਜਾਬ ਦੇ ਲੋਕਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਕੀਤਾ ਜਾ ਰਿਹਾ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਵਿਦੇਸ਼ਾਂ ਵਿੱਚ ਬੈਠੀਆਂ ਕੁਝ ਤਾਕਤਾਂ ਪੰਜਾਬ ਦਾ ਮਾਹੌਲ ਖਰਾਬ ਕਰਨ ਅਤੇ ਪ੍ਰਦੇਸ਼ ਦੀ ਸ਼ਾਂਤੀ ਤੇ ਭਾਈਚਾਰੇ ਵਿੱਚ ਦਰਾਰ ਪਾਉਣ ਦੀ ਸਾਜ਼ਿਸ਼ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰ ਨਾਗਰਿਕ ਨੂੰ ਇਨ੍ਹਾਂ ਤਾਕਤਾਂ ਨੂੰ ਪਹਿਚਾਣਨਾ ਹੋਵੇਗਾ ਤੇ ਉਨ੍ਹਾਂ ਦੇ ਮਨਸੂਬਿਆਂ ਨੂੰ ਨਾਕਾਮ ਕਰਨਾ ਹੋਵੇਗਾ।ਡਾ. ਹਰਜੋਤ ਕਮਲ ਨੇ ਪੰਜਾਬ ਸਰਕਾਰ 'ਤੇ ਵੀ ਤਿੱਖਾ ਹਮਲਾ ਕਰਦੇ ਹੋਏ ਕਿਹਾ ਕਿ ਅੱਜ ਵਿਦੇਸ਼ੀ ਤਾਕਤਾਂ ਇਸ ਲਈ ਹਾਵੀ ਹੋ ਰਹੀਆਂ ਹਨ, ਕਿਉਂਕਿ ਰਾਜ ਦੀ ਆਮ ਆਦਮੀ ਪਾਰਟੀ ਸਰਕਾਰ ਹੁਣ ਤੱਕ ਦੀ ਸਭ ਤੋਂ ਕਮਜ਼ੋਰ ਸਰਕਾਰ ਸਾਬਿਤ ਹੋਈ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਪ੍ਰਦੇਸ਼ ਵਿੱਚ ਕਾਨੂੰਨ-ਵਿਵਸਥਾ ਬਣਾਈ ਰੱਖਣ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ, ਜਿਸ ਕਾਰਨ ਸ਼ਰਾਰਤੀ ਤੱਤ ਬੇਖੌਫ਼ ਹੋ ਕੇ ਅਜਿਹੀਆਂ ਘਟਨਾਵਾਂ ਨੂੰ ਅੰਜਾਮ ਦੇ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਭਾਈਚਾਰੇ ਤੇ ਸ਼ਾਂਤੀ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਤਾਕਤਾਂ 'ਤੇ ਸਰਕਾਰ ਲੱਗਾਮ ਲਗਾਉਣ ਵਿੱਚ ਅਸਫਲ ਰਹੀ ਹੈ, ਇਹੀ ਕਾਰਨ ਹੈ ਕਿ ਇਹ ਤੱਤ ਲਗਾਤਾਰ ਸਰਗਰਮ ਹੁੰਦੇ ਜਾ ਰਹੇ ਹਨ।ਭਾਜਪਾ ਨੇਤਾਵਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦੀ ਸਖ਼ਤ ਕਦਮ ਨਹੀਂ ਚੁੱਕੇ, ਤਾਂ ਪਾਰਟੀ ਆਉਣ ਵਾਲੇ ਸਮੇਂ ਵਿੱਚ ਹੋਰ ਵੱਡੇ ਪੱਧਰ 'ਤੇ ਅੰਦੋਲਨ ਕਰਨ ਲਈ ਮਜਬੂਰ ਹੋਵੇਗੀ।ਇਸ ਮੌਕੇ ਸਾਬਕਾ ਪ੍ਰਧਾਨ ਡਾ. ਸੀਮਾਂਤ ਗਰਗ, ਸਾਬਕਾ ਪ੍ਰਧਾਨ ਵਿਨੈ ਸ਼ਰਮਾ, ਮੁਖਤਿਆਰ ਸਿੰਘ ਐਸ.ਪੀ., ਰਾਜਪਾਲ ਠਾਕੁਰ, ਸ਼ਮਸ਼ੇਰ ਸਿੰਘ ਕੈਲਾ (ਜ਼ਿਲਾ ਜਰਨਲ ਸਕੱਤਰ), ਸਰਦੂਲ ਸਿੰਘ ਕੰਗ, ਰਾਹੁਲ ਗਰਗ, ਵਿੱਕੀ ਸਿਤਾਰਾ, ਗੀਤਾ ਆਰੀਆ, ਕਮਲਜੀਤ ਕੌਰ ਧੱਲੇਕੇ, ਸਤਿੰਦਰਪ੍ਰੀਤ ਸਿੰਘ, ਗੁਰਵੀਰ ਸਿੰਘ, ਸੋਨੂੰ ਅਰੋੜਾ, ਪ੍ਰੋਮੀਲਾ ਮੈਨਾਰਾਏ, ਅਨਿਲ ਬਾਂਸਲ, ਮਨਿੰਦਰ ਕੌਰ ਸਲੀਣਾ, ਗੁਰਮੇਲ ਸਿੰਘ ਸਰਾਂ, ਭੁਪਿੰਦਰ ਹੈਪੀ, ਅਮਿਤ ਗੁਪਤਾ, ਉਮਕਾਂਤ ਰਾਏ, ਦੀਪਕ ਤਲਵਾੜ, ਚਮਨ ਲਾਲ, ਜੱਜ ਸਿੰਘ, ਅਮਰੀਕ ਸਿੰਘ (ਸਰਕਲ ਪ੍ਰਧਾਨ) ਰੁਦਰ ਸ਼ਰਮਾ, ਵਿਜੈ ਮਿਸ਼ਰਾ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਭਾਜਪਾ ਵਰਕਰ ਤੇ ਸਮਰਥਕ ਹਾਜ਼ਰ ਸਨ।

## ਪ੍ਰਾਈਵੇਟ ਸਕੂਲਾਂ ਨੇ ਸਟੇਸ਼ਨਰੀ ਦੁਕਾਨਦਾਰਾਂ ਨਾਲ ਕਮਿਸ਼ਨ ਕੀਤਾ ਤੈਅ !

### ਕਾਰਵਾਈ ਲਈ ਸਿੱਖਿਆ ਮੰਤਰੀ ਨੂੰ ਮਾਪੇ ਸਬੂਤ ਦੇਣ ਨੂੰ ਤਿਆਰ

**ਜ਼ੀਰਾ (ਨਰਿੰਦਰ ਅਨੇਜਾ)**-ਜ਼ੀਰਾ ਦੇ ਪ੍ਰਾਈਵੇਟ ਸਕੂਲਾਂ ਨੇ ਸਰਕਾਰ ਦੇ ਹੁਕਮਾਂ ਨੂੰ ਟਿੱਚ ਜਾਣਦੇ ਹੋਏ ਡੀ ਓ ਦੀ ਕਥਿਤ ਮਿਲੀਭੁਗਤ ਨਾਲ ਆਪਣੀਆਂ ਪਸੰਦੀਦਾ ਦੁਕਾਨਾਂ ਉੱਪਰ ਕਾਪੀਆਂ, ਕਿਤਾਬਾਂ ਤੇ ਸਟੇਸ਼ਨਰੀ ਰਖਵਾ ਦਿੱਤੀ ਹੈ ਤੇ ਦੁਕਾਨਦਾਰ ਕਿਤਾਬਾਂ, ਕਾਪੀਆਂ ਪ੍ਰਿੰਟ ਰੇਟ 'ਤੇ ਵੇਚ ਕੇ ਵਿਦਿਆਰੀਆਂ ਦੇ ਮਾਪਿਆਂ ਦੀ ਲੁੱਟ ਕਰੇਗਾ।ਇਸ ਤੋਂ ਬਾਅਦ ਸਕੂਲਾਂ ਨੂੰ 40 ਪ੍ਰਤੀਸ਼ਤ ਦੇ ਕਰੀਬ ਕਮਿਸ਼ਨ ਦੇਵੇਗਾ। ਸਿੱਖਿਆ ਵਿਭਾਗ ਪ੍ਰਾਈਵੇਟ ਸਕੂਲਾਂ ਨੂੰ ਇਹ ਆਦੇਸ਼ ਦੇ ਕੇ ਪੱਲਾ ਝਾੜ ਲੈਂਦਾ ਹੈ ਕਿ ਸਾਰੀਆਂ ਦੁਕਾਨਾਂ 'ਤੇ ਕਿਤਾਬਾਂ, ਕਾਪੀਆਂ ਦੀ ਲਿਸਟ ਭੇਜ ਦਿਓ, ਪਰ ਅਸਲ ਵਿੱਚ ਪ੍ਰਸ਼ਾਸਨ ਡੀ ਓ ਦੀ ਕਥਿਤ ਮਿਲੀਭੁਗਤ ਨਾਲ ਹੀ ਪ੍ਰਾਈਵੇਟ ਸਕੂਲ ਬੱਚਿਆਂ ਦੇ ਮਾਪਿਆਂ ਨੂੰ ਲੁੱਟ ਰਹੇ ਹਨ।ਅੱਜ ਤੱਕ ਉਨ੍ਹਾਂ ਨੇ ਕਦੇ ਜਾ ਕੇ ਨਹੀਂ ਦੇਖਿਆ ਕਿ ਵਾਕਿਆ ਹੀ ਪ੍ਰਾਈਵੇਟ ਸਕੂਲਾਂ ਦੀਆਂ ਕਾਪੀਆਂ, ਕਿਤਾਬਾਂ ਸਾਰੀਆਂ ਦੁਕਾਨਾਂ ਤੋਂ ਮਿਲ ਰਹੀਆਂ ਹਨ ਕਿ ਨਹੀਂ? ਇਸ ਤੋਂ ਪਤਾ ਲੱਗਦਾ ਹੈ ਕਿ ਪ੍ਰਸ਼ਾਸਨ ਵੀ ਪ੍ਰਾਈਵੇਟ ਸਕੂਲਾਂ ਵਾਲਿਆਂ ਨਾਲ ਮਿਲਿਆ ਹੋਇਆ ਹੈ। ਇਥੇ ਹੀ ਬਸ ਨਹੀਂ, ਜ਼ੀਰਾ ਸ਼ਹਿਰ ਵਿੱਚ ਜਿਹੜੇ ਸਮਾਜ ਸੇਵਾ ਦੇ ਨਾਮ 'ਤੇ ਸਕੂਲ ਚਲਾ ਰਹੇ ਹਨ, ਉਨ੍ਹਾਂ ਨੇ ਵੀ ਆਪਣੇ ਮਨਪਸੰਦ ਦੁਕਾਨਾਂ 'ਤੇ ਕਿਤਾਬਾਂ, ਕਾਪੀਆਂ ਰਖਵਾ ਦਿੱਤੀਆਂ ਹਨ। ਉਹ ਵੀ ਮੋਟਾ ਕਮਿਸ਼ਨ ਲੈ ਕੇ ਆਪਣੀਆਂ ਜੇਬਾਂ ਭਰ ਰਹੇ ਹਨ।ਜਦੋਂ ਡੀ ਓ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਮੇਰਾ ਪ੍ਰਾਈਵੇਟ ਸਕੂਲਾਂ ਨਾਲ ਕੋਈ ਲੈਣਾ ਦੇਣਾ ਨਹੀਂ ਹੈ, ਅਗਰ ਕੋਈ ਕੰਪਲੇਂਟ ਆਉਂਦੀ ਹੈ ਤਾਂ ਮੈਂ ਉਸ 'ਤੇ ਕਾਰਵਾਈ ਕਰੂੰਗੀ।ਪ੍ਰਾਈਵੇਟ ਸਕੂਲਾਂ ਤੋਂ ਦੁਖੀ ਲੋਕ ਤਾਂ ਇੱਥੋਂ ਤੱਕ ਕਹਿ ਰਹੇ ਹਨ ਕਿ ਜੇਕਰ ਸਿੱਖਿਆ ਮੰਤਰੀ ਪ੍ਰਾਈਵੇਟ ਸਕੂਲਾਂ 'ਤੇ ਕਾਰਵਾਈ ਕਰਨਾ ਚਾਹੁੰਦੇ ਹਨ ਤਾਂ ਅਸੀਂ ਸਬੂਤ ਵੀ ਦੇ ਸਕਦੇ ਹਾਂ।ਹੁਣ ਦੇਖਣਾ ਹੋਵੇਗਾ ਕਿ ਸਿੱਖਿਆ ਮੰਤਰੀ ਕਦੋਂ ਪ੍ਰਸ਼ਾਸਨ ਤੇ ਪ੍ਰਾਈਵੇਟ ਸਕੂਲਾਂ ਵਿਰੁੱਧ ਐਕਸ਼ਨ ਲੈਂਦੇ ਹਨ ਜਾਂ ਫਿਰ ਬਿਆਨਾਂ ਤੱਕ ਹੀ ਆਪਣੇ ਆਪ ਨੂੰ ਤੇ ਆਪਣੀ ਪਾਰਟੀ ਨੂੰ ਇਮਾਨਦਾਰ ਅਖਵਾਉਂਦੇ ਰਹਿਣਗੇ।

## ਕੁੜੀਆਂ ਦੇ ਸਰਕਾਰੀ ਕਾਲਜ 'ਚ ਦੋ ਸਾਲ ਦੀਆਂ ਪ੍ਰਾਪਤੀਆਂ ਜਸ਼ਨ ਮਨਾਈਆਂ



**ਲੁਧਿਆਣਾ (ਰੈਕਟਰ ਕਥੂਰੀਆ)**-ਸਰਕਾਰੀ ਕਾਲਜ ਲੜਕੀਆਂ ਲੁਧਿਆਣਾ ਦੀ ਕਾਮਰਸ ਐਂਡ ਮੈਨੇਜਮੈਂਟ ਸੋਸਾਇਟੀ ਨੇ 30 ਮਾਰਚ 2026 ਨੂੰ ਸਫਲਤਾਪੂਰਵਕ ਆਪਣਾ ਸਮਾਪਤੀ ਸਮਾਰੋਹ ਕੀਤਾ, ਜੋ ਸਾਲ ਦੀਆਂ ਪ੍ਰਾਪਤੀਆਂ, ਸਿੱਖਣ ਤੇ ਸੰਪੂਰਨ ਵਿਕਾਸ ਨਾਲ ਭਰੇ ਇੱਕ ਸਾਲ ਦੀ ਸਮਾਪਤੀ ਨੂੰ ਦਰਸਾਉਂਦਾ ਹੈ।ਇਸ ਸਮਾਰੋਹ ਵਿੱਚ ਮੁੱਖ ਮਹਿਮਾਨ, ਸਤਿਕਾਰਯੋਗ ਪ੍ਰਿੰਸੀਪਲ ਸ਼੍ਰੀਮਤੀ ਸੁਮਨ ਲਤਾ, ਵਾਈਸ ਪ੍ਰਿੰਸੀਪਲ, ਵਿਭਾਗ ਦੀ ਮੁਖੀ ਸ਼੍ਰੀਮਤੀ ਸਰਿਤਾ ਖੁਰਾਨਾ ਤੇ ਕਾਮਰਸ ਅਤੇ ਮੈਨੇਜਮੈਂਟ ਵਿਭਾਗ ਦੇ ਫੈਕਲਟੀ ਮੈਂਬਰਾਂ ਦੀ ਮਾਣਯੋਗ ਮੌਜੂਦਗੀ ਨੇ ਸ਼ਿਰਕਤ ਕੀਤੀ।ਸਮਾਰੋਹ ਦਾ ਮੁੱਖ ਆਕਰਸ਼ਣ ਵਿਦਿਆਰਥੀਆਂ ਤੇ ਟੀਮ ਮੈਂਬਰਾਂ ਦਾ ਸਨਮਾਨ ਸੀ, ਜਿਨ੍ਹਾਂ ਨੂੰ ਮੁੱਖ ਮਹਿਮਾਨ ਦੁਆਰਾ ਟਰਾਫੀਆਂ ਤੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਵਿੱਚ ਵਿਦਿਆਰਥੀਆਂ ਵੱਲੋਂ ਦਿਲਚਸਪ ਤੇ ਸੋਚ-ਉਕਸਾਊ ਸਕਿੱਟ ਵੀ ਪੇਸ਼ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਸੁਮਨ ਲਤਾ ਨੇ ਇੱਕ ਪ੍ਰੇਰਣਾਦਾਇਕ ਭਾਸ਼ਣ ਦਿੱਤਾ।ਵਾਈਸ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸਮਰਪਣ ਤੇ ਇਮਾਨਦਾਰੀ ਨਾਲ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।ਇਹ ਸਮਾਰੋਹ ਮਾਣ ਤੇ ਸ਼ੁਕਰਗੁਜ਼ਾਰੀ ਦੇ ਇੱਕ ਨੋਟ 'ਤੇ ਸਮਾਪਤ ਹੋਇਆ, ਜਿਸ ਵਿੱਚ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਦੇ ਅਕਾਦਮਿਕ ਸਾਲ ਨੂੰ ਸਫਲ ਤੇ ਯਾਦਗਾਰ ਬਣਾਉਣ ਵਿੱਚ ਸਮੂਹਕ ਯਤਨਾਂ ਦਾ ਜਸ਼ਨ ਮਨਾਇਆ ਗਿਆ।

## ਏਟਕ, ਸੀਟੂ, ਸੀ ਟੀ ਯੂ ਤੇ ਏਕਟੂ ਤੇ ਜਮਹੂਰੀ ਜਥੇਬੰਦੀਆਂ ਵੱਲੋਂ ਮੁਜ਼ਾਹਰਾ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਦੀਆਂ ਸਾਂਝੀਆਂ ਟਰੇਡ ਯੂਨੀਅਨ ਦੇ ਸੱਦੇ 'ਤੇ ਸੰਗਰੂਰ ਵਿਖੇ ਏਟਕ, ਸੀਟੂ, ਸੀਟੀਯੂ ਤੇ ਏਕਟੂ ਤੇ ਜਮਹੂਰੀ ਜਥੇਬੰਦੀਆਂ ਵੱਲੋਂ ਮੁਜ਼ਾਹਰਾ ਕੀਤਾ ਗਿਆ, ਜਿਸ ਦੀ ਅਗਵਾਈ ਸੁਖਦੇਵ ਸ਼ਰਮਾ, ਪ੍ਰਦੀਪ ਚੀਮਾ ਡੇਟਕ, ਇੰਦਰਪਾਲ ਸਿੰਘ, ਰਾਮ ਸਿੰਘ ਸੋਹੀਆਂ ਸੀਟੂ, ਸਰਬਜੀਤ ਸਿੰਘ ਸੀਟੀਯੂ, ਗੋਬਿੰਦ ਸਾਜਲੀ ਏਕਟੂ ਤੇ ਸਵਰਨਜੀਤ ਸਿੰਘ ਜਮਹੂਰੀ ਅਧਿਕਾਰ ਸਭਾ ਵੱਲੋਂ ਸਾਂਝੀਆਂ ਟਰੇਡ ਯੂਨੀਅਨ ਦੇ ਸੱਦੇ 'ਤੇ ਸੰਗਰੂਰ ਵਿਖੇ ਚਾਰ ਲੇਬਰ ਕੋਡਾਂ ਦੀਆਂ ਕਾਪੀਆਂ ਸਾੜੀਆਂ ਗਈਆਂ।ਉਪਰੋਕਤ ਆਗੂਆਂ ਨੇ ਬੋਲਦਿਆਂ ਕਿਹਾ ਕਿ 29 ਲੇਬਰ ਕਾਨੂੰਨ ਜੋ ਵਰਕਰਾਂ ਨੇ ਲੜ ਕੇ ਸੰਘਰਸ਼ਾਂ ਰਾਹੀਂ ਬਣਾਏ ਸਨ, ਉਹ ਮੁਕੰਮਲ ਤੌਰ 'ਤੇ ਵਰਕਰਾਂ ਨੂੰ ਪੂਰਨ ਕਾਨੂੰਨੀ ਸੁਰੱਖਿਆ ਦਿੰਦੇ ਹਨ, ਪਰ ਭਾਰਤ ਦੀ ਬੇਈਮਾਨ ਸਰਕਾਰ ਨੇ ਉਨ੍ਹਾਂ 29 ਕਾਨੂੰਨਾਂ ਨੂੰ ਰੱਦ ਕਰਕੇ ਨਵੇਂ ਚਾਰ ਲੇਬਰ ਕੋਡ ਬਣਾਏ ਹਨ, ਜੋ ਉਲਟ ਕਾਰਪੋਰੇਟ ਤੇ ਕਾਰਖਾਨੇ ਤਾਰਾਂ ਨੂੰ ਮੁਕੰਮਲ ਤੌਰ 'ਤੇ ਪੂਰਨ ਹੱਕ ਦਿੰਦੇ ਹਨ, ਸੋ ਸਰਕਾਰ ਵੱਲੋਂ ਇੱਕ ਅਪ੍ਰੈਲ ਤੋਂ ਲਾਗੂ ਕੀਤੇ ਗਏ।ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਚਾਰ ਲੇਬਰ ਕੋਲ ਤੁਰੰਤ ਭਾਰਤ ਸਰਕਾਰ ਵਾਪਸ ਲਵੇ ਨਹੀਂ ਤਾਂ ਸੰਘਰਸ਼ ਤਿੱਖੇ ਹੋਣਗੇ।ਟਰੇਡ ਯੂਨੀਅਨ ਕਿਸੇ ਵੀ ਕੀਮਤ 'ਤੇ ਇਨ੍ਹਾਂ ਲੇਬਰ ਕੋਡਾਂ ਨੂੰ ਬਰਦਾਸ਼ਤ ਨਹੀਂ ਕਰੇਗੀ।ਉਪਰੋਕਤ ਤੋਂ ਇਲਾਵਾ ਸਾਥੀ ਜੀਵਨ ਸਿੰਘ, ਮੇਲਾ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਦੇ ਸਕੱਤਰ ਲਖਬੀਰ ਸਿੰਘ, ਬਲਵੀਰ ਸਿੰਘ ਲੌਂਗੋਵਾਲ, ਵਿਸ਼ੇਸ਼ਣ ਰਾਮ ਤੇ ਫਲਜੀਤ ਸਿੰਘ ਆਦਿ ਸਾਥੀ ਹਾਜ਼ਰ ਸਨ।

## ਥਰਮਲ ਕੰਟਰੈਕਟਰ ਵਰਕਰ ਯੂਨੀਅਨ ਵੱਲੋਂ ਰੈਲੀ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਜੀ.ਐੱਚ.ਟੀ.ਪੀ. ਕੰਟਰੈਕਟਰ ਵਰਕਰ ਯੂਨੀਅਨ ਏਟਕ (ਰਜਿ. 08) ਲਹਿਰਾ ਮੁਹੱਬਤ ਦੀ ਅਗਵਾਈ ਵਿੱਚ ਹਾਊਸਕੀਪਿੰਗ ਤੇ ਓਪਰੇਸ਼ਨ ਸੈੱਲ ਦੇ ਵਰਕਰ ਸਾਥੀਆਂ ਵੱਲੋਂ ਸੀ.ਐੱਚ.ਪੀ. ਆਪ੍ਰੇਸ਼ਨ ਸੈੱਲ ਵਿੱਚ ਸਿੱਧੇ ਤੌਰ 'ਤੇ ਭਰਤੀ ਕੀਤੇ ਗਏ ਸਕਿਲਡ ਵਰਕਰਾਂ ਦੇ ਰੋਸ ਵਜੋਂ ਦੋ ਘੰਟਿਆਂ ਲਈ ਟੂਲ ਡਾਊਨ ਕੀਤਾ ਗਿਆ। ਜਥੇਬੰਦੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਇਸ ਅਦਾਰੇ ਵਿੱਚ ਇੱਕੋ ਪੋਸਟ 'ਤੇ ਕੰਮ ਕਰਦੇ 20-25 ਸਾਲ ਤੋਂ ਵੱਧ ਦਾ ਸਮਾਂ ਹੋ ਗਿਆ ਹੈ। ਸਾਨੂੰ ਨਾ ਹੀ ਕੋਈ ਪ੍ਰਮੋਸ਼ਨ ਮਿਲੀ ਹੈ ਤੇ ਨਾ ਹੀ ਤਨਖਾਹਾਂ ਵਿੱਚ ਵਾਧਾ ਕੀਤਾ ਗਿਆ ਹੈ, ਸਗੋਂ ਨਵੇਂ ਵਰਕਰਾਂ ਦੀ ਸਿੱਧੇ ਭਰਤੀ ਕਰਕੇ ਸਾਡੇ ਬਣਦੇ ਹੱਕਾਂ 'ਤੇ ਡਾਕਾ ਮਾਰਿਆ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਸਿੱਧੀਆਂ ਭਰਤੀਆਂ ਬੰਦ ਕਰਕੇ ਪੁਰਾਣੇ ਵਰਕਰਾਂ ਨੂੰ ਸਨਿਓਰਟੀ ਵਾਈਜ਼ ਪਦ-ਉੱਨਤ ਕੀਤਾ ਜਾਵੇ ਤੇ ਪੀ.ਐੱਸ.ਪੀ.ਸੀ.ਐੱਲ. ਵਿੱਚ ਸਿੱਧੇ ਤੌਰ 'ਤੇ ਲਿਆ ਜਾਵੇ। ਗੁਰਸੇਵਕ ਸਿੰਘ, ਰਜਿੰਦਰ ਪਾਲ ਸ਼ਰਮਾ, ਸਤਿਨਾਮ ਸਿੰਘ ਤੇ ਰਾਜਵੀਰ ਸਿੰਘ ਨੇ ਕਿਹਾ ਕਿ ਮੰਗਾਂ ਪੂਰੀਆਂ ਨਾ ਹੋਣ 'ਤੇ ਆਉਣ ਵਾਲੇ ਸਮੇਂ ਵਿੱਚ ਵੀ ਰੋਜ਼ਾਨਾ ਦੋ-ਦੋ ਘੰਟੇ ਟੂਲ ਡਾਊਨ ਕੀਤਾ ਜਾਵੇਗਾ ਤੇ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ।

## ਖੁਸ਼ਬਾਜ ਜਟਾਣਾ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



**ਬਠਿੰਡਾ (ਰਾਜੀਵ ਗੋਇਲ)**-ਬੀਤੀ ਦੇਰ ਸ਼ਾਮ ਹਰਿਆਣਾ ਦੇ ਸੋਨੀਪਤ ਨਜ਼ਦੀਕ ਆਪਣੀ ਕਾਰ ਦਾ ਪੰਕਚਰ ਟਾਇਰ ਬਦਲਵਾ ਰਹੇ ਹਲਕਾ ਤਲਵੰਡੀ ਸਾਬੋ ਦੇ ਸੀਨੀਅਰ ਨੌਜਵਾਨ ਕਾਂਗਰਸੀ ਆਗੂ ਖੁਸ਼ਬਾਜ ਜਟਾਣਾ ਦੀ ਪਿੱਛੋਂ ਆ ਰਹੇ ਟਰੱਕ ਦੇ ਟੱਕਰ ਮਾਰਨ ਕਾਰਨ ਮੌਤ ਹੋ ਗਈ। ਇਸ ਹਾਦਸੇ ਵਿੱਚ ਉਨ੍ਹਾਂ ਦੇ ਡਰਾਇਵਰ ਦੀ ਵੀ ਮੌਤ ਹੋ ਜਾਣ ਬਾਰੇ ਪਤਾ ਲੱਗਿਆ ਹੈ, ਜਦਕਿ ਸੁਰੱਖਿਆ ਕਰਮੀਆਂ ਦੇ ਗੰਭੀਰ ਰੂਪ ਵਿੱਚ ਜ਼ਖਮੀ ਹੋਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਜਿਉਂ ਹੀ ਇਹ ਖਬਰ ਪੰਜਾਬ ਬਾਰਡਰ ਅੰਦਰ ਦਾਖਲ ਹੋਈ ਤਾਂ ਜਿੱਥੇ ਪੂਰੇ ਜਟਾਣਾ ਪਰਵਾਰ ਦੇ ਹੋਸ਼ ਉੱਡ ਗਏ, ਉੱਥੇ ਹੀ ਸਿਆਸੀ ਲੀਡਰਾਂ ਦੇ ਵੀ ਮੂੰਹ ਉੱਤਰ ਗਏ, ਕਿਉਂਕਿ ਜਟਾਣਾ ਬੜੇ ਹੀ ਖੁਸ਼ਦਿਲ ਤੇ ਮਿਲਨਸਾਰ ਨੇਤਾ ਸਨ। ਉਧਰ ਜਿੱਥੇ ਪਰਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉੱਥੇ ਹੀ ਕਾਂਗਰਸ ਪਾਰਟੀ ਨੇ ਵੀ ਆਪਣਾ ਉੱਭਰਦਾ ਨੇਤਾ ਗੁਆ ਲਿਆ ਹੈ। ਇਸ ਦੁੱਖ ਦੀ ਘੜੀ ਵਿੱਚ ਸਮੂਹ ਪਰਵਾਰ ਨਾਲ ਗੁਰਪ੍ਰੀਤ ਸਿੰਘ ਕਾਂਗੜ ਸਾਬਕਾ ਮੰਤਰੀ, ਹਰਮਨਵੀਰ ਸਿੰਘ ਕਾਂਗੜ, ਬਲਕਾਰ ਸਿੱਧੂ ਹਲਕਾ ਵਿਧਾਇਕ, ਜਸ਼ਨ ਚਹਿਲ ਕਾਂਗਰਸੀ ਆਗੂ, ਇੰਦਰਜੀਤ ਸਿੰਘ ਮਾਨ ਚੇਅਰਮੈਨ ਮਾਰਕਫੈੱਡ ਪੰਜਾਬ, ਜਤਿੰਦਰ ਸਿੰਘ ਭੱਲਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਬਠਿੰਡਾ, ਸਿਕੰਦਰ ਸਿੰਘ ਮਲੂਕਾ ਸਾਬਕਾ ਮੰਤਰੀ, ਗੁਰਪ੍ਰੀਤ ਸਿੰਘ ਮਲੂਕਾ ਜ਼ਿਲ੍ਹਾ ਪ੍ਰਧਾਨ ਭਾਜਪਾ, ਗੁਰਬਿੰਦਰ ਸਿੱਧੂ ਭਾਜਪਾ ਆਗੂ, ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਬਬਲੇਸ਼ ਕੁਮਾਰ ਸਿੰਗਲਾ ਸਰਕਲ ਪ੍ਰਧਾਨ ਭਾਜਪਾ, ਵਿਜੈ ਕੁਮਾਰ ਪੱਪੂ ਪ੍ਰਧਾਨ ਆੜਤੀਆ ਯੂਨੀਅਨ ਭਗਤਾ, ਅੰਗਰੇਜ ਸਿੰਘ ਸਿਰੀਏਵਾਲਾ ਬਲਾਕ ਪ੍ਰਧਾਨ, ਰਾਮ ਸਿੰਘ ਜਿਊਲਰ, ਪਰਮਜੀਤ ਬਿਦਰ, ਲਖਵੀਰ ਸਿੰਘ ਸਿੱਧੂ, ਜਸਮੀਤ ਸਿੰਘ ਬਰਾੜ, ਹਰਿੰਦਰ ਸਿੰਘ ਬਰਾੜ, ਨਛੱਤਰ ਸਿੰਘ ਸਿੱਧੂ, ਅਜਾਇਬ ਸਿੰਘ ਸਰਪੰਚ ਹਮੀਰਗੜ੍ਹ, ਗਗਨਦੀਪ ਗਰੇਵਾਲ ਸਾ. ਚੇਅਰਮੈਨ, ਮਨਜੀਤ ਸਿੰਘ ਧੁੰਨਾ, ਰਾਕੇਸ਼ ਕੁਮਾਰ ਸਾ. ਪ੍ਰਧਾਨ ਸਮੇਤ ਹਲਕਾ ਰਾਮਪੁਰਾ ਫੂਲ ਦੇ ਸਮੂਹ ਸਿਆਸੀ ਲੀਡਰਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

## 'ਪੰਜਾਬ ਬਚਾਓ ਰੈਲੀ' ਸੂਬੇ ਦੀ ਰਾਜਨੀਤੀ 'ਚ ਇੱਕ ਨਵਾਂ ਮੋੜ ਸਾਬਿਤ ਹੋਵੇਗੀ : ਰੋਜ਼ੀ ਬਰਕੰਦੀ

■ ਲੋਕਾਂ ਨੂੰ ਰੈਲੀ 'ਚ ਵੱਡੀ ਗਿਣਤੀ 'ਚ ਸ਼ਮੂਲੀਅਤ ਦੀ ਅਪੀਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਸ੍ਰੀ ਮੁਕਤਸਰ ਸਾਹਿਬ ਵਿਖੇ ਆਉਣ ਵਾਲੀ 6 ਅਪ੍ਰੈਲ ਨੂੰ ਹੋਣ ਜਾ ਰਹੀ 'ਪੰਜਾਬ ਬਚਾਓ ਰੈਲੀ' ਨੂੰ ਲੈ ਕੇ ਇੱਕ ਵਿਸ਼ੇਸ਼ ਪ੍ਰੈੱਸ ਕਾਨਫਰੰਸ ਦਾ ਆਯੋਜਨ ਕੀਤਾ ਗਿਆ।ਇਹ ਪ੍ਰੈੱਸ ਮੀਟਿੰਗ ਕੋਟਕਪੂਰਾ ਰੋਡ 'ਤੇ ਸਥਿਤ ਇੱਕ ਨਿੱਜੀ ਹੋਟਲ ਵਿੱਚ ਜ਼ਿਲ੍ਹਾ ਪ੍ਰਧਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਦੀ ਅਗਵਾਈ ਹੇਠ ਹੋਈ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਨੇ ਕਿਹਾ ਕਿ 'ਪੰਜਾਬ ਬਚਾਓ ਰੈਲੀ' ਸੂਬੇ ਦੀ ਰਾਜਨੀਤੀ ਵਿੱਚ ਇੱਕ ਨਵਾਂ ਮੋੜ ਸਾਬਿਤ ਹੋਵੇਗੀ।ਉਨ੍ਹਾਂ ਦਾਅਵਾ ਕੀਤਾ ਕਿ ਇਸ ਰੈਲੀ ਰਾਹੀਂ ਪਾਰਟੀ ਨੂੰ ਵੱਡਾ ਜਨ ਸਮਰਥਨ ਮਿਲੇਗਾ, ਜੋ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਵਿੱਚ ਮਦਦਗਾਰ ਸਾਬਿਤ ਹੋਵੇਗਾ।ਇਸ ਪ੍ਰੈੱਸ ਕਾਨਫਰੰਸ ਦੌਰਾਨ ਰੈਲੀ ਦੇ ਪ੍ਰਬੰਧਾਂ, ਮਕਸਦ ਤੇ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ।ਇਸ ਦੇ ਨਾਲ ਹੀ ਪਾਰਟੀ ਵਰਕਰਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਤਾਂ ਜੋ ਰੈਲੀ ਨੂੰ ਸਫਲ ਬਣਾਇਆ ਜਾ ਸਕੇ।ਰੋਜ਼ੀ ਬਰਕੰਦੀ ਨੇ ਕਿਹਾ ਕਿ ਇਸ ਰੈਲੀ ਦਾ ਮੁੱਖ ਉਦੇਸ਼ ਪੰਜਾਬ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਉਜਾਗਰ ਕਰਨਾ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੀ ਲੋਕ ਪੱਖੀ ਨੀਤੀਆਂ ਲਈ ਵਚਨਬੱਧ ਰਿਹਾ ਹੈ ਤੇ ਇਸ ਮੰਚ ਰਾਹੀਂ ਪਾਰਟੀ ਆਪਣੀ ਭਵਿੱਖੀ ਰਣਨੀਤੀ ਵੀ ਲੋਕਾਂ ਸਾਹਮਣੇ ਰੱਖੇਗੀ।ਉਨ੍ਹਾਂ ਸਮੂਹ ਪਾਰਟੀ ਵਰਕਰਾਂ ਤੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿੱਚ 6 ਅਪ੍ਰੈਲ ਨੂੰ ਹੋਣ ਵਾਲੀ ਇਸ ਰੈਲੀ ਵਿੱਚ ਸ਼ਿਰਕਤ ਕਰਕੇ ਆਪਣੇ ਮਨਪਸੰਦ ਨੇਤਾ ਸੁਖਬੀਰ ਸਿੰਘ ਬਾਦਲ ਦੇ ਵਿਚਾਰ ਸੁਣਨ ਤੇ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਬਣਾਉਣ ਲਈ ਆਪਣਾ ਯੋਗਦਾਨ ਪਾਉਣ।

## ਲਾਲ ਲਕੀਰ 'ਚ ਮਕਾਨ ਵਾਲੇ ਹਰ ਪਰਵਾਰ ਨੂੰ ਮਿਲੇਗਾ ਮਾਲਕੀ ਦਾ ਹੱਕ : ਰਾਏ

### ਪਿੰਡ ਬਸੰਤਪੁਰਾ/ਜਾਲ ਖੇੜੀ ਦੇ 52 ਪਰਵਾਰਾਂ ਨੂੰ ਸੌਂਪੀਆਂ ਸੰਨਦਾਂ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਪਿੰਡ ਬਸੰਤਪੁਰਾ ਤੇ ਜਾਲਖੇੜੀ ਵਿਖੇ ਲਾਲ ਲਕੀਰ 'ਚ ਰਹਿਣ ਵਾਲੇ ਪਰਵਾਰਾਂ ਨੂੰ ਮਾਲਕੀ ਦੇ ਹੱਕ ਮੁਹੱਈਆ ਕਰਵਾਏ ਗਏ।ਇਸ ਸਬੰਧੀ ਸੰਗਤਾਂ ਪਰਵਾਰਾਂ ਨੂੰ ਸੌਂਪੀਆਂ ਗਈਆਂ ਹਨ, ਜਿਸ ਕਾਰਨ ਪਿੰਡ ਦੇ ਵਿੱਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਾਲ ਲਕੀਰ ਦੇ ਅੰਦਰ ਰਹਿਣ ਵਾਲੇ ਪਰਵਾਰਾਂ ਨੂੰ ਮਾਲਕੀ ਦਾ ਹੱਕ ਦੇਣ ਦੇ ਲਈ ਮੇਰਾ ਘਰ ਮੇਰੀ ਮਲਕੀਅਤ ਸਕੀਮ ਸ਼ੁਰੂ ਕੀਤੀ ਗਈ ਸੀ, ਜਿਸ ਤਹਿਤ ਲਾਲ ਲਕੀਰ 'ਚ ਰਹਿਣ ਵਾਲੇ ਪਰਵਾਰਾਂ ਨੂੰ ਮਕਾਨਾਂ ਦੀਆਂ ਪੱਕੀਆਂ ਰਜਿਸਟਰੀਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਪਿੰਡ ਦੇ ਰਹਿਣ ਵਾਲੇ ਲੋਕਾਂ ਨੇ ਉਕਤ ਕਾਰਜ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਘਰ ਲਾਲ ਰਕੀਰ ਦੇ ਅੰਦਰ ਹੋਣ ਕਾਰਨ ਉਨ੍ਹਾਂ ਨੂੰ ਬਹੁਤ ਸਾਰੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਹੁਣ ਉਨ੍ਹਾਂ ਨੂੰ ਮਾਲਕੀ ਦਾ ਹੱਕ ਮਿਲ ਗਿਆ ਹੈ, ਉਹ ਹੁਣ ਆਪਣੇ ਘਰ ਦੇ ਅਸਲ ਮਲਕ ਬਣਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐੱਸ ਡੀ ਐੱਮ ਸੂਬਾ ਸਿੰਘ, ਤਹਿਸੀਲਦਾਰ ਵਿਸ਼ਾਲ ਵਰਮਾ, ਦਿਲਪ੍ਰੀਤ ਭੱਟੀ, ਸਤਵੀਰ ਜੱਲਾ, ਕੁਲਵਿੰਦਰ ਡੇਰਾ ਆਦਿ ਹਾਜ਼ਰ ਸਨ।

## ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਵੱਲੋਂ ਵਿਸ਼ਾਲ ਮੁਫਤ ਮੈਡੀਕਲ ਕੈਂਪ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਸ੍ਰੀ ਸਨਾਤਨ ਧਰਮ ਮਹਾਂਵੀਰ ਦਲ (ਰਜਿ.) ਮਾਲੇਰਕੋਟਲਾ ਨੇ ਵਿਸ਼ਾਲ ਮੁਫਤ ਮੈਡੀਕਲ ਕੈਂਪ ਤੇ ਖੂਨਦਾਨ ਕੈਂਪ ਦਾ ਆਯੋਜਨ ਕੀਤਾ, ਜਿਸ ਦਾ ਉਦਘਾਟਨ ਸ੍ਰੀ ਕੇਵਲ ਜਿੰਦਲ ਪ੍ਰਸਿੱਧ ਸਮਾਜ ਸੇਵੀ ਤੇ ਸਾਬਕਾ ਪ੍ਰਧਾਨ ਨਗਰ ਕੌਂਸਲ ਮਾਲੇਰਕੋਟਲਾ ਨੇ ਕੀਤਾ।ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਦੇ ਲੋਕਲ ਪ੍ਰਧਾਨ ਰਾਜ ਕੁਮਾਰ ਅਗਰਵਾਲ ਨੇ ਮੁੱਖ ਮਹਿਮਾਨ ਦਾ ਸਵਾਗਤ ਕਰਦੇ ਹੋਏ ਉਨ੍ਹਾਂ ਨੂੰ ਸਿਰਪਾਓ ਚਿੰਨ੍ਹ ਭੇਟ ਕੀਤਾ।ਇਸ ਦੇ ਨਾਲ ਹੀ ਡਾ. ਯਸ਼ਪਾਲ ਗੋਇਲ, ਡਾ. ਗੀਤਿਕਾ ਗੋਇਲ, ਵਾਟਿਕਾ ਕਪੂਰ, ਡਾ. ਸੌਰਭ ਕਪੂਰ, ਪ੍ਰਦੀਪ ਭਨੋਟ, ਮੋਹਨ ਲਾਲ ਸਿੰਗਲਾ, ਵੈਦ ਮੋਹਨ ਲਾਲ ਤੇ ਪਹੁੰਚੇ ਹੋਏ ਪੱਤਰਕਾਰ ਜ਼ਹੂਰ ਅਹਿਮਦ ਚੌਹਾਨ, ਰੋਹਿਤ ਸ਼ਰਮਾ, ਸੁਮੰਤ ਤਲਵਾਨੀ, ਗੁਰਤੇਜ ਜੋਸ਼ੀ ਤੇ ਮਹੇਸ਼ ਸ਼ਰਮਾ ਨੂੰ ਸਿਰਪਾਓ ਪਾ ਕੇ ਸਨਮਾਨਤ ਕੀਤਾ ਗਿਆ।ਇਹ ਕੈਂਪ ਡਾ. ਕਪੂਰ ਹੋਮਿਓ ਹਸਪਤਾਲ ਵਿੱਚ ਲਗਾਇਆ ਗਿਆ।ਇਸ ਕੈਂਪ ਦੀ ਵਿਸ਼ੇਸ਼ਤਾ ਇਹ ਰਹੀ ਕਿ ਪੰਜਾਬ ਵਿੱਚ ਪਹਿਲੀ ਵਾਰ ਹੋਮਿਉਪੈਥਿਕ ਤੇ ਐਲੋਪੈਥਿਕ ਡਾਕਟਰਾਂ ਨੇ ਇਕੱਠੇ ਮਿਲ ਕੇ ਮਰੀਜ਼ਾਂ ਦੀ ਸੇਵਾ ਕੀਤੀ, ਜਿਸ ਵਿੱਚ ਮਾਹਰ ਡਾਕਟਰਾਂ ਨੇ ਆਪਣੀਆਂ ਸੇਵਾਵਾਂ ਨਿਭਾਈਆਂ।ਇਸ ਮੌਕੇ ਡਾ. ਸੌਰਭ ਕਪੂਰ ਵੱਲੋਂ ਲੋਕਾਂ ਨੂੰ ਸੋਸ਼ਲ ਹੈਲਥ ਤੇ ਇਮੋਸ਼ਨਲ ਹੈਲਥ ਬਾਰੇ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਇਹ ਪੱਖਾਂ ਨੂੰ ਮਿਲਾ ਕੇ ਕੰਮ ਕਰਨ ਤਾਂ ਇਨਸਾਨ ਦੀ ਜ਼ਿੰਦਗੀ ਵਿੱਚ ਬਹੁਤ ਬੁਰਾਈਆਂ ਤੇ ਬਿਮਾਰੀਆਂ ਨੂੰ ਦੂਰ ਕੀਤਾ ਜਾ ਸਕਦਾ ਹੈ।ਇਸ ਕੈਂਪ ਵਿੱਚ ਹੋਮਿਓਪੈਥਿਕ ਦੇ 50, ਫਾਇਬਰੋਸਕੈਨ ਦੇ 150, ਮੈਡੀਸਨ ਦੇ 205, ਈ.ਐੱਨ.ਟੀ. ਦੇ 70 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਦਵਾਈਆਂ ਫਰੀ ਦਿੱਤੀਆਂ ਗਈਆਂ।ਇਸ ਮੌਕੇ ਮੁੱਖ ਮਹਿਮਾਨ ਕੇਵਲ ਜਿੰਦਲ ਨੇ ਕਿਹਾ ਕਿ ਸਾਨੂੰ ਮਨੁੱਖਤਾ ਦੀ ਸੇਵਾ ਬਿਨਾਂ ਭੇਦਭਾਵ ਤੋਂ ਕਰਨੀ ਚਾਹੀਦੀ ਹੈ, ਮਨੁੱਖਤਾ ਦੀ ਸੇਵਾ ਨਾਲ ਹੀ ਭਗਵਾਨ ਦੀ ਪ੍ਰਾਪਤੀ ਸੰਭਵ ਹੈ, ਮਨੁੱਖਤਾ ਦੀ ਸੇਵਾ ਤੋਂ ਵੱਡਾ ਕੋਈ ਧਰਮ ਨਹੀਂ ਹੈ।

ਮਹੰਤ ਸਰੂਪ ਦਾਸ ਬਿਹਾਰੀ ਸ਼ਰਨ ਰਾਸ਼ਟਰੀ ਪ੍ਰਧਾਨ ਸਨਾਤਨ ਧਰਮ ਮਹਾਂਵੀਰ ਦਲ ਨੇ ਕਿਹਾ ਕਿ ਇਹ ਕੈਂਪ ਸਵ: ਡਾ. ਸਤੀਸ਼ ਕਪੂਰ, ਅਨਿਲ ਗੁਪਤਾ, ਰਾਮਸ਼ਰਨ ਦੁਆ, ਵਰਿਦਰ ਗੁਪਤਾ, ਕੇਵਲ ਜਿੰਦਲ ਦੀ ਪਤਨੀ, ਰਾਜ ਕੁਮਾਰ ਸਿੰਗਲਾ ਵਸੀਕਾ ਨਵੀਸ, ਜੁਗਿੰਦਰ ਪਾਲ ਆਦਿ ਨੂੰ ਸਮਰਪਤ ਹੈ।ਇਸ ਕੈਂਪ ਵਿੱਚ ਪਟਿਆਲਾ ਹਸਪਤਾਲ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਵੀ ਲਗਾਇਆ ਗਿਆ, ਜਿੱਥੇ ਸੈਂਕੜੇ ਨੌਜਵਾਨਾਂ ਨੇ ਖੂਨ ਦਾਨ ਕੀਤਾ।ਅਜੈ ਸ਼ਰਮਾ ਨੇ ਆਏ ਹੋਏ ਮਰੀਜ਼ਾਂ ਤੇ ਮਹਿਮਾਨਾਂ ਨੂੰ ਚਾਹ ਦੀ ਸੇਵਾ ਤੇ ਲੰਗਰ ਦੀ ਸੇਵਾ ਕੀਤੀ।


**THE NAKODAR HINDU URBAN CO-OPERATIVE BANK LTD.**
**BRANCH: POST OFFICE ROAD, SABJI MANDI, NAKODAR-144040**

**ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਨਕੋਦਰ ਸ਼ਾਖਾ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨਜ਼ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਕਰਜ਼ਦਾਰ ਅਤੇ ਗਰੰਟਰ ਨੂੰ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਐਕਟ ਦੇ ਰੂਲ 2002 ਨੂੰ ਦਰਸਾਏ ਰੂਲ ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਵਰਣਨ ਜਾਇਦਾਦ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ। ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਕਰਨ 'ਤੇ ਰਕਮ ਅਤੇ ਉਸ ਉਪਰ ਵਿਆਜ ਨਕੋਦਰ ਸ਼ਾਖਾ ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ। ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਖਾਤੇ ਦਾ ਨਾਂਅ | ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| ਸ਼੍ਰੀਮਤੀ ਨਿੰਦਰ ਕੌਰ ਪਤਨੀ ਸ਼੍ਰੀ ਰਾਜ ਕੁਮਾਰ ਵਾਸੀ ਗੌਰਮਿੰਟ ਹਾਈ ਸਕੂਲ ਦੇ ਪਿਛਲੇ ਪਾਸੇ, ਨੇੜੇ ਰੇਲਵੇ ਫਾਟਕ, ਮਹਿਤਪੁਰ ਰੋਡ, ਨਕੋਦਰ (ਇਸ ਤੋਂ ਬਾਅਦ 'ਕਰਜ਼ਦਾਰ' ਵਜੋਂ ਹਵਾਲਾ) (ਏ) ਸ਼੍ਰੀ ਬਲਬੀਰ ਕੁਮਾਰ ਪੁੱਤਰ ਸ਼੍ਰੀ ਸਰਦਾਰਾ ਵਾਸੀ 6/45, ਊਧਮ ਸਿੰਘ ਨਗਰ, ਨਕੋਦਰ (ਬੀ) ਸ਼੍ਰੀ ਦੇਸ ਰਾਜ ਪੁੱਤਰ ਸ਼੍ਰੀ ਪ੍ਰੀਤਮ ਦਾਸ ਵਾਸੀ 2515, ਮੁਹੱਲਾ ਰਵਿਦਾਸਪੁਰਾ, ਨਕੋਦਰ (ਇਸ ਤੋਂ ਬਾਅਦ 'ਗਰੰਟਰ' ਵਜੋਂ ਹਵਾਲਾ) | ਬੈਨਾਮਾ ਨੰ. 2018-19/184/1/136 ਮਿਤੀ 24-08-2018, ਜਮ੍ਹਾਂਬੰਦੀ ਸਾਲ 2013-14 ਅਨੁਸਾਰ ਸ਼੍ਰੀਮਤੀ ਨਿੰਦਰ ਕੌਰ ਪਤਨੀ ਸ਼੍ਰੀ ਰਾਜ ਕੁਮਾਰ ਵਾਸੀ ਨੇੜੇ ਰੇਲਵੇ ਫਾਟਕ, ਮਹਿਤਪੁਰ ਰੋਡ, ਨਕੋਦਰ, ਜ਼ਿਲ੍ਹਾ ਜਲੰਧਰ ਦੇ ਨਾਂਅ ਦਰਜ ਜਾਇਦਾਦ, ਨੇੜੇ ਰੇਲਵੇ ਫਾਟਕ, ਮਹਿਤਪੁਰ ਰੋਡ, ਨਕੋਦਰ, ਜ਼ਿਲ੍ਹਾ ਜਲੰਧਰ ਵਿਖੇ ਸਥਿਤ, ਰਕਬਾ 0 ਕਨਾਲ-4 ਮਰਲਾ, 6.5 ਸਰਸਾਈ, ਕੁੱਲ ਜ਼ਮੀਨ ਰਕਬਾ 8 ਕਨਾਲ-17 ਮਰਲੇ ਦਾ 85/3186 ਹਿੱਸਾ, ਖੇਵਟ ਨੰ. 1507/2273, ਖਤੌਨੀ ਨੰ. 1727, ਖਸਰਾ ਨੰ. 206//19 (1-18), 22/1 (3-0), 22/2/1/1 (3-19), ਹੱਦਬਸਤ ਨੰ. 31 ਨਾਲ ਸੰਬੰਧਤ ਸਭ ਕੁਝ। ਹੱਦਾਂ : ਉੱਤਰ : ਸ਼੍ਰੀ ਹਰੀਸ਼ ਦੀ ਜਾਇਦਾਦ, ਦੱਖਣ : ਲਾਂਘਾ, ਪੂਰਬ : ਹੋਰਨਾਂ ਦਾ ਖਾਲੀ ਪਲਾਟ, ਪੱਛਮ : ਲਾਂਘਾ। | 29.01.2026 | 30.03.2026 | 31.12.2025 ਨੂੰ ਰੁਪਏ 4,84,237/- (ਚਾਰ ਲੱਖ ਚੌਰਾਸੀ ਹਜ਼ਾਰ ਦੋ ਸੌ ਸੈਂਤੀ ਰੁਪਏ ਕੇਵਲ) ਸਮੇਤ ਇਸ 'ਤੇ 31.12.2025 ਤੱਕ ਗਣਨਾ ਕੀਤਾ ਵਿਆਜ ਅਤੇ ਹੋਰ ਚਾਰਜਿਜ਼/ਖਰਚੇ |

ਮਿਤੀ : 30.03.2026, ਸਥਾਨ : ਨਕੋਦਰ ਅਧਿਕਾਰਤ ਅਫਸਰ



**PUNJAB NATIONAL BANK**
**Branch Office:- BAREWAL AWANA, DISTT. LUDHIANA**

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਣ ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਨੇ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤ ਦੀ ਵਿਆਜ ਸਹਿਤ ਮੂਲ ਰਕਮ ਅਤੇ ਵਿਆਜ ਦੀ ਅਦਾਇਗੀ ਕਰਨ ਵਿੱਚ ਉਲੰਘਣਾ ਕੀਤੀ ਹੈ ਅਤੇ ਦਰਸਾਈਆਂ ਸਹੂਲਤਾਂ ਨੂੰ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਜੋਂ ਵਰਗੀਕ੍ਰਿਤ ਕੀਤਾ ਜਾ ਚੁੱਕਾ ਹੈ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਨੋਟਿਸ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤੇ 'ਤੇ ਭੇਜੇ ਸਨ, ਕੁਝ ਮਾਮਲਿਆਂ ਵਿੱਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ, ਕੁਝ ਮਾਮਲਿਆਂ 'ਚ ਪ੍ਰਾਪਤੀ ਦੀਆਂ ਰਸੀਦਾਂ ਪ੍ਰਾਪਤ ਨਹੀਂ ਹੋਈਆਂ। ਅਜਿਹੇ ਵਿੱਚ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਬਾਰੇ ਪਬਲਿਕ ਨੋਟਿਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

| ਜਾਇਦਾਦ ਦੇ ਕਰਜ਼ਦਾਰ/ਗਰੰਟਰ/ ਭਾਈਵਾਲ/ਰਹਿਣਕਾਰ | ਚੱਲ ਐੱਸਟਸ ਦਾ ਵੇਰਵਾ | ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਾਸ਼ੀ |
|---|---|---|---|---|
| 1. (ਕਰਜ਼ਦਾਰ) :- ਪ੍ਰੀਤੀ # ਮਕਾਨ ਨੰ. 124/25, ਗਲੀ ਨੰ. 2, ਜਵੱਦੀ ਖੁਰਦ, ਬਸੰਤ ਐਵੇਨਿਊ, ਲੁਧਿਆਣਾ-141013, ਦੂਜਾ ਪਤਾ : ਐੱਲ ਆਈ ਜੀ ਫਲੈਟ ਨੰ. 20, ਨੇੜੇ ਵਰਧਮਾਨ ਮੰਡੀ, ਚੰਡੀਗੜ੍ਹ ਰੋਡ, ਲੁਧਿਆਣਾ-141010<br>2. (ਗਰੰਟਰ) : ਮਨਪ੍ਰੀਤ ਕੌਰ # ਐੱਲ ਆਈ ਜੀ ਫਲੈਟ ਨੰ. 59, ਨੇੜੇ ਵਰਧਮਾਨ ਮੰਡੀ, ਚੰਡੀਗੜ੍ਹ ਰੋਡ, ਲੁਧਿਆਣਾ-141010 | ਕਾਰ ਦੀ ਹਾਈਪੋਥੇਕੇਸ਼ਨ ਰਜਿਸਟਰੇਸ਼ਨ ਨੰ. ਪੀ ਬੀ-10-ਜੇ ਐੱਨ-9525, ਮਾਡਲ ਨਾਂਅ ਸੀਰੋ- VXI ਮਰੂਤੀ ਸਜ਼ੂਕੀ ਇੰਡੀਆ ਲਿਮਟਿਡ, ਰੰਗ ਪਰਲ ਆਰਕਟਿਕ ਵਾਈਟ, ਚੇਸੀਜ਼ ਨੰ. ਐੱਮ ਏ 3 ਟੀ ਐੱਫ ਸੀ 62 ਐੱਸ ਆਰ ਬੀ 281666, ਇੰਜਣ ਨੰ. ਕੇ 10 ਸੀ ਐੱਨ ਸੀ 529119, ਪ੍ਰੀਤੀ ਦੇ ਨਾਂਅ 'ਤੇ | 10-03.2026 | 17-03.2026 | 10.03.2026 ਨੂੰ ਰੁਪਏ 5,03,436/- (ਪੰਜ ਲੱਖ ਤਿੰਨ ਹਜ਼ਾਰ ਚਾਰ ਸੌ ਛੱਤੀ ਰੁਪਏ ਕੇਵਲ) ਸਮੇਤ ਹੋਰ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤਾਂ ਚਾਰਜਿਜ਼ ਆਦਿ। |

ਨੋਟਿਸ ਦੀ ਬਦਲਵੀਂ ਸੇਵਾ ਲਈ ਕਦਮ ਚੁੱਕੇ ਗਏ ਹਨ ਅਤੇ ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂਯੋਗ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਰਾਸ਼ੀ ਦੀ ਅਦਾਇਗੀ ਕਰ ਦੇਣ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ ਦੀ ਸੂਰਤ ਵਿੱਚ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੇ ਕਦਮ ਚੁੱਕੇ ਜਾਣਗੇ।

ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੇ ਪ੍ਰਾਪਤ ਹੋਣ 'ਤੇ ਤੁਹਾਨੂੰ ਬੈਂਕ ਦੀ ਸਹਿਮਤੀ ਲਏ ਬਗੈਰ ਬਿਜ਼ਨੈੱਸ ਦੇ ਆਮ ਕੰਮ ਧੰਦੇ ਤੋਂ ਸਿਵਾਏ ਉਪਰ ਵਰਨਣ ਸਕਿਉਰਟੀਜ਼ ਦੀ ਡਿਸਪੋਜ਼ਿੰਗ ਜਾਂ ਕੋਈ ਸੌਦੇਬਾਜ਼ੀ ਕਰਨ ਦੀ ਮਨਾਹੀ ਹੋਵੇਗੀ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸੈਕਸ਼ਨ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜਿਆਂ ਦਾ ਸਾਹਮਣਾ ਕਰਨਾ ਹੋਵੇਗਾ।

ਕਰਜ਼ਦਾਰਾਂ/ਗਰੰਟਰਾਂ/ਗਿਰਵੀਕਾਰਾਂ ਨੂੰ ਸੰਬੰਧਤ ਬਰਾਂਚ ਕੋਲੋਂ ਨੋਟਿਸ ਦੀ ਕਾਪੀ ਪ੍ਰਾਪਤ ਕਰ ਲੈਣ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 03.04.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ-ਤੀਜਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 27.04.2026 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 02.04.2026 | 13.04.2026 | 27.04.2026 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1. | 01-2026-27-ADEN-I-ASR | ADEN-I/ASR ਦੇ ਤਹਿਤ ASR-BAT ਸੈਕਸ਼ਨ ਤੇ ਸਥਿਤ LHS ਨੰ. C-08, C-18, C-20 ਅਤੇ C-25 ਉਤੇ ਕਵਰ ਸ਼ੇਡ ਦਾ ਪ੍ਰਬੰਧ ਅਤੇ ਸੜਕ ਸਤਹਾ ਦੀ ਮੁਰੰਮਤ ਦਾ ਕੰਮ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 52601691.21 | 1052000.00 | 60 ਦਿਨ | 09 ਮਹੀਨੇ |
| | | ਸਮਾਨ ਨੇਚਰ ਦਾ ਕੰਮ:- ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | |
| 2. | 02-2026-27-ADEN-I-ASR | ADEN-I/ASR ਦੇ ਤਹਿਤ ASR-BAT ਸੈਕਸ਼ਨ ਤੇ ਸਥਿਤ LHS ਨੰ. C-08, C-18, C-20 ਅਤੇ C-23 ਉਤੇ ਕਵਰ ਸ਼ੇਡ ਦਾ ਪ੍ਰਬੰਧ ਅਤੇ ਸੜਕ ਸਤਹਾ ਦੀ ਮੁਰੰਮਤ ਦਾ ਕੰਮ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 31005968.87 | 620100.00 | 60 ਦਿਨ | 09 ਮਹੀਨੇ |
| | | ਸਮਾਨ ਨੇਚਰ ਦਾ ਕੰਮ:- ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। ਨਿਵਿਦਾ ਨੰਬਰ:- : 01 & 02-2026-27-ADEN-I-ASR ਤਾਰੀਕ : 02.04.2026 1123/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਮੰਡੀਆਂ ਵਿੱਚ ਸਮੇਂ ਸਿਰ ਹੋਵੇਗੀ ਲਿਫਟਿੰਗ ਤੇ ਅਦਾਇਗੀ : ਸਿੱਧੂ




**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਨੇ ਪੰਜਾਬ ਦੀਆਂ ਮੰਡੀਆਂ ਵਿੱਚ ਕਣਕ ਦੀ ਫ਼ਸਲ ਦੀ ਸਰਕਾਰੀ ਖ਼ਰੀਦ ਸ਼ੁਰੂ ਹੋਣ 'ਤੇ ਕਿਸਾਨਾਂ ਨੂੰ ਹਰ ਸੰਭਵ ਸਹਾਇਤਾ ਅਤੇ ਸਹੂਲਤਾਂ ਦਾ ਭਰੋਸਾ ਦਿੱਤਾ ਹੈ। ਪਾਰਟੀ ਆਗੂਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਵਿੱਚ ਖੇਤੀਬਾੜੀ ਖੇਤਰ ਵਿੱਚ ਕੀਤੇ ਗਏ ਕ੍ਰਾਂਤੀਕਾਰੀ ਸੁਧਾਰਾਂ ਅਤੇ ਮੌਜੂਦਾ ਖ਼ਰੀਦ ਸੀਜ਼ਨ ਦੀਆਂ ਤਿਆਰੀਆਂ 'ਤੇ ਚਾਨਣਾ ਪਾਇਆ।ਵੀਰਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਸਾਨ ਵਿੰਗ ਦੇ ਚੇਅਰਮੈਨ ਮਹਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਪੰਜਾਬ ਦੀਆਂ 1896 ਦਾਣਾ ਮੰਡੀਆਂ ਤੇ ਖ਼ਰੀਦ ਕੇਂਦਰਾਂ 'ਤੇ ਕਿਸਾਨ ਵਿੰਗ ਦੀ ਵਿਸ਼ੇਸ਼ ਜ਼ਿੰਮੇਵਾਰੀ ਲਗਾਈ ਗਈ ਹੈ। ਕਿਸਾਨ ਵਿੰਗ ਦੇ ਅਹੁਦੇਦਾਰ ਸਰਕਾਰੀ ਅਧਿਕਾਰੀਆਂ ਨਾਲ ਮਿਲ ਕੇ ਇਹ ਯਕੀਨੀ ਬਣਾਉਣਗੇ ਕਿ ਕਿਸੇ ਵੀ ਕਿਸਾਨ ਨੂੰ ਆਪਣੀ ਫ਼ਸਲ ਵੇਚਣ ਵਿੱਚ ਕੋਈ ਮੁਸ਼ਕਲ ਨਾ ਆਵੇ। ਉਨ੍ਹਾਂ ਆੜ੍ਹਤੀਆਂ ਨੂੰ ਫ਼ਸਲ ਦੀ ਸਹੀ ਤੁਲਾਈ ਅਤੇ ਸਮੇਂ ਸਿਰ ਜੇ-ਫਾਰਮ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਲਈ ਪਾਣੀ, ਬਿਜਲੀ ਅਤੇ ਸਫ਼ਾਈ ਦਾ ਪੂਰਾ ਪ੍ਰਬੰਧ ਰਹੇਗਾ।

# ਕਣਕ ਖਰੀਦ ਨੂੰ ਲੈ ਕੇ ਮੰਡੀਆਂ 'ਚ ਪ੍ਰਬੰਧ ਪੂਰੇ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਕਣਕ ਖਰੀਦ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀਆਂ, ਆੜ੍ਹਤੀ ਐਸੋਸੀਏਸ਼ਨ ਅਤੇ ਮਜ਼ਦੂਰੀ ਤੇ ਢੁਆਈ ਠੇਕੇਦਾਰਾਂ ਨਾਲ ਮੀਟਿੰਗ ਕੀਤੀ।




ਮੀਟਿੰਗ ਦੌਰਾਨ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੇ ਜਾਣਕਾਰੀ ਦਿੱਤੀ ਕਿ ਮੰਡੀਆਂ ਵਿੱਚ ਕਣਕ ਦੀ ਖਰੀਦ ਲਈ ਸਾਰੇ ਲੋੜੀਂਦੇ ਪ੍ਰਬੰਧ ਪੂਰੇ ਕਰ ਲਏ ਗਏ ਹਨ। ਇਸ ਸਾਲ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਲਗਭਗ 3,04,880 ਮੀਟ੍ਰਿਕ ਟਨ ਕਣਕ ਦੀ ਸਰਕਾਰੀ ਖਰੀਦ ਹੋਣ ਦੀ ਸੰਭਾਵਨਾ ਹੈ। ਕਿਸੇ ਵੀ ਮੰਡੀ ਵਿੱਚ ਬਾਰਦਾਨੇ ਦੀ ਕੋਈ ਘਾਟ ਨਹੀਂ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਖਰੀਦੀ ਗਈ ਕਣਕ ਦੀ ਸਮੇਂ ਸਿਰ ਅਦਾਇਗੀ ਯਕੀਨੀ ਬਣਾਈ ਗਈ ਹੈ। ਇਸ ਦੇ ਨਾਲ ਹੀ ਕਣਕ ਦੀ ਲਿਫਟਿੰਗ ਅਤੇ ਸਟੋਰੇਜ ਲਈ ਵੀ ਪੂਰੇ ਪ੍ਰਬੰਧ ਕੀਤੇ ਗਏ ਹਨ। ਹਰ ਮੰਡੀ ਵਿੱਚ ਖਰੀਦ ਏਜੰਸੀਆਂ ਦੇ ਇੰਸਪੈਕਟਰ ਅਤੇ ਹੋਰ ਸਟਾਫ ਦੀ ਤਾਇਨਾਤੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ 65 ਮੰਡੀਆਂ ਵਿੱਚ ਕਣਕ ਦੀ ਖਰੀਦ ਕੀਤੀ ਜਾਵੇਗੀ। ਇਸ ਵਾਰ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 2585 ਰੁਪਏ ਨਿਰਧਾਰਤ ਕੀਤਾ ਗਿਆ ਹੈ।ਉਨ੍ਹਾਂ ਆੜ੍ਹਤੀਆਂ ਨੂੰ ਅਪੀਲ ਕੀਤੀ ਕਿ ਉਹ ਖਰੀਦ ਪ੍ਰਕਿਰਿਆ ਨੂੰ ਸਫਲ ਬਣਾਉਣ ਵਿੱਚ ਪੂਰਾ ਸਹਿਯੋਗ ਦੇਣ। ਇਸੇ ਤਰ੍ਹਾਂ ਮਜ਼ਦੂਰ ਅਤੇ ਢੁਆਈ ਠੇਕੇਦਾਰਾਂ ਨੂੰ ਨਿਰਦੇਸ਼ ਦਿੱਤੇ ਗਏ ਕਿ ਉਹ ਸਮੇਂ ਸਿਰ ਲਿਫਟਿੰਗ ਯਕੀਨੀ ਬਣਾਉਣ ਅਤੇ ਲੋੜ ਅਨੁਸਾਰ ਮਜ਼ਦੂਰਾਂ ਅਤੇ ਆਵਾਜਾਈ ਦੇ ਸਾਧਨਾਂ ਦੀ ਉਪਲਬਧਤਾ ਬਣਾਈ ਰੱਖਣ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਪਨਗ੍ਰੇਨ, ਮਾਰਕਫੈਡ, ਵੇਅਰਹਾਊਸ, ਪਨਸਪ ਅਤੇ ਐਫ.ਸੀ.ਆਈ. ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਨ੍ਹਾਂ ਨੂੰ ਸੌਂਪੀਆਂ ਮੰਡੀਆਂ ਵਿੱਚ ਸਮੇਂ ਸਿਰ ਅਤੇ ਪਾਰਦਰਸ਼ੀ ਖਰੀਦ ਯਕੀਨੀ ਬਣਾਈ ਜਾਵੇ।

# ਯੂਥ ਕਾਂਗਰਸ ਵੱਲੋਂ ਬਾਬਾ ਸਾਹਿਬ ਅੰਬੇਡਕਰ ਸਨਮਾਨ ਯਾਤਰਾ 11 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)** ਯੂਥ ਕਾਂਗਰਸ ਆਗੂ ਪ੍ਰਣਵ ਕ੍ਰਿਪਾਲ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਿਦੇਸ਼ ਵਿੱਚ ਬੈਠਾ ਗੁਰਪਤਵੰਤ ਪੰਨੂ ਪੰਜਾਬ ਦਾ ਮਾਹੌਲ ਖਰਾਬ ਕਰਨ ਦੀ ਸਾਜਿਸ਼ ਰਚ ਰਿਹਾ ਹੈ।



ਉਨ੍ਹਾਂ ਕਿਹਾ ਕਿ ਗੁਰਪਤਵੰਤ ਪੰਨੂ ਵਾਰ - ਵਾਰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤਾਂ ਦੀ ਬੇਅਦਬੀ ਕਰਵਾ ਕੇ ਪੰਜਾਬ ਦੀ ਸਮਾਜਿਕ ਭਾਈਵਾਲਤਾ ਦੀ ਸਾਂਝ ਨੂੰ ਤੋੜਨਾ ਚਾਹੁੰਦਾ ਹੈ। ਯੂਥ ਕਾਂਗਰਸ ਗੁਰਪਤਵੰਤ ਪੰਨੂ ਦੀ ਕਿਸੇ ਵੀ ਸਾਜਿਸ਼ ਨੂੰ ਕਾਮਯਾਬ ਨਹੀਂ ਹੋਣ ਦੇਵੇਗੀ। ਉਨ੍ਹਾਂ ਕਿਹਾ ਕਿ ਗੁਰਪਤਵੰਤ ਪੰਨੂ ਵਲੋਂ ਨੂਰਪੁਰ ਜੱਟਾਂ ਵਿੱਚ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਕਰਵਾਈ ਗਈ ਬੇਅਦਬੀ ਦੇ ਵਿਰੋਧ ਵਿੱਚ ਯੂਥ ਕਾਂਗਰਸ ਵਲੋਂ 11 ਅਪ੍ਰੈਲ ਨੂੰ ਗੜ੍ਹਸ਼ੰਕਰ ਤੋਂ ਨੂਰਪੁਰ ਜੱਟਾਂ ਤੱਕ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਸਨਮਾਨ ਵਿੱਚ ਸਨਮਾਨ ਯਾਤਰਾ ਕੱਢੀ ਜਾਵੇਗੀ। ਉਨਾਂ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਨਮਾਨ ਯਾਤਰਾ ਗੁਰਪਤਵੰਤ ਪੰਨੂ ਵਰਗੇ ਵੱਖਵਾਦੀਆਂ ਨੂੰ ਮੂੰਹ ਤੋੜ ਜਵਾਬ ਹੋਵੇਗੀ।

# ਘਰੇਲੂ ਗੈਸ ਸਿਲੰਡਰ ਨਾ ਮਿਲਣ 'ਤੇ ਗੈਸ ਏਜੰਸੀ ਦੇ ਬਾਹਰ ਰੋਸ ਧਰਨਾ

**ਮਹਿਤਪੁਰ (ਰਾਜਾ)**- ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਿ 25 ਦਿਨਾਂ ਬਾਅਦ ਗੈਸ ਦੀ ਬੁਕਿੰਗ ਹੋਵੇਗੀ ਤੇ ਗੈਸ ਸਿਲੰਡਰ ਲਾਜ਼ਮੀ ਮਿਲੇਗਾ, ਗੈਸ ਏਜੰਸੀਆਂ ਦੇ ਦਫਤਰ ਮੂਹਰੇ ਅਤੇ ਗੈਸ ਏਜੰਸੀਆਂ ਦੇ ਗੁਦਾਮਾਂ ਮੂਹਰੇ ਵੱਡੀ ਗਿਣਤੀ ਵਿੱਚ ਖਾਲੀ ਸਿਲੰਡਰ ਲੈ ਕੇ ਖੜੇ ਲੋਕੀ ਆਮ ਹੀ ਵੇਖੇ ਜਾ ਸਕਦੇ ਹਨ। ਮਹਿਤਪੁਰ ਵਿਖੇ ਇੱਕ ਗੈਸ ਏਜੰਸੀ ਵਿਰੁੱਧ ਵਿਖੇ ਲਗਾਤਾਰ ਲੱਗ ਰਹੇ ਧਰਨਾ ਦਿੱਤਾ ਜਾ ਰਿਹਾ ਹੈ। ਬੁਕਿੰਗ ਦੇ 25 ਦਿਨ ਤੋਂ ਵੱਧ ਹੋਣ ਦੇ ਬਾਵਜੂਦ ਵੀ ਗੈਸ ਸਿਲੰਡਰ ਨਹੀਂ ਮਿਲ ਰਹੇ ਤੇ ਕਈ ਜਗ੍ਹਾ ਕਰਿਆਨੇ ਦੀ ਦੁਕਾਨ ਤੋਂ ਬਲੈਕ ਵਿੱਚ ਸਿਲੰਡਰ ਵਿਕ ਰਹੇ ਹਨ। ਪਿੰਡ ਖੁਰਲਾਪੁਰ ਦੇ ਵਾਸੀ ਓਮ ਪ੍ਰਕਾਸ਼ ਨੇ ਦੱਸਿਆ ਕਿ ਬੀਤੇ ਦਿਨੀ ਉਹਨਾਂ ਦੇ ਤਾਏ ਦੇ ਨੌਜਵਾਨ ਬੇਟੇ ਦੀ ਮਜ਼ਦੂਰੀ ਕਰਦਿਆਂ ਸੱਟ ਲੱਗਣ ਕਰਕੇ ਅਚਾਨਕ ਮੌਤ ਹੋ ਗਈ । ਬੁਕਿੰਗ ਹੋਣ ਦੇ ਬਾਵਜੂਦ ਉਹਨਾਂ ਨੂੰ ਸਮੇਂ ਸਿਰ ਸਿਲੰਡਰ ਨਹੀਂ ਮਿਲਿਆ। ਪਿੰਡ ਖੈਰਾ ਮੁਸ਼ਤਰਕਾ ਦੇ ਅਮਰੀਕ ਸਿੰਘ ਨੇ ਦੱਸਿਆ ਕਿ ਕੀ ਬੀਤੇ ਦਿਨੀ ਉਹਨਾਂ ਦੀ ਮਾਤਾ ਦਾ ਦਿਹਾਂਤ ਹੋ ਗਿਆ ਸੀ ਤੇ ਘਰ ਵਿੱਚ ਉਹਨਾਂ ਦੀ ਆਤਮਿਕ ਸ਼ਾਂਤੀ ਦੀ ਰਖਾਏ ਗਏ



ਅਖੰਡ ਪਾਠ ਸਾਹਿਬ ਦੇ ਪਾਠ ਸਬੰਧੀ ਤੇ ਬੁੱਕ ਕਰਵਾਏ ਗੈਸ ਸਿਲੰਡਰ ਸਬੰਧੀ ਕਈ ਵਾਰੀ ਗੈਸ ਏਜੰਸੀ ਦੇ ਮੁਲਾਜ਼ਮਾਂ ਨੂੰ ਬੇਨਤੀ ਵੀ ਕੀਤੀ ਪਰ ਉਹਨਾਂ ਨੂੰ ਸਮੇਂ ਸਿਰ ਗੈਸ ਸਿਲੰਡਰ ਨਹੀਂ ਮਿਲਿਆ। ਗੈਸ ਏਜੰਸੀ ਦੇ ਦਫਤਰ ਮੂਹਰੇ ਲੱਗੇ ਲਗਾਤਾਰ ਰੋਸ ਧਰਨੇ ਮੈਨੇਜਰ ਨੂੰ ਫੋਨ ਕੀਤਾ ਤਾਂ ਉਹਨਾਂ ਨੇ ਫੋਨ ਨਹੀਂ ਚੁੱਕਿਆ।

# ਠਾਕੁਰ ਦੁਆਰਾ ਮੰਦਰ ਵਿਖੇ ਮਨਾਈ ਮਹਾਂਵੀਰ ਜਯੰਤੀ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼੍ਰੀ ਹਨੁਮਾਨ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਠਾਕੁਰ ਦੁਆਰਾ ਮੰਦਰ ਉੜਮੁੜ ਵਿਖੇ ਪੰਡਿਤ ਭਗਵਤ ਪ੍ਰਸਾਦ ਦੀ ਅਗਵਾਈ ਵਿੱਚ ਹਨੁਮਾਨ ਜਯੰਤੀ ਸਬੰਧੀ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੰਦਰ ਦੇ ਸਮੂਹ ਮੈਂਬਰਾਂ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਅਤੇ ਸ਼ਰਧਾਲੂਆਂ ਨੇ ਜੈ ਬਜਰੰਗ ਬਲੀ ਦੇ ਜੈਕਾਰੇ ਲਗਾਉਂਦੇ ਹੋਏ ਮਹਾਵੀਰ ਹਨੁਮਾਨ ਦਾ ਜਨਮ ਦਿਹਾੜਾ ਮਨਾਇਆ। ਠਾਕੁਰ ਦੁਆਰਾ ਮੰਦਿਰ ਵਿਖੇ ਹਨੁਮਾਨ ਜੀ ਦਾ ਜਨਮ ਦਿਹਾੜਾ ਮਨਾਉਣ ਲਈ ਸ਼ਰਧਾਲੂਆਂ ਦਾ ਤਾਂਤਾ ਲੱਗਿਆ ਹੋਇਆ ਸੀ। ਪੰਡਿਤ ਭਗਵਤ ਪ੍ਰਸਾਦ ਵੱਲੋਂ ਪਹਿਲਾਂ ਮੰਦਰ ਵਿਖੇ ਸ੍ਰੀ ਸੁੰਦਰ ਕਾਂਡ ਪਾਠ ਦਾ ਭੋਗ ਪਾਇਆ ਗਿਆ ਅਤੇ ਸ੍ਰੀ ਹਨੁਮਾਨ ਦੀ ਪੂਰੀ ਵਿਧੀ ਪੂਰਵਕ ਪੂਜਾ ਅਰਚਨਾ ਕਰਨ ਉਪਰੰਤ ਝੰਡਾ ਚੜ੍ਹਾਉਣ ਦੀ



ਰਸਮ ਅਦਾ ਕੀਤੀ ਗਈ। ਇਸ ਮੌਕੇ ਤੇ ਉਨ੍ਹਾਂ ਨਾਲ ਰਜਿੰਦਰ ਭੱਲਾ, ਪੰਡਿਤ ਮਿਥਲੇਸ਼ ਗਰਗ, ਸਤਪਾਲ, ਸਾਜਨ ਲਖਨਪਾਲ, ਬਿੱਟੂ ਸ਼ਰਮਾ, ਸੰਨੀ ਪੰਡਿਤ ਸ਼ਿਵ ਸੇਨਾ ਹਿੰਦੁਸਤਾਨ ਪੰਜਾਬ ਪ੍ਰਧਾਨ ਰਾਹੁਲ ਖੰਨਾ, ਰਾਜੂ ਖੋਸਲਾ, ਪ੍ਰਸ਼ਾਂਤ ਪੰਡਿਤ, ਦੀਪੂ ਠਾਕੁਰ, ਪੰਕਜ ਸਜਦੇਵਾ, ਵਿਜੇ, ਰਮਨ, ਸਾਹਿਲ ਸ਼ਰਮਾ, ਸੰਦੀਪ ਵਾਲੀਆ, ਕੁਲਵਿੰਦਰ ਕੌਰ, ਸੁਨੀਤਾ ਭੱਲਾ, ਸੁਨੀਤਾ ਬਿਗ, ਅਰੁਣਾ ਰਾਣੀ, ਰਾਧਾ, ਸੀਤਾ ਰਾਣੀ, ਸ਼ੀਤਲ, ਸ਼ਮਾ ਰਾਣੀ, ਕੋਮਲ, ਬੰਦਨਾ, ਸੋਨੂੰ ਸ਼ਰਮਾ ਅਤੇ ਮਹਿਲਾ ਸੰਕੀਰਤਨ ਮੰਡਲੀ ਤੋਂ ਇਲਾਵਾ ਹੋਰ ਸ਼ਰਧਾਲੂਆਂ ਨੇ ਹਨੁਮਾਨ ਦੇ ਚਾਲੀਸਾ ਪਾਠ ਕੀਤੇ।

# ਸਾਲਾਨਾ ਕਬੱਡੀ ਕੱਪ ਆਰੰਭ



**ਆਦਮਪੁਰ (ਪਰਮਜੀਤ ਸਿੰਘ)**- ਨਜਦੀਕੀ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਸਮੂਹ ਨਗਰ ਨਿਵਾਸੀਆਂ ਅਤੇ ਐਨ ਆਰ ਆਰ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਸ੍ਰੀ ਨਨਕਾਣਾ ਸਾਹਿਬ ਦੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਕਰਵਾਏ ਜਾ ਰਹੇ ਕੱਬਡੀ ਕੱਪ ਦੀ ਆਰੰਭਤਾ ਗੁਰੂ ਮਹਾਰਾਜ ਜੀ ਦਾ ਓਟ ਆਸਰਾ ਲੈਂਦੇ ਹੋਏ ਭਾਈ ਸਰਵਣ ਸਿੰਘ ਵਲੋਂ ਅਰਦਾਸ ਕਰਨ ਉਪਰੰਤ ਗੁਰਪਾਲ ਸਿੰਘ ਪਾਲਾ (ਕੇਨਾਡਾ ) ਸਮੂਹ ਪ੍ਰਬੰਕਾ ਵਲੋਂ ਰਿਬਨ ਕੱਟ ਕੇ ਕੀਤੀ ਗਈ। ਇਸ ਮੌਕੇ ਪ੍ਰਬੰਧਕ ਮੈਂਬਰ ਪ੍ਰਧਾਨ ਟੂਰਨਾਮੈਂਟ ਕਮੇਟੀ ਦਵਿੰਦਰ ਸਿੰਘ (ਬਿੰਦਰ),ਪ੍ਰਧਾਨ ਅਮਨਦੀਪ ਸਿੰਘ ਢਿੱਲੋਂ ਨੰਬਰਦਾਰ, ਦਲਬੀਰ ਸਿੰਘ ਖੋਜਕੀ ਪੁਰ,ਹੈੱਡ ਗ੍ਰੰਥੀ ਸਰਵਣ ਸਿੰਘ, ਸਾਬਕਾ ਸਰਪੰਚ ਤੁਲਸੀ ਰਾਮ, ਕਰਮਬੀਰ ਸਿੰਘ ਨੰਬਰਲਾਰ, ਇਕਬਾਲ ਸਿੰਘ ਮੰਡੇਰ, ਏਕਮਜੋਤ ਸਿੰਘ, ਰਾਕੇਸ਼ ਕੁਮਾਰ ਸਰਪੰਚ ਸਲਾਲਾ, ਅਮਰੀਕ ਸਿੰਘ ਨਿੱਝਰ ਨਿਊਜ਼ੀਲੈਂਡ ਹੈਪੀ ਸਰਪੰਚ ਨੰਗਲ ਫੀਦਾ, ਜਸਬੀਰ ਧਾਮੀ, ਕੁਲਦੀਪ ਸਿੰਘਅਟਵਾਲ,ਕੁਲਵਿੰਦਰ ਸਿੰਘ ਪੰਚ ਇੱਟਾ ਬੱਧੀ, ਬਰਿੰਦਰ ਸਿੰਘ ਬਿੰਦਾ, ਰਾਜਿੰਦਰ ਸਿੰਘ ਮੰਗੀ, ਰਾਜਨ, ਅਰਸ਼, ਜੱਸਾ ਟੂਰ, ਕਲਜੀਤ ਸਿੰਘ, ਵਿੱਕੀ, ਰਵੀ, ਜੱਗੀ, ਰਾਜਾ, ਰਣਜੀਤ ਘੰਟੀ, ਹਰਮਨ, ਹਰਦੀਪ, ਅਰਸ਼ਪ੍ਰੀਤ ਸਿੱਧੂ, ਗੈਵੀ, ਗੋਪੀ, ਸੋਨੂੰ, ਇਕਬਾਲ ਸਿੰਘ ਮੰਡੇਰ, ਬਿੰਦਾ ਹਾਜਰ ਸਨ।

# ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਨਿੰਦਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਆਲ ਇੰਡੀਆ ਅੰਬੇਦਕਰ ਮਹਾਂ ਸਭਾ ਪੰਜਾਬ ਨੇ ਗੜ੍ਹਸ਼ੰਕਰ ਨੇੜੇ ਪੈਂਦੇ ਪਿੰਡ ਨੂਰਪੁਰ ਜੱਟਾਂ ਵਿਖੇ ਸ਼ਰਾਰਤੀ ਅਨਸਰਾਂ ਵੱਲੋਂ ਡਾ. ਭੀਮ ਰਾਓ ਅੰਬੇਦਕਰ ਦੇ ਬੁੱਤ ਦੀ ਬੇਅਬਦੀ ਕਰਨ ਦਾ ਸਖ਼ਤ ਨੋਟਿਸ ਲੈਂਦਿਆਂ ਇਸ ਘਟਨਾ ਦੀ ਨਿੰਦਾ ਕੀਤੀ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਕਿ ਦੋਸ਼ੀਆਂ ਖਿਲਾਫ ਤੁਰੰਤ ਸਖਤ ਕਾਰਵਾਈ ਕੀਤੀ ਜਾਵੇ।



ਇਸ ਸਬੰਧੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਭੇਜੇ ਮੰਗ ਪੱਤਰ ਦੀ ਕਾਪੀ ਪ੍ਰੈੱਸ ਨੂੰ ਜਾਰੀ ਕਰਦਿਆਂ ਡਾ. ਭੀਮ ਰਾਓ ਅੰਬੇਦਕਰ ਮਹਾਂ ਸਭਾ ਪੰਜਾਬ ਦੇ ਪ੍ਰਧਾਨ ਨਿਰਮਲ ਜੀਤ ਨੇ ਦੱਸਿਆ ਕਿ ਕੁਝ ਸਮਾਜ ਤੇ ਦੇਸ਼ ਵਿਰੋਧੀ ਅਨਸਰਾਂ ਵਲੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਗੜ੍ਹਸ਼ੰਕਰ ਤਹਿਸੀਲ ਵਿਚ ਪੈਂਦੇ ਪਿੰਡ ਨੂਰਪੁਰ ਜੱਟਾਂ ਵਿੱਚ ਬਾਬਾ ਸਾਹਿਬ ਦੇ ਬੁੱਤ ਦੀ ਬੇਅਬਦੀ ਕੀਤੀ ਗਈ ਜੋ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਹਨਾਂ ਆਖਿਆ ਕਿ ਸ਼ਰਾਰਤੀ ਅਨਸਰ ਵੱਲੋਂ ਸਾਜ਼ਿਸ਼ ਅਧੀਨ ਡਾ. ਅੰਬੇਡਕਰ ਦੇ ਬੁੱਤ ਦੀ ਬੇਅਬਦੀ ਕਰਕੇ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਉਹਨਾਂ ਚਿਤਾਵਨੀ ਦਿੱਤੀ ਕਿ ਜੇਕਰ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਨਾ ਕੀਤਾ ਤਾਂ ਮਹਾਂ ਸਭਾ ਵਲੋਂ ਸਖ਼ਤ ਐਕਸ਼ਨ ਕੀਤਾ ਜਾਵੇਗਾ।

# ਖੇਤੀਬਾੜੀ ਅਫਸਰ ਨੇ ਕਿਸਾਨਾਂ ਨੂੰ ਵਿਭਾਗ ਦੀ ਸਕੀਮਾਂ ਬਾਰੇ ਦਿੱਤੀ ਜਾਣਕਾਰੀ



**ਮੋਰਿੰਡਾ (ਨਿਹਾਲ ਸਿੰਘ ਕਲਸੀ)** ਬਲਾਕ ਖੇਤੀਬਾੜੀ ਅਫਸਰ ਮੋਰਿੰਡਾ ਵਿਖੇ ਖੇਤੀਬਾੜੀ ਅਫਸਰ ਰੂਪਨਗਰ ਡਾਕਟਰ ਵਿਨੇ ਕੁਮਾਰ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀ ਆਰ ਐਮ ਸਕੀਮ ਅਧੀਨ ਬਲਾਕ ਪੱਧਰੀ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਡਾਕਟਰ ਇਕਬਾਲ ਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਕਿਸਾਨਾਂ ਨੂੰ ਵਿਭਾਗੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ। ਉਨਾਂ ਵੱਲੋਂ ਕਿਸਾਨਾਂ ਨੂੰ ਐਗਰੀ ਸਟੈਕ ਅਧੀਨ ਬਣਾਈਆਂ ਜਾ ਰਹੀਆਂ ਫਾਰਮਰ ਆਈਡੀਆਂ ਬਣਾਉਣ ਲਈ ਵੀ ਉਤਸ਼ਹਿਤ ਕੀਤਾ ਗਿਆ। ਇਸ ਮੌਕੇ ਡਾਕਟਰ ਸੁਖ ਸਾਗਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਕਿਸਾਨਾਂ ਨੂੰ ਹਾੜੀ ਦੀਆਂ ਫਸਲਾਂ ਵਿੱਚ ਆਉਣ ਵਾਲੀਆਂ ਬਿਮਾਰੀਆਂ ਅਤੇ ਕੀੜਿਆਂ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਨਾਲ ਹੀ ਕਿਸਾਨਾਂ ਨੂੰ ਕੀੜੇਮਾਰ ਤੇ ਉੱਲੀ ਨਾਸ਼ਕ ਦਵਾਈਆਂ ਤੇ ਕੀਤੇ ਜਾ ਰਹੇ ਬੇਲੋੜੇ ਖਰਚੇ ਤੋਂ ਗਰੇਜ ਕਰਨ ਲਈ ਵੀ ਅਪੀਲ ਕੀਤੀ ਗਈ। ਉਹਨਾਂ ਨੇ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਤੇ ਯੂਨੀਵਰਸਿਟੀ ਦੀ ਸਿਫਾਰਿਸ਼ ਅਨੁਸਾਰ ਹੀ ਖਾਦਾਂ ਅਤੇ ਦਵਾਈਆਂ ਦੀ ਵਰਤੋਂ ਕਰਨ ਲਈ ਉਤਸਾਹਿਤ ਕੀਤਾ। ਇਸ ਮੌਕੇ ਪਰਮਿੰਦਰ ਸਿੰਘ ਪ੍ਰੋਜੈਕਟ ਡਾਇਰੈਕਟਰ ਆਤਮਾ ਵੱਲੋਂ ਕਿਸਾਨਾਂ ਨੂੰ ਆਤਮਾ ਸਕੀਮ ਅਧੀਨ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।

# ਗੁਰਦੁਆਰਾ ਦਮਦਮਾ ਸਾਹਿਬ ਦੇ ਰਿਹਾਇਸ਼ੀ ਕਮਰਿਆਂ 'ਤੇ ਲੈਂਟਰ ਪਾਇਆ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਵਿਖੇ ਕਾਰ ਸੇਵਾ ਸੰਪਰਦਾ ਦੇ ਮੁਖੀ ਜਥੇ ਬਾਬਾ ਬਚਨ ਸਿੰਘ ਦੀ ਰਹਿਨੁਮਾਈ ਹੇਠ ਗ੍ਰੰਥੀਆਂ, ਕੀਰਤਨੀ ਜਥਿਆਂ, ਕਥਾਵਾਚਕਾਂ ਅਤੇ ਰਾਗੀਆਂ ਢਾਡੀਆਂ ਲਈ ਬਣਾਏ ਜਾ ਰਹੇ 8 ਰਿਹਾਇਸ਼ੀ ਕਮਰਿਆਂ ਉੱਤੇ ਕਾਰ ਸੇਵਾ ਰਾਹੀਂ ਲੈਂਟਰ ਦੀ ਸੇਵਾ ਕੀਤੀ ਗਈ। ਕਾਰ ਸੇਵਾ ਦੌਰਾਨ ਜਥੇ ਬਾਬਾ ਮਹਿੰਦਰ ਸਿੰਘ ਪਿਹੋਵਾ, ਬਾਬਾ ਸੁਰਿੰਦਰ ਸਿੰਘ ਦਿੱਲੀ, ਬਾਬਾ ਗੁਲਜਾਰ ਸਿੰਘ ਫਤਿਹਗੜ੍ਹ ਸਾਹਿਬ, ਮੈਨੇਜਰ ਭਾਈ ਗੁਰਮੱਖ ਸਿੰਘ ਢੋਲੇਵਾਲ ਸਮੇਤ ਹੋਰ ਸੰਤ ਮਹਾਂਪੁਰਸ਼, ਕਾਰ ਸੇਵਕ ਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤ ਹਾਜ਼ਰ ਸੀ। ਗੁਰਦੁਆਰਾ ਸਾਹਿਬ ਦੀ ਕਾਰ ਸੇਵਾ ਕਰਵਾ ਰਹੇ ਜਥੇ ਬਾਈ ਦੀਪ ਸਿੰਘ ਘੜੂੰਆਂ ਅਤੇ ਬਾਬਾ ਦਿਲਬਾਗ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਵਿਖੇ 8 ਹਜ਼ਾਰ ਵਰਗ ਫੁੱਟ ਖੇਤਰ ਵਿੱਚ 2 ਮੰਜ਼ਿਲ ਰਿਹਾਇਸ਼ੀ ਕਮਰੇ ਤਿਆਰ ਕੀਤੇ ਜਾ ਰਹੇ ਹਨ।ਜਿਨ੍ਹਾਂ ਦੀ ਦੂਜੀ ਮੰਜ਼ਿਲ ਉੱਤੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਕਾਰ ਸੇਵਾ ਰਾਹੀਂ ਲੈਂਟਰ ਦੀ ਸੇਵਾ ਕੀਤੀ ਗਈ ਹੈ ।ਉਨ੍ਹਾਂ ਦੱਸਿਆ ਕਿ ਲੈਂਟਰ ਪਾਉਣ ਲਈ 950 ਥੈਲੇ ਸੀਮੈਂਟ, 250 ਕੁਇੰਟਲ



ਤੋਂ ਵੱਧ ਲੋਹਾ, 20 ਹਜ਼ਾਰ ਵਰਗ ਫੁੱਟ ਤੋਂ ਵੱਧ ਬਜਰੀ ਅਤੇ ਰੇਤੇ ਦੇ ਮਿਸ਼ਰਣ ਦੀ ਵਰਤੋਂ ਕੀਤੀ ਗਈ ਹੈ। ਬਾਬਾ ਦਿਲਬਾਗ ਸਿੰਘ ਨੇ ਦੱਸਿਆ ਕਿ ਇਹ ਰਿਹਾਇਸ਼ੀ ਕਮਰੇ ਗੁਰੂ ਘਰ ਵਿੱਚ ਨਿਯੁਕਤ ਤੇ ਬਾਹਰੋ ਆਉਣ ਵਾਲੇ ਗ੍ਰੰਥੀਆਂ, ਕੀਰਤਨੀ ਜਥਿਆਂ, ਕਥਾਵਾਚਕਾਂ ਅਤੇ ਰਾਗੀਆਂ ਢਾਡੀਆਂ ਲਈ ਬਣਾਏ ਜਾ ਰਹੇ ਹਨ ਤਾਂ ਜੋ ਗੁਰੂ ਘਰ ਦੇ ਵਜੀਰਾਂ, ਕੀਰਤਨੀਏ ਜਥਿਆਂ ਅਤੇ ਰਾਗੀਆਂ ਢਾਡੀਆਂ ਨੂੰ ਆਪ ਤੇ ਆਪਣੇ ਪਰਵਾਰਾਂ ਸਮੇਤ ਰਹਿਣ ਸਮੇਂ ਕਿਸੇ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਾ ਹੋਵੇ। ਜਥੇ. ਭਾਈ ਬਚਨ ਸਿੰਘ ਤੇ ਭਾਈ ਦੀਪ ਸਿੰਘ ਘੜੂੰਆ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ ਨੂੰ ਸਰਹੰਦੀ ਇੱਟਾਂ ਨਾਲ ਪੁਰਾਤਨ ਦਿੱਖ ਪ੍ਰਦਾਨ ਕੀਤੀ ਗਈ ਤੇ ਸ਼ਹੀਦੀ ਜੋੜ ਮੇਲ ਤੇ ਆਉਣ ਵਾਲੀਆਂ ਸੰਗਤਾ ਲਈ ਰਿਹਾਇਸ਼ੀ ਕਮਰੇ ਤਿਆਰ ਕਰਕੇ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਪੁਰਦ ਕੀਤੇ ਜਾ ਚੁੱਕੇ ਹਨ । ਉਨ੍ਹਾਂ ਸੰਗਤਾਂ ਨੂੰ ਚੱਲ ਰਹੀ ਕਾਰ ਸੇਵਾ ਵਿੱਚ ਤਨ,ਮਨ, ਧਨ ਸੀਮਿੰਟ, ਲੋਹਾ, ਬਜਰੀ ਅਤੇ ਰੇਤ ਆਦਿ ਦਾ ਯੋਗਦਾਨ ਪਾਉਣ ਦੀ ਅਪੀਲ ਕੀਤੀ ਹੈ। ਇਸ ਮੌਕੇ ਪ੍ਰਧਾਨ ਭਾਈ ਪਰਮਜੀਤ ਸਿੰਘ, ਭਾਈ ਕੁਲਦੀਪ ਸਿੰਘ ਗੋਗੀ, ਭਾਈ ਰਣਜੀਤ ਸਿੰਘ, ਭਾਈ ਸੰਦੀਪ ਸਿੰਘ, ਭਾਈ ਰਵਿੰਦਰ ਸਿੰਘ, ਸੋਹਣ ਸਿੰਘ, ਸੰਦੀਪ ਸਿੰਘ ,ਬਰਜਿੰਦਰ ਸਿੰਘ ਅਤੇ ਸਮਰਜੀਤ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਅੰਮ੍ਰਿਤ ਧਾਰਾ ਦਿਵਸ 12 ਤੋਂ : ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਪਿਛਲੇ ਸਾਲਾਂ ਦੀ ਤਰ੍ਹਾਂ ਇਸ ਵਰ੍ਹੇ ਵੀ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਜੀ ਦੀ ਯੋਗ ਅਗਵਾਈ ਹੇਠ 12, 13 ਤੇ 14 ਅਪ੍ਰੈਲ ਨੂੰ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਅੰਮ੍ਰਿਤ ਧਾਰਾ ਪ੍ਰਗਟ ਦਿਵਸ, ਮਹਾਤਮਾ ਜਯੋਤੀ ਰਾਓ ਫੂਲੇ ਜੀ ਦਾ ਜਨਮ ਦਿਨ, ਵਿਸਾਖੀ ਦਾ ਪਵਿੱਤਰ ਤਿਉਹਾਰ, ਅਤੇ ਭਾਰਤ ਰਤਨ ਸੰਵਿਧਾਨ



ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਏ ਜਾਣ ਵਾਲੇ ਧਾਰਮਿਕ ਅਤੇ ਸਮਾਜਿਕ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਗਈ। ਸੰਤ ਸਤਵਿੰਦਰ ਹੀਰਾ ਨੇ ਦੱਸਿਆ ਕਿ ਸੰਗਤਾਂ ਦੇ ਸਹਿਯੋਗ ਨਾਲ ਮਨਾਏ ਜਾਣ ਵਾਲੇ ਇਹ ਦਿਹਾੜੇ ਸਾਡੇ ਇਤਿਹਾਸ ਅਤੇ ਸੰਘਰਸ਼ ਦਾ ਪ੍ਰਤੀਕ ਹਨ। ਉਹਨਾਂ ਕਿਹਾ ਕਿ ਸ੍ਰੀ ਖੁਰਾਲਗੜ੍ਹ ਸਾਹਿਬ ਦੀ ਪਵਿੱਤਰ ਧਰਤੀ 'ਤੇ ਕਰਵਾਏ ਜਾਣ ਵਾਲੇ ਇਨ੍ਹਾਂ ਤਿੰਨ ਰੋਜ਼ਾ ਸਮਾਗਮਾਂ ਵਿੱਚ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣਗੀਆਂ।ਉਹਨਾਂ ਕਿਹਾ ਕਿ ਸਾਡਾ ਮਕਸਦ ਆਪਣੇ ਰਹਿਬਰਾਂ ਦੀਆਂ ਸਿੱਖਿਆਵਾਂ ਅਤੇ ਬਾਬਾ ਸਾਹਿਬ ਵੱਲੋਂ ਦਿੱਤੇ ਸੰਵਿਧਾਨਕ ਹੱਕਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨਾ ਹੈ।ਉਨ੍ਹਾਂ ਸਮੂਹ ਅਤੇ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ।ਉਹਨਾਂ ਕਿਹਾ ਕਿ ਸ੍ਰੀ ਖੁਰਾਲਗੜ੍ਹ ਸਾਹਿਬ ਦੀ ਚਰਨ ਛੋਹ ਪ੍ਰਾਪਤ ਧਰਤੀ ਅਤੇ ਬਾਬਾ ਸਾਹਿਬ ਦੇ ਵਿਚਾਰਾਂ ਨੂੰ ਘਰ-ਘਰ ਪਹੁੰਚਾਉਣਾ ਬਾਬਾ ਸਾਹਿਬ ਦੇ ਦੱਸੇ ਹੋਏ ਰਸਤੇ ਤੇ ਚੱਲਣਾ ਪੜ੍ਹੋ, ਜੁੜੋ ਸੰਘਰਸ਼ ਕਰੋ ਇਸ ਮਿਸ਼ਨ ਦਾ ਮੁੱਖ ਟੀਚਾ ਹੈ। ਉਹਨਾਂ ਦੱਸਿਆ ਕਿ ਇਸ ਮੌਕੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਡੇ ਪੱਧਰ ਤੇ ਇਸ ਸਮਾਗਮ ਦਾ ਹਿੱਸਾ ਬਣਨਗੀਆਂ।

# ਸਾਲਾਨਾ ਸਪੋਰਟਸ ਮੀਟ ਸਮਾਪਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਨੇ ਆਪਣੀ 15ਵੀਂ ਸਾਲਾਨਾ ਖੇਡ ਮੀਟ 2026 ਦਾ ਆਯੋਜਨ ਬਹੁਤ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਸਫਲਤਾਪੂਰਵਕ ਕੀਤਾ। ਇਹ ਪ੍ਰੋਗਰਾਮ ਇੱਕ




ਜੋਸ਼ੀਲੇ ਉਦਘਾਟਨੀ ਸਮਾਰੋਹ ਨਾਲ ਸ਼ੁਰੂ ਹੋਇਆ ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਦੀ ਉਤਸ਼ਾਹਜਨਕ ਭਾਗੀਦਾਰੀ ਦੇਖਣ ਨੂੰ ਮਿਲੀ । ਯੂਨੀਵਰਸਿਟੀ ਸਕੂਲ ਆਫ਼ ਸੋਸ਼ਲ ਸਾਇੰਸਿਜ਼ ਓਵਰਆਲ ਚੈਂਪੀਅਨ ਬਣ ਕੇ ਉਭਰਿਆ, ਜਿਸ ਨੇ ਇਹ ਵੱਕਾਰੀ ਟਰਾਫੀ ਜਿੱਤੀ। ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਰਿਆਤ ਬਾਹਰਾ ਗਰੁੱਪ ਦੇ ਵਾਈਸ ਚੇਅਰਮੈਨ ਗੁਰਿੰਦਰ ਸਿੰਘ ਬਾਹਰਾ, ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਅਤੇ ਰਜਿਸਟਰਾਰ ਐਨ. ਕੇ. ਯਾਦਵ ਸ਼ਾਮਲ ਹੋਏ, ਜਿਨ੍ਹਾਂ ਨੇ ਵਿਦਿਆਰਥੀਆਂ ਦੀ ਸਮਰਪਣ ਭਾਵਨਾ ਅਤੇ ਖੇਡ ਭਾਵਨਾ ਦੀ ਸ਼ਲਾਘਾ ਕੀਤੀ। ਇਸ ਮੌਕੇ ਬੀ ਐੱਸ ਬੈਂਸ (ਡਾਇਰੈਕਟਰ ਐਡਮਿਨ), ਡਾ. ਕਰਮਵੀਰ ਸਿੰਘ ਅੱਤਰੀ ਡਾਇਰੈਕਟਰ ਸਪੋਰਟਸ, ਸਪੋਰਟਸ ਅਫਸਰ ਕੁਲਬੀਰ ਸਿੰਘ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ। 100 ਮੀਟਰ ਦੌੜ ਵਿੱਚ, ਮੀਸੁਮ ਅਲੀ (ਯੂ ਐੱਸ ਐੱਸ ਐੱਸ) ਅਤੇ ਨਿਕਿਤਾ (ਯੂ ਐੱਸ ਐੱਸ ਐੱਸ) ਨੇ ਕ੍ਰਮਵਾਰ ਮੁੰਡਿਆਂ ਤੇ ਕੁੜੀਆਂ ਦੇ ਵਰਗਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਜਸ਼ਨਪ੍ਰੀਤ (ਯੂ ਐੱਸ ਪੀ) ਅਤੇ ਕਸ਼ਿਸ਼ ਰਾਣਾ (ਯੂ ਐੱਸ ਪੀ ਆਰ) ਨੇ ਸ਼ਾਟ-ਪੁੱਟ ਮੁਕਾਬਲਿਆਂ ਵਿੱਚ ਜਿੱਤ ਪ੍ਰਾਪਤ ਕੀਤੀ, ਜਦੋਂ ਕਿ ਸੰਨੀ (ਯੂ ਐੱਸ ਪੀ) ਤੇ ਸਯੰਤਨੀ (ਆਈ ਟੀ ਐੱਚ ਐੱਸ) ਨੇ ਲੰਬੀ ਛਾਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਟੀਮ ਮੁਕਾਬਲਿਆਂ ਵਿੱਚ ਸਪੋਰਟਸ ਕਲੱਬ ਨੇ ਬਾਸਕਟਬਾਲ (ਮੁੰਡੇ ਅਤੇ ਕੁੜੀਆਂ) ਵਿੱਚ ਜਿੱਤ ਪ੍ਰਾਪਤ ਕੀਤੀ। ਰੱਸਾਕਸ਼ੀ ਵਿੱਚ, ਸਿਵਲ ਵਿਭਾਗ (ਮੁੰਡੇ) ਤੇ ਯੂ ਐੱਸ ਪੀ ਐੱਸ (ਕੁੜੀਆਂ) ਨੇ ਸਿਖਰਲੇ ਸਨਮਾਨ ਪ੍ਰਾਪਤ ਕੀਤੇ। ਇਹ ਮੀਟਿੰਗ ਵਿਦਿਆਰਥੀਆਂ ਵਿੱਚ ਟੀਮ ਵਰਕ, ਅਨੁਸ਼ਾਸਨ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੇ ਹੋਏ, ਇੱਕ ਸ਼ਾਨਦਾਰ ਸ਼ੁਰੂਆਤ ਦੇ ਨਾਲ ਸਮਾਪਤ ਹੋਈ।

# ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੀ ਮੀਟਿੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੀ ਮੀਟਿੰਗ ਹਰਜਿੰਦਰ ਸਿੰਘ ਰੰਗੀਆਂ ਅਤੇ ਜ਼ਿਲਾ ਪ੍ਰਧਾਨ ਗੁਰਮੀਤ ਸਿੰਘ ਮਕੜੌਨਾ ਦੀ ਪ੍ਰਧਾਨਗੀ ਹੇਠ ਹੋਈ। ਇਸ ਸਬੰਧੀ



ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੈਸ ਸਕੱਤਰ ਤੇਜਪਾਲ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਮੌਕੇ ਜਥੇਦਾਰ ਹਰਬੰਸ ਸਿੰਘ ਕੰਧੋਲਾ ਜਨਰਲ ਸਕੱਤਰ ਪੰਜਾਬ, ਪ੍ਰੀਤਮ ਸਿੰਘ ਸੱਲੋਮਾਜਰਾ ਮੀਤ ਪ੍ਰਧਾਨ ਪੰਜਾਬ, ਸੁਖਵਿੰਦਰ ਸਿੰਘ ਮੁੰਡੀਆਂ ਮੀਤ ਪ੍ਰਧਾਨ ਪੰਜਾਬ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਨੂੰ ਵੱਖ ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਵਿੱਚ ਵਧ ਰਹੇ ਨਸ਼ੇ ਨੂੰ ਖ਼ਤਮ ਕਰਨ ਲਈ ਪ੍ਰੇਰਿਆ। ਇਸ ਮੌਕੇ ਇਕ ਮਤਾ ਪਾਸ ਕਰਕੇ ਡੀ ਐੱਮ ਗਗਨਦੀਪ ਸਿੰਘ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ ਤੇ ਲਾਲ ਸਿੰਘ ਭੁੱਲਰ ਨੂੰ ਸਖ਼ਤ ਸਜ਼ਾ ਦੇਣ ਦੀ ਮੰਗ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ 4 ਅਪ੍ਰੈਲ ਨੂੰ ਕੁਰਾਲੀ ਵਿਖੇ ਹੋ ਰਹੀ ਪੰਥਕ ਕਾਨਫਰੰਸ ਵਿੱਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਲੋਂ ਵੱਖ ਵੱਖ ਅਹੁਦੇਦਾਰਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਜਿਹਨਾ ਵਿੱਚ ਗੁਰਬਖ਼ਸ਼ ਸਿੰਘ ਡੂਮਛੇੜੀ ਨੂੰ ਸੀਨੀਅਰ ਮੀਤ ਪ੍ਰਧਾਨ ਜ਼ਿਲਾ ਰੂਪਨਗਰ, ਰਜਿੰਦਰ ਸਿੰਘ ਦੁੱਮਣਾ ਮੀਤ ਪ੍ਰਧਾਨ ਜ਼ਿਲਾ ਰੂਪਨਗਰ, ਦਿਲਬਾਗ ਸਿੰਘ ਦੁੱਮਣਾ ਜਰਨਲ ਸਕੱਤਰ ਜ਼ਿਲ੍ਹਾ ਰੂਪਨਗਰ, ਜਸਮੇਲ ਸਿੰਘ ਜੱਸੀ ਗੰਡੂਆਂ ਵਰਕਿੰਗ ਕਮੇਟੀ ਮੈਂਬਰ, ਗੁਰਦੇਵ ਸਿੰਘ ਮੈਂਬਰ ਵਰਕਿੰਗ ਕਮੇਟੀ, ਸੇਵਾ ਸਿੰਘ ਭੂਰੜੇ ਸਾਬਕਾ ਡਾਇਰੈਕਟਰ ਮਿਲਕ ਪਲਾਟ ਨੂੰ ਜਨਰਲ ਸਕੱਤਰ ਮੋਰਿੰਡਾ, ਹਰਜਿੰਦਰ ਸਿੰਘ ਮਾਨਖੇੜੀ ਮੀਤ ਪ੍ਰਧਾਨ ਬਲਾਕ ਮੋਰਿੰਡਾ, ਲਸ਼ਮਣ ਦਾਸ ਮੱਟੂ ਜਨਰਲ ਸਕੱਤਰ ਸ਼ਹਿਰੀ ਮੋਰਿੰਡਾ, ਅੰਮ੍ਰਿਤਪਾਲ ਸਿੰਘ ਜੋਆਇੰਟ ਸੈਕਟਰੀ ਸਰਕਲ ਮੋਰਿੰਡਾ, ਮੇਜਰ ਸਿੰਘ ਸਮਰੌਲੀ ਮੀਤ ਪ੍ਰਧਾਨ ਸਰਕਲ ਮੋਰਿੰਡਾ, ਸੇਵਾ ਸਿੰਘ ਮੁੰਡੀਆਂ ਵਰਕਿੰਗ ਕਮੇਟੀ ਮੈਂਬਰ ਸਰਕਲ ਮੋਰਿੰਡਾ, ਬਲਵੀਰ ਸਿੰਘ ਬੱਲੀ ਸਮਾਣਾ ਖੁਰਦ ਮੀਤ ਪ੍ਰਧਾਨ ਸਰਕਲ ਮੋਰਿੰਡਾ ਆਦਿ ਆਗੂ ਹਾਜ਼ਰ ਸਨ।

# ਸ਼ਹਿਰ ਦੇ 21 ਵਾਰਡ ਬੇਸਹਾਰਾ ਪਸ਼ੂਆਂ ਤੋਂ ਹੋਏ ਮੁਕਤ

## ਸੜਕਾਂ ਤੇ ਜਨਤਕ ਥਾਵਾਂ 'ਤੇ ਛੱਡਣ 'ਤੇ ਲਗਾਈ ਪਾਬੰਦੀ

**ਜਲੰਧਰ (ਸੁਰਿੰਦਰ ਕੁਮਾਰ)**- ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ 'ਤੇ ਨਗਰ ਨਿਗਮ ਜਲੰਧਰ ਵੱਲੋਂ ਲਗਾਤਾਰ ਕੀਤੇ ਯਤਨਾਂ ਸਦਕਾ ਸ਼ਹਿਰ ਦੇ 21 ਵਾਰਡਾਂ ਨੂੰ ਪੂਰੀ ਤਰ੍ਹਾਂ ਬੇਸਹਾਰਾ ਪਸ਼ੂਆਂ ਤੋਂ ਮੁਕਤ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਗਈ ਹੈ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਥੇ ਸੁਸਾਇਟੀ ਫਾਰ ਪ੍ਰੀਵੈਂਸ਼ਨ ਆਫ਼ ਕਰੂਐਲਿਟੀ ਟੂ ਐਨੀਮਲਜ਼, ਜ਼ਿਲ੍ਹਾ ਪਸ਼ੂ ਭਲਾਈ ਸੁਸਾਇਟੀ ਅਤੇ ਐਨੀਮਲ ਬਰਥ ਕੰਟਰੋਲ ਰੂਲਜ਼ 2023 ਸਬੰਧੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਬੇਸਹਾਰਾ ਪਸ਼ੂਆਂ ਅਤੇ ਨਾਗਰਿਕਾਂ ਦੋਵਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਵਚਨਬੱਧਤਾ ਦੁਹਰਾਈ।

ਉਨ੍ਹਾਂ ਦੱਸਿਆ ਨਗਰ ਨਿਗਮ ਦੀਆਂ ਟੀਮਾਂ ਵੱਲੋਂ ਵੱਖ-ਵੱਖ ਵਾਰਡਾਂ ਦੀ ਚੈਕਿੰਗ ਕਰਕੇ ਬੇਸਹਾਰਾ ਪਸ਼ੂਆਂ ਨੂੰ ਗਊਸ਼ਲਾਵਾਂ ਵਿੱਚ ਪਹੁੰਚਾਇਆ ਗਿਆ, ਜਿਸ ਸਦਕਾ ਸ਼ਹਿਰ ਦੇ ਅੰਦਰੂਨੀ ਹਿੱਸੇ ਵਿੱਚ ਬੇਸਹਾਰਾ ਪਸ਼ੂਆਂ ਦੀ ਸਮੱਸਿਆ ਨਾਲ ਸਫ਼ਲਤਾਪੂਰਵਕ ਨਜਿੱਠਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਨਗਰ ਨਿਗਮ ਨੂੰ ਸਬੰਧਤਾਂ ਵੱਲੋਂ ਵਾਰਡ ਬੇਸਹਾਰਾ ਪਸ਼ੂ ਮੁਕਤ ਹੋਣ ਸਬੰਧੀ ਸਰਟੀਫਿਕੇਟ ਵੀ ਸੌਂਪੇ ਗਏ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਵੀ ਮੌਜੂਦ ਸਨ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਐਨੀਮਲ ਬਰਥ ਕੰਟਰੋਲ ਪ੍ਰੋਗਰਾਮ ਤਹਿਤ ਅਵਾਰਾ ਕੁੱਤਿਆਂ ਦੀ ਸਟਰਲਾਈਜ਼ੇਸ਼ਨ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਵਾਰਡ ਨੰ. 8,9,10 ਤੇ 11 ਵਿੱਚ ਆਵਾਰਾ ਕੁੱਤਿਆਂ ਦੀ ਸਟਰਲਾਈਜ਼ੇਸ਼ਨ ਸਫ਼ਲਤਾਪੂਰਵਕ ਮੁਕੰਮਲ ਕਰ ਲਈ ਗਈ ਹੈ ਅਤੇ ਹੁਣ ਵਾਰਡ ਨੰ. 5,6 ਤੇ 12 ਵਿੱਚ ਸਟਰਲਾਈਜ਼ੇਸ਼ਨ ਦਾ ਕੰਮ ਜਾਰੀ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਮਾਰਚ ਮਹੀਨੇ ਦੌਰਾਨ ਕਰੀਬ 400 ਕੁੱਤਿਆਂ ਦੀ ਸਟਰਲਾਈਜ਼ੇਸ਼ਨ ਕੀਤੀ ਗਈ ਹੈ।

# ਸੀਟੀ ਗਰੁੱਪ ਵਿਖੇ ਜੈਵੀਰ ਸ਼ੇਰਗਿੱਲ ਨਾਲ ਵਿਚਾਰ ਵਟਾਂਦਰਾ



**ਜਲੰਧਰ (ਸ਼ੈਲੀ ਐਲਬਰਟ)**- ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਵੱਲੋਂ ਇਕ ਪ੍ਰਭਾਵਸ਼ਾਲੀ ਫਾਇਰਸਾਈਡ ਚੈਟ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸੁਪਰੀਮ ਕੋਰਟ ਦੇ ਵਕੀਲ ਅਤੇ ਭਾਜਪਾ ਦੇ ਰਾਸ਼ਟਰੀ ਬੁਲਾਰੇ ਜੈਵੀਰ ਸ਼ੇਰਗਿੱਲ ਨੇ ਸ਼ਿਰਕਤ ਕੀਤੀ।ਇਸ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸਰਗਰਮ ਭਾਗੀਦਾਰੀ ਕਰਦੇ ਹੋਏ ਸ਼ਾਸਨ, ਨੌਜਵਾਨ ਸਸ਼ਕਤੀਕਰਨ, ਖੇਤੀਬਾੜੀ, ਸਿੱਖਿਆ ਸੁਧਾਰ ਅਤੇ ਦੇਸ਼ ਦੇ ਵਿਕਾਸ ਵਰਗੇ ਮੁੱਦਿਆਂ 'ਤੇ ਵਿਚਾਰ ਸਾਂਝੇ ਕੀਤੇ।ਜੈਵੀਰ ਸ਼ੇਰਗਿੱਲ ਨੇ ਖੇਤੀਬਾੜੀ ਖੇਤਰ ਨੂੰ ਮਜ਼ਬੂਤ ਬਣਾਉਣ ਲਈ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਆਧੁਨਿਕ ਤਕਨੀਕ, ਨਵਚੇਤਨਾ ਅਤੇ ਵਿਗਿਆਨਕ ਢੰਗਾਂ ਨੂੰ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ, ਤਾਂ ਜੋ ਖੇਤੀ ਹੋਰ ਟਿਕਾਊ ਅਤੇ ਲਾਭਕਾਰੀ ਬਣ ਸਕੇ।ਵਿਦਿਆਰਥੀਆਂ ਨੇ ਬੇਰੁਜ਼ਗਾਰੀ ਅਤੇ ਰੋਜ਼ਗਾਰ ਦੇ ਮੌਕਿਆਂ ਬਾਰੇ ਸਵਾਲ ਕੀਤੇ। ਇਸ 'ਤੇ ਉਨ੍ਹਾਂ ਹੁਨਰ ਵਿਕਾਸ , ਉਦਮੀਅਤਾ ਅਤੇ ਸਟਾਰਟਅੱਪਸ ਨੂੰ ਉਤਸ਼ਾਹਿਤ ਕਰਨ ਵਾਲੀਆਂ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਨੌਜਵਾਨਾਂ ਲਈ ਨਵੇਂ ਮੌਕੇ ਪੈਦਾ ਕਰ ਰਹੀਆਂ ਹਨ। ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਸਬੰਧੀ ਉਨ੍ਹਾਂ ਨੇ ਉਨ੍ਹਾਂ ਨੂੰ ਜਿਗਿਆਸੂ ਰਹਿਣ, ਜਾਣਕਾਰ ਰਹਿਣ ਅਤੇ ਸਮਾਜ ਦੇ ਵਿਕਾਸ ਵਿੱਚ ਸਰਗਰਮ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਪੁਲੀਟੀਕਲ ਸਟ੍ਰੈਟੇਜਿਸਟ ਕਰਨਬੀਰ ਲਾਲੀ, ਸੀਟੀ ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ , ਡਾਇਰੈਕਟਰ ਕੈਂਪਸ ਡਾ. ਸ਼ਿਵ ਕੁਮਾਰ ਅਤੇ ਡੀਨ ਸਟੂਡੈਂਟ ਵੈਲਫੇਅਰ ਡਾ. ਅਰਜਨ ਸਿੰਘ ਸਮੇਤ ਹੋਰ ਕਈ ਅਧਿਆਪਕ ਤੇ ਵਿਦਿਆਰਥੀ ਮੌਜੂਦ ਰਹੇ।ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੇ ਸੰਵਾਦ ਵਿਦਿਆਰਥੀਆਂ ਨੂੰ ਵੱਖ-ਵੱਖ ਪੱਖਾਂ ਨੂੰ ਸਮਝਣ ਦਾ ਮੌਕਾ ਦਿੰਦੇ ਹਨ ਅਤੇ ਉਹਨਾਂ ਦੀ ਸੋਚ ਨੂੰ ਵਿਸਤਾਰ ਦਿੰਦੇ ਹਨ। ਉਨ੍ਹਾਂ ਨੇ ਕਿਹਾ ਕਿ ਫਾਇਰਸਾਈਡ ਚੈਟ ਵਰਗੇ ਮੰਚ ਵਿਦਿਆਰਥੀਆਂ ਨੂੰ ਕਲਾਸਰੂਮ ਤੋਂ ਬਾਹਰ ਵੀ ਅਸਲ ਜੀਵਨ ਦੀ ਸਮਝ ਪ੍ਰਦਾਨ ਕਰਦੇ ਹਨ।

# ਸ੍ਰੀਮਦ ਭਗਵਤ ਕਥਾ ਹੋਈ ਸੰਪੂਰਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ੍ਰੀਮਦ ਭਾਗਵਤ ਕਥਾ ਮੁਹੱਲਾ ਸ਼ਿਵਾਲਿਕ ਐਨਕਲੇਵ ਵਾਰਡ ਨੰਬਰ 1 ਚਿੰਤਪੁਰਨੀ ਰੋਡ ਹੁਸ਼ਿਆਰਪੁਰ ਵਿੱਚ ਸਮਾਪਤ ਹੋਈ।ਇਹ ਕਥਾ ਸ੍ਰੀ ਵਿਜੇ ਸ਼ਸ਼ਤਰੀ ਚਡੀਗੜ੍ਹ ਵਾਲਿਆਂ ਵੱਲੋਂ 27 ਮਾਰਚ ਤੋਂ 2 ਅਪ੍ਰੈਲ ਤੱਕ ਬੜੀ ਸ਼ਰਧਾ ਭਾਵਨਾ ਨਾਲ ਸੰਪੂਰਨ ਕੀਤੀ ਗਈ। ਸ੍ਰੀਮਦ ਭਾਗਵਤ ਕਥਾ ਦਾ ਮੁਹੱਲਾ ਵਾਸੀਆਂ ਨੇ ਪੂਰਨ ਆਨੰਦ ਮਾਣਿਆ ਅਤੇ ਆਸ ਪਾਸ ਦੇ ਇਲਾਕੇ ਦੇ ਵਸਨੀਕਾਂ ਨੇ ਹਰ ਰੋਜ਼ ਸ਼ਾਮ 4 ਵਜੇ ਤੋਂ 8 ਵਜੇ ਤੱਕ ਇਸ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਨੇ ਪ੍ਰਭੂ ਭਗਤੀ ਦਾ ਬਹੁਤ ਆਨੰਦ ਮਾਣਿਆ ਅਤੇ ਬਹੁਤ ਸਾਰੀ ਸੰਗਤ ਪ੍ਰਭੂ ਭਗਤੀ ਵਿੱਚ ਝੂਮ ਉਠੀ। ਕਥਾ ਦੇ ਆਖਰੀ ਦਿਨ ਹਵਨ ਯੱਗ ਕੀਤਾ ਗਿਆ। ਸੰਗਤ ਨੇ ਹਵਨ ਯੱਗ ਲਈ ਸੁਮੱਰਥਾ ਅਨੁਸਾਰ ਸਮੱਗਰੀ ਭੇਟ ਕੀਤੀ। ਇਲਾਕੇ ਦੇ ਲੋਕਾਂ ਦੇ ਉਤਸ਼ਾਹ ਨੂੰ ਵੇਖਦਿਆਂ, ਅਗਲੇ ਸਾਲ ਵੀ ਸ੍ਰੀਮਦ ਭਾਗਵਤ ਕਥਾ ਦਾ ਆਯੋਜਨ ਕਰਨ ਦਾ ਫੈਸਲਾ ਕੀਤਾ ਗਿਆ। ਕੁਸੀ ਰਾਮ,ਬਲਵਿੰਦਰ ਸਿੰਘ, ਸਤਪਾਲ ਸ਼ਰਮਾ, ਸੰਦੀਪ ਸੀਹਰਾ, ਖੁਸ਼ੀ ਰਾਮ ਧੀਮਾਨ, ਤਰਸੇਮ ਲਾਲ, ਸਜੀਵ ਕੁਮਾਰ, ਸਤੀਸ਼ ਕੁਮਾਰ, ਗਣੇਸ਼ ਪ੍ਰਜਾਪਤੀ, ਦੀਪਕ ਕੌਸ਼ਲ, ਸ੍ਰੀਮਤੀ ਮੀਰਾ, ਵਿਕਟਰ ਸਿੰਘ, ਬਲਰਾਜ ਕੁਮਾਰ, ਸੁਰੇਸ਼ ਜਸਵਾਲ, ਜਸਪਾਲ ਰਾਮ ਆਦਿ ਮੌਜੂਦ ਸਨ।

# ਮੰਡੀਆਂ 'ਚ ਕਣਕ ਦੀ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ : ਬਰਸਟ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਹਾੜੀ ਸੀਜਨ 2026-27 ਦੌਰਾਨ ਕਣਕ ਦੀ ਖਰੀਦ ਅਤੇ ਵੇਚ ਲਈ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਨਾ ਆਉਣ ਦੀ ਗੱਲ ਤੇ ਜੋਰ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਭਰ ਦੀਆਂ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ, ਮਜਦੂਰਾਂ ਦੀ ਸਹੂਲਤਾਂ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਹਾੜੀ ਸੀਜਨ 2026-27 ਦੀ ਸ਼ੁਰੂਆਤ 1 ਅਪ੍ਰੈਲ ਤੋਂ ਹੋ ਗਈ ਹੈ। ਇਸ ਦੇ ਲਈ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਯੋਗ ਪਾਣੀ, ਬਾਥਰੂਮਾਂ, ਛਾਂ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਜਾ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਕਣਕ ਦੀ ਸਰਕਾਰੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ।

# ਕਲਸੀ ਨਗਰ ਨੂੰ ਢਾਹੁਣ ਦੇ ਹੁਕਮਾਂ 'ਤੇ ਮੁਹੱਲਾ ਨਿਵਾਸੀਆਂ 'ਚ ਭਾਰੀ ਚਿੰਤਾ

**ਫਿਲੌਰ (ਨਿਰਮਲ)**- ਅੱਜ ਵਿਧਾਨ ਸਭਾ ਹਲਕਾ ਫਿਲੌਰ ਦੇ ਕਲਸੀ ਨਗਰ ਨੂੰ ਡਿਮੋਲਿਸ਼ ਕਰਨ ਦੇ ਆਏ ਹੁਕਮਾਂ ਨੇ ਸਥਾਨਕ ਵਸਨੀਕਾਂ ਵਿੱਚ ਗੰਭੀਰ ਚਿੰਤਾ



ਪੈਦਾ ਕਰ ਦਿੱਤੀ ਹੈ। ਇਸ ਮਸਲੇ ਦੇ ਸਬੰਧ ਵਿੱਚ ਡਾ. ਅਸ਼ਵਨੀ ਕੁਮਾਰ ਆਸ਼ੂ, ਜਨਰਲ ਸਕੱਤਰ ਜ਼ਿਲ੍ਹਾ ਕਾਂਗਰਸ ਕਮੇਟੀ ਜਲੰਧਰ ਦੇਹਾਤੀ ਵੱਲੋਂ ਤੁਰੰਤ ਕਲਸੀ ਨਗਰ ਦਾ ਦੌਰਾ ਕਰਕੇ ਮੌਕੇ 'ਤੇ ਹਾਲਾਤ ਦਾ ਜਾਇਜ਼ਾ ਲਿਆ ਗਿਆ। ਦੌਰੇ ਦੌਰਾਨ ਉਨ੍ਹਾਂ ਦੁਕਾਨਦਾਰਾਂ ਅਤੇ ਇਲਾਕਾ ਵਾਸੀਆਂ ਨਾਲ ਗੱਲਬਾਤ ਕੀਤੀ ਅਤੇ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਹਰ ਹਾਲਤ ਵਿੱਚ ਆਮ ਲੋਕਾਂ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਹੈ। ਉਨ੍ਹਾਂ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਇਸ ਜ਼ੁਲਮ ਦੇ ਖਿਲਾਫ ਪੂਰੀ ਤਾਕਤ ਨਾਲ ਲੜਾਈ ਲੜੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਮਸਲਾ ਤੁਰੰਤ ਹਲਕੇ ਦੇ ਐਮ.ਐਲ.ਏ ਵਿਕਰਮਜੀਤ ਸਿੰਘ ਚੌਧਰੀ ਦੇ ਸਾਹਮਣੇ ਰੱਖਿਆ ਜਾਵੇਗਾ ਅਤੇ ਵਿਧਾਨ ਸਭਾ ਵਿੱਚ ਵੀ ਇਸ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ, ਤਾਂ ਜੋ ਸਰਕਾਰ ਨੂੰ ਲੋਕ ਵਿਰੋਧੀ ਫੈਸਲਿਆਂ ਤੋਂ ਰੋਕਿਆ ਜਾ ਸਕੇ। ਉਨ੍ਹਾਂ ਸਖ਼ਤ ਸ਼ਬਦਾਂ ਵਿੱਚ ਆਖਿਆ ਕਿ ਕਲਸੀ ਨਗਰ ਨੂੰ ਨਿਸ਼ਾਨਾ ਬਣਾਉਣਾ ਸਿਰਫ ਇੱਕ ਯੋਜਨਾਬੱਧ ਸਿਆਸੀ ਸਾਜ਼ਿਸ਼ ਹੈ। ਜਦੋਂ ਵੀ ਚੋਣਾਂ ਨੇੜੇ ਆਉਂਦੀਆਂ ਹਨ, ਤਦੋਂ ਗਰੀਬ ਅਤੇ ਮੱਧਵਰਗੀ ਵਰਗ ਨੂੰ ਡਰਾਉਣ ਲਈ ਇਸ ਤਰ੍ਹਾਂ ਦੇ ਡਿਮੋਲਿਸ਼ਨ ਦੇ ਹੁਕਮ ਜਾਰੀ ਕੀਤੇ ਜਾਂਦੇ ਹਨ। ਇਹ ਸਰਕਾਰ ਦੀ ਨਾਕਾਮੀ ਅਤੇ ਲੋਕ ਵਿਰੋਧੀ ਨੀਤੀਆਂ ਦਾ ਸਪੱਸ਼ਟ ਸਬੂਤ ਹੈ। ਉਨ੍ਹਾਂ ਨੇ ਯਾਦ ਦਿਵਾਇਆ ਕਿ ਕਲਸੀ ਨਗਰ ਦੀ ਬਸਤੀ ਨੂੰ ਪਹਿਲਾਂ ਚੌਧਰੀ ਪਰਵਾਰ ਵੱਲੋਂ ਵਸਾਉਣ ਵਿੱਚ ਅਹਿਮ ਯੋਗਦਾਨ ਦਿੱਤਾ ਗਿਆ ਸੀ ਅਤੇ ਅੱਜ ਵੀ ਉਹ ਪਰਵਾਰ ਇਲਾਕੇ ਦੇ ਲੋਕਾਂ ਦੇ ਨਾਲ ਡਟ ਕੇ ਖੜ੍ਹਾ ਹੈ। ਕਾਂਗਰਸ ਪਾਰਟੀ ਕਿਸੇ ਵੀ ਕੀਮਤ 'ਤੇ ਲੋਕਾਂ ਦੇ ਘਰ ਅਤੇ ਰੋਜ਼ੀ-ਰੋਟੀ ਨੂੰ ਉਜਾੜਨ ਨਹੀਂ ਦੇਵੇਗੀ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਇਹ ਫੈਸਲਾ ਵਾਪਸ ਨਾ ਲਿਆ ਤਾਂ ਕਾਂਗਰਸ ਪਾਰਟੀ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ ।

# ਆਜ਼ਾਦ ਸਪੋਰਟਸ ਕਲੱਬ ਦੇ ਸਰਪ੍ਰਸਤ ਮੰਗਤ ਰਾਜ ਨਹੀਂ ਰਹੇ, ਅੰਤਿਮ ਅਰਦਾਸ 9 ਨੂੰ

**ਸ਼ਾਹਕੋਟ (ਗਿਆਨ ਸੈਦਪੁਰੀ)**- ਆਜ਼ਾਦ ਸਪੋਰਟਸ ਕਲੱਬ ਸ਼ਾਹਕੋਟ ਦੇ ਸਰਪ੍ਰਸਤ ਅਤੇ ਏ ਐੱਸ ਆਈ ਮੰਗਤ ਰਾਜ ਮੰਗਲਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਵੀਰਵਾਰ ਨੂੰ ਮੰਗਤ ਰਾਜ ਦੇ ਪੁੱਤਰ ਪ੍ਰਭਦੀਪ ਕਨੇਡਾ ਤੋਂ ਵਾਪਸ ਆਉਣ ਉਪਰੰਤ ਮੋਗਾ ਰੋਡ ਸ਼ਾਹਕੋਟ ਦੇ ਸਵਰਗ ਆਸ਼ਰਮ ਵਿਖੇ ਉਹਨਾਂ(ਮੰਗਤ ਰਾਜ) ਨੂੰ ਸਪੁਰਦ-ਏ-ਆਤਿਸ਼ ਕਰ ਦਿੱਤਾ ਗਿਆ। ਇਸ ਤੋਂ ਪਹਿਲਾਂ ਪੰਜਾਬ ਪੁਲਿਸ ਦੇ ਇੰਸਪੈਕਟਰ ਬਲਵਿੰਦਰ ਕੁਮਾਰ ਦੀ ਅਗਵਾਈ ਵਿੱਚ ਪੁਲਸ ਟੁਕੜੀ ਵੱਲੋਂ ਸ਼ੌਕ ਸਲਾਮੀ ਦਿੱਤੀ ਗਈ। ਅੰਤਿਮ ਸਸਕਾਰ ਮੌਕੇ ਹੋਰਨਾਂ ਤੋਂ ਇਲਾਵਾ ਕਵੀ ਰਸ਼ੀਦ ਮਸੀਹ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜਾਰ ਸਿੰਘ ਥਿੰਦ, ਆਜ਼ਾਦ ਸਪੋਰਟਸ ਕਲੱਬ ਦੇ ਪ੍ਰਧਾਨ ਬੂਟਾ ਸਿੰਘ ਕਲਸੀ, ਸੋਨੂੰ ਕੰਗ ਪੀ.ਏ, ਵਾਤਾਵਰਨ ਸੁਧਾਰ ਸੁਸਾਇਟੀ ਦੇ ਪ੍ਰਧਾਨ ਬੰਟੀ ਬੱਠਲਾ, ਪੰਜਾਬ ਕ੍ਰਿਸਚਨ ਮੂਵਮੈਂਟ ਯੂਥ ਵਿੰਗ ਦੇ ਸੂਬਾ ਪ੍ਰਧਾਨ ਸੁਧੀਰ



ਨਾਹਰ, ਬਖ਼ਸ਼ੀਸ਼ ਸਿੰਘ ਝੀਤਾ, ਮਾਸਟਰ ਵਿਜੇ ਕੁਮਾਰ ਵਿੱਗ, ਡਾ. ਦਵਿੰਦਰ ਸਿੰਘ, ਅਮਨਦੀਪ ਸੈਦਪੁਰੀ, ਅੰਕਿਤ ਕੁਮਾਰ, ਅੰਮ੍ਰਿਤ ਲਾਲ ਕਾਕਾ ਮੁੱਖ ਸੇਵਾਦਾਰ ਸਵਰਗ ਆਸ਼ਰਮ ਮੋਗਾ ਰੋਡ ਸ਼ਾਹਕੋਟ, ਬਿੱਲੂ ਨਾਹਰ, ਆਸ਼ੂ ਗੁਪਤਾ, ਮਨਜੀਤ ਕੁਮਾਰ ਜੀਤਾ ਪਤੰਗਾ ਵਾਲਾ, ਬੱਬੂ ਸੁਨਿਆਰਾ, ਗਗਨ ਗੋਇਲ ਖਜ਼ਾਨਚੀ ਵਾਤਾਵਰਨ ਸੁਧਾਰ ਸੋਸਾਇਟੀ, ਰਾਜਨ ਸੋਬਤੀ ਆਦਿ ਮੌਜੂਦ ਸਨ। ਪਰਿਵਾਰਕ ਸੂਤਰਾਂ ਮੁਤਾਬਿਕ ਮੰਗਤ ਰਾਜ ਨਮਿੱਤ ਅੰਤਿਮ ਅਰਦਾਸ 9 ਅਪ੍ਰੈਲ ਦਿਨ ਵੀਰਵਾਰ ਨੂੰ ਗੁਰਦੁਆਰਾ ਗੁਰੂ ਤੇਗ ਬਹਾਦਰ ਨਿਊ ਕਰਤਾਰ ਨਗਰ ਸ਼ਾਹਕੋਟ ਵਿਖੇ ਹੋਵੇਗੀ।

# ਫਾਇਰਿੰਗ ਤੇ ਫਿਰੌਤੀ ਮਾਮਲਿਆਂ 'ਚ ਸ਼ਾਮਲ 2 ਸ਼ੂਟਰ ਗ੍ਰਿਫਤਾਰ

**ਮੋਹਾਲੀ (ਗੁਰਜੀਤ ਬਿੱਲਾ)**- ਹਰਮਨਦੀਪ ਸਿੰਘ ਹਾਂਸ, ਸੀਨੀਅਰ ਕਪਤਾਨ ਪੁਲਿਸ ਜ਼ਿਲ੍ਹਾ ਐਸ.ਏ.ਐਸ. ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਲ 2024 ਵਿੱਚ ਪਿੰਡ ਮੁੱਲਾਂਪੁਰ ਅਤੇ ਫੇਜ਼-11 ਮੋਹਾਲੀ ਵਿਖੇ ਫਿਰੌਤੀ ਲੈਣ ਲਈ ਗੈਂਗਸਟਰ ਗੋਰਵ ਪਟਿਆਲ ਉਰਫ ਲੱਕੀ ਪਟਿਆਲ ਦੇ ਕਹਿਣ ਤੇ ਘਰਾਂ ਅਤੇ ਗੱਡੀਆਂ ਉੱਪਰ ਗੋਲੀਆਂ ਚਲਾਉਣ ਵਾਲੇ 2 ਸ਼ੂਟਰਾਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਜਾਣਕਾਰੀ ਦਿੰਦਿਆਂ ਐੱਸ ਪੀ (ਜਾਂਚ) ਸੌਰਵ ਜਿੰਦਲ ਨੇ ਦੱਸਿਆ ਕਿ ਮਿਤੀ 31 ਜਨਵਰੀ 2024 ਨੂੰ ਤਰਨਜੀਤ ਕੌਰ ਪਤਨੀ ਜਸਵੀਰ ਸਿੰਘ ਵਾਸੀ ਨੇੜੇ ਟੋਭਾ ਪਿੰਡ ਮੁੱਲਾਂਪੁਰ ਗਰੀਬਦਾਸ, ਥਾਣਾ ਮੁੱਲਾਂਪੁਰ ਗਰੀਬਦਾਸ, ਜ਼ਿਲ੍ਹਾ ਐਸ ਏ ਐੱਸ ਨਗਰ ਦੇ ਬਿਆਨਾਂ ਦੇ ਅਧਾਰ ਤੇ ਗੈਂਗਸਟਰ ਗੋਰਵ ਪਟਿਆਲ ਉਰਫ ਲੱਕੀ ਪਟਿਆਲ ਪੁੱਤਰ ਸੁਰਿੰਦਰ ਸਿੰਘ ਵਾਸੀ ਖੁੱਡਾ ਲਾਹੌਰਾ, ਚੰਡੀਗੜ੍ਹ ਤੇ ਉਸ ਦੇ 02 ਨਾ-ਮਾਲੂਮ ਸ਼ੂਟਰਾਂ ਵਿਰੁੱਧ ਮੁਕੱਦਮਾ ਆਰਮਜ਼ ਐਕਟ ਥਾਣਾ ਮੁੱਲਾਂਪੁਰ ਦਰਜ ਰਜਿਸਟਰ ਹੋਇਆ ਸੀ ਕਿ ਉਸ ਦਾ ਪਤੀ ਪ੍ਰਾਪਰਟੀ ਡੀਲਰ ਦਾ ਕੰਮ ਕਰਦਾ ਹੈ ਜੋ 29 ਜਨਵਰੀ 2024 ਨੂੰ ਆਪਣੇ ਦੋਸਤਾਂ ਨਾਲ ਸੱਚਖੰਡ ਸ਼੍ਰੀ ਹਜੂਰ ਸਾਹਿਬ ਮੱਥਾ ਟੇਕਣ ਲਈ ਚਲਾ ਗਿਆ ਸੀ। ਜਦੋਂ ਉਹ ਮਿਤੀ 30,31 ਜਨਵਰੀ 2024 ਨੂੰ ਆਪਣੇ ਬੱਚਿਆ ਨਾਲ ਘਰ ਵਿੱਚ ਮੌਜੂਦ ਸੀ ਤਾਂ ਜਦੋਂ ਉਹਨਾਂ ਨੇ ਸਵੇਰੇ ਉੱਠ ਕੇ ਦੇਖਿਆ ਕਿ ਤਾਂ ਉਹਨਾਂ ਦੀ ਗੱਡੀ ਨੰ: ਪੀ ਬੀ 65-ਏ ਆਰ-7678 ਮਾਰਕਾ ਫਾਰਚੂਨਰ ਜੋ ਉਹਨਾਂ ਦੇ ਘਰ ਦੇ ਸਾਹਮਣੇ ਖੜੀ ਸੀ, ਉੱਪਰ ਅਤੇ ਉਹਨਾਂ ਦੇ ਘਰ ਤੇ ਫਾਇਰਿੰਗ ਕੀਤੀ ਗਈ ਸੀ। ਜਿਸ ਸਬੰਧੀ ਉਸ ਨੇ ਆਪਣੇ ਪਤੀ ਨਾਲ ਗੱਲ ਕੀਤੀ, ਜਿਸਨੇ ਦੱਸਿਆ ਕਿ ਮਿਤੀ 30 ਜਨਵਰੀ 2024 ਨੂੰ ਉਸ ਨੂੰ ਗੈਂਗਸਟਰ ਲੱਕੀ ਪਟਿਆਲ ਦੀ ਕਾਲ ਆਈ ਸੀ, ਜਿਸ ਨੇ ਉਸ ਪਾਸੋਂ 1 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਸੀ। ਫਿਰੌਤੀ ਨਾ ਦੇਣ ਤੇ ਉਸ ਦੇ ਸ਼ੂਟਰਾਂ ਵੱਲੋਂ ਉਸ ਦੇ ਘਰ ਤੇ ਫਾਇਰਿੰਗ ਕਰਵਾਈ ਗਈ ਹੈ। ਉਪਰੋਕਤ ਵਾਰਦਾਤ ਤੋਂ ਬਾਅਦ 21 ਜਨਵਰੀ 2024 ਨੂੰ ਤਰਨਜੀਤ ਕੌਰ ਪਤਨੀ ਰਜਿੰਦਰ ਸਿੰਘ ਵਾਸੀ ਮਕਾਨ ਨੰ: 87 ਫੇਜ਼-11 ਮੋਹਾਲੀ ਦੇ ਬਿਆਨਾਂ ਦੇ ਅਧਾਰ ਤੇ ਨਾ-ਮਾਲੂਮ ਦੋਸ਼ੀਆਂ ਵਿਰੁੱਧ ਮੁਕੱਦਮਾ ਮੋਹਾਲੀ ਵਿੱਚ ਦਰਜ ਰਜਿਸਟਰ ਹੋਇਆ ਸੀ ਕਿ ਉਹ ਮਿਤੀ 20, 21 ਫਰਵਰੀ 2024 ਦੀ ਦਰਮਿਆਨੀ ਰਾਤ ਨੂੰ ਆਪਣੇ ਪਰਵਾਰ ਸਮੇਤ ਘਰ ਵਿੱਚ ਸੁੱਤੀ ਪਈ ਸੀ। ਰਾਤ ਸਮੇਂ ਵਕਤ ਕਰੀਬ 2 ਵਜੇ ਉਸ ਨੂੰ ਆਪਣੇ ਘਰ ਦੇ ਬਾਹਰ ਪਟਾਕੇ ਚੱਲਣ ਦੀ ਆਵਾਜ਼ ਸੁਣਾਈ ਦਿੱਤੀ, ਜਿਸ ਵੱਲ ਉਸ ਨੇ ਗੌਰ ਨਹੀਂ ਕੀਤਾ। ਉਸ ਦੇ ਰਿਸ਼ਤੇਦਾਰ ਭੁਪਿੰਦਰ ਸਿੰਘ ਨੇ ਘਰ ਦੇ ਬਾਹਰ ਜਾ ਕੇ ਦੇਖਿਆ ਤਾਂ ਉਹਨਾਂ ਦੀ ਗੱਡੀ ਨੰ: ਪੀ ਬੀ 65-ਏ ਐਨ-9999 ਮਾਰਕਾ ਇੰਡੈਵਰ ਰੰਗ ਕਾਲਾ ਅਤੇ ਘਰ ਦੇ ਬਾਹਰ ਫਾਇਰਿੰਗ ਕੀਤੀ ਹੋਈ ਸੀ।ਉਕਤ ਦੋਵੇਂ ਵਾਰਦਾਤਾਂ ਸਾਲ 2024 ਤੋਂ ਅਨਟਰੇਸ ਚਲੀਆਂ ਆ ਰਹੀਆਂ ਸਨ, ਜਿਨਾਂ ਨੂੰ ਟਰੇਸ ਕਰਨ ਲਈ ਹਰਮਨਦੀਪ ਸਿੰਘ ਹਾਂਸ ਸੀਨੀਅਰ ਕਪਤਾਨ ਪੁਲਸ, ਮੋਹਾਲੀ ਵੱਲੋਂ ਸੌਰਵ ਜਿੰਦਲ, ਕਪਤਾਨ ਪੁਲਿਸ (ਇਨਵੈਸਟੀਗੇਸ਼ਨ), ਤਲਵਿੰਦਰ ਸਿੰਘ, ਕਪਤਾਨ ਪੁਲਿਸ (ਅਪਰੇਸ਼ਨ), ਰਾਜਨ ਪਰਮਿੰਦਰ ਸਿੰਘ, ਉਪ-ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਜ਼ਿਲ੍ਹਾ ਐੱਸ ਏ ਐਸ ਨਗਰ ਦੀ ਨਿਗਰਾਨੀ ਹੇਠ ਸੀ.ਆਈ.ਏ. ਸਟਾਫ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ ਕਿ ਉਕਤਾਨ ਮੁਕੱਦਮਿਆਂ ਦੇ ਦੋਸ਼ੀਆਂ ਨੂੰ ਟਰੇਸ ਕਰਕੇ ਗ੍ਰਿਫਤਾਰ ਕੀਤਾ ਜਾਵੇ। ਦੋਸ਼ੀਆਂ ਨੂੰ ਨੇੜੇ ਸਿਵਲ ਹਸਪਤਾਲ ਖਰੜ ਤੋਂ 1 ਅਪ੍ਰੈਲ 2026 ਨੂੰ ਗ੍ਰਿਫਤਾਰ ਕੀਤਾ ਗਿਆ। ਦੋਸ਼ੀ ਗੁਰਦੀਪ ਸਿੰਘ ਉਰਫ ਕੱਕੀ ਪੁੱਤਰ ਲਾਭ ਸਿੰਘ ਵਾਸੀ ਪਿੰਡ ਪੜੌਲ, ਥਾਣਾ ਮੁੱਲਾਂਪੁਰ ਗਰੀਬਦਾਸ, ਜ਼ਿਲ੍ਹਾ ਐਸ.ਏ.ਐਸ. ਨਗਰ ਦੋਸ਼ੀ ਦੇ ਵਿਰੁੱਧ ਜ਼ਿਲ੍ਹਾ ਮੋਹਾਲੀ, ਬਰਨਾਲਾ ਥਾਣਾ ਪੰਚਕੂਲਾ, ਹਰਿਆਣਾ ਵਿੱਚ ਫਾਇਰਿੰਗ, ਲੜਾਈ-ਝਗੜੇ, ਅਸਲੇ, ਲੁੱਟ-ਖੋਹ ਅਤੇ ਫਰੌਤੀ ਸਬੰਧੀ 9 ਮੁਕੱਦਮੇ ਦਰਜ ਹਨ। ਦੋਸ਼ੀ ਗੁਰਦੀਪ ਸਿੰਘ ਉਰਫ ਗਿੱਲ ਪੁੱਤਰ ਨਛੱਤਰ ਸਿੰਘ ਵਾਸੀ ਗਿੱਲ ਪੱਤੀ ਕੋਠੇ ਚੰਦ ਗਿੱਦੜੀ ਪਿੰਡ ਮੰਡ ਨਾਭਾ, ਥਾਣਾ ਸਹਿਣਾ, ਜ਼ਿਲ੍ਹਾ ਬਰਨਾਲਾ ਵਿਰੁੱਧ ਜ਼ਿਲ੍ਹਾ ਬਰਨਾਲਾ ਅਤੇ ਮੋਹਾਲੀ ਜ਼ਿਲ੍ਹਾ ਵਿੱਚ ਖੋਹ ਅਤੇ ਫਰੌਤੀ ਸਬੰਧੀ 3 ਮੁਕੱਦਮੇ ਦਰਜ ਹਨ। ਗ੍ਰਿਫਤਾਰ ਕੀਤੇ ਉਪਰੋਕਤ ਦੋਸ਼ੀਆਂ ਦੀ ਪੁੱਛਗਿੱਛ ਤੋਂ ਖੁਲਾਸਾ ਹੋਇਆ ਕਿ ਦੋਸ਼ੀ ਵਿਦੇਸ਼ ਵਿੱਚ ਬੈਠੇ ਗੈਂਗਸਟਰ ਗੋਰਵ ਪਟਿਆਲ ਉਰਫ ਲੱਕੀ ਪਟਿਆਲ ਦੇ ਸ਼ੂਟਰ ਹਨ। ਜੋ ਉਸਦੇ ਕਹਿਣ ਤੇ ਫਰੌਤੀ ਲੈਣ ਲਈ ਫਾਇਰਿੰਗ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੰਦੇ ਹਨ। ਦੋਸ਼ੀ 3 ਦਿਨਾਂ ਦੇ ਪੁਲਿਸ ਰਿਮਾਂਡ ਅਧੀਨ ਹਨ, ਜਿਨਾਂ ਪਾਸੋਂ ਵਾਰਦਾਤਾਂ ਵਿੱਚ ਵਰਤੇ ਹਥਿਆਰਾਂ ਅਤੇ ਹੋਰ ਵਾਰਦਾਤਾਂ ਸਬੰਧੀ ਪੁੱਛਗਿੱਛ ਕੀਤੀ ਜਾ ਰਹੀ ਹੈ।

## ਸੇਂਟ ਸੋਲਜਰ ਕਾਲਜ ਦਾ ਵਿਦਾਇਗੀ ਸਮਾਰੋਹ ਕਰਵਾਇਆ

**ਜਲੰਧਰ (ਇਕਬਾਲ ਸਿੰਘ ਉੱਭੀ)**-ਸੇਂਟ ਸੋਲਜਰ ਕਾਲਜ (ਕੋ-ਐਡ) ਜਲੰਧਰ ਦੇ ਫਿਜ਼ੀਓਥੈਰੇਪੀ ਵਿਭਾਗ ਨੇ ਲਮ੍ਹਾ ਸਿਰਲੇਖ ਵਾਲਾ ਵਿਦਾਇਗੀ ਸਮਾਰੋਹ ਸਫਲਤਾਪੂਰਵਕ ਆਯੋਜਿਤ ਕੀਤਾ। ਇਹ ਸਮਾਗਮ ਭਾਵਨਾਵਾਂ, ਖੁਸ਼ੀ ਤੇ ਜਸ਼ਨ ਨਾਲ ਭਰਿਆ ਹੋਇਆ ਸੀ। ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਨਾਚ ਅਤੇ ਸੰਗੀਤ ਸਮੇਤ ਸੱਭਿਆਚਾਰਕ ਪ੍ਰਦਰਸ਼ਨਾਂ ਦੀ ਇੱਕ ਲੜੀ ਹੋਈ, ਜਿਸ ਨੇ ਇਸ ਮੌਕੇ ਵਿੱਚ ਜੀਵੰਤਤਾ ਅਤੇ ਉਤਸ਼ਾਹ ਜੋੜਿਆ। ਵੱਖ-ਵੱਖ ਮਜ਼ੇਦਾਰ ਖੇਡਾਂ ਅਤੇ ਇੰਟਰਐਕਟਿਵ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿਸ ਨਾਲ ਮੌਜੂਦ ਸਾਰਿਆਂ ਲਈ ਇੱਕ ਜੀਵੰਤ ਅਤੇ ਦਿਲਚਸਪ ਮਾਹੌਲ ਬਣਿਆ। ਇਸ ਸਮਾਗਮ ਦਾ ਮੁੱਖ ਆਕਰਸ਼ਣ ਟਾਈਟਲ ਵੰਡ ਸਮਾਰੋਹ ਸੀ। ਸਮੁੱਚੀ ਸ਼ਖਸੀਅਤ, ਆਤਮਵਿਸ਼ਵਾਸ ਅਤੇ ਭਾਗੀਦਾਰੀ ਦੇ ਆਧਾਰ 'ਤੇ, ਸ਼ਿਵਮ ਪਾਂਡੇ ਨੂੰ ਮਿਸਟਰ ਫੇਅਰਵੈੱਲ ਨਾਲ ਸਨਮਾਨਿਤ ਕੀਤਾ ਗਿਆ, ਜਦੋਂ ਕਿ ਚੌਥੇ ਸਾਲ ਦੇ ਵਰਿੰਦਰ ਨੂੰ ਮਿਸ ਫੇਅਰਵੈੱਲ ਨਾਲ ਸਨਮਾਨਤ ਕੀਤਾ ਗਿਆ। ਉਨ੍ਹਾਂ ਦੀ ਕਿਰਪਾ, ਸੁਹਜ ਅਤੇ ਉਤਸ਼ਾਹ ਨੇ ਉਨ੍ਹਾਂ ਨੂੰ ਇਨ੍ਹਾਂ ਖਿਤਾਬਾਂ ਦੇ ਹੱਕਦਾਰ ਬਣਾਇਆ। ਇਹ ਪ੍ਰੋਗਰਾਮ ਇੱਕ ਭਾਵਨਾਤਮਕ ਸੁਰ 'ਤੇ ਸਮਾਪਤ ਹੋਇਆ, ਜਿਸ ਵਿੱਚ ਜੂਨੀਅਰ ਵਿਦਿਆਰਥੀਆਂ ਨੇ ਆਪਣੇ ਸੀਨੀਅਰਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਦੇ ਉੱਜਵਲ ਤੇ ਸਫਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਸੜਕ ਹਾਦਸੇ 'ਚ ਕਾਰ ਸਵਾਰ ਦੀ ਮੌਤ

**ਅੱਡਾ ਸਰਾਂ (ਜਸਵੀਰ ਕਾਜਲ)**- ਹੁਸ਼ਿਆਰਪੁਰ ਰੋਡ 'ਤੇ ਬੀਤੀ ਦੇਰ ਰਾਤ ਪਿੰਡ ਹੇਲ੍ਹਰਾਂ ਦੇ ਢਾਬੇ ਨੇੜੇ ਵਾਪਰੇ ਸੜਕ ਹਾਦਸੇ ਕਾਰਨ ਕਾਰ ਸਵਾਰ ਦੀ ਮੌਤ ਹੋ ਗਈ। ਸੜਕ ਕਿਨਾਰੇ



ਦਰੱਖਤ ਨਾਲ ਟਕਰਾਉਣ ਕਾਰਨ ਮੌਤ ਦਾ ਸ਼ਿਕਾਰ ਹੋਏ ਗੱਡੀ ਚਾਲਕ ਦੀ ਪਛਾਣ ਗੁਰਦੀਪ ਸਿੰਘ ਪੁੱਤਰ ਜਸਵਿੰਦਰ ਸਿੰਘ ਵਾਸੀ ਜਹੂਰਾ ਦੇ ਰੂਪ ਵਿਚ ਹੋਈ ਹੈ। ਥਾਣਾ ਮੁਖੀ ਟਾਂਡਾ ਇੰਸਪੈਕਟਰ ਗੁਰਿੰਦਰ ਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਹੁਸ਼ਿਆਰਪੁਰ ਤੋਂ ਆਪਣੇ ਪਿੰਡ ਜਾ ਰਹੇ ਗੁਰਦੀਪ ਦੀ ਗੱਡੀ ਬੇਕਾਬੂ ਹੋ ਕੇ ਦਰੱਖਤ ਨਾਲ ਜਾ ਟਕਰਾਈ ਅਤੇ ਬੁਰੀ ਤਰ੍ਹਾਂ ਨੁਕਸਾਨੀ ਗਈ। ਹਾਦਸੇ ਵਿਚ ਗੁਰਦੀਪ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਸ ਨੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਬੇਅਦਬੀ ਕਰਨ ਵਾਲਿਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ

**ਪੋਜੇਵਾਲ (ਰਾਮ ਲਾਲ)**- ਡਾ. ਭੀਮ ਰਾਓ ਅੰਬੇਡਕਰ ਦੀਆਂ ਮੂਰਤੀਆਂ ਨੂੰ ਨੁਕਸਾਨ ਪਹੁੰਚਾਏ ਜਾਣ ਦੀਆਂ ਘਟਨਾਵਾਂ ਵਿੱਚ ਵਾਧਾ ਹੁੰਦਾ ਜਾ ਰਿਹਾ ਹੈ ਜੋ ਅਤੀ ਨਿੰਦਣ ਯੋਗ ਹੈ। ਇਹਨਾਂ



ਵਿਚਾਰਾਂ ਦਾ ਪ੍ਰਗਟਾਵਾ ਪੱਤਰਕਾਰ ਨਾਲ ਐਡਵੋਕੇਟ ਪ੍ਰਵੇਸ਼ ਖੋਸਲਾ ਵਲੋਂ ਕੀਤਾ ਗਿਆ। ਉਹਨਾਂ ਆਖਿਆ ਕਿ ਹੁਸ਼ਿਆਰਪੁਰ 'ਚ ਪੈਂਦੇ ਪਿੰਡ ਪਿੰਡ ਨੂਰਪੁਰ ਜੱਟਾਂ ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਨੂੰ ਖੰਡਿਤ ਕੀਤੇ ਜਾਣ ਦੀ ਘਟਨਾ ਹੋਈ ਹੈ। ਉਹਨਾਂ ਸਖਤ ਸ਼ਬਦਾਂ ਵਿੱਚ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਡਾ. ਅੰਬੇਡਕਰ ਦੀ ਮੂਰਤੀ ਦੀ ਭੰਨਤੋੜ ਕਰਕੇ ਬੇਅਦਬੀ ਕਰਨ ਵਾਲਿਆਂ ਨੂੰ ਜਲਦੀ ਹੀ ਗ੍ਰਿਫਤਾਰ ਨਾ ਕੀਤਾ ਗਿਆ ਤਾਂ ਉਹ ਆਪਣੇ ਹਮਖਿਆਲੀ ਸਾਥੀਆਂ ਨੂੰ ਲੈ ਕੇ ਵੱਡੇ ਪੱਧਰ ਉੱਪਰ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਡੇਰਾਬੱਸੀ ਤੋਂ 17ਵੀਂ ਬੱਸ ਰਵਾਨਾ : ਵਿਧਾਇਕ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਡੇਰਾਬੱਸੀ ਦੇ ਮੁਬਾਰਿਕਪੁਰ ਤੋਂ ਸ਼ਰਧਾਲੂਆਂ ਦੀ ਤੀਜੀ ਅਤੇ ਹਲਕੇ ਦੀ ਕੁੱਲ 17ਵੀਂ ਬੱਸ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਇਹ ਯੋਜਨਾ ਲੋਕਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਇਕ ਵੱਡੀ ਪਹਲ ਹੈ। ਉਨ੍ਹਾਂ ਕਿਹਾ ਕਿ ਬਹੁਤ ਖੁਸ਼ੀ ਹੁੰਦੀ ਹੈ ਜਦੋਂ ਸਾਡੇ ਬਜ਼ੁਰਗ ਮੁਸਕੁਰਾਉਂਦੇ ਚਿਹਰਿਆਂ ਅਤੇ ਭਰਪੂਰ ਸ਼ਰਧਾ ਨਾਲ ਧਾਰਮਿਕ ਯਾਤਰਾ ਲਈ ਰਵਾਨਾ ਹੁੰਦੇ ਹਨ। ਇਹ ਯੋਜਨਾ ਖਾਸ ਕਰਕੇ ਉਹਨਾਂ ਲਈ ਵਰਦਾਨ ਸਾਬਤ ਹੋ ਰਹੀ ਹੈ ਜੋ ਆਪਣੇ ਜੀਵਨ ਵਿੱਚ ਤੀਰਥ ਯਾਤਰਾ ਕਰਨ ਦੀ ਇੱਛਾ ਰੱਖਦੇ ਹਨ ਪਰ ਸੰਸਾਧਨਾਂ ਦੀ ਘਾਟ ਕਾਰਨ ਨਹੀਂ ਜਾ ਸਕਦੇ। ਵਿਧਾਇਕ ਰੰਧਾਵਾ ਨੇ ਕਿਹਾ ਕਿ ਮਾਨ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਅੱਗੇ ਵੀ ਇਸ ਤਰ੍ਹਾਂ ਦੀਆਂ ਲੋਕ-ਹਿਤੈਸ਼ੀ ਯੋਜਨਾਵਾਂ ਜਾਰੀ ਰਹਿਣਗੀਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਅਤੇ ਆਗੂ ਵੀ ਮੌਜੂਦ ਰਹੇ।

## ਬਾਗ਼ਬਾਨੀ ਖੇਤਰ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਤਰਜੀਹ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਆਯੋਜਿਤ ਬਜਟ ਐਲਾਨਾਂ ਦੀ ਸਮੀਖਿਆ ਮੀਟਿੰਗ ਵਿੱਚ ਮੁੱਖ ਮੰਤਰੀ ਬਾਗ਼ਬਾਨੀ ਬੀਮਾ ਯੋਜਨਾ ਦੀ ਪ੍ਰਗਤੀ ਅਤੇ ਪ੍ਰਭਾਵਸ਼ੀਲਤਾ 'ਤੇ ਵਿਸਤਾਰ ਚਰਚਾ ਕੀਤੀ ਗਈ। ਮੀਟਿੰਗ ਵਿੱਚ ਇਸ ਯੋਜਨਾ ਨੂੰ ਕਿਸਾਨਾਂ ਲਈ ਇੱਕ ਮਹੱਤਵਪੂਰਨ ਸੁਰੱਖਿਆ ਕਵਚ ਦੱਸਦੇ ਹੋਏ ਇਸ ਦੇ ਪ੍ਰਭਾਵੀ ਅਮਲ 'ਤੇ ਜ਼ੋਰ ਦਿੱਤਾ ਗਿਆ।ਮੁੱਖ ਮੰਤਰੀ ਨੇ ਕਿਹਾ ਕਿ ਇਹ ਯੋਜਨਾ ਰਾਜ ਸਰਕਾਰ ਦੀ ਇੱਕ ਵਿਲੱਖਣ ਪਹਿਲ ਹੈ, ਜਿਸ ਦਾ ਉਦੇਸ਼ ਕੁਦਰਤੀ ਆਫ਼ਤਾਂ ਕਾਰਨ ਬਾਗ਼ਬਾਨੀ ਫ਼ਸਲਾਂ ਵਿੱਚ ਹੋਣ ਵਾਲੇ ਨੁਕਸਾਨ ਤੋਂ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਸੁਰੱਖਿਅਤ ਕਰਨਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਯੋਜਨਾ ਦਾ ਵਿਆਪਕ ਪੱਧਰ 'ਤੇ ਪ੍ਰਚਾਰ-ਪ੍ਰਸਾਰ ਯਕੀਨੀ ਬਣਾਇਆ ਜਾਵੇ, ਤਾਂ ਜੋ ਵੱਧ ਤੋਂ ਵੱਧ ਕਿਸਾਨ ਇਸ ਦਾ ਲਾਭ ਉਠਾ ਸਕਣ।ਮੁੱਖ ਮੰਤਰੀ ਨੇ ਕਿਹਾ ਕਿ ਬਾਗ਼ਬਾਨੀ ਖੇਤਰ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਤਰਜੀਹ ਹੈ ਅਤੇ ਇਸ ਦੇ ਲਈ ਕਿਸਾਨਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਰਾਜ ਸਰਕਾਰ ਵੱਲੋਂ ਮੁੱਖ ਮੰਤਰੀ ਬਾਗ਼ਬਾਨੀ ਬੀਮਾ ਯੋਜਨਾ ਦੇ ਅਧੀਨ ਕਿਸਾਨਾਂ ਨੂੰ ਕੁਦਰਤੀ ਆਫ਼ਤਾਂ ਤੋਂ ਜੋਖਮ-ਮੁਕਤ ਕਰਨ ਲਈ 46 ਮੁੱਖ ਬਾਗ਼ਬਾਨੀ ਫ਼ਸਲਾਂ 'ਤੇ ਮੁਆਵਜ਼ਾ ਦਿੱਤਾ ਜਾਂਦਾ ਹੈ। ਇਨ੍ਹਾਂ ਫ਼ਸਲਾਂ ਵਿੱਚ 23 ਸਬਜ਼ੀਆਂ, 21 ਫਲ ਅਤੇ 2 ਮਸਾਲਿਆਂ ਦੀਆਂ ਫ਼ਸਲਾਂ ਸ਼ਾਮਲ ਹਨ।

## ਬਿਜਲੀ ਸਪਲਾਈ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਬੰਦ ਰਹੇਗੀ

**ਬਲਾਚੌਰ / ਪੋਜੇਵਾਲ (ਜਸਵਿੰਦਰ ਬੈਂਸ / ਰਾਮ ਲਾਲ)**- ਬਿਜਲੀ ਦੀਆਂ ਲਾਈਨਾਂ ਅਤੇ ਉਪਕਰਨਾਂ ਦੀ ਜ਼ਰੂਰੀ ਮੁਰੰਮਤ ਦੇ ਚੱਲਦਿਆਂ 66 ਕੇ.ਵੀ. ਸਬ ਸਟੇਸ਼ਨ ਬਲਾਚੌਰ ਤੋਂ ਚੱਲਦੇ 11 ਕੇ.ਵੀ. ਬੈਂਕ ਕੰਪਲੈਕਸ ਫੀਡਰ ਦੀ ਸਪਲਾਈ 4 ਅਪ੍ਰੈਲ ਨੂੰ ਪ੍ਰਭਾਵਿਤ ਰਹੇਗੀ।ਬਿਜਲੀ ਸਪਲਾਈ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਬੰਦ ਰਹੇਗੀ।ਮਹਿੰਦੀਪੁਰ ਸੈਂਟੀਨਲ ਸਕੂਲ ਗੜ੍ਹਸ਼ੰਕਰ ਰੋਡ ਅਤੇ ਜੇ.ਪੀ. ਰੋਡ ਤਹਿਸੀਲ ਕੰਪਲੈਕਸ ਸਵਾਰਨ ਮਾਰਕਿਟ ਇਸ ਸਬੰਧੀ ਜਾਣਕਾਰੀ ਦਿੰਦਿਆਂ ਸਬ ਡਵੀਜ਼ਨਲ ਇੰਜੀਨੀਅਰ ਜਸਵਿੰਦਰ ਪਾਲ ਨੇ ਦੱਸਿਆ ਕਿ ਤਕਨੀਕੀ ਕੰਮਾਂ ਨੂੰ ਮੁਕੰਮਲ ਕਰਨ ਲਈ ਸਮੇਂ ਵਿੱਚ ਲੋੜ ਅਨੁਸਾਰ ਵਾਧਾ ਜਾਂ ਘਾਟਾ ਕੀਤਾ ਜਾ ਸਕਦਾ ਹੈ। ਉਨ੍ਹਾਂ ਖਪਤਕਾਰਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ।

## ਛੁੱਟੀਆਂ ਵਾਲੇ ਦਿਨ ਵੀ ਖੁੱਲ੍ਹੇ ਰਹਿਣਗੇ ਸੇਵਾ ਕੇਂਦਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੇ ਨਾਗਰਿਕਾਂ ਦੀ ਸਹੂਲਤ ਲਈ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰ ਬੁੱਧਵਾਰ, 8 ਅਪ੍ਰੈਲ (ਛੁੱਟੀ ਵਾਲੇ ਦਿਨ) ਨੂੰ ਆਮ ਵਾਂਗ ਖੁੱਲ੍ਹੇ ਰਹਿਣਗੇ। ਉਨ੍ਹਾਂ ਕਿਹਾ ਕਿ ਲੋਕ ਇਸ ਦਿਨ ਆਪਣੇ ਜ਼ਰੂਰੀ ਕੰਮ ਕਰਵਾਉਣ ਲਈ ਆਸਾਨੀ ਨਾਲ ਸੇਵਾ ਕੇਂਦਰਾਂ 'ਤੇ ਜਾ ਸਕਦੇ ਹਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਦਾ ਟੀਚਾ ਜਨਤਾ ਨੂੰ ਵੱਧ ਤੋਂ ਵੱਧ ਸਹੂਲਤ ਪ੍ਰਦਾਨ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਆਪਣੀਆਂ ਜ਼ਰੂਰਤਾਂ ਲਈ ਬੇਲੋੜੀ ਉਡੀਕ ਨਾ ਕਰਨੀ ਪਵੇ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰ ਹਰ ਸ਼ਨੀਵਾਰ ਨੂੰ ਨਿਯਮਿਤ ਤੌਰ 'ਤੇ ਖੁੱਲ੍ਹੇ ਰਹਿੰਦੇ ਹਨ ਅਤੇ ਐਤਵਾਰ ਨੂੰ ਵੀ ਚੁਣੇ ਹੋਏ ਸੇਵਾ ਕੇਂਦਰਾਂ 'ਤੇ ਸੇਵਾਵਾਂ ਜਾਰੀ ਰਹਿੰਦੀਆਂ ਹਨ। ਇਨ੍ਹਾਂ ਵਿੱਚ ਸੇਵਾ ਕੇਂਦਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਹੁਸ਼ਿਆਰਪੁਰ, ਸੇਵਾ ਕੇਂਦਰ ਐਸ ਡੀ ਐਮ ਕੰਪਲੈਕਸ ਮੁਕੇਰੀਆਂ, ਸੇਵਾ ਕੇਂਦਰ ਐਸ ਡੀ ਐਮ ਕੰਪਲੈਕਸ ਗੜ੍ਹਸ਼ੰਕਰ, ਸੇਵਾ ਕੇਂਦਰ ਲੰਗਰਪੁਰ (ਦਸੂਹਾ) ਅਤੇ ਸੇਵਾ ਕੇਂਦਰ ਤਹਿਸੀਲ ਕੰਪਲੈਕਸ ਟਾਂਡਾ ਵਿਖੇ ਇੱਕ-ਇੱਕ ਕਾਊਂਟਰ ਸ਼ਾਮਲ ਹਨ, ਜੋ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲ੍ਹੇ ਰਹਿੰਦੇ ਹਨ।

## ਕਣਕ ਦੀ ਖਰੀਦ ਲਈ ਸਰਕਾਰੀ ਏਜੰਸੀਆਂ ਨੂੰ ਵੱਖ ਵੱਖ ਮੰਡੀਆਂ ਅਲਾਟ : ਚੇਅਰਮੈਨ ਕੁਲਦੀਪ ਪਾਠਕ

**ਕਪੂਰਥਲਾ (ਮਨਜੀਤ ਮਾਨ)**- ਮਾਰਕੀਟ ਕਮੇਟੀ ਢਿਲਵਾਂ ਦੇ ਚੇਅਰਮੈਨ ਕੁਲਦੀਪ ਕੁਮਾਰ ਪਾਠਕ ਨੇ ਕਿਹਾ ਕਿ ਕਿਸਾਨਾਂ ਦੀ ਕਣਕ ਦੀ ਫਸਲ ਪੱਕਣ ਦੇ ਨੇੜੇ ਆ ਗਈ ਹੈ ਤੇ ਪੰਜਾਬ



ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਪੰਜਾਬ ਰਾਜ ਮੰਡੀ ਕਰਨ ਬੋਰਡ ਦੇ ਚੇਅਰਮੈਨ ਹਰਚੰਦ ਬਰਸਟ ਦੀ ਸੁਚੱਜੀ ਅਗਵਾਈ ਹੇਠ ਇਕ ਅਪ੍ਰੈਲ ਤੋਂ ਸਰਕਾਰੀ ਖਰੀਦ ਕਰਨ ਅਤੇ ਪਿਛਲੇ ਸਾਲ ਨਾਲੋਂ 160 ਰੁਪਏ ਪ੍ਰਤੀ ਕੁਇੰਟਲ ਕਣਕ ਦੇ ਭਾਅ 'ਚ ਵੀ ਵਾਧਾ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਮਾਰਕੀਟ ਕਮੇਟੀ ਢਿਲਵਾਂ ਦੀ ਮੁੱਖ ਅਨਾਜ ਮੰਡੀ ਢਿਲਵਾਂ 'ਚ ਕਣਕ ਦੀ ਖਰੀਦ ਲਈ ਸਰਕਾਰੀ ਖਰੀਦ ਏਜੰਸੀ ਮਾਰਕਫੈਡ, ਪਨਸਪ,ਧਾਲੀਵਾਲ ਬੇਟ ਦੇ ਖਰੀਦ ਕੇਂਦਰ ਵਿੱਚ ਵੇਅਰ ਹਾਊਸ, ਰਮੀਦੀ ਵਿੱਚ ਪਨਸਪ , ਭੰਡਾਲ ਵਿੱਚ ਮਾਰਕਫੈਡ ਖਰੀਦ ਏਜੰਸੀਆਂ ਨੂੰ ਮੰਡੀਆਂ ਅਲਾਟ ਕਰ ਦਿੱਤੀਆਂ ਹਨ। ਉਹਨਾਂ ਸਮੂਹ ਕਿਸਾਨਾਂ ਨੂੰ ਕਿਹਾ ਕਿ ਉਹ ਕਣਕ ਦੀ ਫਸਲ ਸੁੱਕੀ ਸਾਫ ਕਰਕੇ ਹੀ ਮੰਡੀ 'ਚ ਲਿਆਉਣ। ਸਰਕਾਰ ਕਣਕ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦ ਕੇ ਫਸਲ ਦਾ ਭੁਗਤਾਨ 24 ਘੰਟਿਆਂ 'ਚ ਬੈਂਕ ਰਾਹੀਂ ਕਿਸਾਨਾਂ ਦੇ ਖਾਤਿਆਂ 'ਚ ਪਾ ਦੇਵੇਗੀ ਤੇ ਕਿਸਾਨਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

## ਰੰਗਮੰਚ ਤੇ ਫਿਲਮ ਅਦਾਕਾਰ ਨਰਿੰਦਰਪਾਲ ਨੀਨਾ ਨੂੰ ਸਦਮਾ, ਮਾਤਾ ਦਾ ਦੇਹਾਂਤ, ਅੰਤਿਮ ਅਰਦਾਸ ਭਲਕੇ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਇਪਟਾ ਦੀ ਜ਼ਿਲ੍ਹਾ ਮੁਹਾਲੀ ਇਕਾਈ ਦੇ ਪ੍ਰਧਾਨ, ਰੰਗਮੰਚ ਤੇ ਫਿਲਮ ਦੇ ਅਦਾਕਾਰ ਨਰਿੰਦਰਪਾਲ ਨੀਨਾ ਨੂੰ ਉਸ ਸਮੇਂ ਭਾਰੀ ਸਦਮਾ ਲੱਗਿਆ ਜਦ ਉਨ੍ਹਾਂ ਦੇ ਮਾਤਾ ਗੁਲਾਬ ਕੌਰ ਦਾ ਦੇਹਾਂਤ ਹੋ ਗਿਆ।ਇਹ ਜਾਣਕਾਰੀ ਦਿੰਦੇ ਇਪਟਾ, ਪੰਜਾਬ ਦੇ ਪ੍ਰਧਾਨ ਸੰਜੀਵਨ



ਸਿੰਘ ਨੇ ਕਿਹਾ ਮਾਤਾ ਜੀ ਕੇਵਲ ਧਾਰਮਿਕ ਪ੍ਰਵਿਰਤੀਆ ਦੇ ਮਾਲਿਕ ਹੀ ਨਹੀਂ, ਆਪਣੇ ਆਲੇ-ਦੁਆਲੇ ਲਈ ਚਿੰਤਤ ਸਨ।ਉਨ੍ਹਾਂ ਆਪਣੇ ਪੁੱਤ ਨਰਿੰਦਰ ਪਾਲ ਨੀਨਾ, ਨੂੰਹ ਸੁਖਬੀਰ ਪਾਲ ਕੌਰ, ਪੋਤੇ ਕੀਰਤ, ਪੋਤੀ ਅਨੁਰੀਤ ਅਤੇ ਦੋਹਤੇ ਜਸਦੀਪ 'ਜੱਸੂ ਨੂੰ ਰੰਗਮੰਚ ਅਤੇ ਫਿਲਮਾਂ ਦੇ ਖੇਤਰ ਵਿਚ ਵਿਚਰਣ ਲਈ ਹਮੇਸ਼ਾ ਹੱਲਾ-ਸ਼ੇਰੀ ਦਿੱਤੀ।ਪੰਜਾਬੀ ਲੇਖਕ ਰਿਪੁਦਮਨ ਸਿੰਘ ਰੂਪ ਇਪਟਾ, ਪੰਜਾਬ ਦੇ ਜਰਨਲ ਸੱਕਤਰ ਇੰਦਰਜੀਤ ਰੂਪੋਵਾਲੀ, ਇਪਟਾ, ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਤੇ ਜਨਰਲ ਸੱਕਤਰ ਕਮਲ ਨੈਨ ਸਿੰਘ ਸੇਖੋਂ ਤੇ ਇਪਟਾ, ਪੰਜਾਬ ਦੇ ਆਗੂ ਬਠਿੰਡਾ ਤੋਂ ਗੁਰਮੀਤ ਸਿੰਘ, ਮਾਨਸਾ ਤੋਂ ਮੇਘ ਰਾਜ ਰੱਲਾ, ਸੰਗਰੂਰ ਤੋਂ ਗੁਰਦਿਆਲ ਨਿਰਮਾਣ, ਦਲਬਾਰ ਸਿੰਘ ਚੱਠਾ ਸੇਖਵਾਂ, ਪਟਿਆਲਾ ਤੋਂ ਹਰਜੀਤ ਕੈਂਥ ਅਤੇ ਡਾ. ਕੁਲਦੀਪ ਸਿੰਘ ਦੀਪ, ਮੁਹਾਲੀ ਤੋਂ ਡਾ. ਅਮਨ ਭੋਗਲ, ਰੋਪੜ ਤੋਂ ਸੁਰਿੰਦਰ ਰਸੂਲਪੁਰ ਤੇ ਰਾਬਿੰਦਰ ਰੱਬੀ, ਅੰਮ੍ਰਿਤਸਰ ਤੋਂ ਬਲਬੀਰ ਮੂਧਲ ਅਤੇ ਦਲਜੀਤ ਸੋਨਾ, ਗੁਰਦਾਸਪੁਰ ਤੋਂ ਗੁਰਮੀਤ ਪਾਹੜਾ, ਪਠਾਨਕੋਟ ਤੋਂ ਸੁਰੇਸ਼ ਮਹਿਤਾ, ਕਪੂਰਥਲਾ ਤੋਂ ਡਾ. ਹਰਭਜਨ ਸਿੰਘ, ਲੁਧਿਆਣਾ ਤੋਂ ਪ੍ਰਦੀਪ ਸ਼ਰਮਾਂ ਤੇ ਰਾਜਵਿੰਦਰ ਸਮਰਾਲਾ, ਨਵਾਂ ਸ਼ਹਿਰ ਤੋਂ ਦੀਪਕ ਕੁਮਾਰ, ਮੋਗੇ ਤੋਂ ਇੰਦਰਜੀਤ ਮੋਗਾ ਅਤੇ ਅਵਤਾਰ ਸਿੰਘ ਮੋਗਾ, ਜਲੰਧਰ ਤੋਂ ਨੀਰਜ ਕੌਸ਼ਿਕ ਤੇ ਗੁਰਵਿੰਦਰ ਸਿੰਘ, ਹੁਸ਼ਿਆਰਪੁਰ ਤੋਂ ਅਸ਼ੋਕ ਪੁਰੀ, ਫਜ਼ਿਲਕਾ ਤੋਂ ਸੁਖਦੀਪ ਸਿੰਘ ਭੁੱਲਰ ਅਤੇ ਸਰਘੀ ਪ੍ਰੀਵਾਰ ਦੇ ਰੰਗਕਰਮੀ ਕੁੱਕੂ ਦੀਵਾਨ, ਰੰਜੀਵਨ ਸਿੰਘ, ਨਰਿੰਦਰ ਨਸਰੀਨ, ਲਖਵਿੰਦਰ ਸਿੰਘ ਅਤੇ ਰਿੱਤੂ ਰਾਗ ਨੇ ਨਰਿੰਦਰ ਪਾਲ ਨੀਨਾ ਅਤੇ ਦੁੱਖੀ ਪ੍ਰੀਵਾਰ ਦੇ ਦੁੱਖ ਵਿਚ ਸ਼ਾਮਿਲ ਹੁੰਦੇ ਕਿਹਾ ਕਿ ਮਾਤਾ ਗੁਲਾਬ ਕੌਰ ਨਮਿਤ ਆਰੰਭ ਕੀਤੇ ਸਾਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ 5 ਅਪ੍ਰੈਲ ਨੂੰ ਬਾਅਦ ਦੁਪਹਿਰ 12 ਤੋਂ 1 ਵਜੇ ਤੱਕ ਗੁਰਦੁਆਰਾ ਦਸਮੇਸ਼ ਦਰਬਾਰ ਸਾਹਿਬ ਸੈਕਟਰ 49-ਸੀ, ਚੰਡੀਗੜ੍ਹ ਵਿਖੇ ਹੋਵੇਗੀ।

## ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਸ਼ਾਨੋ ਸ਼ੌਕਤ ਨਾਲ ਆਰੰਭ

**ਹੁਸ਼ਿਆਰਪੁਰ (ਓ ਪੀ ਰਾਣਾ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਵਲੋਂ ਹਰ ਸਾਲ ਦੀ ਤਰਾਂ ਮਹਾਨ ਇਤਿਹਾਸਕ ਬੇਗਮਪੁਰਾ



ਦਮੜੀ ਸ਼ੋਭਾ ਯਾਤਰਾ ਚੇਅਰਮੈਨ ਸੰਤ ਸਰਵਣ ਦਾਸ ਬੋਹਣ ਦੀ ਅਗਵਾਈ ਹੇਠ ਪ੍ਰਧਾਨ ਸੰਤ ਨਿਰਮਲ ਦਾਸ ਬਾਬੇਜੌੜੇ, ਸੰਤ ਨਿਰਮਲ ਦਾਸ ਜਨਰਲ ਸਕੱਤਰ ਦੀ ਦੇਖ ਰੇਖ ਹੇਠ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ ਤੇ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਵਿਚ ਸਤਿਗੁਰੂ ਰਵਿਦਾਸ ਮਹਾਰਾਜ ਦੀ ਜੈ ਜੈਕਾਰਿਆਂ ਨਾਲ ਰੇਲਵੇ ਸਟੇਸ਼ਨ ਜਲੰਧਰ ਤੋਂ ਸ਼ਾਨੋ ਸ਼ੌਕਤ ਨਾਲ ਆਰੰਭ ਹੋਈ ਜਿਸ ਦਾ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ। ਸੰਗਤਾਂ ਲਈ ਚਾਹ ਪਕੌੜੇ, ਫਰੂਟ ਤੇ ਗੁਰੂ ਕੇ ਲੰਗਰਾਂ ਦੀ ਸੇਵਾ ਬੜੀ ਸ਼ਰਧਾ ਨਾਲ ਕੀਤੀ ਗਈ।ਸੰਤ ਪਰਮਜੀਤ ਦਾਸ ਨਗਰ ਦੀਆਂ ਸੰਗਤਾਂ ਵਲੋਂ ਫਿਲੌਰ ਵਿਖੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੇ ਸੰਤਾਂ ਦਾ ਫੁੱਲਾਂ ਦੇ ਹਾਰ ਤੇ ਸਿਰਪਾਓ ਭੇਟ ਕਰਕੇ ਸਨਮਾਨ ਕੀਤਾ ਗਿਆ। ਸੁਸਾਇਟੀ ਵਲੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੂੰ ਗੁਰੂ ਰਵਿਦਾਸ ਜੀ ਦੇ ਸੁੰਦਰ ਸਰੂਪ ਅਤੇ ਸਿਰਪਾਓ ਭੇਟ ਕਰਕੇ ਸਨਮਾਨਤ ਕੀਤਾ।ਇਸ ਸਮੇਂ ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਸੀਨੀ.ਮੀਤ ਪ੍ਰਧਾਨ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸੰਤ ਬਲਵੰਤ ਦਾਸ ਡੀਗਿਰੀਆਂ, ਸੰਤ ਕਿਰਪਾਲ ਦਾਸ ਭਾਰਟਾ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਸੰਤ ਰਮੇਸ਼ ਦਾਸ ਸ਼ੇਰਪੁਰ ਕਲਰਾਂ, ਸੰਤ ਧਰਮਪਾਲ ਸ਼ੇਰਗੜ੍ਹ, ਸੰਤ ਮਨਜੀਤ ਦਾਸ ਚਲੇਟ (ਹਿਮਾਚਲ), ਸੰਤ ਬੀਬੀ ਕੁਲਦੀਪ ਕੌਰ ਮਹਨਾ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਪ੍ਰਗਟ ਨਾਥ ਚੇਅਰਮੈਨ ਸ਼ਰਾਇਨ ਬੋਰਡ, ਸੰਤ ਅਮਰਜੀਤ ਬੇਗੋਵਾਲ, ਸੰਤ ਸੰਤੋਖ ਦਾਸ ਭਾਰਟਾ, ਭੈਣ ਸੰਤੋਸ਼ ਕੁਮਾਰੀ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ, ਸੰਤ ਗੁਰਮੀਤ ਦਾਸ, ਸੰਤ ਕੁਲਦੀਪ ਦਾਸ ਬਸੀ ਮਰੂਫ ਤੋਂ ਇਲਾਵਾ ਕੇ ਐਲ ਭਗਤ ਕੈਬਨਿਟ ਮੰਤਰੀ ਪੰਜਾਬ ਸਰਕਾਰ, ਡਾ. ਇਸ਼ਾਂਕ ਕੁਮਾਰ ਵਿਧਾਇਕ ਚੱਬੇਵਾਲ, ਦੀਪਕ ਬਾਲੀ , ਪਰਮਿੰਦਰ ਕੌਰ ਆਦਿ ਵੀ ਹਾਜ਼ਰ ਸਨ।

## ਡੇਂਗੂ ਦੇ ਮਾਮਲਿਆਂ 'ਚ ਗਿਰਾਵਟ, 2025 'ਚ ਸਿਰਫ਼ 4981 ਕੇਸ ਆਏ ਸਾਹਮਣੇ : ਬਲਬੀਰ ਸਿੰਘ, ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਲੋਕਾਂ ਦੀ ਸਿਹਤ ਦੀ ਰੱਖਿਆ ਲਈ ਫੈਸਲਾਕੁੰਨ ਕਦਮ ਚੁੱਕਦਿਆਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਾਂਝੇ ਤੌਰ 'ਤੇ ਉੱਚ-ਪੱਧਰੀ ਸਟੇਟ ਟਾਸਕ ਫੋਰਸ ਮੀਟਿੰਗ ਦੀ ਪ੍ਰਧਾਨਗੀ ਕੀਤੀ ਤਾਂ ਜੋ ਸੂਬੇ ਭਰ ਵਿੱਚ ਵੈਕਟਰ-ਬੋਰਨ,



ਪਾਣੀ ਤੋਂ ਪੈਦਾ ਹੋਣ ਵਾਲੀਆਂ ਤੇ ਜ਼ੂਨੋਟਿਕ ਬਿਮਾਰੀਆਂ ਦੇ ਵਿਰੁੱਧ ਏਕੀਕ੍ਰਿਤ ਪ੍ਰਤੀਕਿਰਿਆ ਤਿਆਰ ਕੀਤੀ ਜਾ ਸਕੇ।ਸਬੰਧਤ ਵਿਭਾਗਾਂ ਦੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਡੇਂਗੂ, ਮਲੇਰੀਆ, ਚਿਕਨਗੁਨੀਆ, ਰੇਬੀਜ਼ ਅਤੇ ਲੈਪਟੋਸਪਾਇਰੋਸਿਸ ਵਰਗੀਆਂ ਬਿਮਾਰੀਆਂ ਨਾਲ ਨਜਿੱਠਣ ਲਈ ਮਨੁੱਖਾਂ, ਜਾਨਵਰਾਂ ਅਤੇ ਵਾਤਾਵਰਣ ਸਿਹਤ ਰਣਨੀਤੀਆਂ ਨੂੰ ਏਕੀਕ੍ਰਿਤ ਕਰਨ ਵਾਲੀ 'ਵਨ ਹੈਲਥ ' ਪਹੁੰਚ ਦੀ ਬਹੁਤ ਲੋੜ ਹੈ। ਉਨਾਂ ਦੱਸਿਆ ਕਿ ਪੰਜਾਬ ਨੇ ਆਪਣੇ ਡਾਇਗਨੌਸਟਿਕ ਬੁਨਿਆਦੀ ਢਾਂਚੇ ਨੂੰ ਕਾਫ਼ੀ ਮਜ਼ਬੂਤ ਕੀਤਾ ਹੈ, ਜਿਸ ਦੇ ਸਿੱਟੇ ਵਜੋਂ ਹੁਣ 47 ਸੈਂਟੀਨੇਲ ਨਿਗਰਾਨੀ ਹਸਪਤਾਲਾਂ ਵਿੱਚ ਡੇਂਗੂ ਤੇ ਚਿਕਨਗੁਨੀਆ ਲਈ ਮੁਫ਼ਤ ਈਲੀਸਾ ਟੈਸਟਿੰਗ ਦੀ ਸਹੂਲਤ ਦਿੱਤੀ ਜਾ ਰਹੀ ਹੈ ਤੇ ਸਾਰੇ ਆਮ ਆਦਮੀ ਕਲੀਨਿਕਾਂ ਵਿੱਚ ਮਲੇਰੀਆ ਆਰਡੀਟੀ ਅਤੇ ਡੇਂਗੂ ਟੈਸਟਿੰਗ ਦਾ ਵਿਸਥਾਰ ਕੀਤਾ ਜਾ ਰਿਹਾ ਹੈ।ਵਿਭਾਗ ਦੇ ਯੋਗਦਾਨ ਦੀ ਸਮੀਖਿਆ ਕਰਦਿਆਂ ਡਾ. ਬਲਬੀਰ ਸਿੰਘ ਨੇ ਸਿਹਤ ਵਿਭਾਗ ਨਿਰੰਤਰ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਲ 2021 ਵਿੱਚ ਡੇਂਗੂ ਦੇ 23,389 ਕੇਸ ਸਾਹਮਣੇ ਆਏ ਸਨ, ਜੋ ਸਾਲ 2025 ਵਿੱਚ ਘਟ ਕੇ ਸਿਰਫ਼ 4,981 ਰਹਿ ਗਏ ਹਨ, ਜਦੋਂ ਕਿ ਇਸੇ ਸਮੇਂ ਦੌਰਾਨ ਸਬੰਧਤ ਮੌਤਾਂ ਦੀ ਗਿਣਤੀ 55 ਤੋਂ ਘਟ ਕੇ ਸਿਰਫ਼ 8 ਰਹਿ ਗਈ ਹੈ। ਮੰਤਰੀ ਨੇ ਕਿਹਾ ਕਿ ਮੌਤ ਦਰ ਅਤੇ ਬਿਮਾਰੀ ਦੇ ਫੈਲਾਅ ਵਿੱਚ ਆਈ ਇਹ ਮਹੱਤਵਪੂਰਨ ਗਿਰਾਵਟ ਵਿਭਾਗ ਵੱਲੋਂ ਘਰ-ਘਰ ਜਾ ਕੇ ਕੀਤੀ ਨਿਗਰਾਨੀ ਅਤੇ ਪਿਛਲੇ ਟਰਾਂਸਮਿਸ਼ਨ ਸੀਜ਼ਨ ਦੌਰਾਨ 15 ਮਿਲੀਅਨ ਫੇਰੀਆਂ ਦੀ ਰਣਨੀਤਕ ਪਹੁੰਚ ਦਾ ਪ੍ਰਤੱਖ ਪ੍ਰਮਾਣ ਹੈ।ਸਿਹਤ ਮੰਤਰੀ ਨੇ ਸਾਰੇ ਵਿਭਾਗਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਕਿ ਇਹ ਯਕੀਨੀ ਬਣਾਇਆ ਜਾਵੇ ਕਿ 'ਹਰ ਸ਼ੁਕਰਵਾਰ ਡੇਂਗੂ ਤੇ ਵਾਰ' ਮੁਹਿੰਮ - ਜੋ ਹਰ ਸ਼ੁੱਕਰਵਾਰ ਸਵੇਰੇ 8:00 ਵਜੇ ਤੋਂ ਸਵੇਰੇ 9:00 ਵਜੇ ਤੱਕ ਚਲਾਈ ਜਾਂਦੀ ਹੈ - ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸ਼ਾਮਲ ਕਰਕੇ ਇਸਨੂੰ ਜਨ ਅੰਦੋਲਨ ਬਣਾਇਆ ਜਾਵੇ ਤਾਂ ਕੂਲਰਾਂ, ਗਮਲਿਆਂ ਅਤੇ ਓਵਰਹੈੱਡ ਟੈਂਕਾਂ ਵਿੱਚ ਖੜ੍ਹਾ ਪਾਣੀ,ਜੋ ਮੱਛਰਾਂ ਦੀਆਂ ਪ੍ਰਜਨਨ ਥਾਵਾਂ ਹਨ, ਦੀ ਪਛਾਣ ਕਰਕੇ ਉਨ੍ਹਾਂ ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਡੇਂਗੂ ਕਦੇ ਮੁੱਖ ਤੌਰ 'ਤੇ ਸ਼ਹਿਰੀ ਖ਼ਤਰਾ ਸੀ ਪਰ 2025 ਵਿੱਚ ਲਗਭਗ 42 ਫੀਸਦ ਮਾਮਲੇ ਪੇਂਡੂ ਖੇਤਰਾਂ ਤੋਂ ਰਿਪੋਰਟ ਕੀਤੇ ਗਏ।

## ਸਪੋਰਟਸ ਵਿੰਗ ਸਕੂਲ 'ਚ ਡੇ-ਸਕਾਲਰ ਖਿਡਾਰੀ/ਖਿਡਾਰਨਾਂ ਦੇ ਦਾਖ਼ਲੇ ਲਈ ਚੋਣ ਟਰਾਇਲ ਅੱਜ ਤੋਂ

**ਜਲੰਧਰ (ਸ਼ੈਲੀ ਐਲਬਰਟ)**- ਖੇਡ ਵਿਭਾਗ ਵੱਲੋਂ ਸੈਸ਼ਨ 2026-27 ਲਈ ਸਪੋਰਟਸ ਵਿੰਗ ਸਕੂਲ (ਲੜਕੇ-ਲੜਕੀਆਂ) ਅੰਡਰ-14,17 ਤੇ 19 ਵਿੱਚ ਹੋਣਹਾਰ ਡੇ-ਸਕਾਲਰ ਖਿਡਾਰੀ/ਖਿਡਾਰਨਾਂ ਦੇ ਦਾਖ਼ਲੇ ਲਈ 4 ਅਪ੍ਰੈਲ ਤੋਂ ਜ਼ਿਲ੍ਹਾ ਜਲੰਧਰ ਦੇ ਵੱਖ-ਵੱਖ ਸਥਾਨਾਂ 'ਤੇ ਚੋਣ ਟਰਾਇਲ ਕਰਵਾਏ ਜਾ ਰਹੇ ਹਨ। ਜ਼ਿਲ੍ਹਾ ਜਲੰਧਰ ਦੇ ਖੇਡ ਟਰਾਇਲਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਅਥਲੈਟਿਕਸ ਦੇ ਚੋਣ ਟਰਾਇਲ 4 ਤੋਂ 5 ਅਪ੍ਰੈਲ ਨੂੰ ਅਤੇ ਕੁਸ਼ਤੀ ਦੇ 4 ਤੇ 6 ਅਪ੍ਰੈਲ ਨੂੰ ਸਪੋਰਟਸ ਸਕੂਲ ਜਲੰਧਰ ਵਿਖੇ ਕਰਵਾਏ ਜਾਣਗੇ। ਇਸੇ ਤਰ੍ਹਾਂ ਜਿਮਨਾਸਟਿਕ, ਬਾਕਸਿੰਗ ਅਤੇ ਵਾਲੀਬਾਲ ਦੇ ਖੇਡ ਟਰਾਇਲ 6 ਅਪ੍ਰੈਲ ਨੂੰ ਸਪੋਰਟਸ ਸਕੂਲ ਜਲੰਧਰ ਵਿਖੇ ਹੋਣਗੇ।ਉਨ੍ਹਾਂ ਦੱਸਿਆ ਕਿ ਬਾਸਕਟਬਾਲ ਦੇ ਚੋਣ ਟਰਾਇਲ 4 ਤੇ 6 ਅਪ੍ਰੈਲ ਨੂੰ ਹੰਸ ਰਾਜ ਸਟੇਡੀਅਮ ਜਲੰਧਰ ਵਿਖੇ ਹੋਣਗੇ। ਇਸੇ ਤਰ੍ਹਾਂ ਹਾਕੀ ਦੇ ਟਰਾਇਲ 4 ਅਪ੍ਰੈਲ ਨੂੰ ਸੁਰਜੀਤ ਹਾਕੀ ਸਟੇਡੀਅਮ ਬਰਲਟਨ ਪਾਰਕ ਵਿਖੇ, ਫੁੱਟਬਾਲ ਦੇ ਟਰਾਇਲ 4 ਤੋਂ 6 ਅਪ੍ਰੈਲ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸੋਫੀ ਪਿੰਡ ਤੇ ਵਾਈ.ਐਫ.ਸੀ. ਅਕੈਡਮੀ ਰੁੜਕਾ ਕਲਾਂ ਵਿਖੇ ਅਤੇ 6 ਤੋਂ 7 ਅਪ੍ਰੈਲ ਨੂੰ ਸੰਤ ਬਾਬਾ ਭਾਗ ਸਿੰਘ ਸਕੂਲ ਜਲੰਧਰ ਵਿਖੇ ਹੋਣਗੇ। ਹੈਂਡਬਾਲ ਦੇ ਟਰਾਇਲ 4 ਅਪ੍ਰੈਲ ਨੂੰ ਹੈਂਡਬਾਲ ਕੋਚਿੰਗ ਸੈਂਟਰ ਦੁਸਾਂਝ ਕਲਾਂ, ਜਲੰਧਰ, ਵੇਟਲਿਫਟਿੰਗ ਦੇ 4 ਅਤੇ 6 ਅਪ੍ਰੈਲ ਨੂੰ ਵੇਟ ਲਿਫਟਿੰਗ ਕੋਚਿੰਗ ਸੈਂਟਰ, ਗੁਰੂ ਗੋਬਿੰਦ ਸਿੰਘ ਸਟੇਡੀਅਮ, ਜਲੰਧਰ ਵਿਖੇ, ਕ੍ਰਿਕਟ ਦੇ 5 ਤੇ 6 ਅਪ੍ਰੈਲ ਨੂੰ ਕ੍ਰਿਕਟ ਕੋਚਿੰਗ ਸੈਂਟਰ ਸਰਕਾਰੀ ਮਾਡਲ ਸਕੂਲ ਆਫ਼ ਐਮੀਨੈਂਸ ਲਾਡੋਵਾਲੀ ਰੋਡ, ਜਲੰਧਰ. ਬੈਡਮਿੰਟਨ ਦੇ 4 ਤੋਂ 6 ਅਪ੍ਰੈਲ ਨੂੰ ਵਾਈ.ਐਫ.ਸੀ. ਅਕੈਡਮੀ ਰੁੜਕਾ ਕਲਾਂ ਜਲੰਧਰ ਵਿਖੇ ਹੋਣਗੇ। ਜੂਡੋ ਦੇ ਖੇਡ ਟਰਾਇਲ 4 ਤੇ 5 ਅਪ੍ਰੈਲ ਨੂੰ ਸਰਕਾਰੀ ਮਾਡਲ ਸਕੂਲ ਆਫ਼ ਐਮੀਨੈਂਸ ਲਾਡੋਵਾਲੀ ਰੋਡ ਜਲੰਧਰ ਅਤੇ 4 ਤੋਂ 6 ਅਪ੍ਰੈਲ ਨੂੰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨਹਿਰੂ ਗਾਰਡਨ ਜਲੰਧਰ ਵਿਖੇ ਹੋਣਗੇ।ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਸਪੋਰਟਸ ਵਿੰਗਾਂ ਲਈ ਖਿਡਾਰੀ/ਖਿਡਾਰਨਾਂ ਦਾ ਜਨਮ ਅੰਡਰ-14 ਲਈ 1-1-2013, ਅੰਡਰ-17 ਲਈ 1-1-2010 ਅਤੇ ਅੰਡਰ-19 ਲਈ 1-1-2008 ਜਾਂ ਇਸ ਤੋਂ ਬਾਅਦ ਦਾ ਹੋਣਾ ਚਾਹੀਦਾ ਹੈ। ਖਿਡਾਰੀ ਵੱਲੋਂ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਵਿੱਚੋਂ ਕੋਈ ਇਕ ਪੁਜ਼ੀਸ਼ਨ ਪ੍ਰਾਪਤ ਕੀਤੀ ਹੋਵੇ ਜਾਂ ਉਸ ਵੱਲੋਂ ਸੂਬਾ ਪੱਧਰੀ ਮੁਕਾਬਲੇ ਵਿੱਚ ਹਿੱਸਾ ਲਿਆ ਹੋਵੇ। ਇਸ ਤੋਂ ਇਲਾਵਾ ਟਰਾਇਲ ਦੇ ਆਧਾਰ 'ਤੇ ਨਵੇਂ ਖਿਡਾਰੀ ਵਿਚਾਰੇ ਜਾ ਸਕਦੇ ਹਨ।ਉਨ੍ਹਾਂ ਕਿਹਾ ਕਿ ਯੋਗ ਖਿਡਾਰੀ ਉਕਤ ਮਿਤੀਆਂ ਅਨੁਸਾਰ ਸਬੰਧਤ ਟਰਾਇਲ ਸਥਾਨ 'ਤੇ ਸਵੇਰੇ 8 ਵਜੇ ਰਜਿਸਟ੍ਰੇਸ਼ਨ ਲਈ ਰਿਪੋਰਟ ਕਰ ਸਕਦੇ ਹਨ। ਦਾਖ਼ਲਾ ਫਾਰਮ ਨਿਰਧਾਰਤ ਮਿਤੀ ਨੂੰ ਟਰਾਇਲ ਸਥਾਨ 'ਤੇ ਜਾਂ ਇਸ ਤੋਂ ਪਹਿਲਾਂ ਦਫ਼ਤਰ ਜ਼ਿਲ੍ਹਾ ਖੇਡ ਅਫ਼ਸਰ ਜਲੰਧਰ ਤੋਂ ਮੁਫ਼ਤ ਪ੍ਰਾਪਤ ਕੀਤੇ ਜਾ ਸਕਦੇ ਹਨ। ਟਰਾਇਲਾਂ ਵਿੱਚ ਭਾਗ ਲੈਣ ਵਾਲੇ ਖਿਡਾਰੀ ਆਪਣੇ ਜਨਮ ਸਰਟੀਫਿਕੇਟ, ਆਧਾਰ ਕਾਰਡ ਅਤੇ ਖੇਡ ਪ੍ਰਾਪਤੀਆਂ ਦੇ ਅਸਲ ਸਰਟੀਫਿਕੇਟ ਸਮੇਤ ਫੋਟੋਆਂ ਕਾਪੀਆਂ, 2 ਤਾਜ਼ਾ ਪਾਸਪੋਰਟ ਸਾਈਜ਼ ਫੋਟੋਗ੍ਰਾਫ਼ ਨਾਲ ਲੈ ਕੇ ਆਉਣਾ ਯਕੀਨੀ ਬਣਾਉਣ।

## ਆਪ ਸਰਕਾਰ ਨੇ ਸਾਰੇ ਵਾਅਦੇ ਪੂਰੇ ਕੀਤੇ : ਪਵਨਜੀਤ ਸਿੰਘ ਸਿੱਧੂ



**ਬੰਗਾ (ਅਵਤਾਰ ਕਲੇਰ)**- ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲ ਹੋ ਗਏ ਹਨ। ਇਹ ਸਰਕਾਰ ਲੋਕਾਂ ਦੀਆਂ ਆਸਾਂ 'ਤੇ ਖਰਾ ਉਤਰ ਰਹੀ ਹੈ। ਸਰਕਾਰ ਨੇ ਸਾਰੇ ਵਾਅਦੇ ਪੂਰੇ ਕੀਤੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਸੰਗਠਨ ਇੰਚਾਰਜ ਪਵਨਜੀਤ ਸਿੰਘ ਸਿੱਧੂ ਨੇ ਪਿੰਡ ਜੰਡਿਆਲੀ, ਚੱਕ ਮੰਡੇਰ ਅਤੇ ਬਾਹੜ ਮਜਾਰਾ ਵਿਖੇ ਪਾਰਟੀ ਵਰਕਰਾਂ ਦੀਆਂ ਮੀਟਿੰਗਾਂ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਪਰਵਾਰ ਦੇ ਹਰ ਜੀਅ ਲਈ 10 ਲੱਖ ਦਾ ਬੀਮਾ, 40 ਹਜ਼ਾਰ ਪੇਂਡੂ ਸੜਕਾਂ ਦਾ ਨਿਰਮਾਣ, ਪੰਜਾਬ ਦੇ 90 ਫੀਸਦੀ ਲੋਕਾਂ ਦਾ ਬਿਜਲੀ ਦਾ ਬਿੱਲ ਜ਼ੀਰੋ ਆ ਰਿਹਾ ਹੈ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 92 ਹਜ਼ਾਰ ਤੋਂ ਵੱਧ ਨਸ਼ਾ ਤਸਕਰ ਗ੍ਰਿਫਤਾਰ, ਗੈਂਗਵਾਰ 'ਤੇ ਵਾਰ, ਹਰ ਮਹੀਨੇ ਔਰਤਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ 1500 ਰੁਪਏ ਮਿਲਣਗੇ। 65 ਹਜ਼ਾਰ ਤੋਂ ਵੱਧ ਸਰਕਾਰ ਨੌਕਰੀਆਂ, 50ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਲਈ ਮੁਫ਼ਤ ਤੀਰਥ ਯਾਤਰਾ ਲੋਕਾਂ ਲਈ ਵਰਦਾਨ ਸਾਬਤ ਹੋਈ। ਪੰਜਾਬ 'ਚ 2027 'ਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।ਇਸ ਮੌਕੇ ਯੂਥ ਆਗੂ ਕਮਲਜੀਤ ਸਿੰਘ ਮੇਹਲੀ, ਸੁਨੀਲ ਜੰਡਿਆਲੀ, ਵਿੱਦਿਆ ਦੇਵੀ ਪੰਚ, ਜੋਗਿੰਦਰ ਪਾਲ, ਧੰਨਾ ਰਾਮ, ਧਰਮਪਾਲ, ਸ਼ੰਕੁਤਲਾ ਦੇਵੀ, ਗੁਰਬਖਸ਼ ਕੌਰ, ਗੁਰਮੀਤ ਕੌਰ, ਰਜਨੀ ਜੰਡਿਆਲੀ ਆਦਿ ਹਾਜ਼ਰ ਸਨ।

## ਆੜ੍ਹਤੀ ਐਸੋਸੀਏਸ਼ਨ ਨੇ ਮੁੱਖ ਮੰਤਰੀ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਪੰਜਾਬ ਦੀ ਆੜਤੀ ਐਸੋਸੀਏਸ਼ਨ ਦੇ ਵਫ਼ਦ ਨੇ ਚੰਡੀਗੜ੍ਹ ਸਥਿਤ ਸੰਤ ਕਬੀਰ ਕੁਟੀਰ ਆਵਾਸ ਮੁਲਾਕਾਤ ਕੀਤੀ ਹੈ। ਇਸ ਦੌਰਾਨ ਪੰਜਾਬ ਦੇ ਆੜਤੀਆਂ ਨਾਲ ਜੁੜੀ ਵੱਖ-ਵੱਖ ਸਮਸਿਆਵਾਂ 'ਤੇ ਵਿਸਤਾਰ ਨਾਲ ਚਰਚਾ ਹੋਈ। ਵਫ਼ਦ ਨੇ ਮੁੱਖ ਮੰਤਰੀ ਨੂੰ ਜਾਣੂ ਕਰਾਇਆ ਕਿ ਪੰਜਾਬ ਵਿੱਚ ਲਗਭਗ 40 ਹਜਾਰ ਆੜਤੀ, ਕਰੀਬ ਸਵਾ ਲੱਖ ਮੁਨੀਮ ਅਤੇ 6-7 ਲੱਖ ਮਜਦੂਰ ਇਸ ਵਿਵਸਥਾ ਨਾਲ ਜੁੜੇ ਹੋਏ ਹਨ। ਮੌਜੂਦਾ ਵਿੱਚ ਆੜਤੀਆਂ ਦੇ ਸਾਹਮਣੇ ਆ ਰਹੀ ਮੁਸ਼ਕਲਾਂ ਦੇ ਚਲਦੇ ਪੰਜਾਬ ਵਿੱਚ ਆੜਤੀਆਂ ਦੀ ਹੜਤਾਲ ਚੱਲ ਰਹੀ ਹੈ, ਜਿਸ ਨਾਲ ਵਪਾਰਕ ਗਤੀਵਿਧੀਆਂ ਦੇ ਨਾਲ-ਨਾਲ ਲੱਖਾਂ ਪਰਿਵਾਰਾਂ ਦੀ ਆਜੀਵਿਕਾ ਪ੍ਰਭਾਵਿਤ ਹੋ ਰਹੀ ਹੈ। ਸਰਕਾਰ ਨਾਲ ਗਲਬਾਤ ਹੋਈ, ਪਰ ਕੋਈ ਹੱਲ ਨਹੀਂ ਹੋਇਆ। ਫਸਲ ਖਰੀਦ ਦੇ ਇਸ ਸੀਜ਼ਨ ਵਿੱਚ ਆੜਤੀ ਵਰਗ ਦੇ ਨਾਲ-ਨਾਲ ਲੇਬਰ ਤਬਕਾ ਅਤੇ ਕਿਸਾਨ ਵੀ ਪਰੇਸ਼ਾਨ ਹਨ।ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਸ ਵਿਸ਼ਾ 'ਤੇ ਗੰਭੀਰ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਉਹ ਖੁਦ ਕਈ ਵਾਰ ਪੰਜਾਬ ਦਾ ਦੌਰਾ ਕਰ ਚੁੱਕੇ ਹਨ ਅਤੇ ਉੱਥੇ ਹਰ ਵਰਗ ਚਾਹੇ ਕਿਸਾਨ ਹੋਵੇ, ਵਪਾਰੀ ਹੋਵੇ ਜਾਂ ਮਜਦੂਰ ਪਰੇਸ਼ਾਨ ਨਜ਼ਰ ਆਉਂਦਾ ਹੈ।

## ਰਾਇਤ ਇੰਟਰਨੈਸ਼ਨਲ ਸਕੂਲ 'ਚ ਨਵੇਂ ਅਕਾਦਮਿਕ ਸੈਸ਼ਨ ਦਾ ਆਗਾਜ਼

**ਪੋਜੇਵਾਲ (ਰਾਮ ਲਾਲ)**- ਰਾਇਤ ਇੰਟਰਨੈਸ਼ਨਲ ਸਕੂਲ ਰੈਲਮਾਜਰਾ ਵਿਖੇ ਨਵੇਂ ਵਿਦਿਆਰਥੀਆਂ ਦੇ ਸਵਾਗਤ ਲਈ ਇੱਕ ਪ੍ਰਭਾਵਸ਼ਾਲੀ ਸਵਾਗਤੀ ਸਮਾਰੋਹ ਦਾ ਆਯੋਜਨ ਬਹੁਤ ਹੀ ਉਤਸ਼ਾਹ ਅਤੇ ਗਰਮਜੋਸ਼ੀ ਨਾਲ ਕੀਤਾ



ਗਿਆ। ਇਸ ਮੌਕੇ ਸਕੂਲ ਕੈਂਪਸ ਨੂੰ ਰੰਗ-ਬਿਰੰਗੇ ਗੁਬਾਰਿਆਂ ਨਾਲ ਸਜਾਇਆ ਗਿਆ ਅਤੇ ਸਮੁੱਚੇ ਮਾਹੌਲ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ।ਪ੍ਰੋਗਰਾਮ ਦਾ ਆਰੰਭ ਸਕੂਲ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਰਵਾਏ ਗਏ ਪਵਿੱਤਰ ਹਵਨ ਅਤੇ ਸਵੇਰ ਦੀ ਸਭਾ ਨਾਲ ਹੋਇਆ। ਇਸ ਦੌਰਾਨ ਅਧਿਆਪਕਾਂ ਨੇ ਨਵੇਂ ਆਏ ਵਿਦਿਆਰਥੀਆਂ ਦੇ ਮੱਥੇ 'ਤੇ ਤਿਲਕ ਲਗਾ ਕੇ ਉਨ੍ਹਾਂ ਦਾ ਰਵਾਇਤੀ ਸਵਾਗਤ ਕੀਤਾ। ਸਕੂਲ ਦੇ ਪੁਰਾਣੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਮਨਮੋਹਕ ਰੰਗਾਰੰਗ ਪ੍ਰੋਗਰਾਮ ਨੇ ਸਭ ਦਾ ਮਨ ਮੋਹ ਲਿਆ।ਰਾਇਤ ਐਜੂਕੇਸ਼ਨਲ ਐਂਡ ਰਿਸਰਚ ਟਰੱਸਟ ਦੇ ਚੇਅਰਮੈਨ ਅਤੇ ਲੈਮਰਿਨ ਟੈਕ ਸਕਿਲਜ਼ ਯੂਨੀਵਰਸਿਟੀ ਦੇ ਚਾਂਸਲਰ ਨਿਰਮਲ ਸਿੰਘ ਰਾਇਤ ਨੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀ ਵਧਾਈ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਲੈਮਰਿਨ ਯੂਨੀਵਰਸਿਟੀ ਦੇ ਰਜਿਸਟਰਾਰ ਬੀ.ਐਸ. ਸਤਿਆਲ ਨੇ ਵੀ ਵਿਦਿਆਰਥੀਆਂ ਦਾ ਹੌਸਲਾ ਵਧਾਇਆ।ਸਕੂਲ ਦੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਪ੍ਰੇਰਨਾਦਾਇਕ ਭਾਸ਼ਣ ਦਿੱਤਾ ਅਤੇ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਮੱਲਾਂ ਮਾਰਨ ਲਈ ਉਤਸ਼ਾਹਿਤ ਕੀਤਾ। ਇਸ ਖ਼ਾਸ ਮੌਕੇ ਜਿਨ੍ਹਾਂ ਵਿਦਿਆਰਥੀਆਂ ਦਾ ਜਨਮ ਦਿਨ ਸੀ, ਉਨ੍ਹਾਂ ਨੂੰ ਉਚੇਚੇ ਤੌਰ 'ਤੇ ਮੁਬਾਰਕਬਾਦ ਦਿੱਤੀ ਗਈ ਅਤੇ ਵਿਦਿਆਰਥੀਆਂ ਨੂੰ ਉਪਹਾਰ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਨਵੀਨ ਜੋਸ਼ੀ, ਨੀਰੂ ਸ਼ਰਮਾ, ਪ੍ਰਭਜੋਤ ਕੌਰ, ਸਤਵਿੰਦਰ ਕੌਰ, ਪੂਨਮ ਸ਼ਰਮਾ, ਰਮਨੀਤ ਕੌਰ ਸਮੇਤ ਸਮੁੱਚਾ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

## ਗਊ ਸੇਵਾ ਸੰਮਤੀ ਦਾ ਗਠਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਡਿਤ ਹਰੀ ਚੰਦ ਸ਼ਾਹ ਜੀ ਦਰਬਾਰ ਗਊ ਸੇਵਾ ਸੰਮਤੀ ਵੱਲੋਂ ਅੰਬੋਹਾ ਹਿਮਾਚਲ ਵਿਖੇ ਇੱਕ ਗਊਸ਼ਾਲਾ ਚਲਾਈ ਜਾ ਰਹੀ ਹੈ ਜਿਸਦਾ ਹੋਰ ਵਿਸਥਾਰ ਕਰਨ ਲਈ ਹਿਮਾਚਲ ਤੋਂ ਇਲਾਵਾ ਪੰਜਾਬ



ਵਿੱਚ ਵੀ ਗਊ ਸੰਮਤੀ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ। ਇਸੇ ਸਬੰਧ ਵਿੱਚ ਪੰਡਿਤ ਹਰੀ ਚੰਦ ਸ਼ਾਹ ਜੀ ਦਰਬਾਰ ਗਊ ਸੇਵਾ ਸੰਮਤੀ ਦੇ ਮੁੱਖ ਸੰਚਾਲਕ ਰਕੇਸ਼ ਸ਼ਾਹ ਦੀ ਅਗਵਾਈ ਵਿੱਚ ਟਾਂਡਾ ਉੜਮੁੜ ਵਿਖੇ ਗਊ ਮਾਤਾ ਦੀ ਸਾਂਭ ਸੰਭਾਲ ਕਰਨ ਅਤੇ ਉਸਦੀ ਸੇਵਾ ਕਰਨ ਸਬੰਧੀ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ, ਸਵੈ-ਸੇਵੀ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਗਊ ਮਾਤਾ ਦੇ ਸ਼ਰਧਾਲੂਆਂ ਨੇ ਭਾਗ ਲਿਆ। ਇਸ ਮੌਕੇ ਤੇ ਰਕੇਸ਼ ਸ਼ਾਹ ਜੀ ਵੱਲੋਂ ਟਾਂਡਾ ਵਿਖੇ ਗਊਸ਼ਾਲਾ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਦੀਪਾ ਨੂੰ ਪ੍ਰਧਾਨ, ਪੰਮਾ ਉਪ ਪ੍ਰਧਾਨ, ਰਾਜੂ ਖੋਸਲਾ ਸੈਕਟਰੀ, ਸਾਜਣ ਸਹਿ ਸੈਕਟਰੀ ਅਤੇ ਰਿਕੀ ਨੂੰ ਸਰਬ ਸੰਮਤੀ ਨਾਲ ਖਜਾਨਚੀ ਨਿਯੁਕਤ ਕੀਤਾ ਗਿਆ। ਸਮਾਰੋਹ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਤੇ ਉਨ੍ਹਾਂ ਦੀ ਟੀਮ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜ਼ਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲਾ ਸਕੱਤਰ ਪੰਡਿਤ ਮਿਥਲੇਸ਼ ਗਰਗ ਅਤੇ ਹੋਰ ਸ਼ਿਵ ਸੈਨਿਕਾਂ ਨੇ ਨਵ ਗਠਿਤ ਗਊ ਸੇਵਾ ਸਮਿਤੀ ਨੂੰ ਆਪਣਾ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਤੇ ਕਮੇਟੀ ਮੈਂਬਰ ਤਰਸੇਮ ਕੁਮਾਰ, ਰਜਿੰਦਰ ਕੁਮਾਰ, ਮਨੀਸ਼ ਕੁਮਾਰ, ਸਾਜਨ ਕੁਮਾਰ, ਗੁਲਸ਼ਨ ਕੁਮਾਰ, ਕਾਰਤਿਕ, ਅਜੇ ਕੁਮਾਰ, ਜਤਿਨ, ਰਵੀ ਕੁਮਾਰ, ਪੰਮੀ, ਸੁਖਮਨੀ, ਰੁਕਮਣੀ, ਪਰਮਜੀਤ ਕੌਰ, ਰੇਨੂ ਰਾਜ, ਪ੍ਰੀਆ, ਅਨੂ, ਪ੍ਰਭਜੋਤ, ਕੁਲਵੰਤ ਕੌਰ, ਪਿੰਕੀ, ਰੇਨੂ ਅਤੇ ਹੋਰ ਮੈਂਬਰਾਂ ਨੂੰ ਦਰਬਾਰ ਗਊ ਸੇਵਾ ਸੰਮਤੀ ਦੇ ਮੈਂਬਰਾਂ ਨੇ ਮਾਤਾ ਦੀਆਂ ਚੁੰਨੀਆਂ ਪਾ ਕੇ ਸਨਮਾਨਤ ਕੀਤਾ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਨਵੇਂ ਵਿੱਦਿਅਕ ਸੈਸ਼ਨ ਦਾ ਆਗਾਜ਼

**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਨਵੇਂ ਵਿਦਿਅਕ ਸੈਸ਼ਨ ਦਾ ਆਗਾਜ਼ ਧਾਰਮਿਕ ਸਮਾਗਮ ਨਾਲ ਕੀਤਾ ਗਿਆ। ਇਸ ਦੌਰਾਨ ਸਕੂਲ ਕੈਂਪਸ 'ਚ ਸਪੈਸ਼ਲ ਅਸੈਂਬਲੀ ਦਾ ਅਯੋਜਨ ਕੀਤਾ ਗਿਆ। ਜਿਸ ਵਿੱਚ ਜਪੁਜੀ ਸਾਹਿਬ ਦੀਆਂ ਪੰਜ ਪੌੜੀਆਂ ਦੇ ਪਾਠ ਉਪਰੰਤ ਸ਼ਬਦ ਗਾਇਨ ਕੀਤਾ ਗਿਆ। ਸੁਖਮਨੀ ਸਾਹਿਬ ਦੇ ਪਾਠ ਕਰਨ ਉਪਰੰਤ ਵਿੱਦਿਅਕ ਅਦਾਰੇ ਅਤੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਸਕੂਲ ਦੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਨੇ ਕਿਹਾ ਕਿ ਨਵੇਂ ਸੁਪਨਿਆਂ ਅਤੇ ਇਛਾਵਾਂ ਨਾਲ ਅਸੀਂ ਇੱਕ ਹੋਰ ਸ਼ਾਨਦਾਰ ਅਕਾਦਮਿਕ ਯਾਤਰਾ 'ਚ ਕਦਮ ਰੱਖਿਆ ਹੈ ਅਤੇ ਮਾਪਿਆਂ ਤੇ ਬੱਚਿਆਂ ਦੇ ਸੁਪਨੇ ਪੂਰੇ ਕਰਨ ਲਈ ਪਰਮਾਤਮਾ ਅੱਗੇ ਅਰਦਾਸ ਕੀਤੀ ਹੈ। ਇਸ ਦੌਰਾਨ ਅਧਿਆਪਕਾਂ ਵੱਲੋਂ ਨਵੇਂ ਬੱਚਿਆਂ ਦਾ ਸਵਾਗਤ ਕੀਤਾ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਡਿੰਪਲ ਸ਼ਰਮਾ ਨੇ ਵਿਦਿਆਰਥੀਆਂ ਨੂੰ ਨਵੇਂ ਵਿੱਦਿਅਕ ਵਰ੍ਹੇ ਦੀ ਵਧਾਈ ਦਿੱਤੀ ਅਤੇ ਉਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

## ਸਿੱਖਿਆ ਨਾਲ ਰੋਜ਼ਗਾਰ ਦੇ ਸੁਨੇਹੇ ਨੂੰ ਅੱਗੇ ਵਧਾ ਰਹੀ ਸਰਬ ਨੌਜਵਾਨ ਸਭਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਰਬ ਨੌਜਵਾਨ ਸਭਾ ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਫਗਵਾੜਾ ਵੱਲੋਂ ਪ੍ਰਧਾਨ ਸੁਖਵਿੰਦਰ ਸਿੰਘ ਦੀ ਦੇਖਰੇਖ ਹੇਠ ਔਰਤਾਂ ਨੂੰ ਸਵੈ-ਰੁਜ਼ਗਾਰ ਨਾਲ ਜੋੜਨ ਅਤੇ ਆਤਮ-ਨਿਰਭਰ



ਬਣਾਉਣ ਦੇ ਉਦੇਸ਼ ਨਾਲ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਚਲਾਏ ਜਾ ਰਹੇ ਵੋਕੇਸ਼ਨਲ ਟਰੇਨਿੰਗ ਸੈਂਟਰ ਦਾ ਦੌਰਾ ਕਰਨ ਲਈ ਸੋਸਵਾ ਪੰਜਾਬ ਦੇ ਮੈਂਬਰ ਡਾਇਰੈਕਟਰ ਡਾ. ਜੀ.ਐਲ. ਗੋਇਲ ਵਿਸ਼ੇਸ਼ ਤੌਰ 'ਤੇ ਸੈਂਟਰ ਵਿਖੇ ਪਹੁੰਚੇ। ਉਨ੍ਹਾਂ ਦੇ ਨਾਲ ਸੋਸਵਾ ਪੰਜਾਬ ਦੇ ਮੈਂਬਰ ਅਨਿਲ ਕੌਸ਼ਿਕ ਰਿਟਾ. ਡੀ.ਜੀ.ਪੀ. ਵੀ ਸਨ। ਡਾ. ਗੋਇਲ ਨੇ ਸੈਂਟਰ ਦੇ ਕੰਮਕਾਜ ਦਾ ਜਾਇਜ਼ਾ ਲਿਆ ਅਤੇ ਸਿਖਲਾਈ ਹਾਸਲ ਕਰ ਰਹੀਆਂ ਲੜਕੀਆਂ ਨਾਲ ਗੱਲਬਾਤ ਕਰਕੇ ਉਹਨਾਂ ਨੂੰ ਦਿੱਤੀ ਜਾ ਰਹੀ ਸਿਖਲਾਈ ਪ੍ਰਤੀ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਸੋਸਵਾ ਦੀ ਟੀਮ ਨੂੰ ਦੱਸਿਆ ਕਿ ਸੈਂਟਰ ਰਾਹੀਂ ਹੁਣ ਤੱਕ ਸੈਂਕੜਿਆਂ ਲੜਕੀਆਂ ਬਿਊਟੀਸ਼ਨ, ਕਟਿੰਗ-ਟੇਲਰਿੰਗ, ਕੰਪਿਊਟਰ ਅਤੇ ਹੋਮ ਕੇਅਰ ਕੋਰਸਾਂ ਦੀ ਟਰੇਨਿੰਗ ਪ੍ਰਾਪਤ ਕਰਕੇ ਸਵੈ-ਰੁਜ਼ਗਾਰ ਨਾਲ ਜੁੜ ਚੁੱਕੀਆਂ ਹਨ ਅਤੇ ਆਪਣੇ ਪਰਿਵਾਰਾਂ ਦਾ ਆਰਥਕ ਸਹਾਰਾ ਬਣੀਆਂ ਹਨ। ਡਾ. ਗੋਇਲ ਨੇ ਸਭਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਲੋੜ ਅਨੁਸਾਰ ਇੱਕ ਹੋਰ ਨਵਾਂ ਕੋਰਸ ਸ਼ੁਰੂ ਕਰਨ ਦਾ ਸੁਝਾਅ ਵੀ ਦਿੱਤਾ। ਇਸ ਮੌਕੇ ਪ੍ਰੋਗਰਾਮਿੰਗ ਮੈਨੇਜਰ ਮੈਡਮ ਵਰਸ਼ਾ ਅਰੋੜਾ, ਸੈਂਟਰ ਦੇ ਮੈਨੇਜਰ ਜਗਜੀਤ ਸੇਠ, ਮੈਡਮ ਆਸ਼ੂ ਬੱਗਾ, ਮੈਡਮ ਗੁਰਜੀਤ ਕੌਰ, ਦਲਜੀਤ ਕੌਰ, ਮੈਡਮ ਲਕਸ਼ਮੀ, ਮੈਡਮ ਸੁਖਪ੍ਰੀਤ ਕੌਰ, ਮੈਡਮ ਖੁਸ਼ੀ ਰਾਣਾ, ਗੁਰਦੀਪ ਸਿੰਘ ਤੁਲੀ, ਗੁਰਮੀਤ ਸਿੰਘ ਪਲਾਹੀ, ਗੁਲਸ਼ਨ ਕਪੂਰ, ਰਣਜੀਤ ਸਿੰਘ ਬੇਦੀ, ਸਿਖਲਾਈ ਲੈ ਰਹੀਆਂ ਵਿਦਿਆਰਥਣਾਂ ਕੋਮਲਪ੍ਰੀਤ, ਮੋਨਿਕਾ, ਰਜਨੀ, ਅਨੁਰਾਧਾ, ਤਾਨੀਆ, ਅਰਾਧਨਾ, ਦਿਵਿਆ, ਗੋਮਤੀ, ਅਮਨਜੋਤ ਹਾਜ਼ਰ ਸਨ।

## ਭਾਰਤੀ ਹਾਕੀ ਦੇ ਮਹਾਨ ਖਿਡਾਰੀਆਂ ਵੱਲੋਂ ਏ ਜੀ ਆਈ ਇੰਫਰਾ ਲਿਮਟਿਡ ਦੀ ਪਸੰਸਾ

**ਜਲੰਧਰ (ਰਾਜੇਸ਼ ਥਾਪਾ)**- ਮਿੱਠਾਪੁਰ ਹਾਕੀ ਸਟੇਡੀਅਮ ਵਿੱਚ ਆਯੋਜਿਤ ਹਾਲੀਆ ਹਾਕੀ ਚੈਂਪੀਅਨਸ਼ਿਪ ਦੌਰਾਨ ਪੰਜਾਬ ਹਾਕੀ ਐਸੋਸੀਏਸ਼ਨ ਦੇ ਅਧਿਕਾਰੀਆਂ, ਹਾਕੀ ਦੇ ਦਿੱਗਜਾਂ ਅਤੇ ਸਾਬਕਾ ਓਲੰਪਿਅਨਾਂ ਨੇ ਏ ਜੀ ਆਈ ਇਨਫਰਾ ਲਿਮਟਿਡ ਅਤੇ ਇਸ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਵੱਲੋਂ ਖੇਡਾਂ ਦੇ ਪ੍ਰਚਾਰ ਅਤੇ ਵਿਕਾਸ ਲਈ ਕੀਤੇ ਗਏ ਯੋਗਦਾਨ ਦੀ ਸਰਾਹਨਾ ਕੀਤੀ।ਆਪਣੇ ਸੰਦੇਸ਼ ਵਿੱਚ ਸੁਖਦੇਵ ਸਿੰਘ ਨੇ ਯੂਥ ਸਪੋਰਟਸ ਕਲੱਬ ਮਿੱਠਾਪੁਰ ਅਤੇ ਪੰਜਾਬ ਹਾਕੀ ਐਸੋਸੀਏਸ਼ਨ ਦੇ ਆਯੋਜਕਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਨੌਜਵਾਨ ਖਿਡਾਰੀਆਂ ਲਈ ਇਸ ਚੈਂਪੀਅਨਸ਼ਿਪ ਦਾ ਬਹੁਤ ਹੀ ਸਫਲ ਆਯੋਜਨ ਕੀਤਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਯੂਥ ਸਪੋਰਟਸ ਕਲੱਬ ਮਿੱਠਾਪੁਰ ਪਿੰਡ ਦੇ ਨੌਜਵਾਨਾਂ ਨੂੰ ਸਹੀ ਦਿਸ਼ਾ ਵਿੱਚ ਲੈ ਕੇ ਜਾ ਰਿਹਾ ਹੈ ਅਤੇ 100 ਤੋਂ ਵੱਧ ਖਿਡਾਰੀਆਂ ਦੀ ਹਾਕੀ ਅਕੈਡਮੀ ਚਲਾ ਰਿਹਾ ਹੈ।ਅੰਤਰਰਾਸ਼ਟਰੀ ਖੇਡ ਆਯੋਜਕ ਸੁਰਿੰਦਰ ਭਾਂਬਰੀ, ਜੋ ਏ ਜੀ ਆਈ ਇੰਫਰਾ ਲਿਮਟਿਡ



ਅਤੇ ਸੁਖਦੇਵ ਸਿੰਘ ਵਲੋਂ ਇਸ ਸਮਾਗਮ ਵਿੱਚ ਸ਼ਾਮਲ ਹੋਏ, ਨੇ ਵੀ ਪੰਜਾਬ ਹਾਕੀ ਐਸੋਸੀਏਸ਼ਨ ਅਤੇ ਯੂਥ ਸਪੋਰਟਸ ਕਲੱਬ ਮਿੱਠਾਪੁਰ ਦੇ ਉਪਰਾਲਿਆਂ ਦੀ ਖੂਬ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਪਿੰਡ ਵਾਸੀਆਂ ਵੱਲੋਂ ਨੌਜਵਾਨਾਂ ਨੂੰ ਮਿਲ ਰਹੇ ਪੂਰੇ ਸਹਿਯੋਗ ਨੂੰ ਵੀ ਸਰਾਹਿਆ।ਉਹਨਾ ਕਿਹਾ ਕਿ ਪਿੰਡ ਦੀ ਇਸ ਖੇਡ ਸੰਸਕ੍ਰਿਤੀ ਦੇ ਕਾਰਨ ਇੱਥੋਂ ਕਈ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਅਤੇ ਓਲੰਪਿਅਨ ਤਿਆਰ ਹੋਏ ਹਨ, ਜਿਨ੍ਹਾਂ ਵਿੱਚ ਪਦਮ ਸਰਦਾਰ ਪ੍ਰਗਟ ਸਿੰਘ, ਭਾਰਤੀ ਹਾਕੀ ਦੇ ਕੈਪਟਨ ਮਨਪ੍ਰੀਤ ਸਿੰਘ, ਮਨਦੀਪ ਸਿੰਘ, ਸਵਰੂਪ ਸਿੰਘ ਅਤੇ ਕੁਲਵੰਤ ਸਿੰਘ ਸ਼ਾਮਲ ਹਨ।

ਇਸ ਮੌਕੇ ਮੁੱਖ ਮਹਿਮਾਨ ਪਰਗਟ ਸਿੰਘ ਦੇ ਨਾਲ ਸੁਰਿੰਦਰ ਭਾਂਬਰੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦੌਰਾਨ ਭਾਂਬਰੀ ਨੇ ਭਰੋਸਾ ਦਿਵਾਇਆ ਕਿ ਏ ਜੀ ਆਈ ਇੰਫਰਾ ਲਿਮਟਿਡ ਸੁਖਦੇਵ ਸਿੰਘ ਦੀ ਅਗਵਾਈ ਵਿੱਚ ਯੂਥ ਸਪੋਰਟਸ ਕਲੱਬ ਮਿੱਠਾਪੁਰ ਦੇ ਉਪਰਾਲਿਆਂ ਨੂੰ ਹਮੇਸ਼ਾ ਸਮਰਥਨ ਦੇਵੇਗੀ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਦੇ ਪ੍ਰਚਾਰ ਨੂੰ ਆਪਣਾ ਮਿਸ਼ਨ ਬਣਾਈ ਰੱਖੇਗੀ।

## ਨਵੇਂ ਵਿੱਦਿਅਕ ਸੈਸ਼ਨ ਦੇ ਪਹਿਲੇ ਦਿਨ ਸਕੂਲ ਪਹੁੰਚਣ 'ਤੇ ਬੱਚਿਆਂ ਦਾ ਨਿੱਘਾ ਸਵਾਗਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜੀ ਸਕੂਲ ਵਿਖੇ ਨਵੇਂ ਵਿੱਦਿਅਕ ਸੈਸ਼ਨ ਦੇ ਪਹਿਲੇ ਦਿਨ ਬੱਚਿਆਂ ਦਾ ਸਕੂਲ ਪਹੁੰਚਣ 'ਤੇ ਅਧਿਆਪਕਾਂ ਨੇ ਨਿੱਘੀ ਮੁਸਕਰਾਹਟ ਨਾਲ ਸਵਾਗਤ ਕੀਤਾ।ਦਿਨ ਦੀ ਸ਼ੁਰੂਆਤ ਸਕਾਰਾਤਮਕਤਾ ਤੇ ਖੁਸ਼ੀ ਨਾਲ ਹੋਈ।ਸਕੂਲ 'ਚ ਵਿਦਿਆਰਥੀਆਂ ਲਈ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਤੇ ਅਧਿਆਪਕਾਂ ਨੇ ਇਕੱਠੇ ਆਉਣ ਵਾਲੇ ਸਫਲ ਸਾਲ ਲਈ ਪ੍ਰਮਾਤਮਾ ਅੱਗੇ ਪ੍ਰਾਰਥਨਾ ਕੀਤੀ।ਬੱਚਿਆਂ ਨੇ ਹੱਸਦੇ-ਖੇਡਦੇ ਅਧਿਆਪਕਾਂ ਦੇ ਨਾਲ ਸਕੂਲ ਦੇ ਪਹਿਲੇ ਦਿਨ ਦਾ ਅਨੰਦ ਮਾਣਿਆ।ਬੱਚਿਆਂ ਨੇ ਕਾਰਟੂਨ ਕਰੈਕਟਰਾਂ ਨਾਲ ਮਿਲ ਕੇ ਡਾਂਸ ਪੇਸ਼ ਕੀਤਾ।ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਗੀਤਾ ਪਿੱਲੇ ਨੇ ਸਕੂਲੀ ਦੇ ਪਹਿਲੇ ਦਿਨ ਵਿਦਿਆਰਥੀਆਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਇਸ ਸੈਸ਼ਨ ਦੌਰਾਨ ਵਿਦਿਆਰਥੀਆਂ ਦੇ ਚੰਗੇ ਤੇ ਉੱਜਵਲ ਭਵਿੱਖ ਲਈ ਉਹ ਵੱਖ-ਵੱਖ ਪ੍ਰਕਾਰ ਦੀਆਂ ਗਤੀਵਿਧੀਆਂ ਦਾ ਆਯੋਜਨ ਕਰਨਗੇ, ਜਿਨ੍ਹਾਂ ਨਾਲ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਪੈਦਾ ਹੋ ਸਕੇ ਤੇ ਉਹ ਦੇਸ਼ ਦੇ ਚੰਗੇ ਨਾਗਰਿਕ ਬਣ ਸਕਣ।

## ਵਰਲਡ ਯੂਨੀਵਰਸਿਟੀ ਵਿਖੇ 'ਭਗਤ ਰਵਿਦਾਸ : ਜੀਵਨ, ਬਾਣੀ ਤੇ ਸ਼ਖਸੀਅਤ' 'ਤੇ ਵਿਸ਼ੇਸ਼ ਭਾਸ਼ਣ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵੱਲੋਂ 'ਭਗਤ ਰਵਿਦਾਸ : ਜੀਵਨ, ਬਾਣੀ ਤੇ ਸ਼ਖਸੀਅਤ' ਵਿਸ਼ੇ ਉੱਪਰ ਵਿਸ਼ੇਸ਼ ਲੈਕਚਰ ਕਰਵਾਇਆ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਭਾਰਤ ਦੇ ਅਧਿਆਤਮ ਜਗਤ ਵਿੱਚ ਮਹੱਤਵਪੂਰਨ ਸਥਾਨ ਹੈ।ਉਨ੍ਹਾਂ ਆਖਿਆ ਕਿ ਗੁਰੂ ਰਵਿਦਾਸ ਜੀ ਨੇ ਭਾਰਤੀ ਸਮਾਜ ਵਿੱਚ ਫੈਲੀ ਹੋਈ ਉਚ-ਨੀਚ ਦੀ ਬਿਮਾਰੀ ਨੂੰ ਜੜ੍ਹੋਂ ਪੁੱਟਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।ਉਨ੍ਹਾ ਬਾਣੀ ਤੇ ਸ਼ਖਸੀਅਤ ਤੋਂ ਸੇਧ ਲੈ ਕੇ ਮਨੁੱਖ ਆਪਣਾ ਤੇ ਦੂਜਿਆਂ ਦਾ ਵੀ ਭਲਾ ਕਰ ਸਕਦਾ ਹੈ।ਇਸ ਵਿਸ਼ੇਸ਼ ਭਾਸ਼ਣ ਲਈ ਵਿਦਵਾਨ ਵਕਤਾ ਡਾ. ਜਸਪਾਲ ਕੌਰ ਕਾਂਗ, ਸੇਵਾ ਮੁਕਤ ਪ੍ਰੋਫੈਸਰ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਭਾਸ਼ਣ ਵਿੱਚ ਦੱਸਿਆ ਕਿ ਗੁਰੂ ਰਵਿਦਾਸ ਜੀ ਨੇ ਆਪਣੇ ਜੀਵਨ ਵਿੱਚ ਭਾਵੇਂ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕੀਤਾ, ਪਰ ਪ੍ਰਮਾਤਮਾ ਦੇ ਨਾਲ ਜੁੜੇ ਹੋਣ ਕਰਕੇ ਉਨ੍ਹਾਂ ਉੱਚੀ ਪਦਵੀ ਪ੍ਰਾਪਤ ਕੀਤੀ।ਇਸੇ ਕਰਕੇ ਉਨ੍ਹਾਂ ਦੀ ਬਾਣੀ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਵੀ ਸ਼ਾਮਲ ਕੀਤਾ।ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਗੁਰੂ ਸਾਹਿਬ ਦੇ ਜੀਵਨ ਤੇ ਬਾਣੀ ਵਿੱਚੋਂ ਮਿਲਦੀ ਸਾਂਝੀਵਾਲਤਾ ਤੇ ਬਰਾਬਰਤਾ ਦੇ ਸੰਦੇਸ਼ ਉੱਪਰ ਜ਼ੋਰ ਦਿੱਤਾ।ਸਮਾਗਮ ਦੀ ਸ਼ੁਰੂਆਤ ਡਾ. ਹਰਦੇਵ ਸਿੰਘ ਐਸੋਸੀਏਟ ਪ੍ਰੋਫੈਸਰ ਤੇ ਮੁਖੀ ਵਿਭਾਗ ਦੇ ਸਵਾਗਤੀ ਸ਼ਬਦਾਂ ਨਾਲ ਹੋਈ।ਅਖੀਰ ਵਿੱਚ ਡਾ. ਕਿਰਨਦੀਪ ਕੌਰ ਐਸੋਸੀਏਟ ਪ੍ਰੋਫੈਸਰ ਧਰਮ ਅਧਿਐਨ ਵਿਭਾਗ ਨੇ ਆਪਣਾ ਧੰਨਵਾਦੀ ਮਤਾ ਪੇਸ਼ ਕੀਤਾ।ਸਟੇਜ ਸੰਚਾਲਨ ਦੀ ਭੂਮਿਕਾ ਡਾ. ਪਲਵਿੰਦਰ ਕੌਰ ਨੇ ਨਿਭਾਈ। ਇਸ ਸਮਾਗਮ ਵਿੱਚ ਵੱਖ ਵੱਖ ਵਿਭਾਗਾਂ ਦੇ ਮੁਖੀ, ਇੰਚਾਰਜ ਸਾਹਿਬਾਨ, ਅਧਿਆਪਕ ਸਾਹਿਬਾਨ ਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।

## ਬਾਬਾ ਸਾਹਿਬ ਤੁਝੇ ਸਲਾਮ ਸਾਲਾਨਾ ਪ੍ਰੋਗਰਾਮ 12 ਨੂੰ, ਪੋਸਟਰ ਜਾਰੀ



**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਪ੍ਰਸਿੱਧ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ 27ਵਾਂ ਸੂਬਾ ਪੱਧਰੀ ਸਾਲਾਨਾ ਪ੍ਰੋਗਰਾਮ ਬਾਬਾ ਸਾਹਿਬ ਤੁਝੇ ਸਲਾਮ 12 ਅਪ੍ਰੈਲ ਨੂੰ ਸ੍ਰੀ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਕਰਵਾਇਆ ਜਾਵੇਗਾ।ਇਹ ਪ੍ਰੋਗਰਾਮ ਮਿਸ਼ਨ ਦੀ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ (ਸਾਬਕਾ ਮੈਂਬਰ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ, ਚੰਡੀਗੜ੍ਹ) ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਪ੍ਰੋਗਰਾਮ ਦਾ ਪੋਸਟਰ ਸਮਾਜ ਸੇਵੀ ਸ੍ਰੀ ਜਸਵੰਤ ਸਿੰਘ ਖਹਿਰਾ, ਮੁੱਖ ਸਕੱਤਰ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ ਵੱਲੋਂ ਜਾਰੀ ਕੀਤਾ ਗਿਆ।ਇਸ ਮੌਕੇ ਭਾਰਤੀਯ ਅੰਬੇਡਕਰ ਮਿਸ਼ਨ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪ੍ਰੋਗਰਾਮ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਪ੍ਰਸਿੱਧ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।ਇਸ ਸੂਬਾ ਪੱਧਰੀ ਸਮਾਗਮ ਵਿੱਚ ਪੰਜਾਬ ਸਮੇਤ ਹੋਰ ਸੂਬਿਆਂ ਤੋਂ ਵੀ ਵਿਸ਼ੇਸ਼ ਮਹਿਮਾਨ ਸ਼ਿਰਕਤ ਕਰਨਗੇ।ਦਰਸ਼ਨ ਕਾਂਗੜਾ ਨੇ ਸਭਨਾਂ ਨੂੰ ਇਸ ਸਮਾਗਮ ਵਿੱਚ ਸ਼ਾਮਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ।ਇਸ ਮੌਕੇ ਮੁਕੇਸ਼ ਰਤਨਾਕਰ (ਸੂਬਾ ਪ੍ਰਧਾਨ), ਕਮਲ ਕੁਮਾਰ ਗੋਗਾ, ਰਾਣਾ ਬਾਲੂ, ਐੱਚ. ਐੱਸ. ਸ਼ੰਮੀ (ਮੀਡੀਆ ਇੰਚਾਰਜ), ਜਸਵਿੰਦਰ ਸਿੰਘ ਸੁਨਾਮ, ਜਗਸੀਰ ਸਿੰਘ ਬਡਰੁੱਖਾਂ, ਜਗਸੀਰ ਸਿੰਘ, ਹੈਪੀ ਹੀਰਾ, ਸਾਜਨ ਕਾਂਗੜਾ ਆਦਿ ਮੌਜੂਦ ਸਨ।

## ਸਰਬਜੀਤ ਕੌਰ ਦਾ ਬਲਾਕ ਸੰਮਤੀ ਚੇਅਰਪਰਸਨ ਬਣਨ 'ਤੇ ਸਨਮਾਨ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪਿਛਲੇ ਕੁੱਝ ਮਹੀਨੇ ਪਹਿਲਾਂ ਪੰਜਾਬ ਵਿੱਚ ਹੋਈਆਂ ਬਲਾਕ ਸੰਮਤੀ ਦੀਆਂ ਚੋਣਾਂ ਵਿੱਚੋਂ ਜਿੱਤੇ ਮੈਂਬਰਾਂ ਵੱਲੋਂ ਪੂਰੇ ਪੰਜਾਬ ਵਿੱਚ ਆਪਣੇ-ਆਪਣੇ ਹਲਕੇ ਦੇ ਚੇਅਰਪਰਸਨ ਤੇ ਵਾਈਸ ਚੇਅਰਮੈਨ ਚੁਣੇ ਗਏ।ਇਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਬਲਾਕ ਸੰਮਤੀ ਚੇਅਰਮੈਨ ਦੀ ਚੋਣ ਹੋਈ, ਜਿਸ ਵਿੱਚ ਪਿੰਡ ਨੱਥੂਵਾਲਾ ਗਰਬੀ ਤੋਂ ਇਸਤਰੀ ਵਿੰਗ ਦੇ ਹਲਕਾ ਕੋਆਰਡੀਨੇਟਰ ਬੀਬੀ ਸਰਬਜੀਤ ਕੌਰ ਨੂੰ ਚੇਅਰਪਰਸਨ ਚੁਣਿਆ ਗਿਆ, ਜਿਸ ਤੋਂ ਬਾਅਦ ਉਨ੍ਹਾਂ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗ ਗਿਆ। ਇਸੇ ਤਹਿਤ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਪਲੈਨਿੰਗ ਬੋਰਡ ਬਰਿੰਦਰ ਕੁਮਾਰ ਮਧੇਕੇ ਨੇ ਵੀ ਚੇਅਰਪਰਸਨ ਸਰਬਜੀਤ ਕੌਰ ਨੱਥੂਵਾਲਾ ਦਾ ਸਨਮਾਨ ਉਨ੍ਹਾਂ ਦੇ ਘਰ ਜਾ ਕੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੀ ਹਾਜ਼ਰ ਸਨ।ਚੇਅਰਮੈਨ ਮਧੇਕੇ ਨੇ ਇਸ ਮੌਕੇ ਕਿਹਾ ਕਿ ਪਾਰਟੀ ਵੱਲੋਂ ਸਮੇਂ-ਸਮੇਂ 'ਤੇ ਪਾਰਟੀ ਦੇ ਮਿਹਨਤੀ ਤੇ ਲਗਨ ਵਾਲੇ ਆਗੂਆਂ ਨੂੰ ਉੱਚ ਅਹੁਦਿਆਂ ਨਾਲ ਮਾਨ ਸਨਮਾਨ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਬੀਬੀ ਸਰਬਜੀਤ ਕੌਰ ਵੀ ਸਾਡੀ ਪਾਰਟੀ ਦੇ ਬਹੁਤ ਹੀ ਮਿਹਨਤੀ ਤੇ ਲਗਨ ਨਾਲ ਕੰਮ ਕਰਨ ਵਾਲੇ ਆਗੂ ਹਨ। ਇਸੇ ਕਰਕੇ ਅੱਜ ਉਨ੍ਹਾਂ ਨੂੰ ਪਾਰਟੀ ਵੱਲੋਂ ਚੇਅਰਪਰਸਨ ਦੀ ਕੁਰਸੀ 'ਤੇ ਬਿਠਾਇਆ ਗਿਆ ਹੈ, ਜਿੱਥੇ ਅਸੀਂ ਅੱਜ ਉਨ੍ਹਾਂ ਨੂੰ ਵਧਾਈ ਦਿੰਦੇ ਹਾਂ, ਉੱਥੇ ਹੀ ਅਸੀਂ ਉਨ੍ਹਾਂ ਤੋਂ ਆਉਣ ਵਾਲੇ ਸਮੇਂ ਵਿੱਚ ਹਲਕਾ ਬਾਘਾ ਪੁਰਾਣਾ ਦੇ ਪਿੰਡਾਂ ਦੇ ਵਿਕਾਸ ਨੂੰ ਤਰਜੀਹ ਦੇਣ ਦੀ ਉਮੀਦ ਕਰਦੇ ਹਾਂ।ਇਸ ਮੌਕੇ ਪਿੰਡ ਨੱਥੂਵਾਲਾ ਤੋਂ ਸਰਪੰਚ ਨਿਰਵੈਰ ਸਿੰਘ ਬਰਾੜ, ਯੂਥ ਆਗੂ ਗੁਰਪ੍ਰੀਤ ਸਿੰਘ ਮਾਹਲਾ ਤੇ ਵੱਡੀ ਗਿਣਤੀ ਵਿੱਚ ਪਾਰਟੀ ਦੇ ਵਲੰਟੀਅਰ ਹਾਜ਼ਰ ਸਨ।

## ਕਿਰਤੀ ਕਿਸਾਨ ਯੂਨੀਅਨ ਦੀ ਮਾਣੂੰਕੇ ਵਿਖੇ ਜ਼ਿਲ੍ਹਾ ਪੱਧਰੀ ਮੀਟਿੰਗ



**ਜਗਰਾਉਂ (ਸੰਜੀਵ ਅਰੋੜਾ)**-ਕਿਰਤੀ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਪਿੰਡ ਮਾਣੂੰਕੇ ਵਿਖੇ ਕਿਸਾਨ ਆਗੂ ਜਗਰੂਪ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸਾਧੂ ਸਿੰਘ ਅੱਚਰਵਾਲ ਤੇ ਜ਼ਿਲ੍ਹਾ ਸਕੱਤਰ ਬਲਵਿੰਦਰ ਸਿੰਘ ਕੋਠੇ ਪੋਨਾ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨਾਂ ਦੀਆਂ ਹੱਕੀ ਮੰਗਾਂ ਮੰਨਵਾਉਣ ਲਈ ਪੰਜਾਬ ਵਿੱਚ 6 ਅਪ੍ਰੈਲ ਨੂੰ ਡਿਪਟੀ ਕਮਿਸ਼ਨਰਾਂ ਦੇ ਦਫ਼ਤਰ ਅੱਗੇ ਰੋਸ ਧਰਨੇ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੀਡ ਬਿੱਲ, ਸਮਾਰਟ ਮੀਟਰ ਤੇ ਮੋਦੀ ਸਰਕਾਰ ਵੱਲੋਂ ਲਿਆਂਦੇ ਨਵੇਂ ਲੇਬਰ ਕੋਡ ਖਿਲਾਫ ਜ਼ਿਲ੍ਹਾ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਅੱਗੇ 6 ਅਪ੍ਰੈਲ ਨੂੰ ਸਵੇਰੇ ਗਿਆਰਾਂ ਵਜੇ ਰੋਸ ਧਰਨਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਮੰਡੀਆਂ ਵਿੱਚ ਕਿਸਾਨਾਂ ਦੇ ਅੰਗੂਠੇ ਦੇ ਨਿਸ਼ਾਨ ਲੈ ਕੇ ਫ਼ਸਲ ਖਰੀਦ ਰਹੀ ਹੈ ਤੇ ਬਹੁਤ ਸਾਰੇ ਕਿਸਾਨਾਂ ਦੇ ਅੰਗੂਠੇ ਦੇ ਨਿਸ਼ਾਨ ਨਹੀਂ ਆ ਰਹੇ, ਜਿਸ ਕਰਕੇ ਕਿਸਾਨਾਂ ਨੂੰ ਖੱਜਲ ਖੁਆਰ ਹੋਣਾ ਪੈ ਰਿਹਾ ਤੇ ਪੰਜਾਬ ਵਿੱਚ ਵੀ ਆੜ੍ਹਤੀਆਂ ਦੀ ਹੜਤਾਲ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਖੱਜਲ ਖੁਆਰ ਕਰਨਾ ਸਰਕਾਰ ਬੰਦ ਕਰੇ ਤੇ ਕਣਕ ਦੀ ਖਰੀਦ ਦੇ ਸਾਰੇ ਪ੍ਰਬੰਧ ਮੁਕੰਮਲ ਕਰੇ। ਇਸ ਮੌਕੇ ਜਥੇਬੰਦੀ ਵੱਲੋਂ ਅਮਰੀਕਾ ਇਜ਼ਰਾਈਲ ਵੱਲੋਂ ਸ਼ੁਰੂ ਕੀਤੀ ਈਰਾਨ ਨਾਲ ਜੰਗ ਦਾ ਸਖ਼ਤ ਸ਼ਬਦਾਂ ਵਿਚ ਵਿਰੋਧ ਕੀਤਾ। ਇਸ ਮੌਕੇ ਮੀਤ ਪ੍ਰਧਾਨ ਰਮਨਜੀਤ ਝੋਰੜਾਂ, ਪ੍ਰਧਾਨ ਗੁਰਚਰਨ ਸਿੰਘ ਰਸੂਲਪੁਰ, ਹਰਪ੍ਰੀਤ ਸਿੰਘ ਸਿੱਧੂ, ਸੁਖਪ੍ਰੀਤ ਸਿੰਘ ਸਿੱਧੂ, ਗੁਰਮੀਤ ਸਿੰਘ ਸਿੱਧੂ, ਜਿੰਦਰ ਮਾਣੂੰਕੇ, ਗੁਰਮੇਲ ਸਿੰਘ ਰਸੂਲਪੁਰ, ਚਰਨਜੀਤ ਸਿੰਘ ਭੰਮੀਪੁਰਾ, ਤੇਜਾ ਸਿੰਘ ਪੱਬੀਆਂ, ਗੁਰਚਰਨ ਸਿੰਘ, ਸੁਖਦੇਵ ਸਿੰਘ ਮਾਣੂੰਕੇ, ਸੁਖਦੇਵ ਸਿੰਘ ਚਕਰ, ਗੱਗੂ ਝੋਰੜਾ, ਬਚਨ ਸਿੰਘ, ਹਰਮਿੰਦਰ ਸਿੰਘ ਰਾਮਗੜ੍ਹ, ਦਰਸ਼ਨ ਸਿੰਘ, ਜਲੌਰ ਸਿੰਘ, ਗੁਰਦੇਵ ਸਿੰਘ ਤੇ ਚੰਦ ਸਿੰਘ ਆਦਿ ਹਾਜ਼ਰ ਸਨ।

## 40 ਗ੍ਰਾਮ ਚਿੱਟੇ/ ਹੈਰੋਇਨ ਸਮੇਤ 2 ਕਾਬੂ

**ਲੌਂਗੋਵਾਲ (ਪ੍ਰਦੀਪ ਸੱਪਲ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਪੁਲਸ ਵੱਲੋਂ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਸਰਤਾਜ ਸਿੰਘ ਚਾਹਲ ਐੱਸ.ਐੱਸ.ਪੀ. ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਹਰਵਿੰਦਰ ਸਿੰਘ ਖਹਿਰਾ ਡੀ.ਐੱਸ.ਪੀ. ਸੁਨਾਮ ਦੀ ਸੁਪਰਵੀਜ਼ਨ ਤਹਿਤ ਥਾਣਾ ਲੌਂਗੋਵਾਲ ਦੀ ਪੁਲਸ ਨੇ ਕਾਮਯਾਬੀ ਦਰਜ ਕੀਤੀ ਹੈ।

ਇਸ ਕੇਸ ਵਿੱਚ ਸਹਾਇਕ ਥਾਣੇਦਾਰ ਗੁਰਤੇਜ ਸਿੰਘ ਥਾਣਾ ਲੌਂਗੋਵਾਲ ਨੇ ਸਮੇਤ ਪੁਲਸ ਪਾਰਟੀ ਦੇ ਗਸ਼ਤ ਬਾ ਚੈਕਿੰਗ ਸਮੇਂ ਮੁਖਬਰੀ ਮਿਲਣ 'ਤੇ ਸੋਨੀ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਰੰਧਾਵਾ ਪੱਤੀ ਲੌਂਗੋਵਾਲ ਤੇ ਬਲਵਿੰਦਰ ਸਿੰਘ ਉਰਫ ਵਿਸਕੀ ਪੁੱਤਰ ਗੁਰਮੇਲ ਸਿੰਘ ਵਾਸੀ ਹੈਬੋ ਪੱਤੀ ਦੁੱਗਾਂ ਥਾਣਾ ਲੌਂਗੋਵਾਲ ਵਿਰੁੱਧ ਮੁਕੱਦਮਾ ਦਰਜ ਕਰਵਾਇਆ ਹੈ। ਉਕਤਾਨ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਤੋਂ 40 ਗ੍ਰਾਮ ਹੈਰੋਇਨ/ਚਿੱਟਾ ਬਰਾਮਦ ਹੋਈਆਂ।ਇਨ੍ਹਾਂ ਵਿੱਚੋਂ ਦੋਸ਼ੀ ਬਲਵਿੰਦਰ ਸਿੰਘ ਉਰਫ ਵਿਸਕੀ ਖਿਲਾਫ ਪਹਿਲਾਂ ਵੀ 20 ਮੁਕੱਦਮੇ ਦਰਜ ਹਨ ਤੇ ਦੋਸ਼ੀ ਸੋਨੀ ਸਿੰਘ ਖਿਲਾਫ ਇੱਕ ਮੁਕੱਦਮਾ ਦਰਜ ਹੈ।

## ਚਾਰ ਲੇਬਰ ਕੋਡ ਦੇਸ਼ ਨੂੰ ਕਰਨਗੇ ਤਬਾਹ : ਰਾਜਵਿੰਦਰ ਰਾਣਾ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਮੋਦੀ ਸਰਕਾਰ ਵੱਲੋਂ ਲੰਮੇ ਸਮੇਂ ਤੋਂ ਸੰਘਰਸ਼ ਕਰਕੇ ਮਜ਼ਦੂਰਾਂ ਦੇ ਹੱਕ 'ਚ ਬਣਾਏ ਕਿਰਤ ਕਾਨੂੰਨਾਂ ਨੂੰ ਭੰਗ ਕਰਕੇ ਉਨ੍ਹਾਂ ਦੀ ਜਗ੍ਹਾ ਲਿਆਂਦੇ ਚਾਰ ਸਿਵਲ ਕੋਡ ਦੇਸ਼ ਦੇ ਮਜ਼ਦੂਰਾਂ ਨੂੰ ਮੁੜ ਗੁਲਾਮੀ ਵੱਲ ਧੱਕ ਦੇਣਗੇ।ਮੋਦੀ ਸਰਕਾਰ ਨੇ ਦੇਸ਼ ਦੇ ਸਵੈਮਾਣ 'ਤੇ ਪ੍ਰਭੁਸੱਤਾ ਨੂੰ ਗਹਿਣੇ ਰੱਖ ਕੇ ਸਾਬਿਤ ਕਰ ਦਿੱਤਾ ਹੈ ਕਿ ਉਹ ਦਲਾਲ ਹੀ ਨਹੀਂ, ਬਲਕਿ ਸਾਮਰਾਜਵਾਦ ਦੀ ਪਿੱਠ 'ਤੇ ਵੀ ਆਣ ਖੜ੍ਹਾ ਹੈ।ਪਾਰਲੀਮੈਂਟ 'ਚ ਪਾਸ ਕੀਤੇ ਜਾਣ ਵਾਲੇ ਚਾਰ ਲੇਬਰ ਕੋਡ ਖ਼ਿਲਾਫ਼ ਦੇਸ਼ ਵਿਆਪੀ ਕਾਲਾ ਦਿਵਸ ਮਨਾਉਣ ਦੇ ਦਿੱਤੇ ਸੱਦੇ ਤਹਿਤ ਮੋਦੀ ਸਰਕਾਰ ਖਿਲਾਫ ਆਲ ਇੰਡੀਆ ਸੈਂਟਰਲ ਕੌਂਸਲ ਆਫ਼ ਟਰੇਡ ਯੂਨੀਅਨ (ਏਕਟੂ), ਪੱਲੇਦਾਰ ਯੂਨੀਅਨਾਂ, ਕਿਸਾਨ ਯੂਨੀਅਨਾਂ ਤੇ ਲਿਬਰੇਸ਼ਨ ਵੱਲੋਂ ਕਾਲੇ ਝੰਡਿਆਂ ਨਾਲ ਮੁਜ਼ਾਹਰਾ ਕੀਤਾ ਗਿਆ ਅਤੇ ਰੇਲਵੇ ਸਟੇਸ਼ਨ 'ਤੇ ਲੇਬਰ ਚੌਕ 'ਚ ਸਰਕਾਰ ਦੀ ਅਰਥੀ ਵੀ ਸਾੜੀ ਗਈ।

ਇਸ ਮੌਕੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਤੇ ਏਕਟੂ ਦੇ ਸੂਬਾ ਪ੍ਰਧਾਨ ਦੇ ਆਗੂ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਏਕਟੂ ਦੇ ਜ਼ਿਲ੍ਹਾ ਪ੍ਰਧਾਨ ਜੀਤ ਸਿੰਘ ਬੋਹਾ, ਪੰਜਾਬ ਪ੍ਰਦੇਸ਼ ਪੱਲੇਦਾਰ ਯੂਨੀਅਨ ਬੁਢਲਾਡਾ ਦੇ ਪ੍ਰਧਾਨ ਨਿਰਮਲ ਸਿੰਘ ਸੈਕਟਰੀ ਅੰਮ੍ਰਿਤਪਾਲ ਸਿੰਘ ਐੱਫ ਸੀ ਆਈ ਪੱਲੇਦਾਰ ਯੂਨੀਅਨ ਦੇ ਪ੍ਰਧਾਨ ਸੁਰੇਸ਼ ਸਿੰਘ, ਸੈਕਟਰੀ ਕਸ਼ਮੀਰ ਸਿੰਘ, ਲਿਬਰੇਸ਼ਨ ਦੇ ਤਹਿਸੀਲ ਸਕੱਤਰ ਲਖਵਿੰਦਰ ਸਿੰਘ ਲੱਖੀ ਤਰਸੇਮ ਬਹਾਦਰਪੁਰ ਮਜ਼ਦੂਰ ਮੁਕਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਘਰਾਗਣਾ, ਭੋਲਾ ਗੜ੍ਹੱਦੀ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੂਬਾ ਆਗੂ ਭਜਨ ਸਿੰਘ ਘੁੰਮਣ, ਪੰਜਾਬ ਕਿਸਾਨ ਯੂਨੀਅਨ ਦੇ ਆਗੂ ਗੁਰਤੇਜ ਸਿੰਘ ਬਰੇ ਦਰਸ਼ਨ ਸਿੰਘ ਮਘਾਣੀਆ, ਭੋਲਾ ਸਿੰਘ ਅੜਕਵਾਸੀਆ, ਜੁੰਮਾ ਸਿੰਘ ਨੇ ਕਿਹਾ ਕਿ ਮੋਦੀ ਸਰਕਾਰ ਟਰੰਪ ਤੇ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ 'ਚ ਭੁਗਤ ਰਹੀ ਹੈ, ਇਸ ਕਰਕੇ ਹੀ ਮੁਨਾਫ਼ੇ ਦੀ ਹੋੜ 'ਚ ਕਿਰਤ ਕਨੂੰਨ ਭੰਗ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਚਾਹੀਦਾ ਤਾਂ ਇਹ ਸੀ ਕਿ ਤਕਨੀਕੀ ਦੇ ਇਸ ਯੁੱਗ ਵਿਚ ਕੰਮ ਦੇ ਘੰਟੇ 6 ਕੀਤੇ ਜਾਣ ਮਜ਼ਦੂਰਾਂ ਦੀਆਂ ਘੱਟੋ ਘੱਟ ਉਜ਼ਰਤਾਂ 'ਚ ਵਾਧਾ ਕੀਤਾ ਜਾਵੇ, ਪ੍ਰੰਤੂ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਮਜ਼ਦੂਰਾਂ ਦੇ ਹੱਕਾਂ ਨੂੰ ਅਣਗੌਲਿਆਂ ਕਰਕੇ ਚਾਰ ਲੇਬਰ ਕੋਡ ਨੂੰ ਲਾਗੂ ਕਰਨ ਜਾ ਰਹੀ ਹੈ।ਚਾਰ ਲੇਬਰ ਕੋਡਾਂ ਨੂੰ ਲਾਗੂ ਕਰਨ ਦਾ ਭਾਵ ਕਿਰਤੀਆਂ ਨੂੰ ਮੱਧ ਯੁੱਗ 'ਚ ਧੱਕਣ ਦੇ ਤੁੱਲ ਹੈ।

## 6 ਨੂੰ ਡੀ ਸੀ ਮੋਗਾ ਦੇ ਦਫਤਰ ਅੱਗੇ ਦਿੱਤਾ ਜਾਵੇਗਾ ਧਰਨਾ : ਘੱਲ ਕਲਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਮੋਗਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਆਗੂਆਂ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਗਲਤ ਨੀਤੀਆਂ ਕਰਕੇ ਜ਼ਿਲ੍ਹਾ ਕਮੇਟੀ ਨੇ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਅਨੁਸਾਰ 6 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਮੋਗਾ ਦੇ ਦਫਤਰ ਅੱਗੇ ਧਰਨਾ ਦੇਣ ਦਾ ਫੈਸਲਾ ਕੀਤਾ ਹੈ। ਇਹ ਧਰਨਾ ਪ੍ਰਦਰਸ਼ਨ ਭਾਰਤ ਸਰਕਾਰ ਵੱਲੋਂ ਜੋ ਅਮਰੀਕਾ ਨਾਲ ਕਰ ਮੁਕਤ ਵਪਾਰ ਸਮਝੌਤਾ ਕੀਤਾ ਹੈ, ਉਸ ਨੂੰ ਰੱਦ ਕਰਾਉਣ ਲਈ ਤੇ ਜੋ ਬਿਜਲੀ ਬਿੱਲ 2025 ਲਿਆਂਦਾ ਤੇ ਬੀਜ ਬਿਲ 2025 ਲਿਆਂਦਾ ਜਾ ਰਿਹਾ ਹੈ ਤੇ ਮਨਰੇਗਾ ਦੀ ਥਾਂ 'ਤੇ ਲਿਆਂਦੇ ਗਏ ਜੀ ਰਾਮ ਜੀ ਕਾਨੂੰਨ ਨੂੰ ਰੱਦ ਕੀਤਾ ਜਾਵੇ ਅਤੇ ਕੇਂਦਰ ਸਰਕਾਰ ਵੱਲੋਂ ਮਜ਼ਦੂਰਾਂ ਵਿਰੁੱਧ ਲਿਆਂਦੇ ਚਾਰ ਲੇਬਰ ਕੋਡ ਰੱਦ ਕਰਕੇ ਮਜ਼ਦੂਰਾਂ ਸਬੰਧੀ ਪੁਰਾਣੇ ਕਾਨੂੰਨ ਬਹਾਲ ਕੀਤੇ ਜਾਣ ਅਤੇ ਕਿਸਾਨਾਂ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਮਾਫ ਕੀਤੇ ਜਾਣ, ਪੰਜਾਬ ਦੇ ਪਾਣੀਆਂ ਦਾ ਨਿਆ ਪੂਰਵਕ ਹੱਲ ਕੀਤਾ ਜਾਵੇ, ਹੜ੍ਹ ਪੀੜਤ ਕਿਸਾਨਾਂ ਦੇ ਰਹਿੰਦੇ ਮੁਆਵਜ਼ੇ ਦੀ ਅਦਾਦਗੀ ਕੀਤੀ ਜਾਵੇ। ਆਗੂਆਂ ਨੇ ਅਮਰੀਕਾ ਤੇ ਇਸਰਾਈਲ ਦੁਆਰਾ ਵਿੱਢੀ ਗਈ ਜੰਗ ਦੀ ਸਖਤ ਸ਼ਬਦਾਂ 'ਚ ਨਿਖੇਦੀ ਕੀਤੀ ਤੇ ਮੰਗ ਕੀਤੀ ਕਿ ਜੰਗ ਤੁਰੰਤ ਬੰਦ ਹੋਣੀ ਚਾਹੀਦੀ ਹੈ। ਇਸ ਮੀਟਿੰਗ ਵਿੱਚ ਉਪਰੋਕਤ ਤੋਂ ਬਿਨਾਂ ਜੰਗੀਰ ਸਿੰਘ ਹਿੰਮਤਪੁਰਾ, ਕੁਲਦੀਪ ਕੌਰ ਕੁੱਸਾ, ਗੁਰਮੀਤ ਸਿੰਘ ਕਿਸ਼ਨਪੁਰਾ, ਬਲੌਰ ਸਿੰਘ ਘਲਕਲਾਂ, ਲਖਵੀਰ ਸਿੰਘ ਚੜਿੱਕ, ਗੁਰਦੇਵ ਸਿੰਘ ਕਿਸ਼ਨਪੁਰਾ, ਸੁਖਵਿੰਦਰ ਸਿੰਘ ਲੰਗਿਆਣਾ, ਗੁਰਦਾਸ ਸਿੰਘ ਸੇਖਾ, ਗੁਰਦੇਵ ਸਿੰਘ ਵਰੇ, ਇਕਬਾਲ ਸਿੰਘਾ ਵਾਲਾ, ਜਸਵਿੰਦਰ ਸਿੰਘ ਘਲਕਲਾਂ, ਸੁਖਜੀਤ ਸਿੰਘ ਲੰਡੇਕੇ, ਕੇਵਲ ਕ੍ਰਿਸ਼ਨ ਬੱਧਨੀ, ਬੂਟਾ ਸਿੰਘ ਭਾਗੀ ਕੇ ਤੇ ਕਾਕਾ ਸਿੰਘ ਮਾਛੀ ਕੇ ਆਦਿ ਸਾਥੀ ਸ਼ਾਮਲ ਹੋਏ।

## ਮੁੱਖ ਮੰਤਰੀ ਦੀ ਅਗਵਾਈ 'ਚ ਸੂਬੇ 'ਚ ਲੋਕ-ਕੇਂਦਰਿਤ ਤੇ ਪਾਰਦਰਸ਼ੀ ਸ਼ਾਸਨ ਦੀ ਨਵੀਂ ਮਿਸਾਲ ਕਾਇਮ ਹੋਈ : ਬਰਿੰਦਰ ਗੋਇਲ



**ਸੰਗਰੂਰ/ਲਹਿਰਾਗਾਗਾ (ਪ੍ਰਵੀਨ ਸਿੰਘ)**

ਪਿੰਡ ਮੰਡਵੀ, ਮਨਿਆਣਾ, ਭੁਟਾਲ ਕਲਾਂ ਤੇ ਬੱਲਰਾਂ ਵਿਖੇ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਵਿਸ਼ੇ 'ਤੇ ਸੰਵਾਦ ਸਮਾਗਮ ਕੀਤੇ ਗਏ, ਜਿਨ੍ਹਾਂ ਵਿੱਚ ਕੈਬਨਿਟ ਮੰਤਰੀ ਪੰਜਾਬ ਬਰਿੰਦਰ ਕੁਮਾਰ ਗੋਇਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਨ੍ਹਾਂ ਸਮਾਗਮਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਮਹਿਲਾਵਾਂ ਤੇ ਨੌਜਵਾਨਾਂ ਨੇ ਜੋਸ਼ ਤੇ ਉਤਸ਼ਾਹ ਨਾਲ ਭਾਗ ਲਿਆ।ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਸ੍ਰੀ ਗੋਇਲ ਨੇ ਪੰਜਾਬ ਸਰਕਾਰ ਦੇ ਪਿਛਲੇ ਚਾਰ ਸਾਲਾਂ ਦੀ ਕਾਰਗੁਜ਼ਾਰੀ ਬਾਰੇ ਗੱਲ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਵਿੱਚ ਲੋਕ-ਕੇਂਦਰਿਤ ਤੇ ਪਾਰਦਰਸ਼ੀ ਸ਼ਾਸਨ ਦੀ ਨਵੀਂ ਮਿਸਾਲ ਕਾਇਮ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸਿੱਖਿਆ ਦੇ ਖੇਤਰ ਵਿੱਚ ਸਰਕਾਰੀ ਸਕੂਲਾਂ ਦਾ ਸੁਧਾਰ, ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਆਮ ਆਦਮੀ ਕਲੀਨਿਕਾਂ ਦੀ ਸਥਾਪਨਾ, ਘਰੇਲੂ ਬਿਜਲੀ ਬਿੱਲਾਂ ਵਿੱਚ ਰਾਹਤ ਤੇ ਕਿਸਾਨਾਂ ਲਈ ਲਾਭਕਾਰੀ ਯੋਜਨਾਵਾਂ ਸਰਕਾਰ ਦੀਆਂ ਪ੍ਰਮੁੱਖ ਉਪਲਬਧੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਖ਼ਿਲਾਫ਼ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਗਈ ਹੈ ਤੇ ਆਮ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਪਾਰਦਰਸ਼ੀ ਤੇ ਸਮਾਂਬੱਧ ਢੰਗ ਨਾਲ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸ ਤੋਂ ਇਲਾਵਾ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨ ਲਈ ਵੀ ਠੋਸ ਕਦਮ ਚੁੱਕੇ ਗਏ ਹਨ, ਜਿਸ ਨਾਲ ਲੋਕਾਂ ਵਿੱਚ ਸੁਰੱਖਿਆ ਦਾ ਅਹਿਸਾਸ ਵਧਿਆ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਵੱਡੇ ਪੱਧਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ।ਸਮਾਗਮਾਂ ਦੌਰਾਨ ਸਥਾਨਕ ਆਗੂਆਂ ਤੇ ਪਾਰਟੀ ਅਹੁਦੇਦਾਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਤੇ ਪੰਜਾਬ ਸਰਕਾਰ ਦੇ ਚਾਰ ਸਾਲਾਂ ਦੇ ਕੰਮਕਾਜ ਦੀ ਪ੍ਰਸੰਸਾ ਕੀਤੀ।ਇਲਾਕਾ ਵਾਸੀਆਂ ਨੇ ਵੀ ਸਰਕਾਰ 'ਤੇ ਭਰੋਸਾ ਜਤਾਉਂਦਿਆਂ ਆਉਣ ਵਾਲੇ ਸਮੇਂ ਵਿੱਚ ਵੀ ਪੂਰਾ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ।

## ਹੋਟਲਾਂ ਤੇ ਦੁਕਾਨਾਂ 'ਤੇ ਘਰੇਲੂ ਗੈਸ ਦੀ ਧੜੱਲੇ ਨਾਲ ਹੋ ਰਹੀ ਦੁਰਵਰਤੋਂ

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਪਿਛਲੇ ਮਹੀਨੇ ਤੋਂ ਸਾਰੇ ਹੀ ਭਾਰਤ ਵਿੱਚ ਗੈਸ ਦੀ ਕਿੱਲਤ ਨੂੰ ਦੇਖਦੇ ਹੋਏ ਲੋਕਾਂ ਨੂੰ ਬੜੀ ਮੁਸ਼ਕਲ ਹੋ ਰਹੀ ਹੈ। ਘਰੇਲੂ ਗੈਸ ਸਿਲੰਡਰ ਜੋ ਕਿ ਬਹੁਤ ਹੀ ਮੁਸ਼ਕਲ ਨਾਲ ਖਪਤਕਾਰਾਂ ਨੂੰ ਮਿਲ ਰਿਹਾ ਹੈ, ਉੱਥੇ ਹੀ ਸੁਨਾਮ ਵਿੱਚ ਕਈ ਸਵੀਟ ਹਾਊਸ ਤੇ ਅਲੱਗ ਅਲੱਗ ਦੁਕਾਨਦਾਰ ਘਰੇਲੂ ਗੈਸ ਸਿਲੰਡਰ ਸ਼ਰੇਆਮ ਵਰਤ ਰਹੇ ਹਨ।ਇਸ ਦੀ ਗੱਲ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨਾਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਜਿਹਾ ਤੁਹਾਨੂੰ ਕਿਤੇ ਦਿਖਾਈ ਦਿੰਦਾ ਹੈ ਤਾਂ ਉਸ ਦੀ ਤੁਰੰਤ ਸੂਚਨਾ ਦੇਵੋ, ਉਸ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ। ਪੱਤਰਕਾਰਾਂ ਵੱਲੋਂ ਐੱਸ ਡੀ ਐੱਮ ਸੁਨਾਮ ਤੇ ਐੱਸ ਐੱਫ ਓ ਦੇ ਧਿਆਨ ਵਿੱਚ ਲਿਆਂਦਾ ਗਿਆ, ਪ੍ਰੰਤੂ ਉਨ੍ਹਾਂ ਵੱਲੋਂ ਕੋਈ ਪੁਖਤਾ ਕਾਰਵਾਈ ਨਹੀਂ ਕੀਤੀ ਗਈ। ਜਿੱਥੇ ਅੱਜ ਇੱਕ ਵਿਅਕਤੀ ਘਰੇਲੂ ਸਿਲੰਡਰ ਲੈਣ ਲੱਗਿਆਂ ਬਹੁਤ ਔਖਾ ਹੁੰਦਾ ਹੈ, ਪ੍ਰੰਤੂ ਦੁਕਾਨਾਂ ਉੱਪਰ ਚਾਰ ਚਾਰ, ਪੰਜ ਪੰਜ ਸਿਲੰਡਰ ਆਮ ਦੇਖਣ ਨੂੰ ਮਿਲਦੇ ਹਨ।ਆਖਰ ਇਹ ਸਿਲੰਡਰ ਆਉਂਦੇ ਕਿਸ ਤਰ੍ਹਾਂ ਹਨ ਤੇ ਕਿਵੇਂ, ਪਰ ਉੱਚ ਅਧਿਕਾਰੀ ਇਸ ਦੀ ਕੋਈ ਜਾਂਚ ਪੜਤਾਲ ਨਹੀਂ ਕਰ ਰਹੇ।

## ਪਬਲਿਕ ਕਾਲਜ ਵਿਖੇ ਵਪਾਰਕ ਮੌਕਿਆਂ ਲਈ ਵਰਕਸ਼ਾਪ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਦੇ ਕਾਮਰਸ ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਵਿਦਿਆਰਥੀਆਂ ਲਈ ਵਪਾਰ ਦੇ ਮੌਕਿਆਂ ਸਬੰਧੀ ਇੱਕ ਵਰਕਸ਼ਾਪ ਕਾਲਜ ਕੈਂਪਸ ਵਿਖੇ ਕਰਵਾਈ ਗਈ, ਜਿਸ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਤੋਂ ਡਾ. ਅਨੂਪ ਸ਼ਰਮਾ ਨੇ ਮੁੱਖ ਵਕਤਾ ਦੇ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਇੱਕ ਚੰਗੇ ਉਦਯੋਗਪਤੀ ਬਣਨ ਲਈ ਨਾ ਵਧੇਰੇ ਫੰਡਜ਼ ਦੀ ਜ਼ਰੂਰਤ ਹੁੰਦੀ ਹੈ ਤੇ ਨਾ ਹੀ ਬਹੁਤੇ ਮਾਹਰਾਂ ਦੀ।ਅੱਜਕੱਲ ਆਰਟੀਫਿਸ਼ੀਅਲ ਇੰਟੈਲੀਜੈਂਸ (ਏ ਆਈ) ਦੀ ਮਦਦ ਨਾਲ ਵਿਦਿਆਰਥੀ ਬਿਨਾਂ ਪੈਸੇ ਤੋਂ ਕਈ ਤਰ੍ਹਾਂ ਦੇ ਬਿਜ਼ਨੈੱਸ ਸ਼ੁਰੂ ਕਰ ਸਕਦੇ ਹਨ।ਇਸ ਵਰਕਸ਼ਾਪ ਵਿੱਚ 200 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ।ਕਾਮਰਸ ਵਿਭਾਗ ਦੇ ਮੁਖੀ ਡਾ. ਹਰਕੀਰਤਨ ਕੌਰ ਨੇ ਡਾ. ਅਨੂਪ ਸ਼ਰਮਾ ਦੇ ਕਾਲਜ ਵਿੱਚ ਪਹੁੰਚਣ ਤੇ ਵਿਦਿਆਰਥੀਆਂ ਨੂੰ ਵੱਡਮੁੱਲੀ ਜਾਣਕਾਰੀ ਪ੍ਰਦਾਨ ਕਰਨ ਲਈ ਧੰਨਵਾਦ ਕੀਤਾ।ਵਰਕਸ਼ਾਪ ਦੇ ਅੰਤ ਵਿੱਚ ਡਾ. ਨਿਕਿਤਾ ਨੇ ਬਾਹਰੋਂ ਆਏ ਮਹਿਮਾਨ, ਟੀਚਿੰਗ ਸਟਾਫ ਤੇ ਸਮੂਹ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਪ੍ਰੋ. ਨਛੱਤਰ ਸਿੰਘ, ਪ੍ਰੋ. ਪਲਵਿੰਦਰ ਕੌਰ, ਪ੍ਰੋ. ਦੀਪਸ਼ਿਖਾ ਗੁਪਤਾ, ਪ੍ਰੋ. ਸੋਨੂੰ ਜੈਨ, ਪ੍ਰੋ. ਰੁਪਿੰਦਰ ਕੌਰ (ਕੰਪਿਊਟਰ ਵਿਭਾਗ), ਪ੍ਰੋ. ਸੰਟੀ ਕੁਮਾਰ, ਪ੍ਰੋ. ਗੁਰਵਿੰਦਰ ਕੌਰ, ਪ੍ਰੋ. ਡਿੰਪਲ ਰਾਣੀ, ਪ੍ਰੋ. ਮੋਹਿਨੀ ਸਿੰਗਲਾ ਤੇ ਪ੍ਰੋ ਪ੍ਰਿਆ ਸਿੰਗਲਾ ਹਾਜ਼ਰ ਰਹੇ।

## ਨਵਜਾਤ ਬੱਚਿਆਂ ਦੀਆਂ ਬਿਮਾਰੀਆਂ 'ਤੇ ਵਰਕਸ਼ਾਪ 4 ਤੋਂ

**ਸਮਰਾਲਾ (ਸੁਰਜੀਤ ਸਿੰਘ)**-ਨਵਜਾਤ ਬੱਚਿਆਂ ਦੇ ਨਰਵਸ ਸਿਸਟਮ ਨਾਲ ਸੰਬੰਧਤ ਬਿਮਾਰੀਆਂ 'ਤੇ ਇੱਕ ਵਿਸ਼ੇਸ਼ ਵਰਕਸ਼ਾਪ 4 ਤੇ 5 ਅਪ੍ਰੈਲ ਨੂੰ ਪੀਜੀਆਈ ਚੰਡੀਗੜ੍ਹ ਦੇ ਐਡਵਾਂਸਡ ਪੀਡੀਆਟ੍ਰਿਕ ਸੈਂਟਰ ਵਿੱਚ ਕਰਵਾਈ ਜਾਵੇਗੀ।

ਵਰਕਸ਼ਾਪ ਦਾ ਉਦਘਾਟਨ ਡਾਇਰੈਕਟਰ ਪ੍ਰੋ. ਵਿਵੇਕ ਲਾਲ ਵੱਲੋਂ ਕੀਤਾ ਜਾਵੇਗਾ।ਪ੍ਰਬੰਧਕ ਕਮੇਟੀ ਦੇ ਚੇਅਰਪਰਸਨ ਪ੍ਰੋ. ਪ੍ਰਵੀਨ ਕੁਮਾਰ, ਸਕੱਤਰ ਪ੍ਰੋ. ਸੌਰਭ ਦੱਤਾ ਤੇ ਸਹਿ-ਸਕੱਤਰ ਡਾ. ਜੋਗੇਂਦਰ ਕੁਮਾਰ ਹਨ।ਹੋਰ ਫੈਕਲਟੀ ਮੈਂਬਰਾਂ ਵਿੱਚ ਤਿਰੁਵਨੰਤਪੁਰਮ ਤੋਂ ਡਾ. ਨਵੀਨ ਜੈਨ, ਨਵੀਂ ਦਿੱਲੀ ਤੋਂ ਡਾ. ਨਵੀਨ ਗੁਪਤਾ, ਗਵਰਨਮੈਂਟ ਮੈਡੀਕਲ ਕਾਲਜ ਚੰਡੀਗੜ੍ਹ ਤੋਂ ਪ੍ਰੋ. ਦੀਪਕ ਚਾਵਲਾ, ਪ੍ਰੋ. ਸੁਕਸ਼ਮ ਜੈਨ ਤੇ ਡਾ. ਸੁਪਰੀਤ ਖੁਰਾਨਾ ਅਤੇ ਪੀਜੀਆਈ ਤੋਂ ਡਾ. ਸਾਜਨ ਸੈਨੀ, ਡਾ. ਵਿਜੈਲਕਸ਼ਮੀ ਬਿਹਰਾ, ਪ੍ਰੋ. ਨਵੀਨ ਸੰਖਿਆਨ, ਡਾ. ਅਰੁਸ਼ੀ ਸੈਨੀ, ਡਾ. ਅਨੁਪ੍ਰਿਆ ਕੌਰ, ਡਾ. ਚਿਰਾਗ ਅਹੂਜਾ ਤੇ ਡਾ. ਭਾਰਤੀ ਸ਼ਰਮਾ ਸ਼ਾਮਲ ਹਨ।

## ਬਾਬਾ ਜਗਦੇਵ ਸਿੰਘ ਸੜਕ ਨੂੰ ਲੈ ਕੇ ਮਰਨ ਵਰਤ 'ਤੇ ਬੈਠੇ

### ਨਗਰ ਕੌਂਸਲ ਬਣੀ ਮੂਕ ਦਰਸ਼ਕ, ਵਿਧਾਇਕ ਤੇ ਮੁੱਖ ਮੰਤਰੀ ਨੂੰ ਲਾਈ ਗੁਹਾਰ



**ਬੱਧਨੀ ਕਲਾਂ (ਨਛੱਤਰ ਸੰਧੂ)**

ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਦੁਖੀ ਹੋ ਕੇ ਖੂਹੀ ਵਾਲੀ ਠਾਠ ਬੱਧਨੀ ਕਲਾਂ ਦੇ ਮੁੱਖ ਸੇਵਾਦਾਰ ਬਾਬਾ ਜਗਦੇਵ ਸਿੰਘ ਬੀਤੇ ਦਿਨ ਮਰਨ ਵਰਤ 'ਤੇ ਬੈਠ ਗਏ ਹਨ।ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਬਾ ਜਗਦੇਵ ਸਿੰਘ ਨੇ ਕਿਹਾ ਕਿ ਇਸ ਸਰਕਾਰ ਨੇ ਪਿਛਲੇ ਪੰਜ ਸਾਲਾਂ ਵਿੱਚ ਕੋਈ ਵੀ ਵਿਕਾਸ ਦਾ ਕੰਮ ਨਹੀਂ ਕੀਤਾ, ਜਿਸ ਤੋਂ ਪੰਜਾਬ ਦੇ ਲੋਕ ਵੀ ਬੇਹੱਦ ਦੁਖੀ ਹਨ।ਉਨ੍ਹਾਂ ਕਿਹਾ ਕਿ ਅਸੀਂ ਕਈ ਵਾਰੀ ਬੱਧਨੀ ਕਲਾਂ ਨਹਿਰ ਪੁਲ ਤੋਂ ਲੈ ਕੇ ਦੌਧਰ ਨਹਿਰ ਦੇ ਪੁਲ ਤੱਕ ਇਸ ਕੱਚੇ ਰਸਤੇ ਨੂੰ ਪੱਕਾ ਕਰਨ ਲਈ ਪੰਜਾਬ ਸਰਕਾਰ ਨੂੰ ਗੁਹਾਰ ਲਾ ਚੁੱਕੇ ਹਾਂ, ਪਰ ਕਿਸੇ ਨੇ ਵੀ ਸਾਡੀ ਗੱਲ ਨੂੰ ਗੰਭੀਰਤਾ ਨਾਲ ਨਹੀਂ ਲਿਆ। ਹੋਰ ਤਾਂ ਹੋਰ ਇਥੋਂ ਦੀ ਨਗਰ ਕੌਂਸਲ ਵੀ ਨਿਕੰਮੀ ਹੈ, ਉਸ ਨੇ ਵੀ ਇਸ ਰਸਤੇ ਨੂੰ ਸੜਕ ਬਣਾਉਣ ਲਈ ਉਪਰਾਲਾ ਨਹੀਂ ਕੀਤਾ, ਜਿਸ ਨਾਲ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਦੀ ਲਹਿਰ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਰਸਤੇ 'ਤੇ ਦੋ ਗੁਰੂ ਘਰ ਲੱਗਦੇ ਹਨ, ਜਿੱਥੇ ਸੰਗਤਾਂ ਵੱਡੀ ਗਿਣਤੀ ਵਿੱਚ ਪਹੁੰਚਦੀਆਂ ਹਨ।ਜਦੋਂ ਬਰਸਾਤਾਂ ਪੈਂਦੀਆਂ ਹਨ ਤਾਂ ਇਹ ਕੱਚਾ ਰਸਤਾ ਨਰਕ ਦਾ ਰੂਪ ਧਾਰਨ ਕਰ ਲੈਂਦਾ ਹੈ।ਲੋਕ ਆਪਣੇ ਵਾਹਨਾਂ ਤੋਂ ਡਿੱਗ ਡਿੱਗ ਕੇ ਲੱਤਾਂ ਬਾਹਾਂ ਤੜਵਾ ਲੈਂਦੇ ਹਨ।ਇਸ ਮੁੱਦੇ ਨੂੰ ਲੈ ਕੇ ਮੈ ਅੱਜ ਤੋਂ ਮਰਨ ਵਰਤ 'ਤੇ ਬੈਠਾ ਹਾਂ।ਕੱਲ੍ਹ ਨੂੰ ਜੇਕਰ ਮੇਰੀ ਮੌਤ ਹੁੰਦੀ ਹੈ ਤਾਂ ਮੌਜੂਦਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਜ਼ੁੰਮੇਵਾਰ ਹੋਵੇਗੀ।ਪਿੰਡ ਵਾਸੀਆਂ ਨੇ ਵੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕੇ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਤੋਂ ਮੰਗ ਕੀਤੀ ਕਿ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣੀਆਂ ਹਨ ਤਾਂ ਇਸ ਕੱਚੇ ਰਸਤੇ ਨੂੰ ਸੜਕ ਦਾ ਰੂਪ ਦੇ ਕੇ ਜਲਦੀ ਪੱਕਾ ਕੀਤਾ ਜਾਵੇ।

## ਨਸ਼ੀਲੇ ਪਦਾਰਥ ਸਮੇਤ ਕਾਬੂ



**ਲੌਂਗੋਵਾਲ (ਪ੍ਰਦੀਪ ਸੱਪਲ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਪੁਲਸ ਵੱਲੋਂ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਥਾਣਾ ਲੌਂਗੋਵਾਲ ਦੀ ਪੁਲਸ ਨੇ ਕਾਮਯਾਬੀ ਦਰਜ ਕੀਤੀ ਹੈ।ਇਸ ਕੇਸ ਵਿੱਚ ਸਹਾਇਕ ਥਾਣੇਦਾਰ ਸੁਖਵੀਰ ਸਿੰਘ 1732/ਸੰਗ ਇੰਚਾਰਜ ਚੌਕੀ ਬਡਰੁੱਖਾਂ ਨੇ ਸਮੇਤ ਪੁਲਸ ਪਾਰਟੀ ਗਸ਼ਤ ਤੇ ਚੈਕਿੰਗ ਦੌਰਾਨ ਮੁਖਬਰੀ ਮਿਲਣ 'ਤੇ ਜਗਜੀਤ ਸਿੰਘ ਉਰਫ ਜੱਗ ਪੁੱਤਰ ਨਸੀਬ ਸਿੰਘ ਵਾਸੀ ਵਡਿਆਣੀ ਪੱਤੀ ਲੌਂਗੋਵਾਲ ਵਿਰੁੱਧ ਮੁਕੱਦਮਾ ਦਰਜ ਕਰਵਾਇਆ ਹੈ।ਉਕਤ ਵਿਅਕਤੀ ਨੂੰ ਕਾਬੂ ਕਰਕੇ ਉਸ ਪਾਸੋਂ 4 ਪੱਤੇ ਨਸ਼ੀਲੀਆਂ ਗੋਲੀਆਂ ਤੇ 2 ਪੱਤੇ ਨਸ਼ੀਲੀ ਗੋਲੀਆਂ ਬਰਾਮਦ ਹੋਈਆਂ।ਇਸ ਦੇ ਖਿਲਾਫ ਪਹਿਲਾਂ ਵੀ 15 ਮੁਕੱਦਮੇ ਦਰਜ ਹਨ।ਇਸ ਤੋਂ ਇਲਾਵਾ ਵਾਰ-ਵਾਰ ਜੁਰਮ ਨਾ ਕਰਨ ਤੋਂ ਪਾਬੰਦ ਕਰਨ ਲਈ ਇਸ ਦੇ ਵਿਰੁੱਧ 2 ਵਾਰ ਐੱਸ.ਡੀ.ਐੱਮ. ਸੰਗਰੂਰ ਦੀ ਅਦਾਲਤ ਵਿੱਚ ਰੋਕੂ ਕਾਰਵਾਈ ਤਹਿਤ ਕਲੰਦਰੇ ਪੇਸ਼ ਕੀਤੇ ਜਾ ਚੁੱਕੇ ਹਨ।

## ਥਾਣਾ ਭਾਦਸੋਂ ਮੁਖੀ ਗੁਰਨਾਮ ਸਿੰਘ ਬਣੇ ਇੰਸਪੈਕਟਰ



**ਨਾਭਾ (ਵਰਿੰਦਰ ਵਰਮਾ)**-ਵੱਖ ਵੱਖ ਪੁਲਸ ਥਾਣਿਆਂ 'ਚ ਮੁੱਖ ਅਫ਼ਸਰ ਵਜੋਂ ਸ਼ਾਨਦਾਰ ਤੇ ਸ਼ਲਾਗਾਯੋਗ ਸੇਵਾਵਾਂ ਨਿਭਾਉਣ ਵਾਲੇ ਤੇ ਮੌਜੂਦਾ ਸਮੇਂ ਥਾਣਾ ਭਾਦਸੋਂ ਦੇ ਇੰਚਾਰਜ ਗੁਰਨਾਮ ਸਿੰਘ ਇੰਸਪੈਕਟਰ ਦੇ ਰੂਪ 'ਚ ਤਰੱਕੀ ਦਿੱਤੀ ਗਈ ਹੈ।ਲੋਕਾਂ ਨੂੰ ਇਨਸਾਫ ਦੇਣ ਦੇ ਜਨੂਨ ਦੀ ਬਦੌਲਤ ਚੰਗਾ ਮੁਕਾਮ ਹਾਸਲ ਕਰਨ ਵਾਲੇ ਹੁਣ ਇੰਸਪੈਕਟਰ ਗੁਰਨਾਮ ਸਿੰਘ ਹੋ ਗਏ ਹਨ।ਵਿਸ਼ਵ ਪ੍ਰਸਿੱਧ ਪ੍ਰੀਤ ਕੰਬਾਈਨ ਤੇ ਟਰੈਕਟਰ ਨਿਰਮਾਤਾ ਕੰਪਨੀ ਦੇ ਐੱਮ ਡੀ ਹਰੀ ਸਿੰਘ ਤੇ ਕਰਤਾਰ ਕੰਬਾਈਨ ਤੇ ਟਰੈਕਟਰ ਨਿਰਮਾਤਾ ਕੰਪਨੀ ਦੇ ਡਾਇਰੈਕਟਰ ਮਨਪ੍ਰੀਤ ਸਿੰਘ ਲੋਟੇ ਨੇ ਗੁਰਨਾਮ ਸਿੰਘ ਨੂੰ ਤਰੱਕੀ ਮਿਲਣ ਤੇ ਖੁਸ਼ੀ ਦਾ ਇਜ਼ਹਾਰ ਕੀਤਾ।ਜ਼ਿਲ੍ਹਾ ਪੁਲਸ ਮੁਖੀ ਡਾਕਟਰ ਵਰੁਣ ਸ਼ਰਮਾ ਤੇ ਸਬ ਡਵੀਜ਼ਨ ਨਾਭਾ ਦੇ ਹੋਣਹਾਰ ਡੀ ਐੱਸ ਪੀ ਗੁਰਿੰਦਰ ਸਿੰਘ ਬੱਲ ਵੱਲੋਂ ਸਾਂਝੇ ਤੌਰ 'ਤੇ ਗੁਰਨਾਮ ਸਿੰਘ ਨੂੰ ਤਰੱਕੀ ਦੇ ਸਟਾਰ ਲਾਏ ਗਏ।ਐੱਸ ਐੱਸ ਪੀ ਤੇ ਡੀ ਐੱਸ ਪੀ ਨੇ ਗੁਰਨਾਮ ਸਿੰਘ ਨੂੰ ਸ਼ੁਭ-ਕਾਮਨਾਵਾਂ ਦਿੰਦਿਆਂ ਆਪਣੀ ਡਿਊਟੀ ਹੋਰ ਲਗਨ ਤੇ ਮਿਹਨਤ ਨਾਲ ਕਰਨ ਲਈ ਵੀ ਪ੍ਰੇਰਿਤ ਕੀਤਾ।ਇੰਸਪੈਕਟਰ ਗੁਰਨਾਮ ਸਿੰਘ ਨੇ ਤਰੱਕੀ ਮਿਲਣ 'ਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਪੰਜਾਬ ਪੁਲਸ ਮਹਿਕਮੇ ਨੇ ਜੋ ਉਸ ਨੂੰ ਤਰੱਕੀ ਦੇ ਕੇ ਜ਼ਿੰਮੇਵਾਰੀ 'ਚ ਵਾਧਾ ਕੀਤਾ ਹੈ, ਉਹ ਉਸ ਨੂੰ ਇਮਾਨਦਾਰੀ ਤੇ ਤਨ ਦੇਹੀ ਨਾਲ ਨਿਭਾਉਣਗੇ।

## ਮਾਰਚ ਮਹੀਨੇ ਟਿਕਟ ਚੈਕਿੰਗ ਰਾਹੀਂ 2.50 ਕਰੋੜ ਦਾ ਮਾਲੀਆ ਇਕੱਠਾ ਕੀਤਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਮੰਡਲ ਦੇ ਟਿਕਟ ਚੈਕਿੰਗ ਦਲ ਵੱਲੋਂ ਟਰੇਨਾਂ ਵਿਚ ਅਣ-ਅਧਿਕਾਰਤ ਤੌਰ 'ਤੇ ਸਫ਼ਰ ਕਰ ਰਹੇ ਰੇਲ ਯਾਤਰੀਆਂ ਦੀ ਇਸ ਪ੍ਰਵਿਰਤੀ 'ਤੇ ਰੋਕ ਲਗਾਉਣ ਲਈ ਟਰੇਨਾਂ ਵਿੱਚ ਲਗਾਤਾਰ ਟਿਕਟ ਚੈਕਿੰਗ ਕੀਤੀ ਜਾ ਰਹੀ ਹੈ। ਮੰਡਲ ਦੇ ਟਿਕਟ ਚੈਕਿੰਗ ਸਟਾਫ਼ ਵੱਲੋਂ ਮਾਰਚ ਮਹੀਨੇ ਦੌਰਾਨ ਟਰੇਨਾਂ ਵਿੱਚ ਟਿਕਟ ਚੈਕਿੰਗ ਦੌਰਾਨ ਕੁੱਲ 37,926 ਯਾਤਰੀ ਬਿਨਾਂ ਟਿਕਟ ਤੇ ਅਨਿਯਮਿਤ ਯਾਤਰਾ ਕਰਦੇ ਹੋਏ ਪਾਏ ਗਏ ਤੇ ਉਨ੍ਹਾਂ ਤੋਂ ਜੁਰਮਾਨੇ ਵਜੋਂ ਲਗਭਗ 2.50 ਕਰੋੜ ਰੁਪਏ ਦਾ ਮਾਲੀਆ ਵਸੂਲ ਕੀਤਾ ਗਿਆ। ਫਿਰੋਜ਼ਪੁਰ ਮੰਡਲ ਨੇ ਮੌਜੂਦਾ ਵਿੱਤੀ ਸਾਲ ਵਿੱਚ ਟਿਕਟ ਚੈਕਿੰਗ ਰਾਹੀਂ ਲਗਭਗ 31.51 ਕਰੋੜ ਰੁਪਏ ਦਾ ਮਾਲੀਆ ਵਸੂਲ ਕੀਤਾ ਹੈ, ਜੋ ਕਿ ਹੈੱਡਕੁਆਰਟਰ ਵੱਲੋਂ ਦਿੱਤੇ ਗਏ ਨਿਰਧਾਰਤ ਟੀਚੇ ਤੋਂ ਲਗਭਗ 3 ਫ਼ੀਸਦੀ ਵੱਧ ਹੈ। ਫਿਰੋਜ਼ਪੁਰ ਮੰਡਲ ਵੱਲੋਂ ਰੇਲ ਯਾਤਰੀਆਂ ਨੂੰ ਜਾਗਰੂਕ ਕਰਨ ਲਈ ਸਮੇਂ-ਸਮੇਂ 'ਤੇ ਮੁਹਿੰਮਾਂ ਚਲਾ ਕੇ ਉਨ੍ਹਾਂ ਨੂੰ 'ਰੇਲ ਮਦਦ' ਰਾਹੀਂ ਟਿਕਟ ਬੁੱਕ ਕਰਨ ਲਈ ਉਤਸ਼ਾਹਤ ਕੀਤਾ ਜਾ ਰਿਹਾ ਹੈ। ਮੰਡਲ ਦੇ ਰੇਲਵੇ ਸਟੇਸ਼ਨਾਂ ਨੂੰ ਸਾਫ਼-ਸੁਥਰਾ ਬਣਾਈ ਰੱਖਣ ਤੇ ਆਮ ਜਨਤਾ ਨੂੰ ਸਟੇਸ਼ਨਾਂ 'ਤੇ ਗੰਦਗੀ ਫੈਲਾਉਣ ਤੋਂ ਰੋਕਣ ਤੇ ਉਨ੍ਹਾਂ ਨੂੰ ਸਾਫ਼-ਸਫ਼ਾਈ ਪ੍ਰਤੀ ਜਾਗਰੂਕ ਕਰਨ ਲਈ ਮੰਡਲ ਦੇ ਮੁੱਖ ਸਟੇਸ਼ਨਾਂ 'ਤੇ ਨਿਯਮਤ ਜਾਂਚ ਕੀਤੀ ਜਾਂਦੀ ਹੈ। ਇਸ ਦੇ ਸਿੱਟੇ ਵਜੋਂ, ਮਾਰਚ ਮਹੀਨੇ ਵਿਚ 407 ਯਾਤਰੀਆਂ ਨੂੰ ਸਟੇਸ਼ਨ ਕੰਪਲੈਕਸ ਵਿੱਚ ਗੰਦਗੀ ਫੈਲਾਉਣ ਕਾਰਨ (ਐਂਟੀ-ਲਿਟਰਿੰਗ ਐਕਟ) ਉਨ੍ਹਾਂ ਤੋਂ 69 ਹਜ਼ਾਰ ਰੁਪਏ ਤੋਂ ਵੱਧ ਦੀ ਵਸੂਲੀ ਕੀਤੀ ਗਈ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਵਿੱਚ ਟਿਕਟ ਚੈਕਿੰਗ ਮੁਹਿੰਮ ਜਾਰੀ ਰਹੇਗੀ। ਟਿਕਟ ਚੈਕਿੰਗ ਦਾ ਮੁੱਖ ਉਦੇਸ਼ ਰੇਲਵੇ ਟਿਕਟਾਂ ਦੀ ਵਿਕਰੀ ਵਿੱਚ ਸੁਧਾਰ ਕਰਨਾ ਤੇ ਬਿਨਾਂ ਟਿਕਟ ਸਫ਼ਰ ਕਰ ਰਹੇ ਯਾਤਰੀਆਂ ਤੋਂ ਜੁਰਮਾਨਾ ਵਸੂਲ ਕਰਨਾ ਹੈ ਤਾਂ ਜੋ ਉਹ ਭਵਿੱਖ ਵਿੱਚ ਉਚਿਤ ਟਿਕਟ ਲੈ ਕੇ ਹੀ ਯਾਤਰਾ ਕਰਨ। ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਦੇ ਟਿਕਟ ਚੈਕਿੰਗ ਸਟਾਫ਼ ਵੱਲੋਂ ਰੇਲ ਮਾਲੀਏ ਵਿੱਚ ਵਾਧਾ ਕਰਨ ਦੇ ਨਾਲ-ਨਾਲ ਟਰੇਨ ਵਿੱਚ ਯਾਤਰਾ ਦੌਰਾਨ ਗੁਆਚੇ ਹੋਏ ਸਾਮਾਨ/ਗੁਆਚੇ ਹੋਏ ਬੱਚਿਆਂ ਨੂੰ ਉਨ੍ਹਾਂ ਦੇ ਮਾਪਿਆਂ ਨਾਲ ਮਿਲਾਉਣ ਲਈ ਹਮੇਸ਼ਾ ਤੱਤਪਰ ਰਹਿ ਕੇ ਸਮਾਜਿਕ ਜ਼ਿੰਮੇਵਾਰੀ ਵੀ ਨਿਭਾਈ ਜਾਂਦੀ ਹੈ।

## ਜਗਜੀਤ ਸਿੰਘ ਬਤੌਰ ਮੁੱਖ ਮੁਨਸ਼ੀ ਸਿੱਧਵਾਂ ਬੇਟ ਵਿਖੇ ਨਿਯੁਕਤ



**ਜਗਰਾਉਂ (ਸੰਜੀਵ ਅਰੋੜਾ)**-ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐੱਸ ਐੱਸ ਪੀ ਡਾਕਟਰ ਅੰਕੁਰ ਗੁਪਤਾ ਵੱਲੋਂ ਕੀਤੀਆਂ ਗਈਆਂ ਬਦਲੀਆਂ ਦੇ ਤਹਿਤ ਕਾਂਸਟੇਬਲ ਜਗਜੀਤ ਸਿੰਘ ਜੱਗੀ ਨੂੰ ਬਤੌਰ ਮੁੱਖ ਮੁਨਸ਼ੀ ਸਿੱਧਵਾਂ ਬੇਟ ਥਾਣੇ ਵਿਖੇ ਨਿਯੁਕਤ ਕੀਤਾ ਗਿਆ। ਇੱਥੇ ਇਹ ਗੱਲ ਦੱਸਣਯੋਗ ਹੈ ਕਿ ਜਗਜੀਤ ਸਿੰਘ ਜੱਗੀ ਪਹਿਲਾਂ ਵੀ ਬਤੌਰ ਮੁੱਖ ਮੁਨਸ਼ੀ ਦੇ ਤੌਰ 'ਤੇ ਸਿੱਧਵਾਂ ਬੇਟ ਵਿਖੇ ਆਪਣੀ ਸੇਵਾ ਨਿਭਾਅ ਚੁੱਕੇ ਹਨ।

ਹੁਣ ਉਹ ਡੀਐੱਸਪੀ ਜਸਵਿੰਦਰ ਸਿੰਘ ਢੀਂਡਸਾ ਦੇ ਰੀਡਰ ਦੇ ਤੌਰ 'ਤੇ ਆਪਣੀ ਸੇਵਾ ਨਿਭਾਅ ਰਹੇ ਸਨ। ਜਗਜੀਤ ਸਿੰਘ ਜੱਗੀ ਨੇ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਇਆ ਹੈ। ਥਾਣੇ ਵਿੱਚ ਆਪਣੀਆਂ ਦਰਖਾਸਤਾਂ ਤੇ ਇਨਸਾਫ ਦੀ ਉਮੀਦ ਲੈ ਕੇ ਆਉਣ ਵਾਲਿਆਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਂਦੇ ਹਨ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਉੱਚ ਅਧਿਕਾਰੀ ਉਨ੍ਹਾਂ ਨੂੰ ਜਿਸ ਸਥਾਨ 'ਤੇ ਡਿਊਟੀ ਨਿਭਾਉਣ ਲਈ ਕਹਿਣਗੇ, ਉਹ ਆਪਣੀ ਡਿਊਟੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

## ਪੀ ਜੀ ਆਈ ਵਿਖੇ ਵਿਸ਼ਵ ਆਟੀਜ਼ਮ ਜਾਗਰੂਕਤਾ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਪੀਡੀਐਟ੍ਰਿਕਸ ਵਿਭਾਗ ਵੱਲੋਂ ਵਿਸ਼ਵ ਆਟੀਜ਼ਮ ਜਾਗਰੂਕਤਾ ਦਿਵਸ ਮਨਾਇਆ ਗਿਆ।ਸਮਾਗਮ ਦੇ ਮੁੱਖ ਮਹਿਮਾਨ ਵਜੋਂ ਡਾ. ਸੰਜੇ ਜੈਨ ਡੀਨ ਨੇ ਸ਼ਿਰਕਤ ਕੀਤੀ।ਉਨ੍ਹਾਂ ਆਟੀਜ਼ਮ ਵਾਲੇ ਬੱਚਿਆਂ ਲਈ ਸ਼ੁਰੂਆਤੀ ਪਛਾਣ, ਸਿੱਖਿਆ ਤੇ ਮਜ਼ਬੂਤ ਸਹਾਇਤਾ ਪ੍ਰਣਾਲੀਆਂ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਕਾਰਜਕ੍ਰਮ ਵਿੱਚ ਪੀਡੀਐਟ੍ਰਿਕ ਨਿਊਰੋਲੋਜਿਸਟ, ਬਾਲ ਰੋਗ ਮਾਹਰ, ਮਾਨਸਿਕ ਵਿਗਿਆਨੀ, ਅਧਿਆਪਕ ਤੇ ਕਮਿਊਨਿਟੀ ਸਾਂਝੇਦਾਰ ਸ਼ਾਮਲ ਸਨ।ਕਾਰਜਕ੍ਰਮ ਦੀ ਖਾਸ ਵਿਸ਼ੇਸ਼ਤਾ ਪੇਰੈਂਟ ਤੇ ਕੇਅਰਗਿਵਰ ਸਟੋਰੀ ਸਰਕਲ ਸੀ, ਜਿਸ ਵਿੱਚ ਮਾਵਾਂ ਤੇ ਦੇਖਭਾਲ ਕਰਨ ਵਾਲਿਆਂ ਨੇ ਆਪਣੇ ਤਜਰਬੇ ਸਾਂਝੇ ਕੀਤੇ।ਉਨ੍ਹਾਂ ਦੀਆਂ ਕਹਾਣੀਆਂ ਨੇ ਵੱਖ-ਵੱਖ ਥੈਰਪੀਜ਼, ਸਿੱਖਿਆ ਸੰਬੰਧੀ ਚੁਣੌਤੀਆਂ ਤੇ ਖਾਸ ਸਿਹਤ ਸੇਵਾਵਾਂ ਤੱਕ ਪਹੁੰਚ ਦੀਆਂ ਮੁਸ਼ਕਲਾਂ ਨੂੰ ਦਰਸਾਇਆ।ਇਸ ਦੌਰਾਨ ਮਾਪਿਆਂ 'ਤੇ ਪੈਣ ਵਾਲੇ ਮਾਨਸਿਕ ਦਬਾਅ, ਆਰਥਿਕ ਭਾਰ ਤੇ ਸਮਾਜਕ ਦਾਗ ਨੂੰ ਵੀ ਉਜਾਗਰ ਕੀਤਾ ਗਿਆ।ਇੱਕ ਪ੍ਰੇਰਨਾਦਾਇਕ ਪਲ ਦੌਰਾਨ ਪੀਜੀਆਈ ਵਿੱਚ ਜਨਮੇ ਆਟੀਜ਼ਮ ਨਾਲ ਪੀੜਤ ਇਕ ਨੌਜਵਾਨ ਨੇ ਆਪਣੀ ਜੀਵਨ ਯਾਤਰਾ ਤੇ ਸਫਲਤਾਵਾਂ ਸਾਂਝੀਆਂ ਕੀਤੀਆਂ।ਉਹ ਹੁਣ ਇਕ ਯੂਟਿਊਬ ਚੈਨਲ ਚਲਾਉਂਦਾ ਹੈ ਤੇ ਲੋਕਾਂ ਨਾਲ ਜੁੜਨ ਤੇ ਮਦਦ ਕਰਨ ਦੀ ਇੱਛਾ ਪ੍ਰਗਟਾਈ।ਇਹ ਸਮਾਵੇਸ਼, ਸਮਰੱਥਾ ਤੇ ਉਮੀਦ ਦਾ ਪ੍ਰਤੀਕ ਸੀ।ਮਾਹਰਾਂ ਨੇ ਜ਼ੋਰ ਦਿੱਤਾ ਕਿ ਆਟੀਜ਼ਮ ਨੂੰ ਸਿਰਫ਼ ਕਲੀਨਿਕ ਤੱਕ ਸੀਮਿਤ ਨਾ ਰੱਖਿਆ ਜਾਵੇ, ਸਗੋਂ ਸਮਾਵੇਸ਼ੀ ਕਲਾਸਰੂਮ, ਸਹਿਯੋਗੀ ਪਰਿਵਾਰ ਤੇ ਸੰਵੇਦਨਸ਼ੀਲ ਸਮਾਜ ਰਾਹੀਂ ਸਮਝਿਆ ਜਾਵੇ, ਜਿੱਥੇ ਵੱਖਰਾਪਣ ਨੂੰ ਸਵੀਕਾਰਿਆ ਜਾਵੇ।ਇਸ ਮੌਕੇ ਕੇਕ ਕੱਟਣ ਦੀ ਰਸਮ ਵੀ ਅਦਾ ਕੀਤੀ ਗਈ, ਜੋ ਏਕਤਾ, ਖੁਸ਼ੀ ਤੇ ਵਿਭਿੰਨਤਾ ਦੇ ਜਸ਼ਨ ਦਾ ਪ੍ਰਤੀਕ ਸੀ।

## ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਦਾ ਨਮ ਅੱਖਾਂ ਨਾਲ ਅੰਤਿਮ ਸੰਸਕਾਰ

### ਕਾਂਗਰਸ ਨੇ ਮ੍ਰਿਤਕ ਦੇਹ 'ਤੇ ਪਾਰਟੀ ਦਾ ਝੰਡਾ ਚੜ੍ਹਾ ਕੇ ਦਿੱਤੀ ਅੰਤਿਮ ਵਿਦਾਇਗੀ



ਪਰਮਿੰਦਰ ਤਿਵਾੜੀ ਨੂੰ ਅੰਤਿਮ ਵਿਦਾਇਗੀ ਦਿੰਦੇ ਹੋਏ ਕਾਂਗਰਸੀ ਆਗੂ ਅਤੇ ਹੋਰ।

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿਛਲੇ ਦਿਨੀਂ ਬਲਾਕ ਕਾਂਗਰਸ ਮਾਛੀਵਾੜਾ ਦੇ ਪ੍ਰਧਾਨ ਪਰਮਿੰਦਰ ਤਿਵਾੜੀ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ ਅਤੇ ਅੱਜ ਚੌਥੇ ਦਿਨ ਪਰਿਵਾਰ ਵੱਲੋਂ ਅੰਤਿਮ ਸੰਸਕਾਰ ਦੀਆਂ ਰਸਮਾਂ ਨਿਭਾਈਆਂ ਗਈਆਂ। ਅੱਜ ਜਦੋਂ ਪੋਸਟ ਮਾਰਟਮ ਕਰਵਾਉਣ ਤੋਂ ਬਾਅਦ ਪਰਮਿੰਦਰ ਤਿਵਾੜੀ ਦੀ ਮ੍ਰਿਤਕ ਦੇਹ ਉਨ੍ਹਾਂ ਦੇ ਘਰ ਪੁੱਜੀ ਤਾਂ ਉੱਥੇ ਛੋਟੇ ਛੋਟੇ ਬੱਚਿਆਂ ਤੇ ਪਤਨੀ ਕੁਸਮ ਤਿਵਾੜੀ ਤੋਂ ਇਲਾਵਾ ਪਰਿਵਾਰਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ ਸੀ। ਅਚਨਚੇਤ ਵਾਪਰੀ ਇਸ ਘਟਨਾ ਕਾਰਨ ਜਿੱਥੇ ਪਰਿਵਾਰ ਗਹਿਰੇ ਸਦਮੇ ਵਿੱਚ ਸੀ, ਉੱਥੇ ਪਿੰਡ ਤੱਖਰਾਂ ਵਿਚ ਵੀ ਸੋਗ ਦੀ ਲਹਿਰ ਦੇਖਣ ਨੂੰ ਮਿਲੀ। ਕਾਂਗਰਸ ਪਾਰਟੀ ਵੱਲੋਂ ਪੁੱਜੇ ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ, ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਲੱਖਾ ਪਾਇਲ, ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਐੱਮ. ਪੀ. ਅਮਰ ਸਿੰਘ ਦੇ ਸਪੁੱਤਰ ਕਾਮਲ ਬੋਪਾਰਾਏ ਨੇ ਪਾਰਟੀ ਦਾ ਝੰਡਾ ਆਪਣੇ ਜੁਝਾਰੂ ਆਗੂ ਦੀ ਮ੍ਰਿਤਕ ਦੇਹ 'ਤੇ ਚੜ੍ਹਾਇਆ ਤੇ ਉਸ ਨੂੰ ਨਮ ਅੱਖਾਂ ਨਾਲ ਵਿਦਾਇਗੀ ਦਿੱਤੀ। ਉਕਤ ਆਗੂਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੁੰਮਕਲਾਂ ਪੁਲਸ ਵੱਲੋਂ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਦੇ ਦੋਵੇਂ ਕਾਤਲਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਤੇ ਉਸ ਤੋਂ ਬਾਅਦ ਹੀ ਅੰਤਿਮ ਸੰਸਕਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦੀ ਮਾੜੀ ਅਮਨ, ਕਾਨੂੰਨ ਦੀ ਸਥਿਤੀ ਕਾਰਨ ਸਾਡਾ ਮਿਹਨਤੀ ਤੇ ਜੁਝਾਰੂ ਵਰਕਰ ਸਾਡੇ ਤੋਂ ਸਦਾ ਲਈ ਵਿੱਛੜ ਗਿਆ। ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂ ਐਡਵੋਕੇਟ ਜਸਪ੍ਰੀਤ ਸਿੰਘ ਕਲਾਲਮਾਜਰਾ ਨੇ ਕਿਹਾ ਕਿ ਉਹ ਪਾਰਟੀ ਆਗੂ ਦੇ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ ਹਰ ਕਾਨੂੰਨੀ ਲੜਾਈ ਲੜਨਗੇ। ਸਮਸ਼ਾਨ ਘਾਟ ਵਿੱਚ ਛੋਟੇ ਬੱਚੇ ਦਕਸ਼ ਤਿਵਾੜੀ ਤੇ ਅਭੀਵੰਸ਼ ਤਿਵਾੜੀ ਨੇ ਆਪਣੇ ਪਿਤਾ ਦੀ ਚਿਖ਼ਾ ਨੂੰ ਅਗਨੀ ਦਿਖਾਈ। ਇਸ ਮੌਕੇ ਹਲਕਾ ਕੋਆਰਡੀਨੇਟਰ ਕਸਤੂਰੀ ਲਾਲ ਮਿੰਟੂ, ਤੇਜਿੰਦਰ ਸਿੰਘ ਕੂੰਨਰ, ਜ਼ਿਲ੍ਹਾ ਉਪ ਪ੍ਰਧਾਨ ਜੇ.ਪੀ. ਮੱਕੜ, ਡਾ. ਸੁਨੀਲ ਦੱਤ, ਹੁਸਨ ਲਾਲ ਮੜਕਨ, ਸੁਖਵਿੰਦਰ ਸਿੰਘ ਭੱਟੀਆਂ, ਸ਼ਹਿਰੀ ਪ੍ਰਧਾਨ ਐਡਵੋਕੇਟ ਕਪਿਲ ਆਨੰਦ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਅਜਮੇਰ ਸਿੰਘ ਪੂਰਬਾ, ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਟਹਿਲ ਸਿੰਘ ਔਜਲਾ, ਕੌਂਸਲਰ ਸੁਰਿੰਦਰ ਛਿੰਦੀ, ਮਨਦੀਪ ਖੁੱਲਰ, ਭਾਜਪਾ ਮੰਡਲ ਪ੍ਰਧਾਨ ਸੁੱਖੀ ਸ਼ਰਮਾ, ਰਾਜੇਸ਼ ਲੀਹਲ, ਜਗਜੀਤ ਸਿੰਘ ਪ੍ਰਿਥੀਪੁਰ, ਬਲਵਿੰਦਰ ਰਾਏ ਚੌਧਰੀ, ਪ੍ਰਿੰਸੀਪਲ ਦਰਸ਼ਨ ਲਾਲ ਜੈਨ, ਅਰੁਣ ਲੂਥਰਾ, ਰਜਿੰਦਰ ਵਰਮਾ, ਚੇਤਨ ਕੁਮਾਰ, ਪਰਵੀਨ ਮੱਕੜ, ਛਿੰਦਰਪਾਲ ਹਿਯਾਤਪੁਰ, ਰਾਜੇਸ਼ ਬਿੱਟੂ, ਯੁਵਰਾਜਜੀਤ ਰਾਏ, ਨੰਦ ਕਿਸ਼ੋਰ, ਭੁਪਿੰਦਰ ਸਿੰਘ ਕਾਹਲੋਂ, ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਕੁਲਦੀਪ ਸਿੰਘ ਸੇਖੋਂ, ਲਾਭ ਸਿੰਘ, ਸੁਖਦੀਪ ਸਿੰਘ ਸੋਨੀ, ਹਰਚੰਦ ਸਿੰਘ, ਗੁਰਮੁੱਖ ਸਿੰਘ, ਵਿਜੈ ਕੁਮਾਰ ਚੌਧਰੀ, ਸੁਖਜਿੰਦਰ ਸਿੰਘ ਪਵਾਤ, ਵਿਨੀਤ ਕੁਮਾਰ ਝੜੌਦੀ, ਸੁਭਾਸ਼ ਬੀਟਨ ਮੌਜੂਦ ਸਨ।

## ਰਾਤ ਸਮੇਂ ਕੰਬਾਇਨ ਰਾਹੀਂ ਕਣਕ ਦੀ ਕਟਾਈ 'ਤੇ ਪਾਬੰਦੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਮੈਜਿਸਟਰੇਟ ਫਾਜ਼ਿਲਕਾ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਸ਼ਾਮ 07:00 ਵਜੇ ਤੋਂ ਸਵੇਰੇ 08:00 ਵਜੇ ਤੱਕ ਕੰਬਾਇਨ ਰਾਹੀਂ ਕਣਕ ਦੀ ਕਟਾਈ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ।ਇਹ ਹੁਕਮ 31 ਮਈ 2026 ਤੱਕ ਲਾਗੂ ਰਹਿਣਗੇ। ਹੁਕਮ ਮੁਤਾਬਕ ਕਣਕ ਦੀ ਫਸਲ ਦੀ ਕਟਾਈ ਆਮ ਤੌਰ 'ਤੇ ਕਿਸਾਨਾਂ ਵੱਲੋਂ ਕੰਬਾਇਨਾਂ ਨਾਲ ਕਰਵਾਈ ਜਾਦੀ ਹੈ।ਕਣਕ ਦੀ ਕਟਾਈ ਕਰਨ ਲਈ ਦਿਨ-ਰਾਤ ਕੰਬਾਇਨਾਂ ਚਲਾਈਆਂ ਜਾਂਦੀਆਂ ਹਨ।ਇਹ ਕੰਬਾਇਨਾਂ ਰਾਤ ਵੇਲੇ ਹਰੀ ਕਣਕ ਜੋ ਕਿ ਚੰਗੀ ਤਰ੍ਹਾਂ ਸੁੱਕੀ ਨਹੀਂ ਹੁੰਦੀ, ਨੂੰ ਵੀ ਕੱਟ ਦਿੰਦੀਆਂ ਹਨ, ਜਿਸ ਨਾਲ ਕਿਸਾਨਾਂ ਨੂੰ ਸਿੱਧਾ ਨੁਕਸਾਨ ਹੁੰਦਾ ਹੈ। ਇਸ ਤੋਂ ਇਲਾਵਾ ਕੰਬਾਇਨ ਸੜਕ ਰਾਹੀਂ ਖੇਤਾਂ ਵਿੱਚ ਜਾਦੀਆਂ ਹਨ, ਜਿਸ ਕਰਕੇ ਆਮ ਤੌਰ 'ਤੇ ਟ੍ਰੈਫਿਕ ਵਿੱਚ ਵਿਘਨ ਪੈਂਦਾ ਹੈ ਅਤੇ ਐਕਸੀਡੈਂਟ ਦਾ ਖਤਰਾ ਬਣਿਆ ਰਹਿੰਦਾ ਹੈ।ਕਈ ਵਾਰ ਰਾਤ ਦਾ ਹਨੇਰਾ ਹੋਣ ਕਾਰਨ ਕੰਬਾਇਨਾਂ ਬਿਜਲੀ ਦੀਆਂ ਤਾਰਾਂ ਨਾਲ ਅਚਾਨਕ ਟਕਰਾ ਜਾਂਦੀਆਂ ਹਨ ਤੇ ਸ਼ਾਰਟ ਸਰਕਟ ਹੋਣ ਨਾਲ ਜਾਨੀ ਮਾਲੀ ਨੁਕਸਾਨ ਹੋ ਜਾਂਦਾ ਹੈ।ਇਸ ਲਈ ਆਮ ਪਬਲਿਕ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰਾਤ ਸਮੇਂ ਕੰਬਾਇਨ ਚਲਾਉਣ ਤੇ ਪਾਬੰਦੀ ਲਗਾਈ ਜਾਣੀ ਜ਼ਰੂਰੀ ਹੈ।

# ਮਜ਼ਦੂਰ ਵਿਰੋਧੀ ਕਾਨੂੰਨਾਂ ਖਿਲਾਫ ਸਮੂਹ ਟਰੇਡ ਯੂਨੀਅਨਾਂ ਵੱਲੋਂ ਰੋਸ ਰੈਲੀ




ਪਠਾਨਕੋਟ (ਦਵਿੰਦਰ ਸਿੰਘ)- ਕੇਂਦਰ ਸਰਕਾਰ ਵੱਲੋਂ ਮਜ਼ਦੂਰ ਜਮਾਤ ਨਾਲ ਧ੍ਰੋਹ ਕਰਦਿਆਂ ਮਜ਼ਦੂਰ ਪੱਖੀ ਬਣਾਏ ਸਾਰੇ ਕਿਰਤ ਕਾਨੂੰਨ ਖਤਮ ਕਰਕੇ ਪਹਿਲੀ ਅਪ੍ਰੈਲ 2026 ਤੋਂ ਲਾਗੂ ਕਰਨ ਦੇ ਅਦੇਸ਼ ਜਾਰੀ ਕਰਨ ਖਿਲਾਫ ਦੇਸ਼ ਭਰ ਦੀਆਂ ਸਮੁੱਚੀਆਂ ਟਰੇਡ ਯੂਨੀਅਨਾਂ ਤੇ ਮਜ਼ਦੂਰ ਮੁਲਾਜ਼ਮ ਫੈਡਰੇਸ਼ਨਾਂ ਦੇ ਸੱਦੇ ਤਹਿਤ ਵਿਰੋਧ ਵਜੋਂ ਪਠਾਨਕੋਟ ਵਿਖੇ ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਵੱਲੋਂ ਪਹਿਲਾਂ ਲੇਬਰ ਸ਼ੈਡ ਰੈਲੀ ਕੀਤੀ ਤੇ ਵਰ੍ਹਦੀ ਬਾਰਿਸ਼ ਦੌਰਾਨ ਕਾਲੇ ਝੰਡਿਆਂ ਨਾਲ ਸ਼ਹਿਰ ਵਿਚ ਰੋਸ ਮਾਰਚ ਕੱਢਿਆ ਤੇ ਲੇਬਰ ਕੋਡ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ।

ਰੈਲੀ ਅਤੇ ਮਾਰਚ ਦੀ ਅਗਵਾਈ ਟਰੇਡ ਯੂਨੀਅਨ ਮੋਰਚੇ ਵਿੱਚ ਸ਼ਾਮਲ ਏਟਕ, ਸੀਟੂ, ਸੀਟੀਯੂ ਪੰਜਾਬ ਅਤੇ ਇਫਟੂ ਦੇ ਆਗੂਆਂ ਕਾਮਰੇਡ ਸ਼ੁਰੇਸ਼ ਕੁਮਾਰ, ਸੁਰਿੰਦਰ ਸਹਿਗਲ, ਮਾਸਟਰ ਸੁਭਾਸ਼ ਸ਼ਰਮਾ, ਵਿਜੇ ਕੁਮਾਰ ਰਛਪਾਲਵਾਂ ਦੇ ਅਧਾਰਿਤ ਪ੍ਰਧਾਨਗੀ ਮੰਡਲ ਨੇ ਕੀਤੀ।

ਟਰੇਡ ਯੂਨੀਅਨ ਆਗੂ ਕਾਮਰੇਡ ਨੱਥਾ ਸਿੰਘ ਢਡਵਾਲ, ਬਿਕਰਮਜੀਤ, ਇਕਬਾਲ ਸਿੰਘ, ਵਿਜੇ ਕੁਮਾਰ, ਸ਼ਿਵ ਕੁਮਾਰ, ਬਲਵਿੰਦਰ ਕੁਮਾਰ, ਕਿਸਾਨ ਆਗੂ ਕੇਵਲ ਕਾਲੀਆ ਅਤੇ ਬਲਵੰਤ ਸਿੰਘ ਘੋਹ ਨੇ ਲੋਕਾਂ ਨੂੰ ਪੁਰਾਣੇ ਕਿਰਤ ਕਾਨੂੰਨ ਬਹਾਲ ਕਰਾਉਣ, ਮਨਰੇਗਾ ਕਾਨੂੰਨ ਮੁੜ ਬਹਾਲ ਕਰਵਾਉਣ, ਬਿਜਲੀ ਤੇ ਬੀਜ ਸੋਧ ਬਿੱਲ-2025 ਰੱਦ ਕਰਾਉਣ ਲਈ ਸਾਂਝੇ ਸੰਘਰਸ਼ਾਂ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ।ਇਸ ਸਮੇਂ ਵੱਖ-ਵੱਖ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

# ਆਂਗਣਵਾੜੀ ਸੈਂਟਰਾਂ ਲਈ ਖਰੀਦੇ ਫੋਨ ਰੂਰਲ ਡਿਪਾਰਟਮੈਂਟ ਨੂੰ ਦੇਣ ਦਾ ਵਿਰੋਧ



ਚੋਹਲਾ ਸਾਹਿਬ (ਰਮਨ ਚੱਢਾ)-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਬਲਾਕ ਪਰਧਾਨ ਜਤਿੰਦਰ ਕੌਰ ਭੈਲ ਨੇ ਕਿਹਾ ਕਿ ਸਰਕਾਰ ਨੇ ਜੋ ਸਮਾਰਟ ਫੋਨ ਆਂਗਣਵਾੜੀ ਪੋਸ਼ਣ ਅਭਿਆਨ ਦੇ ਅਧੀਨ ਆਂਗਣਵਾੜੀ ਸੈਂਟਰਾਂ ਵਿੱਚ ਦੇਣ ਲਈ ਖਰੀਦੇ ਸਨ ਉਹ ਫੋਨ ਹੁਣ ਸਰਵੇ ਕਰਨ ਲਈ ਰੂਰਲ ਡਿਵੈਲਪਮੈਂਟ ਮਹਿਕਮੇ ਨੂੰ ਦਿੱਤੇ ਜਾ ਰਹੇ ਹਨ, ਉਨ੍ਹਾਂ ਨੇ ਕਿਹਾ ਕਿ ਸਰਕਾਰ ਜੋ 13 ਅਪ੍ਰੈਲ ਨੂੰ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਸ਼ੁਰੂ ਕਰ ਰਹੀ ਹੈ ਉਸ ਵਿੱਚ ਜੋ ਫਾਰਮ ਆਂਗਣਵਾੜੀ ਵਰਕਰਾਂ ਨੂੰ ਆਪਣੇ ਫੋਨਾਂ ਤੋਂ ਭਰਨ ਲਈ ਕਿਹਾ ਜਾ ਰਿਹਾ ਹੈ, ਉਹ ਆਂਗਣਵਾੜੀ ਵਰਕਰ ਆਪਣੇ ਪਰਸਨਲ ਫੋਨਾਂ ਤੋਂ ਨਹੀਂ ਭਰਨਗੀਆਂ, ਜੇਕਰ ਸਰਕਾਰ ਆਂਗਣਵਾੜੀ ਵਰਕਰਾਂ ਨੂੰ ਸਮਾਰਟ ਫੋਨ ਦੇਵੇਗੀ ਜੋ ਪੋਸ਼ਨ ਅਭਿਆਨ ਦੇ ਅੰਡਰ ਉਨ੍ਹਾਂ ਲਈ ਖਰੀਦੇ ਗਏ ਹਨ, ਤਾਂ ਹੀ ਇਹ ਯੋਜਨਾ ਦੇ ਫਾਰਮ ਭਰੇ ਜਾਣਗੇ ਸਰਕਲ ਪਰਧਾਨ ਰਜਵੰਤ ਕੌਰ ਰਾਜਬੀਰ ਕੌਰ ਦਵਿੰਦਰ ਕੌਰ ਰਾਜਦਵਿਦਰ ਕੌਰ ਹਰਮੀਤ ਕੌਰ ਕੁਲਬੀਰ ਕੌਰ ਆਦਿ ਨੇ ਮੰਗ ਕੀਤੀ ਕਿ ਇਨ੍ਹਾਂ ਫਾਰਮਾਂ ਨੂੰ ਅਪਲੋਡ ਕਰਨ ਲਈ ਘੱਟੋ-ਘੱਟ 100 ਰੁਪਏ ਪ੍ਰਤੀ ਫਾਰਮ ਆਂਗਣਵਾੜੀ ਵਰਕਰ ਨੂੰ ਦਿੱਤਾ ਜਾਵੇ। ਸਰਕਾਰ ਨੇ ਮਾਣ ਭੱਤਾ ਦੁਗਣਾ ਕਰਨ ਦਾ ਵਾਅਦਾ ਕਰਿਆ ਸੀ ਪਰ ਕੰਮ ਕਰਨ ਬਦਲੇ ਵੀ ਮਾਣ ਭੱਤਾ ਨਹੀਂ ਦਿੰਦੇ ਜੋ ਬਹੁਤ ਹੀ ਦੁੱਖ ਦੀ ਗੱਲ ਹੈ।

# ਸ਼ਾਲਾ ਪੁਲਸ ਵੱਲੋਂ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕੁੱਟਮਾਰ ਕਰਨ ਦੇ ਦੋਸ਼ਾਂ ਤਹਿਤ ਕੁਝ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਸ਼ਾਲਾ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਤੇਜਿੰਦਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਨਵਾਂ ਪਿੰਡ ਬਹਾਦਰ ਨੇ ਦੱਸਿਆ ਕਿ 21 ਫਰਵਰੀ 2026 ਨੂੰ ਉਹ ਰੋਜ਼ਾਨਾ ਦੀ ਤਰ੍ਹਾਂ ਸ਼ਾਮ ਨੂੰ ਸੈਰ ਕਰਕੇ ਵਾਪਸ ਘਰ ਨੂੰ ਆ ਰਿਹਾ ਸੀ ਕਿ ਰਾਤ 8 ਵਜੇ ਦੇ ਕਰੀਬ ਜਦ ਉਹ ਜਗਦੀਸ਼ ਕਰਿਆਨੇ ਵਾਲੇ ਦੀ ਦੁਕਾਨ ਨੇੜੇ ਪੁੱਜਾ ਤਾਂ ਉਥੇ ਸੁਰਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ, ਮਨਿੰਦਰ ਸਿੰਘ ਪੁੱਤਰ ਮਹਿੰਦਰ ਸਿੰਘ, ਰਮਨਦੀਪ ਸਿੰਘ ਪੁੱਤਰ ਨਿਰਮਲ ਸਿੰਘ, ਸਟੀਫਨ ਪੁੱਤਰ ਬਿੱਟੂ ਮਸੀਹ, ਸੁਖਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਨਵਾਂ ਪਿੰਡ ਬਹਾਦਰ ਪਹਿਲਾਂ ਤੋਂ ਖੜੇ ਸਨ ਜਿਨ੍ਹਾਂ ਨੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਜ਼ਖ਼ਮੀ ਕਰ ਦਿੱਤਾ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਨੌਕਰੀ ਦਿਵਾਉਣ ਦੇ ਨਾਂਅ 'ਤੇ 1 ਲੱਖ ਰੁਪਏ ਦੀ ਠੱਗੀ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਪੁਲਿਸ ਨੇ ਭਾਰਤੀ ਕਰਵਾਉਣ ਦੇ ਨਾਂਅ 'ਤੇ ਠੱਗੀ ਮਾਰਨ ਵਾਲੇ ਇਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਪੁਲਸ ਨੇ ਸ਼ਿਕਾਇਤ ਮਿਲਣ ਤੋਂ ਬਾਅਦ ਕੀਤੀ ਜਾਂਚ ਪੜਤਾਲ ਵਿਚ ਪਾਇਆ ਕਿ ਨਿਤਿਨ ਉਰਫ ਲੱਕੀ, ਸੈਮ ਮਸੀਹ ਪੁੱਤਰ ਸੱਤਪਾਲ ਵਾਸੀ ਲੱਖੋਵਾਲ ਨੇ ਗੁਰਜੀਤ ਸਿੰਘ ਵਾਸੀ ਚੱਕ ਅਰਾਈਆਂ ਨੂੰ ਫਾਇਰ ਬ੍ਰਿਗੇਡ ਮਹਿਕਮੇ ਵਿੱਚ ਡਰਾਈਵਰ ਭਰਤੀ ਕਰਵਾਉਣ ਦੇ ਨਾਂਅ 'ਤੇ ਇੱਕ ਲੱਖ ਰੁਪਏ ਦੀ ਠੱਗੀ ਮਾਰੀ ਹੈ। ਪੁਲਸ ਨੇ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਕੱਥੂਨੰਗਲ ਟੋਲ ਪਲਾਜ਼ੇ 'ਤੇ ਕਿਸਾਨਾਂ ਦਾ ਰੋਸ ਪ੍ਰਦਰਸ਼ਨ, ਟੋਲ ਕੀਤਾ ਫ੍ਰੀ



ਕਥੂਨੰਗਲ, (ਵਿਜੇ ਸ਼ਰਮਾ)-ਕਥੂਨੰਗਲ ਟੋਲ ਪਲਾਜ਼ਾ 'ਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਟੋਲ ਪਲਾਜ਼ਾ ਨੂੰ ਕੁਝ ਸਮੇਂ ਲਈ ਫ੍ਰੀ ਕਰ ਦਿੱਤਾ, ਜਿਸ ਨਾਲ ਆਵਾਜਾਈ ਕਰ ਰਹੇ ਵਾਹਨਾਂ ਨੂੰ ਰਾਹਤ ਮਿਲੀ।ਪ੍ਰਦਰਸ਼ਨ ਦੌਰਾਨ ਕਿਸਾਨ ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ 'ਤੇ ਨਿਸ਼ਾਨਾ ਸਾਧਦੇ ਹੋਏ ਦੋਸ਼ ਲਗਾਇਆ ਕਿ ਕਿਸਾਨਾਂ ਨੂੰ ਲਗਾਤਾਰ ਅਣਡਿੱਠਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਕਿਸਾਨ, ਜੋ ਦੇਸ਼ ਦਾ ਢਿੱਡ ਭਰਦਾ ਹੈ ਅੱਜ ਕਰਜ਼ੇ ਹੇਠ ਦੱਬਿਆ ਹੋਇਆ ਹੈ ਅਤੇ ਉਸ ਨੂੰ ਖੁਦਕੁਸ਼ੀਆਂ ਵੱਲ ਧੱਕਿਆ ਜਾ ਰਿਹਾ ਹੈ।ਕਿਸਾਨ ਆਗੂਆਂ ਨੇ ਦੋਸ਼ ਲਗਾਇਆ ਕਿ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਪ੍ਰਣਾਲੀ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ ਅਤੇ ਕਿਸਾਨਾਂ ਦੀ ਜ਼ਮੀਨ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਵਾਅਦੇ ਅਜੇ ਤੱਕ ਪੂਰੇ ਨਹੀਂ ਹੋਏ ਅਤੇ ਕਿਸਾਨਾਂ ਨੂੰ ਆਪਣੀ ਫਸਲ ਦਾ ਯੋਗ ਮੁੱਲ ਨਹੀਂ ਮਿਲ ਰਿਹਾ।ਕਿਸਾਨ ਆਗੂਆਂ ਨੇ ਐਲਾਨ ਕੀਤਾ ਕਿ 6 ਅਤੇ 10 ਤਾਰੀਖ ਨੂੰ ਹੋਰ ਧਰਨੇ ਦਿੱਤੇ ਜਾਣਗੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰਾਂ ਨੇ ਕਿਸਾਨਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਅੰਦੋਲਨ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਤਰੁਣ ਚੁੱਘ ਨੇ ਭਾਰਤੀ ਟੀਮ ਨੂੰ ਦਿੱਤੀਆਂ ਸ਼ੁੱਭਕਾਮਨਾਵਾਂ




ਛੇਹਰਟਾ, (ਮਨੋਜ ਕੁਮਾਰ):ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਏਸ਼ੀਆ ਓਸ਼ੀਨੀਆਂ ਓਪਨ ਪੈਰਾ ਪਾਵਰਲਿਫਟਿੰਗ ਚੈਂਪੀਅਨਸ਼ਿਪ 2026 ਲਈ ਭਾਰਤ ਦੀ ਪੈਰਾ ਪਾਵਰਲਿਫਟਿੰਗ ਟੀਮ ਦੇ ਰਵਾਨਾ ਹੋਣ ਤੋਂ ਪਹਿਲਾਂ ਨਵੀਂ ਦਿੱਲੀ ਵਿਚ ਖਿਡਾਰੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਚੁੱਘ ਨੇ ਕਿਹਾ ਕਿ ਇਹ ਖਿਡਾਰੀ ਨਾ ਸਿਰਫ਼ ਆਪਣੇ ਨਿੱਜੀ ਸੁਪਨਿਆਂ ਨੂੰ, ਸਗੋਂ 1.4 ਅਰਬ ਦੇਸ਼ ਵਾਸੀਆਂ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਕੌਮਾਂਤਰੀ ਪੱਧਰ 'ਤੇ ਟੂਰਨਾਮੈਂਟ ਖੇਡਣ ਜਾ ਰਹੇ ਹਨ। ਚੁੱਘ ਨੇ ਕਿਹਾ ਕਿ ਇਨ੍ਹਾਂ ਖਿਡਾਰੀਆਂ ਨੇ ਉਨ੍ਹਾਂ ਚੁਣੌਤੀਆਂ ਨੂੰ ਮੌਕਿਆਂ ਵਿਚ ਬਦਲ ਕੇ ਆਪਣੀ ਸਮਰੱਥਾ ਦਾ ਪ੍ਰਦਰਸ਼ਨ ਕੀਤਾ ਹੈ, ਜਿਨ੍ਹਾਂ ਨੂੰ ਪਾਰ ਕਰਨਾ ਆਮ ਵਿਅਕਤੀ ਲਈ ਅਸੰਭਵ ਜਾਪਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੂਰਨ ਵਿਸ਼ਵਾਸ ਹੈ ਕਿ ਇਹ ਖਿਡਾਰੀ ਬੈਂਕਾਕ ਵਿਚ ਭਾਰਤ ਦਾ ਮਾਣ ਵਧਾਉਣਗੇ। ਉਨ੍ਹਾਂ ਕਿਹਾ ਕਿ ਪਿਛਲੇ 12 ਸਾਲਾਂ ਵਿਚ ਦੇਸ਼ ਨੇ ਖੇਡਾਂ ਸਮੇਤ ਹਰ ਖੇਤਰ ਵਿਚ ਆਪਣੀ ਨਵੀਂ ਪਛਾਣ ਬਣਾਈ ਹੈ।

## ਕਿਸਾਨਾਂ ਨੇ ਨਹਿਰ ਅਪਰ ਬਾਰੀ ਦੁਆਬ 'ਚ ਡਿੱਗੇ ਰੁੱਖ ਚੁਕਵਾਉਣ ਦੀ ਕੀਤੀ ਮੰਗ



ਗੁਰਦਾਸਪੁਰ (ਜਨਕ ਮਹਾਜਨ)- ਨਹਿਰ ਅਪਰਬਾਰੀ ਦੁਆਬ ਪੁੱਲ ਤਿੱਬੜੀ ਤੋਂ ਜੋ ਨਹਿਰ ਧਾਰੀਵਾਲ ਨੂੰ ਜਾਂਦੀ ਹੈ ਉਸ ਵਿੱਚ ਕਾਫੀ ਰੁੱਖ ਕਰੀਬ ਇੱਕ ਸਾਲ ਤੋਂ ਡਿੱਗੇ ਪਏ ਹਨ ਅਤੇ ਮਹਿਕਮਾ ਉਨ੍ਹਾਂ ਨੂੰ ਉਠਾ ਨਹੀਂ ਰਿਹਾ ਜਿਸ ਕਰਕੇ ਇਲਾਕੇ ਦੇ ਕਿਸਾਨਾਂ ਦਾ ਮਹਿਕਮੇ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਨਹਿਰ ਨੇੜੇ ਕਿਸਾਨਾਂ ਨੇ ਦੱਸਿਆ ਕਿ ਪਿਛਲੇ ਸਾਲ ਆਈ ਤੇਜ਼ ਹਨੇਰੀ ਨਾਲ ਨਹਿਰਾਂ ਕੰਡੇ ਲੱਗੇ ਰੁੱਖ ਡਿੱਗ ਪਏ ਅਤੇ ਹੁਣ ਜਦ ਨਹਿਰ ਵਿੱਚ ਪਾਣੀ ਆਉਂਦਾ ਹੈ ਤਾਂ ਉਸ ਨਾਲ ਪਾਣੀ ਦੀ ਡਾਫ ਲੱਗ ਜਾਂਦੀ ਹੈ ਜਿਸ ਨਾਲ ਨੁਕਸਾਨ ਹੋਣ ਦਾ ਡਰ ਬਣਿਆ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਨਹਿਰ ਵਿੱਚੋਂ ਰੁੱਖਾਂ ਨੂੰ ਚੁਕਵਾਉਣ ਵਾਸਤੇ ਮਹਿਕਮੇ ਦੇ ਅਧਿਕਾਰੀਆਂ ਨੂੰ ਅਪੀਲ ਕੀਤੀ ਸੀ ਪਰ ਫਿਰ ਵੀ ਕੋਈ ਹੱਲ ਨਹੀਂ ਹੋਇਆ ਜਿਸ ਕਰਕੇ ਇਲਾਕੇ ਦੇ ਕਿਸਾਨ ਕਾਫੀ ਚਿੰਤਤ ਹਨ। ਉਹਨਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਨਹਿਰ ਕੰਡੇ ਉੱਗੀ ਜੜੀ ਬੂਟੀ ਤੇ ਪਏ ਰੁੱਖਾਂ ਨੂੰ ਚਕਵਾਉਣ ਵਾਸਤੇ ਮਹਿਕਮੇ ਦੇ ਅਧਿਕਾਰੀਆਂ ਨੂੰ ਸਖਤ ਹਦਾਇਤਾਂ ਕੀਤੀਆਂ ਜਾਣ ਜਿਸ ਨਾਲ ਨਹਿਰ ਦੇ ਕਿਨਾਰੇ ਟੁੱਟਣ ਤੋਂ ਬਚ ਸਕਣ।

## ਮਲਕ ਕਲਾਥ ਹਾਊਸ ਝਬਾਲ ਵਾਲਿਆਂ ਨੇ ਲੰਗਰ ਲਾਇਆ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਮਲਕ ਕਲਾਥ ਹਾਊਸ ਝਬਾਲ ਵਾਲਿਆਂ ਵੱਲੋਂ ਸ਼੍ਰੀ ਹਨੂੰਮਾਨ ਦੇ ਜਨਮ ਉਤਸਵ ਮੌਕੇ ਵਿਸ਼ਾਲ ਲੰਗਰ ਭੰਡਾਰੇ ਦਾ ਆਯੋਜਨ ਕੀਤਾ ਗਿਆ।ਇਸ ਧਾਰਮਿਕ ਪ੍ਰੋਗਰਾਮ ਵਿੱਚ ਇਲਾਕੇ ਦੇ ਬਹੁਤ ਸਾਰੇ ਲੋਕਾਂ ਨੇ ਸ਼ਮੂਲੀਅਤ ਕੀਤੀ ਅਤੇ ਗੁਰੂ ਦੀ ਬਖ਼ਸ਼ਿਸ਼ ਹਾਸਲ ਕੀਤੀ।ਲੰਗਰ ਦੌਰਾਨ ਸਾਰਿਆਂ ਲਈ ਲੰਗਰ ਭੰਡਾਰੇ ਦੀ ਸੇਵਾ ਕੀਤੀ ਗਈ, ਜਿੱਥੇ ਸੇਵਾਦਾਰਾਂ ਨੇ ਬੜੀ ਨਿਸ਼ਠਾ ਅਤੇ ਪਿਆਰ ਨਾਲ ਸੇਵਾ ਨਿਭਾਈ।ਇਸ ਮੌਕੇ ਪੱਪੂ ਮਲਕ, ਬਾਂਕਾ ਮਲਕ, ਡੀਸੀ ਮਲਕ, ਕਸ਼ਿਸ਼ ਮਲਕ, ਆਕਾਸ਼ ਭਾਟੀਆ, ਰਕੇਸ਼ ਭਾਟੀਆ, ਅਭਿਸ਼ੇਕ ਸ਼ਰਮਾ ਆਦਿ ਤੋਂ ਸ਼੍ਰੀ ਹਨੂੰਮਾਨ ਦੇ ਭਗਤਾਂ ਵੱਲੋਂ ਭਜਨ-ਕੀਰਤਨ ਵੀ ਕੀਤਾ ਗਿਆ ਅਤੇ ਸ਼੍ਰੀ ਹਨੂੰਮਾਨ ਦੀ ਮਹਿਮਾ ਗਾਈ ਗਈ।ਸੇਵਾਦਾਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਸਾਨੂੰ ਏਕਤਾ ਅਤੇ ਭਾਈਚਾਰੇ ਦਾ ਸੁਨੇਹਾ ਦਿੰਦੇ ਹਨ।ਇਲਾਕੇ ਦੇ ਲੋਕਾਂ ਨੇ ਇਸ ਉਪਰਾਲੇ ਦੀ ਖੂਬ ਸਰਾਹਨਾ ਕੀਤੀ

## ਸ਼ਹੀਦਾਂ ਦੀ ਯਾਦ 'ਚ ਮੋਮਬੱਤੀ ਮਾਰਚ 13 ਨੂੰ : ਅਨੁਜ ਖੇਮਕਾ



ਅੰਮ੍ਰਿਤਸਰ, (ਮਨੋਜ ਕੁਮਾਰ) : ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਨੇ ਜਾਰੀ ਬਿਆਨ ਵਿਚ ਦੱਸਿਆ ਹੈ ਕਿ 13 ਅਪ੍ਰੈਲ ਨੂੰ ਰਾਸ਼ਟਰੀ ਹਿੰਦੂ ਚੇਤਨਾ ਮੰਚ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਦੀ ਯਾਦ ਵਿਚ ਮੋਮਬੱਤੀ ਮਾਰਚ ਕੱਢੇਗਾ ਅਤੇ ਜਲ੍ਹਿਆਂਵਾਲਾ ਬਾਗ ਜਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰੇਗਾ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਕਰਕੇ ਹੀ ਅਸੀਂ ਆਜ਼ਾਦ ਹਾਂ। ਉਨ੍ਹਾਂ ਕਿਹਾ ਕਿ ਅਸੀਂ ਇਕ ਆਜ਼ਾਦ ਦੇਸ਼ ਵਿਚ ਆਜ਼ਾਦੀ ਨਾਲ ਰਹਿ ਰਹੇ ਹਾਂ। ਸਾਨੂੰ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਤੇ ਉਨ੍ਹਾਂ ਨੂੰ ਹਮੇਸ਼ਾਂ ਯਾਦ ਰੱਖਣਾ ਚਾਹੀਦਾ ਹੈ।

## ਪੀਰ ਬਾਬਾ ਢੋਲੇ ਸ਼ਾਹ ਸਪੋਰਟਸ ਕਲੱਬ ਵੱਲੋਂ 7ਵਾਂ ਹਾਕੀ ਟੂਰਨਾਮੈਂਟ ਸ਼ੁਰੂ



ਜੈਂਤੀਪੁਰ (ਸੁਖਬੀਰ ਸਿੱਧੂ)-ਪੀਰ ਬਾਬਾ ਢੋਲੇ ਸ਼ਾਹ ਸਪੋਰਟਸ ਕਲੱਬ ਵੱਲੋਂ ਸੱਤਵੇਂ ਟੂਰਨਾਮੈਂਟ ਦੀ ਸ਼ੁਰੂਆਤ ਹੋਈ ਜਿਸ ਵਿੱਚ ਵੱਖ-ਵੱਖ ਪਿੰਡਾਂ ਦੀਆਂ ਟੀਮਾਂ ਨੇ ਭਾਗ ਲਿਆ। ਇਹ ਟੂਰਨਾਮੈਂਟ ਤਿੰਨ, ਚਾਰ ਤੇ ਪੰਜ ਤਰੀਕ ਨੂੰ ਹੋਣਗ। ਫਾਈਨਲ ਮੁਕਾਬਲਾ 5 ਨੂੰ ਹੋਵੇਗਾ। ਕੋਟਲੀ ਢੋਲੇ ਸ਼ਾਹ ਦੀ ਗ੍ਰਾਮ ਪੰਚਾਇਤ ਤੇ ਸਰਪੰਚ ਧਰਮਿੰਦਰ ਸਿੰਘ ਦੇ ਸਹਿਯੋਗ ਨਾਲ ਟੂਰਨਾਮੈਂਟ ਦੀ ਸ਼ੁਰੂਆਤ ਕਰਵਾਈ ਗਈ।

ਇਸ ਮੌਕੇ ਸ਼ਮਸ਼ੇਰ ਸਿੰਘ, ਇੰਟਰਨੈਸ਼ਨਲ ਹਾਕੀ ਖਿਡਾਰੀ ਰਸ਼ਪਾਲ ਸਿੰਘ ਉੱਪਲ, ਹਰਮੀਤ ਸਿੰਘ ਉਪਲ, ਧਰਮਿੰਦਰ ਸਿੰਘ, ਸਰਪੰਚ ਬਲਜਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਅਮਰੀਕ ਸਿੰਘ, ਜੋਬਨ ਕਾਹਲੋਂ, ਅਨਮੋਲ ਸਿੰਘ, ਪੇਂਟਰ ਯਾਰਵਿੰਦਰ ਕੋਟਲੀ, ਅਮਨਦੀਪ ਸਿੰਘ ਉੱਪਲ, ਅਮਰੀਕ ਸਿੰਘ ਉੱਪਲ, ਅਮਰਜੀਤ ਸਿੰਘ ਲੰਬੜਦਾਰ, ਜਗਤਾਰ ਸਿੰਘ ਜੱਗਾ, ਨਵਪ੍ਰੀਤ ਸਿੰਘ ਨਾਭਾ, ਸੁੱਖਾ ਕੈਪਟਨ, ਹਰਸ਼ਰਨ, ਨਵਰਾਜ, ਹਰਮੀਤ ਮਨੀ, ਜਸਕਰਨ, ਜਸ਼ਨ, ਬੇਅੰਤ ਸਿੰਘ, ਜਗਦੀਪ ਫੌਜੀ, ਲੱਕੀ, ਜੱਗਾ ਫੌਜੀ, ਲਵਜੋਤ ਪਾਰਸ, ਭਗਤ ਰਾਣਾ, ਅਜੇ ਭਗਤ, ਜੋਬਨ ਮੈਂਬਰ ਪੰਚਾਇਤ, ਕੁਮੈਂਟੇਟਰ ਰਵੀ ਬੱਲਪੁਰੀਆ ਆਦਿ ਹਾਜ਼ਰ ਸਨ।

## ਟਰੂਕਾਲਰ ਦੇ ਯੂਜ਼ਰਾਂ ਦੀ ਗਿਣਤੀ 500 ਮਿਲੀਅਨ ਤੋਂ ਪਾਰ

ਅੰਮ੍ਰਿਤਸਰ : ਟਰੂਕਾਲਰ ਨੇ ਐਲਾਨ ਕੀਤਾ ਹੈ ਕਿ ਦੁਨੀਆ ਭਰ ਵਿੱਚ ਇਸਦੇ ਯੂਜ਼ਰਾਂ ਦੀ ਗਿਣਤੀ 500 ਮਿਲੀਅਨ ਤੋਂ ਵੱਧ ਹੋ ਗਈ ਹੈ।ਇਹ ਕੰਪਨੀ ਦੇ ਉਸ ਸਫਰ ਵਿੱਚ ਇੱਕ ਵੱਡੀ ਕਾਮਯਾਬੀ ਹੈ ਜਿਸਦਾ ਮਕਸਦ ਲੋਕਾਂ ਵਿਚਾਲੇ ਸੰਚਾਰ ਨੂੰ ਹੋਰ ਭਰੋਸੇਯੋਗ ਬਣਾਉਣਾ ਹੈ।

ਇਸ ਪਲੇਟਫਾਰਮ 'ਤੇ ਯੂਜ਼ਰਾਂ ਦੀ ਗਿਣਤੀ ਲਗਾਤਾਰ ਤੇਜ਼ੀ ਨਾਲ ਵੱਧ ਰਹੀ ਹੈ ਅਤੇ ਸਿਰਫ਼ ਸਾਲ 2025 ਵਿੱਚ ਹੀ 50 ਮਿਲੀਅਨ ਤੋਂ ਵੱਧ ਨਵੇਂ ਯੂਜ਼ਰ ਇਸ ਨਾਲ ਜੁੜੇ ਹਨ। ਇਸ ਮੌਕੇ ਟਰੂਕਾਲਰ ਦੇ ਸੀਈਓ ਰਿਸ਼ਿਤ ਝੁੰਝੁਨਵਾਲਾ ਨੇ ਕਿਹਾ ਕਿ ਇਹ ਸਾਡੇ ਲਈ ਵੱਡੀ ਉਪਲਬਧੀ ਹੈ। ਇਹ ਅੱਜ ਦੀ ਦੁਨੀਆ ਬਾਰੇ ਵੀ ਬਹੁਤ ਕੁਝ ਦੱਸਦੀ ਹੈ।ਉਨ੍ਹਾਂ ਕਿਹਾ ਕਿ ਹਰ ਰੋਜ਼ ਹੋਰ ਵੱਧ ਤੋਂ ਵੱਧ ਲੋਕਾਂ ਨੂੰ ਸਪੈਮ, ਸਕੈਮ ਅਤੇ ਅਣਚਾਹੇ ਸੰਚਾਰ ਨਾਲ ਨਜਿੱਠਣ ਲਈ ਟਰੂਕਾਲਰ ਦੀ ਮਦਦ ਦੀ ਲੋੜ ਮਹਿਸੂਸ ਹੋ ਰਹੀ ਹੈ।

# ਬਲਾਕ ਪ੍ਰਧਾਨ ਜਸਵਿੰਦਰ ਸਿੰਘ ਸੰਧੂ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਸ਼ਾਮਲ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਆਮ ਆਦਮੀ ਪਾਰਟੀ ਦੇ ਮੌਜੂਦਾ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਸੰਧੂ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਰਸਮੀ ਤੌਰ 'ਤੇ ਸ਼ਾਮਿਲ ਹੋ ਗਏ।ਇਸ ਮੌਕੇ ਉਨ੍ਹਾਂ ਨੂੰ ਪਾਰਟੀ ਪ੍ਰਧਾਨ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ, ਸਕੱਤਰ ਜਨਰਲ ਭਾਈ ਮਨਦੀਪ ਸਿੰਘ ਸਿੱਧੂ, ਪੀਏਸੀ ਮੈਂਬਰ ਬਾਬੂ ਸਿੰਘ ਬਰਾੜ ਅਤੇ ਜਸਕਰਨ ਸਿੰਘ ਕਾਹਨਸਿੰਘਵਾਲਾ, ਕੋਰ ਕਮੇਟੀ ਮੈਂਬਰ ਅਵਤਾਰ ਸਿੰਘ ਜਵਾਰਕੇ, ਮਾਨਸਾ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਸਿੱਧੂ ਅਤੇ ਪਾਰਟੀ ਦੇ ਮੁੱਖ ਬੁਲਾਰੇ ਅਤੇ ਸਰਦੂਲਗੜ੍ਹ ਤੋਂ ਹਲਕਾ ਇੰਚਾਰਜ ਐਡਵੋਕੇਟ ਇਮਾਨ ਸਿੰਘ ਖਾਰਾ ਦੀ ਮੌਜੂਦਗੀ ਵਿੱਚ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬੋਲਦੇ ਹੋਏ ਪਾਰਟੀ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਵੱਡੇ ਵਾਅਦੇ ਕਰਕੇ ਸੱਤਾ ਹਾਸਲ ਕੀਤੀ ਸੀ, ਪਰ ਅੱਜ ਹਰ ਵਰਗ ਨਿਰਾਸ਼ ਹੈ।

ਕਿਸਾਨ, ਮਜ਼ਦੂਰ, ਨੌਜਵਾਨ ਅਤੇ ਟਰਾਂਸਪੋਰਟ ਵਰਗ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਬਜਾਏ 'ਆਪ' ਸਰਕਾਰ ਸਿਰਫ ਪ੍ਰਚਾਰ ਅਤੇ ਝੂਠੇ ਦਾਅਵਿਆਂ ਤੱਕ ਸੀਮਿਤ ਰਹਿ ਗਈ ਹੈ।

# ਡਾ. ਇੰਦਰਪਾਲ ਨੇ ਲਗਵਾਈ ਹਨੂੰਮਾਨ ਜਯੰਤੀ ਸਮਾਗਮ 'ਚ ਹਾਜ਼ਰੀ



ਛੇਹਰਟਾ/ਖਾਸਾ, (ਮਨੋਜ ਕੁਮਾਰ, ਸ਼ਸ਼ਪਾਲ ਸਿੰਘ) : ਹਲਕਾ ਪੱਛਮੀ ਦੇ ਇਲਾਕਾ ਭੱਲਾ ਕਲੋਨੀ ਵਿਖੇ ਜੈ ਮਾਂ ਚਿੰਤਪੁਰਨੀ ਨੌਜਵਾਨ ਸੇਵਕ ਸਭਾ ਵੱਲੋਂ ਸ਼੍ਰੀ ਹਨੂੰਮਾਨ ਜਯੰਤੀ ਦੇ ਮੌਕੇ ਪ੍ਰਧਾਨ ਵੰਸ਼ ਰਾਣਾ ਦੀ ਅਗਵਾਈ ਵਿਚ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਐੱਸ. ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰਪਾਲ ਨੇ ਵਿਸ਼ੇਸ਼ ਤੌਰ ਉਤੇ ਨੇ ਹਾਜ਼ਰੀ ਲਗਵਾਈ। ਇਸ ਮੌਕੇ ਸਭਾ ਵੱਲੋਂ ਡਾਕਟਰ ਇੰਦਰਪਾਲ ਨੂੰ ਸਨਮਾਨਿਤ ਕੀਤਾ ਗਿਆ। ਆਈ ਹੋਈ ਸੰਗਤ ਨੂੰ ਸੰਬੋਧਨ ਕਰਦੇ ਹੋਏ ਡਾਕਟਰ ਇੰਦਰਪਾਲ ਨੇ ਕਿਹਾ ਕਿ ਸਾਨੂੰ ਸਭ ਧਰਮਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ, ਸਾਰੇ ਧਰਮਾਂ ਦੇ ਤਿਓਹਾਰ ਰਲ-ਮਿਲ ਕੇ ਮਨਾਉਣੇ ਚਾਹੀਦੇ ਹਨ ਤੇ ਆਪਸ ਵਿਚ ਮਿਲ ਕੇ ਰਹਿਣਾ ਚਾਹੀਦਾ ਹੈ। ਇਸ ਸਮਾਗਮ ਵਿਚ ਸ਼ਹਿਰ ਦੀਆਂ ਪ੍ਰਸਿੱਧ ਭਜਨ ਮੰਡਲੀਆਂ ਵੱਲੋਂ ਸ਼੍ਰੀ ਹਨੂੰਮਾਨ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਆਮ ਆਦਮੀ ਪਾਰਟੀ ਮੀਡੀਆ ਵਿੰਗ ਦੇ ਇੰਚਾਰਜ ਅਰਵਿੰਦਰ ਸਿੰਘ ਭੱਟੀ, ਸਕੱਤਰ ਵਰੁਣ ਰਾਣਾ, ਬੀ. ਸੀ. ਵਿੰਗ ਜ਼ਿਲ੍ਹਾ ਇੰਚਾਰਜ ਹਰੀਸ਼ ਬੱਬਰ, ਰਮੇਸ਼ ਥਾਪਾ ਸਮੇਤ ਵੱਖ-ਵੱਖ ਆਗੂ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਪੇਂਡੂ ਕਮੇਟੀਆਂ ਦਾ ਗਠਨ ਜਾਰੀ



ਚੋਹਲਾ ਸਾਹਿਬ (ਰਮਨ ਚੱਢਾ)-ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਪਿੰਡਾਂ ਵਿੱਚ ਮੈਂਬਰਸ਼ਿਪ ਕੱਟ ਕੇ ਦੁਬਾਰਾ ਚੋਣ ਕਰਵਾਕੇ ਕਮੇਟੀਆਂ ਗਠਿਤ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਲਵਿੰਦਰ ਸਿੰਘ ਚੋਹਲਾ ਸਾਹਿਬ, ਮਨਜੀਤ ਸਿੰਘ, ਨਿੰਦਰ ਸਿੰਘ ਅਤੇ ਨਿਰਵੈਰ ਸਿੰਘ ਧੁੰਨ ਨੇ ਸਾਂਝੇ ਰੂਪ ਵਿੱਚ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ ਪਿੰਡ ਮੁੰਡਾ ਪਿੰਡਾ ਵਿਖੇ ਨਵੀਂ ਇਕਾਈ ਦੀ ਚੋਣ ਕੀਤੀ ਗਈ ਹੈ ਜਿਸ ਵਿੱਚ ਅੰਗਰੇਜ਼ ਸਿੰਘ ਮੁੰਡਾ ਪਿੰਡ ਨੂੰ ਇਕਾਈ ਦਾ ਪ੍ਰਧਾਨ ਬਣਾ ਕੇ 21 ਮੈਂਬਰੀ ਕਮੇਟੀ ਗਠਿਤ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਵੱਖ-ਵੱਖ ਆਗੂਆਂ ਵੱਲੋਂ ਪੰਜਾਬ ਤੇ ਕੇਂਦਰ ਸਰਕਾਰ ਦੀਆਂ ਕਿਸਾਨ ਮਜ਼ਦੂਰ ਮਾਰੂ ਨੀਤੀਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਗੈਸ ਸੈਲੰਡਰਾਂ ਦੀਆਂ ਇਜਸੀਆਂ ਦੇ ਸਾਹਮਣੇ ਲੰਮੀਆਂ ਕਤਾਰਾਂ, ਪੈਟਰੋਲ ਪੰਪਾਂ ਤੇ ਡੀਜ਼ਲ ਪੈਟਰੋਲ ਦੀਆਂ ਲੰਮੀਆਂ ਕਤਾਰਾਂ ਲੱਗੀਆਂ ਹੋਈਆਂ ਹਨ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਸਰਕਾਰ ਨੂੰ ਸਖਤ ਤਾੜਨਾ ਕੀਤੀ ਗਈ ਜੇਕਰ ਗੈਸ ਦੀ ਘਾਟ ਪੂਰੀ ਨਾ ਕੀਤੀ ਗਈ ਤਾਂ ਸਖਤੀ ਨਾਲ ਸੰਘਰਸ਼ ਵਿੱਢਿਆ ਜਾਵੇਗਾ। ਇਸ ਸਮੇਂ ਬਲਦੇਵ ਸਿੰਘ, ਕਰਮ ਸਿੰਘ ਸ਼ਾਹ, ਜੋਗਿੰਦਰ ਸਿੰਘ ਮੁੰਡਾ ਪਿੰਡ ਆਦਿ ਆਗੂ ਹਾਜ਼ਰ ਸਨ।

# ਲੋਕ ਮਿਲਣੀ ਦੌਰਾਨ ਸ਼ੈਰੀ ਕਲਸੀ ਨੇ ਮੁਸ਼ਕਿਲਾਂ ਦਾ ਮੌਕੇ 'ਤੇ ਕੀਤਾ ਨਿਪਟਾਰਾ



ਬਟਾਲਾ, (ਡਾ. ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਆਪਣੇ ਦਫਤਰ ਵਿਖੇ ਹਲਕਾ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਚਹੁੰਪੱਖੀ ਵਿਕਾਸ ਉਨਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬਟਾਲਾ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਉਹ ਖੁਦ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ ਅਤੇ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਵਿਕਾਸ ਕਾਰਜ ਨਿਰੰਤਰ ਜਾਰੀ ਹਨ।ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਹਰ ਖੇਤਰ ਦੇ ਨਾਲ-ਨਾਲ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਖਾਸਕਰ ਨੁਹਾਰ ਬਦਲੀ ਗਈ ਹੈ, ਵੱਖ-ਵੱਖ ਰਿਕਾਰਡ ਵਿਕਾਸ ਕਾਰਜ ਕੀਤੇ ਗਏ ਹਨ।

# ਸਰਬਜੀਤ ਸਿੰਘ ਨੇ ਤਰੱਕੀ ਮਿਲਣ ਤੋਂ ਬਾਅਦ ਬਤੌਰ ਜੇ ਈ ਚਾਰਜ ਸੰਭਾਲਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਬ ਡਵੀਜ਼ਨ ਪਾਵਰਕਾਮ ਨਾਰਥ ਜ਼ੋਨ ਬਟਾਲਾ ਵਿਖੇ ਤਾਇਨਾਤ ਲਾਈਨਮੈਨ ਸਰਬਜੀਤ ਸਿੰਘ ਨੂੰ ਤਰੱਕੀ ਮਿਲਣ ਉਪਰੰਤ ਐੱਸ ਡੀ ਓ ਜਗਦੀਪ ਸਿੰਘ ਡੇਰਾ ਬਾਬਾ ਨਾਨਕ ਅਤੇ ਵਧੀਕ ਐੱਸਡੀਓ ਬਲਵਿੰਦਰ ਸਿੰਘ ਡੇਰਾ ਬਾਬਾ ਨਾਨਕ ਵੱਲੋਂ ਸਮੂਹ ਸਟਾਫ ਦੀ ਹਾਜ਼ਰੀ ਵਿੱਚ ਸਬ ਡਵੀਜ਼ਨ ਪਾਵਰਕਾਮ ਦਫ਼ਤਰ ਡੇਰਾ ਬਾਬਾ ਨਾਨਕ ਵਿਖੇ ਬਤੌਰ ਜੇਈ ਜੁਆਇਨ ਕਰਵਾਇਆ ਗਿਆ।ਇਸ ਮੌਕੇ ਉਨ੍ਹਾਂ ਨਾਲ ਸਾਬਕਾ ਐੱਸਡੀਓ ਪਾਵਰਕਾਮ ਤਰਲੋਕ ਸਿੰਘ ਬਟਾਲਾ, ਅਵਤਾਰ ਸਿੰਘ ਐੱਸਡੀਓ ਨਾਰਥ ਜ਼ੋਨ ਬਟਾਲਾ, ਬਲਦੇਵ ਰਾਜ ਜੇਈ, ਚੰਦਰ ਮੋਹਨ ਮਹਾਜਨ ਜੇਈ, ਰਾਜਿੰਦਰ ਸਿੰਘ ਜੇਈ ਡੇਰਾ ਬਾਬਾ ਨਾਨਕ, ਪਰਮਜੀਤ ਸਿੰਘ ਜੇਈ ਬਟਾਲਾ, ਦਿਲਬਾਗ ਸਿੰਘ ਸਰਕਲ ਪ੍ਰਧਾਨ ਗੁਰਦਾਸਪੁਰ, ਸੁਰਜੀਤ ਸਿੰਘ ਜੇਈ ਬਟਾਲਾ, ਸੁਰਜੀਤ ਸਿੰਘ ਜੇਈ ਬਟਾਲਾ, ਹਰਦੇਵ ਸਿੰਘ ਜੇਈ ਬਟਾਲਾ, ਜਰਨੈਲ ਸਿੰਘ ਸੀਸੀ ਡੇਰਾ ਬਾਬਾ ਨਾਨਕ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਡੇਰਾ ਬਾਬਾ ਨਾਨਕ ਪਾਵਰ ਕਾਮ ਦਫ਼ਤਰ ਪਹੁੰਚਣ ਤੇ ਜੇਈ ਸਰਬਜੀਤ ਸਿੰਘ ਦਾ ਨਿੱਘਾ ਸੁਆਗਤ ਕਰਦਿਆਂ ਐੱਸਡੀਓ ਜਗਦੀਪ ਸਿੰਘ ਤੇ ਸਮੂਹ ਸਟਾਫ ਵੱਲੋਂ ਸਰਬਜੀਤ ਸਿੰਘ ਨੂੰ ਵਧਾਈ ਦਿੱਤੀ ਗਈ। ਸਰਬਜੀਤ ਸਿੰਘ ਨੇ ਤਰੱਕੀ ਮਿਲਣ ਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਉਹ ਬਿਜਲੀ ਬੋਰਡ ਨਾਲ ਸਬੰਧਤ ਜੁੜੇ ਲੋਕਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨਗੇ ।ਇਸ ਮੌਕੇ ਰੁਪਿੰਦਰ ਕੁਮਾਰ ਜੇਈ, ਸਤਪਾਲ ਜੇਈ, ਨਰਿੰਦਰ ਕੁਮਾਰ ਲਾਈਨਮੈਨ, ਪ੍ਰਦੀਪ ਕੁਮਾਰ ਲਾਈਨਮੈਨ, ਜਰਨੈਲ ਸਿੰਘ ਸੀਸੀ, ਰਜੇਸ਼ ਕੁਮਾਰ ਸੀਨੀਅਰ ਪ੍ਰਧਾਨ ਦਿਹਾਤੀ ਮੰਡਲ ਬਟਾਲਾ, ਗੁਰਬਿੰਦਰ ਜੀਤ ਸਿੰਘ ਪ੍ਰਧਾਨ ਸਬ ਡਵੀਜ਼ਨ ਡੇਰਾ ਬਾਬਾ ਨਾਨਕ, ਜਤਿੰਦਰ ਸਿੰਘ ਆਰ ਏ, ਕਰੁਨਦੀਪ ਸਿੰਘ ਯੂਡੀਸੀ, ਮਹਾਬੀਰ ਸਿੰਘ ਕੈਸ਼ੀਅਰ, ਰੋਹਿਤ ਸਰਨਾ ਲਾਈਨਮੈਨ ਆਦਿ ਹਾਜ਼ਰ ਸਨ ।

# ਗੁ: ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਭਲਕੇ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ, ਭਾਈ ਮਤੀ ਦਾਸ,ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਸਮਾਗਮ 5 ਅਪ੍ਰੈਲ ਨੂੰ ਕਰਵਾਇਆ ਜਾਵੇਗਾ।

ਇਸ ਸਮਾਗਮ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਗੋਸਲ ਨੇ ਦੱਸਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਦੀ ਰਹਿਨੁਮਾਈ ਹੇਠ ਸ੍ਰੀ ਸਹਿਜ ਪਾਠ ਸੇਵਾ ਲਹਿਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਗ੍ਰੰਥੀ ਸਿੰਘ ਸਾਹਿਬਾਨ, ਕਲਗੀਧਰ ਟਰੱਸਟ ਬੜੂ ਸਾਹਿਬ, ਸਤਨਾਮ ਸਰਬ ਕਲਿਆਣ ਟਰੱਸਟ, ਮਿਸ਼ਨਰੀ ਕਾਲਜਾਂ, ਅਕੈਡਮੀਆਂ, ਇਸਤਰੀ ਸਤਿਸੰਗ ਸਭਾਵਾਂ, ਸ਼੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ, ਕਾਰ ਸੇਵਾ ਸੰਪਰਦਾਵਾਂ, ਨਿਹੰਗ ਜਥੇਬੰਦੀਆਂ ਅਤੇ ਧਾਰਮਿਕ ਸੰਸਥਾਵਾਂ ਦੇ ਸਹਿਯੋਗ ਨਾਲ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਸਮਾਗਮ 5 ਅਪ੍ਰੈਲ ਨੂੰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਕਰਵਾਇਆ ਜਾਣਾ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਅੰਮ੍ਰਿਤ ਸੰਚਾਰ ਸਮਾਗਮ ਵਿੱਚ ਵੱਧ ਚੜ੍ਹ ਕੇ ਹਾਜ਼ਰੀ ਭਰਨ।

# ਸੇਂਟ ਜੋਸਫ ਕਾਨਵੈਂਟ ਚਰਚ ਡੱਲਾ ਮੋੜ ਤੋਂ ਸ਼ੋਭਾ ਯਾਤਰਾ ਸਜਾਈ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸੇਂਟ ਜੋਸਫ ਕਾਨਵੈਂਟ ਚਰਚ ਡੱਲਾ ਮੋੜ ਕਾਦੀਆਂ ਤੋਂ ਗੁਡ ਫਰਾਈਡੇਅ ਨੂੰ ਸਮਰਪਿਤ ਫਾਦਰ ਐਲਬਿਨ ਐਥਨੀ ਦੀ ਅਗਵਾਈ ਵਿੱਚ ਸ਼ੋਭਾ ਯਾਤਰਾ ਸਜਾਈ ਗਈ, ਜਿਸ 'ਚ ਵੱਡੀ ਗਿਣਤੀ 'ਚ ਮਸੀਹੀ ਸੰਗਤ ਨੇ ਸ਼ਮੂਲੀਅਤ ਕੀਤੀ।

ਯਾਤਰਾ ਦੌਰਾਨ ਸੰਗਤ ਵੱਲੋਂ ਹੱਥਾਂ ਵਿੱਚ ਸਲੀਬਾਂ ਫੜ ਕੇ ਸਾਰੇ ਸ਼ਹਿਰ ਦੀ ਪਰਿਕਰਮਾ ਕੀਤੀ ਗਈ ਅਤੇ ਪ੍ਰਭੂ ਯਿਸੂ ਮਸੀਹ ਦੀ ਅਰਾਧਨਾ ਰਾਹੀਂ ਆਪਸੀ ਭਾਈਚਾਰਕ ਸਾਂਝ ਕਾਇਮ ਰੱਖਣ ਦਾ ਸੰਦੇਸ਼ ਦਿੱਤਾ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਫਾਦਰ ਨੇ ਕਿਹਾ ਕਿ ਹਰ ਸਾਲ ਇਹ ਸ਼ੋਭਾ ਯਾਤਰਾ ਪ੍ਰਭੂ ਯਿਸੂ ਮਸੀਹ ਦੀ ਸਲੀਬੀ ਮੌਤ ਨੂੰ ਯਾਦ ਕਰਦਿਆਂ ਕੱਢੀ ਜਾਂਦੀ ਹੈ।ਉਨਾਂ ਕਿਹਾ ਕਿ ਹਰੇਕ ਵਿਅਕਤੀ ਦੀ ਜ਼ਿੰਦਗੀ 'ਚ ਦੁੱਖਾਂ ਅਤੇ ਮੁਸੀਬਤਾਂ ਦਾ ਆਉਣਾ ਜਾਣਾ ਨਿਸ਼ਚਿਤ ਹੈ, ਜਿਸ ਲਈ ਸਾਨੂੰ ਸਾਰਿਆਂ ਨੂੰ ਪ੍ਰਭੂ ਯਿਸੂ ਮਸੀਹ ਦੀ ਬੰਦਗੀ ਕਰਦਿਆਂ ਉਨਾਂ ਦੁਆਰਾ ਦਿੱਤੇ ਸ਼ਾਂਤੀ ਦੇ ਸੰਦੇਸ਼ 'ਤੇ ਚੱਲਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਪ੍ਰਭੂ ਨੇ ਹਮੇਸ਼ਾ ਮਾਨਵਤਾ ਦੀ ਸੇਵਾ ਕਰਨ ਦਾ ਹੋਕਾ ਦਿੱਤਾ ਸੀ, ਜੋ ਸਾਨੂੰ ਆਪਣੇ ਜੀਵਨ 'ਚ ਅਪਨਾਉਣਾ ਚਾਹੀਦਾ ਹੈ।ਇਹ ਸ਼ੋਭਾ ਯਾਤਰਾ ਚਰਚ ਤੋਂ ਆਰੰਭ ਹੋ ਕੇ ਵੱਖ-ਵੱਖ ਥਾਵਾਂ ਤੋਂ ਹੁੰਦੀ ਹੋਈ ਕਾਦੀਆਂ ਸ਼ਹਿਰ ਪਹੁੰਚੀ ਅਤੇ ਇਸ ਤੋਂ ਇਲਾਵਾ ਕ੍ਰਿਸਚੀਅਨ ਕਲੋਨੀ ਕਾਹਲਵਾਂ ਵਿਖੇ ਪਹੁੰਚੀ ਜਿੱਥੇ ਸਾਬਕਾ ਸਰਪੰਚ ਸੁਲੱਖਣ ਮਸੀਹ ਅਤੇ ਕ੍ਰਿਸਚਨ ਭਾਈਚਾਰੇ ਦੇ ਵੱਲੋਂ ਸ਼ੋਭਾ ਯਾਤਰਾ ਦਾ ਸਵਾਗਤ ਕੀਤਾ ਗਿਆ।

ਇਸ ਮੌਕੇ ਫਾਦਰ ਐਲਬਮ ਐਥਨੀ ਤੋਂ ਇਲਾਵਾ ਪ੍ਰਿੰਸੀਪਲ ਜੋਸ਼ੀਆ, ਸਿਸਟਰ ਲਿਟੀ, ਸਿਸਟਰ ਜੋਤੀ, ਸਿਸਟਰ ਸਨੂਪਾ, ਸਾਬਕਾ ਸਰਪੰਚ ਸੁਲੱਖਣ ਮਸੀਹ, ਪ੍ਰਧਾਨ ਸੋਨੂ, ਵਾਈਸ ਪ੍ਰਧਾਨ ਅਮਾਨਤ, ਬਲਦੇਵ ਮਸੀਹ, ਦਲਬੀਰ ਮਸੀਹ, ਦੇਸਾ ਮਸੀਹ, ਕਾਲਾ ਮਸੀਹ, ਬੌਬੀ ਮਸੀਹ, ਜਾਰਜ ਮਸੀਹ, ਰੋਬਟ ਰਾਣਾ, ਯੂਥ ਦੇ ਮੈਂਬਰ ਇਮੂਵਲ ਮਸੀਹ, ਰੋਹਿਤ ਮਸੀਹ, ਸਾਹਿਲ, ਅੰਕੁਸ਼ ਆਦਿ ਮਸੀਹ ਭਾਈਚਾਰੇ ਦੇ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਪੰਜਾਬ ਬਚਾਓ ਰੈਲੀ



ਬਿਆਸ (ਪਰਮਜੀਤ ਸਿੰਘ ਰੱਖੜਾ)-ਰਈਆ ਵਿਖੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਪੰਜਾਬ ਬਚਾਓ ਰੈਲੀ ਤਾਰਾਂ ਵਾਲੀ ਗਰਾਊਂਡ ਨੇੜੇ ਫਤਿਹ ਵਰਲਡ ਅਕੈਡਮੀ ਵਿਖੇ ਜਥੇਦਾਰ ਬਲਜੀਤ ਸਿੰਘ ਜਲਾਲਉਸਮਾ ਸਾਬਕਾ ਹਲਕਾ ਵਿਧਾਇਕ ਬਾਬਾ ਬਕਾਲਾ ਸਾਹਿਬ ਦੀ ਦੇਖ-ਰੇਖ ਹੇਠ ਕਰਵਾਈ ਗਈ।ਇਸ ਰੈਲੀ ਵਿਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸੂਬੇ ਦੇ ਪ੍ਰਧਾਨ ਸ੍ਰ: ਸੁਖਬੀਰ ਸਿੰਘ ਬਾਦਲ ਅਤੇ ਮਾਝੇ ਦੇ ਜਰਨੈਲ ਸ੍ਰ: ਬਿਕਰਮ ਸਿੰਘ ਮਜੀਠੀਆ ਸਾਬਕਾ ਕੈਬਨਿਟ ਮੰਤਰੀ ਉਚੇਚੇ ਤੌਰ 'ਤੇ ਪਹੁੰਚੇ।ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਰਾਜਾ ਲੱਦੇਹ ਤੋਂ ਇਲਾਵਾ ਸਾਬਕਾ ਵਿਧਾਇਕ ਵੀਰ ਸਿੰਘ ਲੋਪੋਕੇ ਵੱਲੋਂ ਵੀ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਗਈ।ਸ੍ਰ: ਬਾਦਲ ਨੇ ਮੌਜੂਦਾ ਸਰਕਾਰ ਤੇ ਤੰਜ਼ ਕਸਦਿਆਂ ਕਿਹਾ ਕਿ ਜਦੋਂ ਦੀ ਆਪ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਆਈ ਹੈ ਪੰਜਾਬ ਵਿੱਚ ਲੁੱਟਾਂ-ਖੋਹਾਂ, ਡਕੈਤੀਆਂ, ਫ਼ਿਰੌਤੀਆਂ ਮੰਗਣਾ ਆਮ ਗੱਲ ਹੋ ਗਈ ਹੈ ।ਇਸ ਵਕਤ ਸੂਬੇ ਦੇ ਹਾਲਾਤ ਨਾਜ਼ੁਕ ਸਥਿਤੀ ਵਿੱਚੋਂ ਗੁਜ਼ਰ ਰਹੇ ਹਨ।ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਪੰਜਾਬ ਸਿਰ ਪੰਜ ਲੱਖ ਕਰੋੜ ਦਾ ਕਰਜ਼ਾ ਮੌਜੂਦਾ ਸਰਕਾਰ ਨੇ ਚੜ੍ਹਾ ਦਿੱਤਾ ਹੈ ਜਦਕਿ ਡਿਵੈਲਪਮੈਂਟ ਕਿਤੇ ਨਹੀਂ ਕਰਵਾਈ ਗਈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਸਰਕਾਰ ਮੁਲਾਜ਼ਮਾਂ ਨੂੰ ਵਿਰੋਧੀ ਸਮਝ ਰਹੀ ਹੈ।ਸਰਕਾਰ ਮੁਲਾਜ਼ਮ ਜਥੇਬੰਦੀਆਂ ਨੂੰ ਮੁਲਾਜ਼ਮ ਮੰਗਾਂ ਸਬੰਧੀ ਮੀਟਿੰਗਾਂ ਦੀਆਂ ਚਿੱਠੀਆਂ ਜਾਰੀ ਕਰਕੇ ਮੀਟਿੰਗ ਤੋਂ ਭੱਜ ਰਹੀ ਹੈ।

ਮੁਲਾਜ਼ਮਾਂ ਦਾ 16% ਡੀਏ ਜੋ ਕਿ ਲਗਭਗ 14000 ਕਰੋੜ ਦੇ ਕਰੀਬ ਬਣਦਾ ਹੈ, ਪੰਜਾਬ ਸਰਕਾਰ ਜਾਮ ਕਰਕੇ ਬੈਠੀ ਹੋਈ ਹੈ।ਆਪਣੇ ਹੱਕਾਂ ਪ੍ਰਤੀ ਸੰਘਰਸ਼ ਕਰ ਰਹੇ ਮੁਲਾਜ਼ਮਾਂ 'ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਓ।

# ਕੇਂਦਰ ਸਰਕਾਰ ਪੰਜਾਬ ਨਾਲ ਵਿਤਕਰਾ ਕਰ ਰਹੀ ਹੈ : ਧਾਲੀਵਾਲ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਆਮ ਆਦਮੀ ਪਾਰਟੀ ਦੇ ਸੂਬਾ ਮੁੱਖ ਬੁਲਾਰੇ, ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀਆਂ ਲਗਭਗ 1900 ਅਨਾਜ ਮੰਡੀਆਂ ਵਿੱਚ ਲਗਭਗ 132 ਲੱਖ ਮੀਟ੍ਰਿਕ ਟਨ ਕਣਕ, ਜੋ ਕਿ ਮੁੱਖ ਹਾੜੀ ਦੀ ਫਸਲ ਹੈ, ਦੇ ਹਰੇਕ ਦਾਣੇ ਨੂੰ 2,585 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦਣ ਲਈ ਵਚਨਬੱਧ ਹੈ।ਇਸ ਲਈ ਸੂਬੇ ਭਰ ਦੇ ਡਿਪਟੀ ਕਮਿਸ਼ਨਰਾਂ, ਜ਼ਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰਾਂ, ਸਰਕਾਰੀ ਖਰੀਦ ਏਜੰਸੀਆਂ ਅਤੇ ਮੰਡੀ ਬੋਰਡ/ਮਾਰਕੀਟ ਕਮੇਟੀ ਦੇ ਅਧਿਕਾਰੀਆਂ ਨੂੰ ਸਮੇਂ ਸਿਰ ਅਤੇ ਨਿਰਵਿਘਨ ਕਣਕ ਦੀ ਖਰੀਦ ਨੂੰ ਯਕੀਨੀ ਬਣਾਉਣ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਗਏ ਹਨ।ਬੋਰੀਆਂ ਦੀ ਵਿਵਸਥਾ, ਕਟਾਈ ਅਤੇ 24 ਘੰਟਿਆਂ ਦੇ ਅੰਦਰ ਭੁਗਤਾਨ ਲਈ ਸਖ਼ਤ ਪ੍ਰਬੰਧ ਕੀਤੇ ਜਾਣੇ ਚਾਹੀਦੇ ਹਨ।ਇਹ ਧਿਆਨ ਦੇਣ ਯੋਗ ਹੈ ਕਿ ਸੂਬੇ ਭਰ ਦੇ ਕਮਿਸ਼ਨ ਏਜੰਟ 2.5 ਪ੍ਰਤੀਸ਼ਤ ਕਮਿਸ਼ਨ ਦੀ ਮੰਗ ਨੂੰ ਲੈ ਕੇ 1 ਅਪ੍ਰੈਲ ਤੋਂ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਹਨ।ਉਨ੍ਹਾਂ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਦੋਸ਼ ਲਾਇਆ ਕਿ ਪੰਜਾਬ ਦੇ ਪੇਂਡੂ ਵਿਕਾਸ, ਜੀਐੱਸਟੀ ਬਕਾਏ ਅਤੇ ਰਾਸ਼ਟਰੀ ਸਿਹਤ ਮਿਸ਼ਨ ਦੇ ਫੰਡਾਂ ਲਈ 9,000 ਕਰੋੜ ਰੁਪਏ ਰੋਕੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਇਹ ਪੰਜਾਬ ਨਾਲ ਵਿਤਕਰਾ ਹੈ ਅਤੇ ਹੁਣ ਇਸ ਚੋਣ ਸਾਲ ਵਿੱਚ ਭਾਜਪਾ ਨੂੰ ਫਾਇਦਾ ਪਹੁੰਚਾਉਣ ਲਈ ਕਣਕ ਦੀ ਖਰੀਦ ਵਿੱਚ ਵਿਘਨ ਪਾਉਣ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।

ਧਾਲੀਵਾਲ ਨੇ ਕਿਹਾ ਕਿ ਭਗਵੰਤ ਮਾਨ ਨੇ ਕਮਿਸ਼ਨ ਏਜੰਟਾਂ ਦੀਆਂ ਮੰਗਾਂ ਬਾਰੇ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ ਅਤੇ ਬਾਅਦ ਵਿੱਚ ਨਰਿੰਦਰ ਮੋਦੀ ਨਾਲ ਮੀਟਿੰਗ ਵਿੱਚ ਇਹ ਮੁੱਦਾ ਉਠਾਇਆ, ਪਰ ਕੇਂਦਰ ਸਰਕਾਰ ਨੇ ਅਜੇ ਤੱਕ ਕੋਈ ਠੋਸ ਕਾਰਵਾਈ ਨਹੀਂ ਕੀਤੀ।

## ਜਥੇਦਾਰ ਕਸ਼ਮੀਰ ਸਿੰਘ ਗੰਡੀਵਿੰਡ ਵੱਲੋਂ ਅਕਾਲੀ ਲੀਡਰਸ਼ਿਪ ਦਾ ਧੰਨਵਾਦ



ਸਰਾਏ ਅਮਾਨਤ ਖਾਂ (ਮੱਖਣ ਮਨੋਜ)- ਸ਼੍ਰੋਮਣੀ ਅਕਾਲੀ ਦਲ ਵੱਲੋਂ ਜਥੇਦਾਰ ਕਸ਼ਮੀਰ ਸਿੰਘ ਗੰਡੀਵਿੰਡ ਨੂੰ ਬੀ ਸੀ ਵਿੰਗ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕਰਨ ਤੇ ਉਨ੍ਹਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬੀ ਸੀ ਵਿੰਗ ਦੇ ਪ੍ਰਧਾਨ ਹੀਰਾ ਸਿੰਘ ਗਾਬੜੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਅਕਾਲੀ ਵਰਕਰਾਂ ਨੂੰ ਲਾਮਬੰਦ ਕੀਤਾ ਜਾਵੇਗਾ ।ਇਸ ਮੌਕੇ ਚੇਅਰਮੈਨ ਗੁਰਬੀਰ ਸਿੰਘ ਝਬਾਲ, ਚੇਅਰਮੈਨ ਹਰਵੰਤ ਸਿੰਘ ਝਬਾਲ, ਚੇਅਰਮੈਨ ਹਰਦਿਆਲ ਸਿੰਘ ਝਬਾਲ, ਚੇਅਰਮੈਨ ਤੇਗਾ ਸਿੰਘ ਸੋਹਲ, ਗਿਆਨੀ ਸੁਖਰਾਜ ਸਿੰਘ ਸੋਹਲ, ਹਰੀ ਸਿੰਘ ਕਸੇਲ, ਮੰਗਾ ਸਿੰਘ ਛਾਪਾ ਨੇ ਜਥੇਦਾਰ ਕਸ਼ਮੀਰ ਸਿੰਘ ਗੰਡੀਵਿੰਡ ਨੂੰ ਵਧਾਈ ਦਿੱਤੀ।

# ਸਰਕਾਰ ਮਜ਼ਦੂਰਾਂ ਨੂੰ ਨਾ ਕੰਮ ਦਿੰਦੀ ਹੈ ਨਾ ਹੀ ਕੰਮ ਭੱਤਾ: ਕਾਮਰੇਡ ਦੁਧਾਲਾ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)—ਪਿੰਡ ਗੁਰੂਵਾਲੀ ਵਿਖੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਤੇ ਪੇਂਡੂ ਉਸਾਰੀ ਕਾਮਿਆਂ ਦੀ ਭਰਵੀਂ ਮੀਟਿੰਗ ਕਾਮਰੇਡ ਗੁਰਦੀਪ ਸਿੰਘ ਗੁਰੂਵਾਲੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸਨੂੰ ਸੰਬੋਧਨ ਕਰਨ ਵਾਸਤੇ ਕਾਮਰੇਡ ਬਲਕਾਰ ਦੁਧਾਲਾ ਵੀ ਪਹੁੰਚੇ। ਇਸ ਮੌਕੇ ਕਾਮਰੇਡ ਗੁਰਦੀਪ ਸਿੰਘ ਗੁਰੂਵਾਲੀ ਨੇ ਕਿਹਾ ਕਿ ਸਾਡੇ ਮਜ਼ਦੂਰਾਂ ਵਾਸਤੇ ਜੋ ਨਰੇਗਾ ਕਾਨੂੰਨ ਬਣਾਇਆ ਗਿਆ ਹੈ ਉਸ ਮੁਤਾਬਕ ਪਿੰਡਾਂ ਦੇ ਸਰਪੰਚ ਜਾਂ ਅਫਸਰ ਜਾਣਬੁੱਝ ਕੇ ਮਜ਼ਦੂਰਾਂ ਨੂੰ ਨਾ ਕੰਮ ਹੀ ਦਿੰਦੇ ਹਨ, ਅਤੇ ਨਾ ਹੀ ਕੰਮ ਭੱਤਾ ਦਿੱਤਾ ਜਾਂਦਾ। ਉਨ੍ਹਾਂ ਨੇ ਕਿਹਾ ਕਿ ਜੇ ਅਰਜ਼ੀਆਂ ਦੇਣ ਵਾਲੇ ਨਰੇਗਾ ਮਜ਼ਦੂਰਾਂ ਨੂੰ ਕੰਮ ਜਾਂ ਭੱਤਾ ਨਾ ਦਿੱਤਾ ਗਿਆ, ਤਾਂ ਏਡੀਸੀ ਨਰੇਗਾ ਦੇ ਦਫਤਰ ਸਾਹਮਣੇ ਮੁਜ਼ਾਹਰਾ ਕੀਤਾ ਜਾਵੇਗਾ। ਇਸ ਮੀਟਿੰਗ ਨੂੰ ਕਾਮਰੇਡ ਬਲਕਾਰ ਦੁਧਾਲਾ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਪਿਛਲੇ ਸਾਲ ਦਾ ਜਿਹੜੇ ਨਰੇਗਾ ਮਜ਼ਦੂਰਾਂ ਨੇ ਕੰਮ ਕੀਤਾ ਹੈ। ਉਨ੍ਹਾਂ ਦੀ ਮਜ਼ਦੂਰੀ ਦੇ ਪੈਸੇ ਨਹੀਂ ਦਿੱਤੇ ਜਾ ਰਹੇ ਜਿਸ ਦੇ ਕਾਰਨ ਮਜ਼ਦੂਰਾਂ ਵਿੱਚ ਸਰਕਾਰ ਵਿਰੁੱਧ ਕਾਫੀ ਰੋਸ ਪਾਇਆ ਜਾ ਰਿਹਾ ਹੈ। ਇਸਦਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਸਖਤ ਵਿਰੋਧ ਕਰਦੀ ਹੈ।ਉਨ੍ਹਾਂ ਨੇ ਕਿਹਾ ਕਿ ਨਰੇਗਾ ਕਾਮਿਆਂ ਦੀ ਕੰਮ ਦਿਹਾੜੀ 6 ਘੰਟੇ ਕਰਨੀ ਚਾਹੀਦੀ ਹੈ, ਤਾਂ ਜੋ ਔਰਤਾਂ ਨੂੰ ਆਪਣੇ ਬੱਚਿਆਂ ਨੂੰ ਸਕੂਲ ਭੇਜਣ ਦੀ ਸਹੂਲਤ ਮਿਲ ਸਕੇ।

ਇਸ ਮੀਟਿੰਗ ਨੂੰ ਕਸ਼ਮੀਰ ਸਿੰਘ, ਅਵਤਾਰ ਸਿੰਘ ਤੇ ਬਲਜੀਤ ਕੌਰ ਨੇ ਵੀ ਸੰਬੋਧਨ ਕੀਤਾ। ਮੀਟਿੰਗ ਵਿੱਚ ਗੁਰਮੀਤ ਕੌਰ, ਕੁਲਵਿੰਦਰ ਕੌਰ, ਰਾਜਬੀਰ ਕੌਰ, ਬਚਨ ਕੌਰ, ਬੀਰੋ, ਕੁਲਵੰਤ ਕੌਰ, ਹਰਜਿੰਦਰ ਸਿੰਘ ਲਾਡੀ, ਰਾਜੂ, ਜਰਨੈਲ ਸਿੰਘ, ਸੁੱਚਾ ਸਿੰਘ, ਤੇ ਸਤਨਾਮ ਸਿੰਘ, ਵੀ ਹਾਜ਼ਰ ਹੋਏ ਜਗੀਰ ਸਿੰਘ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵੱਲੋਂ ਅਕਾਦਮਿਕ ਖੇਤਰ 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ, (ਕਮਲਜੀਤ ਥਾਬਲਕੇ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਨੇ ਅਕਾਦਮਿਕ ਖੇਤਰ ਵਿੱਚ ਇੱਕ ਵਾਰ ਫਿਰ ਸ਼ਾਨਦਾਰ




ਪ੍ਰਦਰਸ਼ਨ ਕਰਦੇ ਹੋਏ ਆਪਣਾ ਨਾਮ ਰੌਸ਼ਨ ਕੀਤਾ ਹੈ। ਹਾਲ ਹੀ ਵਿੱਚ ਘੋਸ਼ਿਤ ਬੀ.ਕਾਮ ਫਾਈਨੈਂਸ਼ਲ ਸਰਵਿਸਿਜ਼ (ਸੈਮਿਸਟਰ-9) ਦੇ ਨਤੀਜਿਆਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਪੱਧਰ 'ਤੇ ਉੱਚ ਸਥਾਨ ਹਾਸਲ ਕਰਕੇ ਸੰਸਥਾ ਨੂੰ ਮਾਣ ਮਹਿਸੂਸ ਕਰਵਾਇਆ ਹੈ।ਇਸ ਪ੍ਰਾਪਤੀ ਵਿੱਚ ਛਾਇਆਪ੍ਰੀਤ ਕੌਰ ਨੇ 8.24 ਐਸਜੀਪੀਏ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ ਪਹਿਲਾ ਸਥਾਨ ਹਾਸਲ ਕੀਤਾ, ਜੋ ਕਿ ਕਾਲਜ ਲਈ ਇੱਕ ਵੱਡੀ ਪ੍ਰਾਪਤੀ ਹੈ। ਵੰਸ਼ ਮਲਹੋਤਰਾ ਨੇ 8.16 ਐਸਜੀਪੀਏ ਨਾਲ ਯੂਨੀਵਰਸਿਟੀ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਦੋਵਾਂ ਵਿਦਿਆਰਥੀਆਂ ਦੀ ਮਿਹਨਤ ਅਤੇ ਲਗਨ ਨੇ ਕਾਲਜ ਦੇ ਅਕਾਦਮਿਕ ਮਿਆਰ ਨੂੰ ਹੋਰ ਉੱਚਾ ਕੀਤਾ ਹੈ। ਇਸ ਦੇ ਨਾਲ ਹੀ ਨਵਨੂਰ, ਹਰਨੂਰ, ਅਰਪਿਤਾ ਅਤੇ ਕਮਲਪ੍ਰੀਤ ਨੇ ਵੀ ਉੱਤਮ ਪ੍ਰਦਰਸ਼ਨ ਕਰਦੇ ਹੋਏ 7.92 ਐਸ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਪੰਜਵਾਂ ਸਥਾਨ ਸਾਂਝਾ ਕੀਤਾ। ਇਹ ਸਾਰੇ ਵਿਦਿਆਰਥੀ ਆਪਣੇ ਲਗਾਤਾਰ ਯਤਨਾਂ ਅਤੇ ਸਖ਼ਤ ਮਿਹਨਤ ਦੇ ਕਾਰਨ ਇਸ ਮਕਾਮ ਤੱਕ ਪਹੁੰਚੇ ਹਨ ਪ੍ਰੋ. (ਡਾ.) ਨਵਜੋਤ ਕੌਰ, ਓ ਐੱਸ ਡੀ, ਜੀ ਐੱਨ ਡੀ ਯੂ ਕਾਲਜ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਸਾਰੇ ਅਧਿਆਪਕ ਵਰਗ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਇਹ ਪ੍ਰਾਪਤੀਆਂ ਵਿਦਿਆਰਥੀਆਂ ਦੀ ਲਗਨ, ਅਨੁਸ਼ਾਸਨ ਅਤੇ ਅਧਿਆਪਕਾਂ ਦੀ ਰਹਿਨੁਮਾਈ ਦਾ ਨਤੀਜਾ ਹਨ।ਉਨ੍ਹਾਂ ਨੇ ਹੋਰ ਕਿਹਾ ਕਿ ਕਾਲਜ ਹਮੇਸ਼ਾ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਅਤੇ ਪ੍ਰੇਰਨਾਦਾਇਕ ਮਾਹੌਲ ਪ੍ਰਦਾਨ ਕਰਨ ਲਈ ਵਚਨਬੱਧ ਹੈ। ਇਸ ਤਰ੍ਹਾਂ ਦੀਆਂ ਪ੍ਰਾਪਤੀਆਂ ਨੌਜਵਾਨਾਂ ਨੂੰ ਹੋਰ ਉੱਚੀਆਂ ਉਡਾਣਾਂ ਭਰਨ ਲਈ ਪ੍ਰੇਰਿਤ ਕਰਦੀਆਂ ਹਨ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਜਜ਼ਬੇ ਨਾਲ ਮਿਹਨਤ ਜਾਰੀ ਰੱਖਣ ਅਤੇ ਨਵੀਆਂ ਉਚਾਈਆਂ ਨੂੰ ਛੂਹਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਪੰਜਾਬੀ ਵਿਭਾਗ ਦੇ ਇੰਚਾਰਜ ਅਤੇ ਗੈਰ ਅਧਿਆਪਨ ਵਿਭਾਗ ਦਾ ਵਾਧੂ ਚਾਰਜ ਦੇਖ ਰਹੇ ਡਾ ਲਖਵੀਰ ਸਿੰਘ, ਡਾ ਅਸ਼ੀਸ਼ ਅਰੋੜਾ, ਡਾ ਸੰਜੀਵ ਅਰੋੜਾ, ਡਾ ਸੋਨੀਆ ਕੁੰਦਰਾ , ਡਾ ਮਨਦੀਪ ਕੌਰ, ਡਾ ਨੇਹਾ ਕਾਲੜਾ ਅਤੇ ਡਾ ਪਰਵਿੰਦਰ ਕੌਰ ਢਿੱਲੋਂ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ।

# ਨੰਬਰਦਾਰ ਯੂਨੀਅਨ ਵੱਲੋਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ

**ਨਕੋਦਰ (ਮਨਜੀਤ ਮਾਨ)**- ਪੰਜਾਬ ਨੰਬਰਦਾਰ ਯੂਨੀਅਨ ( 643 ) ਵੱਲੋਂ ਨੰਬਰਦਾਰਾਂ ਦੀਆਂ ਕਾਫੀ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਨੰਬਰਦਾਰ ਯੂਨੀਅਨ ਜਲੰਧਰ ਵੱਲੋਂ ਨੰਬਰਦਾਰ ਯੂਨੀਅਨ ਜਲੰਧਰ ਸ਼ਹਿਰੀ ਦੇ ਪ੍ਰਧਾਨ ਗੁਰਦੇਵ ਲਾਲ ਸੰਧੂ ਅਤੇ ਲੰਬੜਦਾਰ ਯੂਨੀਅਨ ਜਲੰਧਰ ਦਿਹਾਤੀ ਦੇ ਪ੍ਰਧਾਨ ਹਰਕੰਵਲ ਸਿੰਘ ਮੁੰਧ ਦੀ ਅਗਵਾਈ ਵਿੱਚ ਜਲੰਧਰ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਨੂੰ ਮੁੱਖ ਮੰਤਰੀ ਦੇ ਨਾਂਅ ਇੱਕ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਨੰਬਰਦਾਰ ਯੂਨੀਅਨ ਪੰਜਾਬ ਦੇ ਪ੍ਰਧਾਨ ਗੁਰਪਾਲ ਸਿੰਘ



ਸਮਰਾ ਵਿਸ਼ੇਸ਼ ਤੌਰ 'ਤੇ ਹਾਜ਼ਿਰ ਹੋਏ। ਉਨ੍ਹਾਂ ਮੰਗ ਪੱਤਰ ਵਿੱਚ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਜਲਦ ਨਾ ਮੰਨੀਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਸਰਕਾਰ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ।

ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ 2022 ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ 'ਤੇ ਨੰਬਰਦਾਰਾਂ ਦਾ ਮਾਣਭੱਤਾ ਦੁੱਗਣਾ ਕੀਤਾ ਜਾਵੇਗਾ ਅਤੇ ਨੰਬਰਦਾਰੀ ਨੂੰ ਜੱਦੀ-ਪੁਸ਼ਤੀ ਬਹਾਲ ਕੀਤਾ ਜਾਵੇਗਾ। ਪਰ ਅਫ਼ਸੋਸ ਕਿ ਸਰਕਾਰ ਦੇ ਚਾਰ ਸਾਲ ਬੀਤਣ ਦੇ ਬਾਵਜੂਦ ਅਜੇ ਤੱਕ ਇਹ ਵਾਅਦੇ ਸਿਰਫ਼ ਕਾਗਜ਼ਾਂ ਤੱਕ ਹੀ ਸੀਮਤ ਹਨ।ਉਹਨਾਂ ਨੇ ਕਿਹਾ ਕਿ ਸਰਕਾਰ ਨੰਬਰਦਾਰ ਯੂਨੀਅਨ ਦੀਆਂ ਹੱਕੀ ਮੰਗਾਂ ਨੂੰ ਜਲਦ ਤੋਂ ਜਲਦ ਪੂਰਾ ਕਰੇ। ਇਸ ਮੌਕੇ ਜਲੰਧਰ ਤਹਿਸੀਲ -2 ਦੇ ਪ੍ਰਧਾਨ ਕੈਲਾਸ਼ ਕੁਮਾਰ, ਤਹਿਸੀਲ ਪ੍ਰਧਾਨ ਨਕੋਦਰ ਸੁਰਜੀਤ ਸਿੰਘ ਹੇਅਰ, ਨੰਬਰਦਾਰ ਰਤਨ ਰਾਏ ਨਕੋਦਰ, ਨੰਬਰਦਾਰ ਨਵਜੋਤ ਸਿੰਘ, ਨੰਬਰਦਾਰ ਜਰਨੈਲ ਸਿੰਘ, ਨੰਬਰਦਾਰ ਅਰਸਦੀਪ, ਨੰਬਰਦਾਰ ਇੰਦਰਜੀਤ ਸਿੰਘ, ਨੰਬਰਦਾਰ ਸੁਖਦੇਵ ਸਿੰਘ ਦਰਗਾਵਾਦ, ਨੰਬਰਦਾਰ ਚਰਨਜੀਤ ਸਿੰਘ ਮੁਖ ਬੁਲਾਰਾ ਪੰਜਾਬ, ਨੰਬਰਦਾਰ ਭਜਨ ਸਿੰਘ ਪ੍ਰਧਾਨ ਕਰਤਾਰਪੁਰ, ਨੰਬਰਦਾਰ ਹਰਨੇਕ ਸਿੰਘ ਲੋਹੀਆਂ ਅਤੇ ਹੋਰ ਵੀ ਨੰਬਰਦਾਰ ਮੌਜੂਦ ਸਨ।

## ਸ੍ਰੀ ਹਨੂੰਮਾਨ ਜਯੰਤੀ ਮੌਕੇ ਸਿੰਘ ਭਵਾਨੀ ਮੰਦਰ 'ਚ ਲੰਗਰ ਲਗਾਏ



**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਹਨੂੰਮਾਨ ਜਯੰਤੀ ਮੌਕੇ ਸਿੰਘ ਭਵਾਨੀ ਮੰਦਰ ਸੁਲਤਾਨਪੁਰ ਲੋਧੀ ਵਿਖੇ ਦੁਕਾਨਦਾਰਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਪੂੜੀ ਛੋਲੇ ਦੇ ਅਤੁੱਟ ਲੰਗਰ ਲਗਾਏ ਗਏ। ਲੰਗਰ ਦੀ ਆਰੰਭਤਾ ਤੋਂ ਪਹਿਲਾਂ ਭਗਵਾਨ ਸ੍ਰੀ ਹਨੂੰਮਾਨ ਨੂੰ ਭੋਗ ਲਗਾਏ ਗਏ । ਉਪਰੰਤ ਸੇਵਾਦਾਰਾਂ ਵੱਲੋਂ ਸੰਗਤਾਂ ਨੂੰ ਪੂੜੀਆਂ - ਛੋਲੇ ਤੇ ਕੜਾਹ ਪ੍ਰਸ਼ਾਦ ਦੇ ਲੰਗਰ ਛਕਾਏ ਗਏ। ਇਸ ਮੌਕੇ ਸੇਵਾ ਕਰਨ ਵਾਲਿਆਂ ਵਿੱਚ ਰਾਣਾ ਲਾਹੌਰੀਆ, ਅੰਕਿਤ ਮਰਵਾਹਾ, ਅਨੁਰਾਗ ਮਰਵਾਹਾ, ਪਵਨ ਹਨੀ, ਰਮੇਸ਼ ਕੁਮਾਰ, ਨਵਦੀਪ ਠਾਕੁਰ, ਰੋਬਿਨ ਲਾਹੌਰੀਆ, ਰੋਹਿਨ ਲਾਹੌਰੀਆ, ਪਵਨ ਕੁਮਾਰ, ਗੱਗੀ, ਰੋਹਨ, ਲੱਖਾ, ਮਲਕੀਤ ਸਿੰਘ, ਸੁਮਿਤ ਚਾਵਲਾ, ਅਮਨ ਮਰਵਾਹਾ, ਡਾ. ਦਲਜੀਤ ਸਿੰਘ ਢੋਟ, ਦਿਨਕਰ ਨਈਅਰ, ਬਾਵਾ ਸੇਠੀ, ਗੋਲਡੀ, ਸਾਬਕਾ ਸਰਪੰਚ ਹਰਦੇਵ ਸਿੰਘ ਨਸੀਰਪੁਰ, ਮੋਨੂੰ ਬੇਕਰੀ ਵਾਲੇ ਆਦਿ ਵੀ ਸ਼ਾਮਲ ਸਨ।

## ਲੋੜਵੰਦ ਪਰਵਾਰ ਦੀ ਲੜਕੀ ਦੇ ਵਿਆਹ ਵਾਸਤੇ ਫਰਨੀਚਰ ਤੇ ਹੋਰ ਘਰੇਲੂ ਸਮਾਨ ਦਿੱਤਾ

**ਕਪੂਰਥਲਾ (ਮਨਜੀਤ ਮਾਨ)**- ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆ ਦੇ ਉਦਮ ਸਦਕਾ ਐਨ ਆਰ ਆਈਜ਼ ਦੇ ਸਹਿਯੋਗ ਨਾਲ ਪਿੰਡ ਸਾਧਪੁਰ ਅੰਮ੍ਰਿਤਸਰ ਵਿਖੇ ਲੋੜਵੰਦ ਪਰਵਾਰ ਦੀ ਲੜਕੀ ਦੇ ਵਿਆਹ ਵਾਸਤੇ ਇੱਕ ਬਾਕਸ ਬੈਡ, ਕੂਲਰ, ਸੂਟ ਤੇ ਹੋਰ ਘਰੇਲੂ ਸਮਾਨ ਪਰਮਜੀਤ ਸਿੰਘ ਸਿੱਧੂ ਯੂ ਐਸ ਏ 15 ਹਜ਼ਾਰ



ਰੁਪਏ , ਗੁਰਮਿੰਦਰ ਸਿੰਘ ਆਸਟਰੀਆ 5000 ਹਜ਼ਾਰ ਰੁਪਏ , ਧੰਨ ਧੰਨ ਬਾਬਾ ਕਾਹਨ ਦਾਸ ਜੀ ਦੇ ਸੇਵਕ ਬੈਲਜੀਅਮ 10 ਹਜ਼ਾਰ ਰੁਪਏ, ਰਾਮ ਪ੍ਰਸਾਦ ਬਲੱਗਣ ਯੂ ਕੇ ਵੱਲੋਂ 5000 ਹਜ਼ਾਰ ਰੁਪਏ, ਦਵਿੰਦਰ ਸਿੰਘ ਸਪੇਨ ਵੱਲੋਂ 5100 ਸੌ ਰੁਪਏ ਦੀ ਲੋੜਵੰਦ ਪਰਵਾਰ ਦੀ ਲੜਕੀ ਦੇ ਵਿਆਹ ਦੀ ਆਰਥਿਕ ਮੱਦਦ ਕੀਤੀ ਗਈ। ਇਸ ਮੌਕੇ ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆ ਨੇ ਪ੍ਰੈੱਸ ਨੂੰ ਦੱਸਿਆ ਕਿ ਲੋੜਵੰਦ ਪਰਵਾਰਾਂ ਦੀ ਆਰਥਿਕ ਮੱਦਦ ਐਨ ਆਰ ਆਈਜ਼ ਦੇ ਸਹਿਯੋਗ ਨਾਲ ਕੀਤੀ ਜਾਂਦੀ ਹੈ ਤੇ ਇਹ ਕਾਰਜ ਐਨ ਆਰ ਆਈਜ਼ ਦੇ ਸਹਿਯੋਗ ਨਾਲ ਨਿਰੰਤਰ ਜਾਰੀ ਰਹਿਣਗੇ।

## ਦਿਊਟ ਸਿੱਧ ਬਾਬਾ ਬਾਲਕ ਨਾਥ ਲਈ 22ਵਾਂ ਵਿਸ਼ਾਲ ਚਾਲਾ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਿੱਧ ਜੋਗੀ ਬਾਬਾ ਬਾਲਕ ਨਾਥ ਜੀ ਸ਼ਾਹ ਤਲਾਈ ਵਿਖੇ ਤਿੰਨ ਰੋਜ਼ਾ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ। ਡਾਕਟਰੀ ਕੈਂਪ ਵਿੱਚ ਡਾਕਟਰ ਜਸਵੰਤ ਸਿੰਘ ਥਿੰਦ, ਡਾਕਟਰ ਪ੍ਰਭ ਹੀਰ, ਹਰਜਿੰਦਰ ਕੁਮਾਰੀ, ਹਰਜੋਤ ਕੌਰ ਅਤੇ ਕਿਸ਼ਨ ਚੰਦ ਆਦਿ ਸ਼ਾਮਿਲ ਹਨ। ਇਸ ਮੌਕੇ ਸਾਈਂ ਸੋਢੀ ਸ਼ਾਹ ਮਹਾਰਾਜ, ਸੰਤ ਰਿੰਕੂ ਰਾਮ, ਸੰਤ ਜੈ ਭਗਵਾਨ, ਸੰਤ ਜੈ ਜੀ, ਸੰਤ ਕਿਸ਼ੋਰ, ਸੰਤ ਪ੍ਰੇਮ ਦਾਸ, ਅਮਰਜੀਤ, ਜਿੰਦਰ ਭਾਜੀ, ਸਾਂਈ ਸ਼ਾਮ ਲਾਲ, ਦਵਿੰਦਰ ਭਾਜੀ, ਸੋਨੂ ਭਾਜੀ ਬੰਗਾ ਆਦਿ ਹਾਜ਼ਰ ਸਨ।

# ਆਦਿੱਤਿਆ ਗੁਪਤਾ ਵੱਲੋਂ ਗੋਲਫ ਟੂਰਨਾਮੈਂਟ 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ** : ਪੀ ਸੀ ਐੱਸ ਅਧਿਕਾਰੀ ਆਦਿੱਤਿਆ ਗੁਪਤਾ, ਜੋ ਕਿ ਮੌਜੂਦਾ ਸਮੇਂ ਉਪ ਮੰਡਲ ਮੈਜਿਸਟ੍ਰੇਟ ਸ਼ਾਹਕੋਟ ਅਤੇ ਕਮਿਸ਼ਨਰ ਜਲੰਧਰ ਡਵੀਜ਼ਨ ਦੇ ਸਟਾਫ਼ ਅਫ਼ਸਰ ਵਜੋਂ ਤਾਇਨਾਤ ਹਨ, ਨੇ ਚੰਡੀਗੜ੍ਹ ਗੋਲਫ਼ ਕਲੱਬ ਵਿਖੇ ਹੋਏ ਜੂਰਿਸਟਸ ਅਤੇ ਸਿਵਲ ਸਰਵਿਸਿਜ਼ ਗੋਲਫ਼ ਟੂਰਨਾਮੈਂਟ ਵਿੱਚ ਓਵਰਆਲ ਟਰਾਫੀ ਜਿੱਤ ਕੇ ਜਲੰਧਰ ਦਾ ਨਾਮ ਰੌਸ਼ਨ ਕੀਤਾ ਹੈ। ਟੂਰਨਾਮੈਂਟ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਸਮੇਤ ਉੱਤਰੀ ਭਾਰਤੀ ਰਾਜਾਂ ਦੇ 90 ਤੋਂ ਵੱਧ ਸਿਵਲ ਅਤੇ ਜੁਡੀਸ਼ੀਅਲ ਅਧਿਕਾਰੀਆਂ ਨੇ ਭਾਗ ਲਿਆ। ਗੁਪਤਾ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਜਿੱਤ ਹਾਸਲ ਕੀਤੀ। ਉਨ੍ਹਾਂ ਨੇ ਹਰਿਆਣਾ ਦੇ ਰਾਜਪਾਲ ਅਸ਼ੀਮ ਕੁਮਾਰ ਘੋਸ਼ ਪਾਸੋਂ ਜੇਤੂ ਟਰਾਫੀ ਹਾਸਲ ਕੀਤੀ, ਜਿਨ੍ਹਾਂ ਵੱਲੋਂ ਸਮਾਗਮ ਦੀ ਪ੍ਰਧਾਨਗੀ ਕੀਤੀ ਗਈ।ਗੁਪਤਾ ਪਿਛਲੇ 15 ਸਾਲਾਂ ਤੋਂ ਇੰਡੀਅਨ ਨੈਸ਼ਨਲ ਗੋਲਫ ਟੂਰ 'ਚ ਖੇਡ ਰਹੇ ਹਨ। ਵਰਤਮਾਨ ਵਿੱਚ ਉਨ੍ਹਾਂ ਦਾ ਨਾਂ ਇੰਡੀਅਨ ਗੋਲਫ ਯੂਨੀਅਨ ਵੱਲੋਂ ਜਾਰੀ ਰਾਸ਼ਟਰੀ ਐਮਾਚਰ ਖਿਡਾਰੀਆਂ ਦੀ ਮੈਰਿਟ ਸੂਚੀ ਵਿੱਚ ਸ਼ਾਮਲ ਹੈ।

# ਐਨ ਆਰ ਆਈ ਤੇ ਪਰਵਾਰ ਨੇ 1 ਕਿੱਲਾ ਜ਼ਮੀਨ ਕੀਤੀ ਦਾਨ

**ਆਦਮਪੁਰ, (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਦੇ ਨਜ਼ਦੀਕੀ ਪਿੰਡ ਖੋਜਕੀਪੁਰ ਨੰਗਲ ਸਲਾਲਾ ਦੇ ਸਪੋਰਟਸ ਸਟੇਡੀਅਮ ਲਈ ਐੱਨ. ਆਰ. ਆਈ. ਵੱਲੋਂ ਗਰਾਊਂਡ ਨੂੰ ਜ਼ਮੀਨ ਦਾਨ ਕਰਨ ਸਬੰਧੀ ਸਮਾਰੋਹ ਕਰਵਾਇਆ ਗਿਆ, ਜਿਸ ਵਿਚ ਵਿਸ਼ੇਸ਼ ਤੌਰ 'ਤੇ ਗੁਰਪਾਲ ਸਿੰਘ ਕੈਨੇਡਾ ਸਿੱਧੂ, ਕੁਲਦੀਪ ਸਿੰਘ ਸਿੱਧੂ ਇੰਗਲੈਂਡ, ਮਨਦੀਪ ਸਿੰਘ ਢਿੱਲੋਂ, ਨੰਬਰਦਾਰ ਅਮਨਦੀਪ ਸਿੰਘ ਢਿੱਲੋਂ ਸਾਲਾਨਾ,ਵਰਿੰਦਰ ਸਿੰਘ ਬਿੰਦਰ (ਪ੍ਰਧਾਨ) ਟੂਰਨਾਮੈਂਟ ਕਮੇਟੀ ਅਤੇ ਰਜਿੰਦਰ ਸਿੰਘ ਮੰਗੀ ਨੇ ਸ਼ਿਰਕਤ ਕੀਤੀ। ਸਮਾਰੋਹ ਦੌਰਾਨ ਐੱਨ. ਆਰ. ਆਈ. ਗੁਰਪਾਲ ਸਿੰਘ ਸਿੱਧੂ ਕੈਨੇਡਾ ਨੇ ਪਿੰਡ ਦੀ ਗਰਾਊਂਡ ਨੂੰ ਦਿੱਤੀ ਜ਼ਮੀਨ ਦਾ ਉਦਘਾਟਨ ਕੀਤਾ ਅਤੇ ਸੰਬੋਧਨ ਕਰਦਿਆਂ ਕਿਹਾ ਕਿ ਉਹ ਆਪਣੇ ਸਤਿਕਾਰਯੋਗ ਬਜ਼ੁਰਗਾਂ ਸਵ. ਸਰਪੰਚ ਅਜੀਤ ਸਿੰਘ, ਸਵ. ਕੈਪਟਨ ਸਰਵਨ ਸਿੰਘ ਅਤੇ ਸਵ. ਪ੍ਰੀਤਮ ਸਿੰਘ ਦੀ ਯਾਦ 'ਚ ਪਿੰਡ ਦੀ ਗਰਾਊਂਡ ਨੂੰ 1 ਕਿੱਲਾ ਜ਼ਮੀਨ ਦਾਨ ਕਰ ਰਹੇ ਹਨ ਤੇ ਆਉਣ ਵਾਲੇ ਸਮੇਂ 'ਚ ਵੀ ਉਹ ਪਿੰਡ ਦੇ ਹੋਰ ਕੰਮਾਂ 'ਚ ਯੋਗਦਾਨ ਪਾਉਂਦੇ ਰਹਿਣਗੇ। ਉਪਰੰਤ ਮਨਦੀਪ ਸਿੰਘ ਢਿੱਲੋਂ, ਪ੍ਰਧਾਨ ਦਵਿੰਦਰ ਸਿੰਘ ਬਿੰਦਰ, ਨੰਬਰਦਾਰ ਅਮਨਦੀਪ ਢਿੱਲੋਂ, ਰਜਿੰਦਰ ਮੰਗੀ, ਰਾਕੇਸ਼ ਕੁਮਾਰ (ਸਰਪੰਚ ਸਾਲਾਨਾ), ਦਲਬੀਰ ਸਿੰਘ ਖੋਜਕੀਪੁਰ ਅਤੇ ਪਿੰਡ ਦੇ ਹੋਰ ਪਤਵੰਤਿਆਂ ਤੇ ਪੰਚਾਇਤ ਨੇ ਗੁਰਪਾਲ ਸਿੰਘ ਸਿੱਧੂ ਤੇ ਉਨ੍ਹਾਂ ਦੇ ਸਮੂਹ ਪਰਵਾਰਕ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਦਲਬੀਰ ਸਿੰਘ ਖੋਜਕੀਪੁਰ, ਹਰਵਿੰਦਰ ਬਿੰਦਾ ਗਰੇਵਾਲ, ਹੈਪੀ (ਮੈਂਬਰ ਜ਼ਿਲ੍ਹਾ ਪ੍ਰੀਸ਼ਦ), ਹੈੱਡ ਗ੍ਰੰਥੀ ਸਰਵਣ ਸਿੰਘ, ਸਾਬਕਾ ਸਰਪੰਚ ਤੁਲਸੀ ਰਾਮ, ਕਰਮਬੀਰ ਸਿੰਘ ਨੰਬਰਦਾਰ, ਇਕਬਾਲ



ਸਿੰਘ ਮੰਡੇਰ, ਏਕਮਜੋਤ ਸਿੰਘ, ਰਾਕੇਸ਼ ਕੁਮਾਰ ਸਰਪੰਚ ਸਾਲਾਨਾ, ਅਮਰੀਕ ਸਿੰਘ ਨਿੱਝਰ ਨਿਊਜ਼ੀਲੈਂਡ, ਹੈਪੀ ਸਰਪੰਚ ਨੰਗਲ ਫੀਦਾ, ਜਸਬੀਰ ਧਾਮੀ, ਕੁਲਦੀਪ ਸਿੰਘ ਅਟਵਾਲ, ਕੁਲਵਿੰਦਰ ਸਿੰਘ ਪੰਚ, ਬਰਿੰਦਰ ਸਿੰਘ ਬਿੰਦਾ, ਰਾਜਨ, ਅਰਸ਼, ਜੱਸਾ ਤੁਰ, ਕੁਲਜੀਤ ਸਿੰਘ, ਵਿੱਕੀ, ਰਵੀ, ਜੱਗੀ, ਰਾਜਾ, ਰਣਜੀਤ, ਹਰਮਨ, ਹਰਦੀਪ, ਅਰਸ਼ਪ੍ਰੀਤ ਸਿੱਧੂ, ਗੈਵੀ, ਗੋਪੀ ਅਤੇ ਸੋਨੂੰ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਵੋਟਰਾਂ ਨੂੰ ਸਹਿਯੋਗ ਦੀ ਅਪੀਲ

**ਜਲੰਧਰ ( ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਪ੍ਰੀ-ਐਸ.ਆਈ.ਆਰ ਗਤੀਵਿਧੀਆਂ ਤਹਿਤ ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਕੀਤੀ ਜਾ ਰਹੀ ਵੈਰੀਫਿਕੇਸ਼ਨ ਵਿੱਚ ਵੋਟਰਾਂ ਨੂੰ ਬੀ.ਐਲ.ਓਜ਼ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ਗਈ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਪੰਜਾਬ ਵਿੱਚ ਸਪੈਸ਼ਲ ਇਟੈਂਸਿਵ ਰਵੀਜ਼ਨ (ਐਸ.ਆਈ.ਆਰ.) ਅਪ੍ਰੈਲ ਮਹੀਨੇ ਸ਼ੁਰੂ ਹੋਣ ਦੀ ਸੰਭਾਵਨਾ ਹੈ। ਇਸ ਲਈ ਐਸ.ਆਈ. ਆਰ. ਦੀਆਂ ਪ੍ਰੀ-ਗਤੀਵਿਧੀਆਂ ਦਾ ਕੰਮ ਚੱਲ ਰਿਹਾ ਹੈ, ਜਿਸ ਵਿੱਚ ਮੌਜੂਦਾ ਵੋਟਰ ਸੂਚੀ ਦੇ ਵੋਟਰਾਂ ਦਾ ਮਿਲਾਨ/ਮੈਪਿੰਗ 2003 ਦੀ ਵੋਟਰ ਸੂਚੀ ਨਾਲ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਕੰਮ ਦੇ ਲਈ ਵਿਧਾਨ ਸਭਾ ਚੋਣ ਹਲਕਿਆਂ ਦੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਵਲੋਂ ਆਪਣੇ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਅਤੇ ਘਰ-ਘਰ ਜਾ ਕੇ 2003 ਦੀ ਵੋਟਰ ਸੂਚੀ ਦਾ ਮਿਲਾਨ/ਮੈਪਿੰਗ ਕਰਨ ਲਈ ਵੈਰੀਫਿਕੇਸ਼ਨ ਕੀਤੀ ਜਾ ਰਹੀ ਹੈ।ਡਾ. ਅਗਰਵਾਲ ਨੇ ਸਮੂਹ ਵੋਟਰਾਂ ਨੂੰ ਭਾਰਤ ਚੋਣ ਕਮਿਸ਼ਨ ਦੇ ਇਸ ਅਹਿਮ ਕਾਰਜ ਵਿੱਚ ਆਪਣਾ ਸਹਿਯੋਗ ਦੇਣ ਅਤੇ ਸਪੈਸ਼ਲ ਇੰਟੈਂਸਿਵ ਰਵੀਜ਼ਨ ਦੌਰਾਨ ਬੀ.ਐਲ.ਓਜ਼ ਨੂੰ ਲੋੜੀਂਦੇ ਦਸਤਾਵੇਜ਼ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ।



ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਲੋੜੀਂਦੇ ਦਸਤਾਵੇਜ਼ ਮੁਹੱਈਆ ਨਹੀਂ ਕਰਵਾਏ ਜਾਂਦੇ ਤਾਂ ਵੋਟਰ ਸੂਚੀ ਵਿਚੋਂ ਵੋਟ ਕੱਟੀ ਜਾ ਸਕਦੀ ਹੈ। ਇਸ ਲਈ ਮੌਜੂਦਾ ਵੋਟਰ ਸੂਚੀ ਵਿੱਚ ਆਪਣੇ ਨਾਮ ਦੀ ਸਾਲ 2003 ਦੀ ਵੋਟਰ ਸੂਚੀ ਨਾਲ ਮੈਪਿੰਗ ਕਰਵਾਉਣੀ ਯਕੀਨੀ ਬਣਾਈ ਜਾਵੇ। ਵੋਟਰ ਵਧੇਰੇ ਜਾਣਕਾਰੀ/ਸੁਝਾਅ/ਸ਼ਿਕਾਇਤ ਬਾਰੇ ਵੋਟਰ ਹੈਲਪਲਾਈਨ ਟੋਲ ਫ੍ਰੀ ਨੰਬਰ 1950 'ਤੇ ਕਾਲ ਵੀ ਕਰ ਸਕਦੇ ਸਨ।

## ਸ੍ਰੀ ਹਨੂੰਮਾਨ ਜਯੰਤੀ ਮੌਕੇ ਵਿਸ਼ਾਲ ਧਾਰਮਿਕ ਸਮਾਗਮ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਹਨੂੰਮਾਨ ਜਯੰਤੀ ਦੇ ਪਾਵਨ ਮੌਕੇ 'ਤੇ ਡੇਰਾਬੱਸੀ ਵਿਖੇ ਸਥਿਤ ਸ੍ਰੀ ਰਾਮ ਤਲਾਈ ਮੰਦਰ ਵਿੱਚ ਵਿਸ਼ਾਲ ਧਾਰਮਿਕ ਸਮਾਗਮ ਬੜੀ ਸ਼ਰਧਾ, ਭਗਤੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਇਲਾਕੇ ਦੇ ਸੈਂਕੜਿਆਂ ਸ਼ਰਧਾਲੂਆਂ ਨੇ ਸ਼ਮੂਲੀਅਤ ਕਰਕੇ ਭਗਵਾਨ ਸ੍ਰੀ ਹਨੂੰਮਾਨ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਮੰਦਰ ਵਿੱਚ ਮੱਥਾ ਟੇਕ ਕੇ ਭਗਵਾਨ ਸ੍ਰੀ ਹਨੂੰਮਾਨ ਦੇ ਚਰਨਾਂ ਵਿੱਚ ਨਮਨ ਕੀਤਾ ਅਤੇ ਸਰਬੱਤ ਦੇ ਭਲੇ, ਦੇਸ਼ ਦੀ ਤਰੱਕੀ ਅਤੇ



ਸਮੂਹ ਮਨੁੱਖਤਾ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਉਨ੍ਹਾਂ ਨੇ ਇਲਾਕੇ ਦੇ ਲੋਕਾਂ ਦੀ ਚੜ੍ਹਦੀ ਕਲਾ, ਤੰਦਰੁਸਤੀ ਅਤੇ ਸੁੱਖ-ਸ਼ਾਂਤੀ ਲਈ ਵੀ ਵਿਸ਼ੇਸ਼ ਦੁਆ ਮੰਗੀ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਸਿਰਫ਼ ਧਾਰਮਿਕ ਆਸਥਾ ਦਾ ਪ੍ਰਗਟਾਵਾ ਹੀ ਨਹੀਂ ਹੁੰਦੇ, ਸਗੋਂ ਇਹ ਸਮਾਜ ਵਿੱਚ ਏਕਤਾ, ਪਿਆਰ ਅਤੇ ਭਾਈਚਾਰੇ ਨੂੰ ਵੀ ਮਜ਼ਬੂਤ ਕਰਦੇ ਹਨ।ਸਮਾਗਮ ਦੌਰਾਨ ਭਜਨ-ਕੀਰਤਨ, ਸੁੰਦਰ ਕਾਂਡ ਪਾਠ ਅਤੇ ਆਰਤੀ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ । ਇਸ ਮੌਕੇ ਲੰਗਰ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।

# ਪੰਜਾਬ ਸਰਕਾਰ ਨੇ ਸੂਬੇ 'ਚ ਕ੍ਰਾਂਤੀਕਾਰੀ ਬਦਲਾਅ ਲਿਆਂਦੇ : ਮੋਹਿੰਦਰ ਭਗਤ

**ਲੋਹੀਆਂ ਖਾਸ (ਯੋਗੇਸ਼ਵਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਮੁਹਿੰਮ ਤਹਿਤ ਇਥੇ ਵਾਰਡ ਨੰ. 60, ਬਸਤੀ ਬਾਵਾ




ਖੇਲ ਵਿਖੇ ਲੋਕਾਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲਾਂ ਦੇ ਸ਼ਾਨਦਾਰ ਕਾਰਜਕਾਲ ਦੌਰਾਨ ਸੂਬੇ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਂਦੇ ਹਨ।ਕੈਬਨਿਟ ਮੰਤਰੀ ਨੇ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕਰ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਉਸ ਦੀ ਕਥਨੀ ਤੇ ਕਰਨੀ ਵਿੱਚ ਕੋਈ ਫਰਕ ਨਹੀਂ ਹੈ। ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਮ ਆਦਮੀ ਕਲੀਨਿਕਾਂ ਰਾਹੀਂ ਮਿਆਰੀ ਸਿਹਤ ਸੇਵਾਵਾਂ, ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਕੈਸ਼ਲੈੱਸ ਇਲਾਜ ਦੀ ਸਹੂਲਤ, ਸੂਬੇ ਦੇ 90 ਫ਼ੀਸਦੀ ਪਰਵਾਰਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਵਰਗੀਆਂ ਸਹੂਲਤਾਂ ਦੇ ਕੇ ਵੱਡੀ ਰਾਹਤ ਪਹੁੰਚਾਈ ਹੈ। ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਦੀ ਕਾਇਆ ਕਲਪ, ਖੇਡ ਬੁਨਿਆਦੀ ਢਾਂਚੇ ਦਾ ਮਜ਼ਬੂਤੀਕਰਨ, ਲੱਖਾਂ ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣਾ, 65000 ਸਰਕਾਰੀ ਨੌਕਰੀਆਂ, ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਸਮੇਤ ਅਨੇਕਾਂ ਲੋਕ ਪੱਖੀ ਉਪਰਾਲੇ ਕੀਤੇ ਗਏ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵੱਲੋਂ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਨੂੰ ਲਾਗੂ ਕੀਤੀ ਗਈ ਹੈ, ਜਿਸ ਤਹਿਤ ਐਸ.ਸੀ. ਵਰਗ ਦੀਆਂ ਔਰਤਾਂ ਨੂੰ 1500 ਰੁਪਏ ਅਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਪ੍ਰਦਾਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ਼ ਵੀ ਪੰਜਾਬ ਸਰਕਾਰ ਨੇ ਫੈਸਲਾਕੁੰਨ ਜੰਗ ਵਿੱਢੀ ਹੋਈ ਹੈ, ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਇਸ ਮੌਕੇ ਵੱਡੀ ਗਿਣਤੀ ਇਲਾਕਾ ਵਾਸੀ ਮੌਜੂਦ ਸਨ।

# ਕੈਬਨਿਟ ਮੰਤਰੀ ਵੱਲੋਂ ਹਨੂੰਮਾਨ ਜਯੰਤੀ ਮੌਕੇ ਕੋਟਲਾ ਆਸ਼ਰਮ ਦਾ ਦੌਰਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਪੰਜਾਬ ਵੱਲੋਂ ਹਨੂੰਮਾਨ ਜੈਯੰਤੀ ਦੇ ਪਵਿੱਤਰ ਅਵਸਰ ਤੇ ਰਾਸ਼ਟਰੀ ਸੰਤ ਬਾਬਾ ਬਾਲ ਜੀ ਮਹਾਰਾਜ ਦੇ ਜਨਮ ਦਿਨ ਮੌਕੇ ਸ੍ਰੀ ਰਾਧਾ ਕ੍ਰਿਸ਼ਨ ਆਸ਼ਰਮ ਕੋਟਲਾ ਪਾਵਰ ਹਾਊਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਬਾਬਾ ਜੀ ਦੇ ਦਰਸ਼ਨ ਕਰਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸੰਗਤਾਂ ਨਾਲ ਧਾਰਮਿਕ ਮਾਹੌਲ ਵਿੱਚ ਸਮਾਂ ਬਿਤਾਇਆ। ਆਸ਼ਰਮ ਵਿੱਚ ਹੋ ਰਹੀ ਧਾਰਮਿਕ ਗਤੀਵਿਧੀਆਂ ਅਤੇ ਸੇਵਾ ਭਾਵਨਾ ਦੀ ਉਨ੍ਹਾਂ ਵੱਲੋਂ ਭਰਪੂਰ ਪ੍ਰਸ਼ੰਸਾ ਕੀਤੀ ਗਈ। ਕੈਬਨਿਟ ਮੰਤਰੀ ਵੱਲੋਂ ਕੋਟਲਾ ਸਤਿਸੰਗ ਘਰ ਦੀ ਉੱਨਤੀ ਲਈ 10 ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦੇਣ ਦਾ ਐਲਾਨ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਨੇ 5 ਲੱਖ ਰੁਪਏ ਦਾ ਪਹਿਲਾ ਚੈੱਕ ਬਾਬਾ ਜੀ ਦੇ ਚਰਨਾਂ ਵਿੱਚ ਨਿਵੇਦਨ ਕੀਤਾ। ਇਹ ਐਲਾਨ ਸੰਗਤਾਂ ਵੱਲੋਂ ਭਾਰੀ ਉਤਸ਼ਾਹ ਨਾਲ ਸਵੀਕਾਰਿਆ ਗਿਆ ਅਤੇ ਇਸ ਨਾਲ ਆਸ਼ਰਮ ਦੇ ਵਿਕਾਸ ਕਾਰਜਾਂ ਨੂੰ ਨਵੀਂ ਰਫਤਾਰ ਮਿਲਣ ਦੀ ਉਮੀਦ ਜਤਾਈ ਗਈ। ਸਮਾਗਮ ਦੌਰਾਨ ਕੈਬਨਿਟ ਮੰਤਰੀ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਬਾਬਾ ਜੀ ਦੇ ਜਨਮਦਿਨ ਦੀ ਖੁਸ਼ੀ ਵਿੱਚ ਕੇਕ ਵੀ ਕੱਟਿਆ ਗਿਆ, ਜਿਸ ਨੂੰ ਬਾਅਦ ਵਿੱਚ ਸੰਗਤਾਂ ਵਿੱਚ ਵੰਡਿਆ ਗਿਆ। ਸਾਰਾ ਮਾਹੌਲ ਭਗਤੀ ਅਤੇ ਖੁਸ਼ੀ ਨਾਲ ਭਰਪੂਰ ਰਿਹਾ।

# ਸਰਪੰਚ ਕੁਲਦੀਪ ਸਿੰਘ ਦੇ ਦੇਹਾਂਤ ਨਾਲ ਕਬੱਡੀ ਜਗਤ ਨੂੰ ਵੱਡਾ ਘਾਟਾ : ਐਡਵੋਕੇਟ ਰਾਣਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ/ ਪ੍ਰਦੀਪ ਸਿੰਘ)**- 2 ਅਪ੍ਰੈਲ ਡਡਵਿੰਡੀ ਪਿੰਡ ਦੇ ਰਹਿਣ ਵਾਲੇ ਕੁਲਦੀਪ ਸਿੰਘ, ਜੋ ਸਾਬਕਾ ਸਰਪੰਚ ਅਤੇ ਪ੍ਰਸਿੱਧ ਕਬੱਡੀ ਖਿਡਾਰੀ ਸਨ, ਅਚਾਨਕ ਸਦੀਵੀ ਵਿਛੋੜਾ ਦੇ ਗਏ। ਉਨ੍ਹਾਂ ਦੇ ਚਲੇ ਜਾਣ ਨਾਲ ਪਰਵਾਰ, ਪਿੰਡ ਅਤੇ ਪੂਰੇ ਇਲਾਕੇ ਵਿੱਚ ਗਹਿਰਾ ਸੋਗ ਛਾ ਗਿਆ ਹੈ। ਉਹਨਾਂ ਦੇ ਅਚਾਨਕ ਦੇਹਾਂਤ 'ਤੇ ਐਡਵੋਕੇਟ ਰਜਿੰਦਰ ਸਿੰਘ ਰਾਣਾ ਵੱਲੋਂ ਦੁੱਖ ਪ੍ਰਗਟ ਕੀਤਾ ਗਿਆ।ਉਹਨਾਂ ਕਿਹਾ ਕਿ ਕੁਲਦੀਪ ਸਿੰਘ ਨੇ ਕਬੱਡੀ ਖੇਡ ਵਿੱਚ ਆਪਣੀ ਵਿਲੱਖਣ ਪਛਾਣ ਬਣਾਈ ਅਤੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਰਾਹੀਂ ਪੰਜਾਬ ਦਾ ਨਾਮ ਦੇਸ਼-ਵਿਦੇਸ਼ ਵਿੱਚ ਰੌਸ਼ਨ ਕੀਤਾ। ਇਸ ਮੌਕੇ ਐਡਵੋਕੇਟ ਰਜਿੰਦਰ ਸਿੰਘ ਰਾਣਾ ਨੇ ਕਿਹਾ ਕਿ ਉਹ ਇੱਕ ਉੱਘੇ ਸਮਾਜ ਸੇਵੀ ਵੀ ਸਨ, ਜਿਨ੍ਹਾਂ ਨੇ ਪਿੰਡ ਦੀ ਭਲਾਈ ਲਈ ਕਈ ਚੰਗੇ ਕੰਮ ਕਰਵਾਏ ਅਤੇ ਲੋਕਾਂ ਦੇ ਦਿਲਾਂ ਵਿੱਚ ਖਾਸ ਥਾਂ ਬਣਾਈ। ਕਿਸਾਨੀ ਅੰਦੋਲਨ ਦੌਰਾਨ ਵੀ ਉਹਨਾਂ ਨੇ ਵਧ ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀ ਜ਼ਿੰਮੇਵਾਰੀ ਨਿਭਾਈ, ਜਿਸ ਨਾਲ ਉਹਨਾਂ ਦੀ ਲੋਕਪ੍ਰਿਯਤਾ ਹੋਰ ਵਧੀ।ਉਹਨਾਂ ਦੇ ਸਦੀਵੀ ਵਿਛੋੜੇ ਨਾਲ ਨਾ ਸਿਰਫ ਪਰਵਾਰ ਨੂੰ, ਸਗੋਂ ਕਬੱਡੀ ਜਗਤ, ਖੇਡ ਪ੍ਰੇਮੀਆਂ, ਸਾਥੀ ਖਿਡਾਰੀਆਂ ਅਤੇ ਸਾਰੇ ਇਲਾਕੇ ਨੂੰ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਹਨਾਂ ਦੀ ਕਮੀ ਹਮੇਸ਼ਾ ਮਹਿਸੂਸ ਕੀਤੀ ਜਾਵੇਗੀ।

## ਆਂਗਣਵਾੜੀ ਵਰਕਰ ਤਾਂ ਹੀ ਡਾਟਾ ਆਨਲਾਈਨ ਕਰਨਗੀਆਂ ਜੇਕਰ ਸਰਕਾਰ ਸਮਾਰਟ ਫੋਨ ਦੇਵੇਗੀ : ਤੂਰ

**ਦਸੂਹਾ (ਕਰਨੈਲ ਮਾਂਗਟ)**- ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੇ ਦਿਸ਼ਾ ਨਿਰਦੇਸ਼ ਹੇਠ ਬਲਾਕ ਦਸੂਹਾ ਦੀ ਪ੍ਰਧਾਨ ਸਰਬਜੀਤ ਕੌਰ, ਬਲਵਿੰਦਰ ਕੌਰ,ਰਜਨੀ ਤੇ ਸੰਦੀਪ ਨੇ ਸਾਂਝੇ ਤੌਰ ਤੇ ਕਿਹਾ ਕਿ ਸਰਕਾਰ ਨੇ ਜੋ ਸਮਾਰਟ ਫੋਨ ਆਂਗਣਵਾੜੀ ਪੋਸ਼ਣ ਅਭਿਆਨ ਦੇ ਅਧੀਨ ਆਂਗਣਵਾੜੀ ਸੈਂਟਰਾਂ ਵਿੱਚ ਦੇਣ ਲਈ ਖਰੀਦੇ ਸਨ, ਉਹ ਫੋਨ ਹੁਣ ਸਰਵੇ ਕਰਨ ਲਈ ਰੂਰਲ



ਡਿਵੈਲਪਮੈਂਟ ਮਹਿਕਮੇ ਨੂੰ ਦਿੱਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਜੋ 13 ਅਪ੍ਰੈਲ ਨੂੰ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਸ਼ੁਰੂ ਕਰ ਰਹੀ ਹੈ, ਉਸ ਵਿੱਚ ਜੋ ਫਾਰਮ ਆਂਗਣਵਾੜੀ ਵਰਕਰਾਂ ਨੂੰ ਆਪਣੇ ਫੋਨਾਂ ਤੋਂ ਭਰਨ ਲਈ ਕਿਹਾ ਜਾ ਰਿਹਾ ਹੈ, ਉਹ ਆਂਗਣਵਾੜੀ ਵਰਕਰਾਂ ਆਪਣੇ ਪਰਸਨਲ ਫੋਨਾਂ ਤੋਂ ਨਹੀਂ ਭਰਨਗੀਆਂ, ਜੇਕਰ ਸਰਕਾਰ ਆਂਗਣਵਾੜੀ ਵਰਕਰਾਂ ਨੂੰ ਸਮਾਰਟ ਫੋਨ ਦੇਵੇਗੀ ਜੋ ਪੋਸ਼ਨ ਅਭਿਆਨ ਦੇ ਅੰਦਰ ਉਨਾਂ ਲਈ ਖਰੀਦੇ ਗਏ ਹਨ, ਤਾਂ ਹੀ ਇਹ ਯੋਜਨਾ ਦੇ ਫਾਰਮ ਭਰੇ ਜਾਣਗੇ। ਉਨਾਂ ਨੇ ਮੰਗ ਕੀਤੀ ਕਿ ਇਨਾਂ ਫਾਰਮਾਂ ਨੂੰ ਅਪਲੋਡ ਕਰਨ ਲਈ ਘੱਟੋ ਘੱਟ 100 ਰੁਪਏ ਪ੍ਰਤੀ ਫਾਰਮ ਆਂਗਣਵਾੜੀ ਵਰਕਰ ਨੂੰ ਦਿੱਤਾ ਜਾਵੇ।

## ਦੁਆਬਾ ਜਨਰਲ ਕੈਟਾਗਰੀ ਫਰੰਟ ਕਿਸੇ ਵੀ ਸਿਆਸੀ ਪਾਰਟੀ ਦਾ ਨਹੀਂ ਬਣੇਗਾ ਹੱਥ ਠੋਕਾ : ਫੁਗਲਾਣਾ

**ਮੇਹਟੀਆਣਾ (ਜਗਤਾਰ ਭੁੰਗਰਨੀ)**- ਦੁਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦੇ ਪ੍ਰਧਾਨ ਬਲਵੀਰ ਸਿੰਘ ਫਗਲਾਣਾ ਜਗਤਾਰ ਸਿੰਘ ਭੁੰਗਰਨੀ ਅਤੇ ਸਰਜੀਤ ਸਿੰਘ ਮਸੂਤਾ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦੇ ਹੋਏ ਆਖਿਆ ਕਿ ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਕਿਸੇ ਵੀ ਸਿਆਸੀ ਪਾਰਟੀ ਦਾ ਹੱਥ ਠੋਕਾ ਨਹੀਂ ਬਣੇਗਾ ਕਿਉਂਕਿ ਕੁਝ ਸਿਆਸੀ ਲੋਕ ਦੁਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦੇ ਅਹੁਦੇਦਾਰ ਸਾਹਿਬਾਨ ਨਾਲ ਆਪਣਾ ਰਾਬਤਾ ਬਣਾ ਕੇ ਅਤੇ ਆਪਣੇ ਮੁਫਾਦ ਲਈ ਧਾਰਮਿਕ ਭਾਵਨਾਵਾਂ ਅਤੇ



ਪੰਜਾਬ ਦੇ ਭਲੇ ਦੀਆਂ ਗੱਲਾਂ ਕਰਕੇ ਗੁਮਰਾਹ ਕਰ ਰਹੇ ਹਨ। ਰਿਜ਼ਰਵ ਹਲਕਿਆਂ ਦੇ ਵਿੱਚ ਇਹਨਾਂ ਲੀਡਰਾਂ ਨੇ ਕਦੇ ਵੀ ਜਨਰਲ ਵਰਗ ਨੂੰ ਆ ਰਹੀਆਂ ਸਮੱਸਿਆਵਾਂ ਸਬੰਧੀ ਕਦੀ ਵੀ ਕੋਈ ਉਪਰਾਲਾ ਜਾਂ ਇਸ ਉੱਤੇ ਕੋਈ ਵਿਚਾਰ ਨਹੀਂ ਕੀਤਾ। ਉਹਨਾਂ ਦੁਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦੇ ਸਾਰੇ ਹੀ ਆਗੂਆਂ ਤੇ ਵਰਕਰਾਂ ਨੂੰ ਪੁਰਜ਼ੋਰ ਅਪੀਲ ਕਰਦੇ ਹਾਂ ਇਹਨਾਂ ਦੇ ਸਿਆਸੀ ਪ੍ਰੋਗਰਾਮਾਂ ਤੋਂ ਦੂਰੀ ਬਣਾ ਕੇ ਰੱਖਣ।

# ਖਾਲਸਾ ਸਾਜਨਾ ਦਿਵਸ ਦੇ ਸੰਬੰਧ ਵਿੱਚ ਪ੍ਰਭਾਤ ਫੇਰੀਆਂ ਆਰੰਭ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਸਾਜਨਾ ਦਿਵਸ ਵਿਸਾਖੀ ਪੁਰਬ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਲਾਇਲ, ਮੀਤ ਪ੍ਰਧਾਨ ਚਰਨਜੀਤ ਸਿੰਘ ਅਤੇ ਡਾ ਅਜੇਪਾਲ ਸਿੰਘ ਨੇ ਦੱਸਿਆ ਕਿ ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਦੀ ਲੜੀ ਸ਼ੁਰੂ ਹੋ ਚੁੱਕੀ ਹੈ, ਜੋ ਕਿ 12 ਅਪ੍ਰੈਲ ਤੱਕ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਕੱਢੀਆਂ ਜਾਣਗੀਆਂ ਪ੍ਰਬੰਧਕਾਂ ਅਨੁਸਾਰ, ਰੋਜ਼ਾਨਾ ਪ੍ਰਭਾਤ ਫੇਰੀ ਸਵੇਰੇ 5 ਵਜੇ ਗੁਰਦੁਆਰਾ ਸਾਹਿਬ ਤੋਂ ਆਰੰਭ ਹੁੰਦੀ ਹੈ। ਆਉਣ ਵਾਲੇ ਦਿਨਾਂ ਵਿੱਚ ਇਹ ਫੇਰੀਆਂ ਮੁਹੱਲਾ ਸ਼ੇਖਾਂ, ਪ੍ਰੇਮਗੜ੍ਹ, ਜਗਤਪੁਰਾ, ਕਮਾਲਪੁਰ ਅਤੇ ਮਾਡਲ ਟਾਊਨ ਦੇ ਇਲਾਕਿਆਂ ਵਿੱਚ ਸੰਗਤਾਂ ਦੇ ਗ੍ਰਹਿ ਅਤੇ ਸਥਾਨਕ ਗੁਰਦੁਆਰਾ ਸਾਹਿਬਾਨਾਂ ਵਿਖੇ ਪਹੁੰਚਣਗੀਆਂ। ਹਰ ਪ੍ਰਭਾਤ ਫੇਰੀ ਦੌਰਾਨ ਸੰਗਤਾਂ ਵੱਲੋਂ ਸ਼ਬਦ ਕੀਰਤਨ ਰਾਹੀਂ ਗੁਰੂ ਜਸ ਗਾਇਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ?ਨਗਰ ਕੀਰਤਨ ਅਤੇ ਮੁੱਖ ਸਮਾਗਮਾਂ ਦੀ ਲੜੀ ਵਿੱਚ 13 ਅਪ੍ਰੈਲ ਸੋਮਵਾਰ ਨੂੰ ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਦੁਪਹਿਰ 3 ਵਜੇ ਇੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਇਹ ਨਗਰ



ਕੀਰਤਨ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਘੰਟਾ ਘਰ ਚੌਂਕ, ਜਲੰਧਰ ਰੋਡ, ਕਮਾਲਪੁਰ ਚੌਂਕ, ਸਰਕਾਰੀ ਕਾਲਜ ਚੌਂਕ ਅਤੇ ਸੈਸ਼ਨ ਚੌਂਕ ਤੋਂ ਹੁੰਦਾ ਹੋਇਆ ਸ਼ਾਮ 07:00 ਵਜੇ ਵਾਪਸ ਸੰਪੰਨ ਹੋਵੇਗਾ।14 ਅਪ੍ਰੈਲ ਮੰਗਲਵਾਰ ਨੂੰ ਵਿਸਾਖੀ ਵਾਲੇ ਦਿਨ ਗੁਰਦੁਆਰਾ ਸਾਹਿਬ ਵਿਖੇ ਅੰਮ੍ਰਿਤ ਵੇਲੇ ਤੋਂ ਦੁਪਹਿਰ 02:30 ਵਜੇ ਤੱਕ ਵਿਸ਼ੇਸ਼ ਦੀਵਾਨ ਸਜਣਗੇ, ਜਿਸ ਵਿੱਚ ਰਾਗੀ, ਢਾਡੀ ਅਤੇ ਕਥਾਵਾਚਕ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਸਮਾਗਮਾਂ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਦਲਿਤਾਂ 'ਤੇ ਜ਼ੁਲਮ ਬਰਦਾਸ਼ਤ ਨਹੀਂ ਕੀਤਾ ਜਾਏਗਾ : ਗੜ੍ਹੀ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਵੱਲੋਂ ਪੰਜਾਬ ਦੇ ਵੱਖ-ਵੱਖ ਕੋਨਿਆਂ ਵਿੱਚ ਵਾਪਰੀਆਂ ਅੱਤਿਆਚਾਰ ਦੀਆਂ ਘਟਨਾਵਾਂ ਖਿਲਾਫ ਲਗਾਤਾਰ ਤਿੰਨ ਸੂ ਮੋਟੋ ਲਏ ਗਏ ਹਨ। ਜਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਕਸਬੇ ਕਾਠਗੜ੍ਹ ਵਿਖੇ ਰਿਸ਼ੂ ਵਾਲਾ ਸਰਪੰਚ ਅਤੇ ਉਸ ਦੇ ਪਤੀ ਬਾਬਾ ਕਾਲੇ ਸ਼ਾਹ ਨੂੰ ਬੰਧਕ ਬਣਾ ਕੇ ਜਾਤੀ ਗਾਲੀ ਗਲੋਚ ਤੇ ਕੁੱਟਮਾਰ ਦਾ ਮਾਮਲਾ ਸਾਹਮਣੇ ਆਇਆ। ਦੂਜੀ ਘਟਨਾ ਤਹਿਤ ਹੁਸ਼ਿਆਰਪੁਰ ਜਿਲ੍ਹੇ ਦੇ ਪਿੰਡ ਨੂਰਪੁਰ ਜੱਟਾਂ ਵਿਖੇ ਬਾਬਾ ਸਾਹਿਬ ਅੰਬੇਡਕਰ ਦੀ ਪ੍ਰਤਿਮਾ ਨੂੰ ਖਾਲਿਸਤਾਨੀ ਗੁਰਪੁਰਤਵੰਤ ਸਿੰਘ ਪੰਨੂ ਵੱਲੋਂ ਜਿੰਮੇਵਾਰੀ ਤਹਿਤ ਨੁਕਸਾਨ ਪੁਜਾਇਆ ਗਿਆ। ਤੀਜੀ ਘਟਨਾ ਤਹਿਤ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਬੇਈਪੁਰੀ ਦੇ ਦਲਿਤ ਪਰਿਵਾਰ ਨੂੰ ਪਿੰਡ ਦੇ ਸਰਪੰਚ ਵੱਲੋਂ ਘਰ ਦਾ ਸਮਾਨ ਸਾੜਨਾ, ਗਾਲੀਗਲੋਚ, ਕੁੱਟਮਾਰ ਦਾ ਸਿਖਰ ਕੀਤਾ ਗਿਆ ਜਿਸ ਦੀਆਂ ਵੀਡੀਓ ਵੱਡੇ ਪੱਧਰ ਤੇ ਵਾਇਰਲ ਹਨ। ਅਖਬਾਰਾਂ ਵਿੱਚ ਛਪੀਆਂ ਇਹਨਾਂ ਘਟਨਾਵਾਂ ਦੇ ਮੱਦੇ ਨਜ਼ਰ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਦਫਤਰ ਵੱਲੋਂ ਸੂਮੋਟੋ ਲੈਂਦਿਆਂ ਹੋਇਆਂ ਸਬੰਧਤ ਪੁਲਿਸ ਵਿਭਾਗ ਦੇ ਜਿੰਮੇਵਾਰ ਅਧਿਕਾਰੀਆਂ ਤੋਂ ਰਿਪੋਰਟ ਮੰਗੀ ਗਈ ਹੈ। ਜਿਸ ਵਿੱਚ ਕਾਠਗੜ੍ਹ ਕਸਬੇ ਘਟਨਾ ਸਬੰਧੀ ਰਿਪੋਰਟ ਸ਼ਹੀਦ ਭਗਤ ਸਿੰਘ ਨਗਰ ਦੇ ਐੱਸ ਐੱਸਪੀ ਤੋਂ 7 ਅਪ੍ਰੈਲ ਨੂੰ ਮੰਗੀ ਗਈ ਹੈ। ਬਾਬਾ ਸਾਹਿਬ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਸਬੰਧੀ ਐੱਸ ਐੱਸ ਪੀ ਹੁਸ਼ਿਆਰਪੁਰ ਤੋਂ ਤੇ ਪਿੰਡ ਬੇਈਪੁਰੀ ਜ਼ਿਲ੍ਹਾ ਤਰਨਤਾਰਨ ਦੀ ਘਟਨਾ ਸਬੰਧੀ ਐਸਐਸਪੀ ਤਰਨਤਾਰਨ ਤੋਂ ਰਿਪੋਰਟ 9 ਅਪ੍ਰੈਲ ਨੂੰ ਤਲਬ ਕੀਤੀ ਗਈ ਹੈ, ਜੋ ਕਿ ਡੀਐਸਪੀ ਪੱਧਰ ਦੇ ਅਧਿਕਾਰੀ ਲੈ ਕੇ ਪੇਸ਼ ਹੋਣਗੇ। ਇਸ ਮੌਕੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਨੇ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਪੰਜਾਬ ਦੀ ਧਰਤੀ ਤੇ ਗਰੀਬਾਂ ਮਜ਼ਲੂਮਾਂ ਤੇ ਦਲਿਤਾਂ ਤੇ ਜ਼ੁਲਮ ਅੱਤਿਆਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਸੰਬੰਧਿਤ ਵਿਭਾਗ ਦੇ ਜਿੰਮੇਵਾਰ ਅਧਿਕਾਰੀ ਕਿਸੇ ਵੀ ਜਾਤੀ ਵਿਤਕਰੇ ਦੇ ਮਾਮਲੇ ਵਿੱਚ ਊਣਤਾਈ ਕਰਦੇ ਪਾਏ ਗਏ ਤਾਂ ਐੱਸ ਸੀ/ਐੱਸ ਟੀ ਅੱਤਿਆਚਾਰ ਰੋਕੂ ਐਕਟ 1989 ਦੀ ਧਾਰਾ 4 ਤਹਿਤ ਜਿੰਮੇਵਾਰ ਅਧਿਕਾਰੀਆਂ ਖਿਲਾਫ ਵੀ ਕਾਰਵਾਈ ਕੀਤੀ ਜਾਏਗੀ।

## ਤੇਹਿੰਗ ਕਾਲਜ ਦੇ ਕੋਰਸ ਪੈਦਾ ਕਰਨਗੇ ਰੋਜ਼ਗਾਰ ਦੇ ਨਵੇਂ ਮੌਕੇ : ਡਾ. ਹੁੰਦਲ

**ਫਿਲੌਰ (ਨਿਰਮਲ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਵਿਖੇ ਸੈਸ਼ਨ 2026-27 ਵਿੱਚ ਨਵਾਂ ਪੋਸਟ ਗਰੈਜੂਏਟ ਕੋਰਸ ਐੱਮ.ਐੱਸ.ਸੀ. (ਆਈ.ਟੀ) ਸ਼ੁਰੂ ਹੋਣ ਜਾ ਰਿਹਾ ਹੈ।ਕਾਲਜ ਦੇ



ਓ.ਐੱਸ.ਡੀ ਮੈਡਮ ਡਾ. ਰਾਜਵਿੰਦਰ ਕੌਰ ਨੇ ਇਸ ਕੋਰਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕੋਰਸ ਆਧੁਨਿਕ ਯੁੱਗ ਵਿੱਚ ਟੈਕਨਾਲੋਜੀ ਦੀਆਂ ਲੋੜਾਂ ਨੂੰ ਮੁੱਖ ਰੱਖਦਿਆਂ ਸ਼ੁਰੂ ਕੀਤਾ ਜਾ ਰਿਹਾ ਹੈ ਤਾਂ ਜੋ ਸਾਡੇ ਵਿਦਿਆਰਥੀ ਆਈ. ਟੀ ਦੇ ਖੇਤਰ ਵਿੱਚ ਅੰਤਰਰਾਸ਼ਟਰੀ ਮੁਕਾਬਲਿਆਂ ਲਈ ਤਿਆਰ ਹੋ ਸਕਣ ਅਤੇ ਸਾਫਟਵੇਅਰ ਡਿਵੈਲਪਮੈਂਟ, ਡਾਟਾ ਸਾਇੰਸ, ਸਾਈਬਰ ਸਕਿਓਰਟੀ ਅਤੇ ਕਲਾਊਡ ਕੰਪਿਊਟਿੰਗ ਵਰਗੇ ਖੇਤਰਾਂ ਵਿੱਚ ਰੁਜ਼ਗਾਰ ਪ੍ਰਾਪਤ ਕਰਨ ਤੇ ਆਪਣਾ ਭਵਿੱਖ ਉਜਵਲ ਬਣਾ ਸਕਣ। ਓ.ਐੱਸ.ਡੀ ਨੇ ਦੱਸਿਆ ਕਿ ਇੱਕ ਦਹਾਕੇ ਤੋਂ ਚੱਲਦੇ ਆ ਰਹੇ ਇਸ ਕਾਲਜ ਵਿੱਚ ਗ੍ਰੈਜੂਏਟ ਪੱਧਰ 'ਤੇ ਬੀ.ਏ, ਬੀ.ਐੱਸ.ਸੀ (ਇਕਨਾਮਿਕਸ), ਬੀ.ਕਾਮ, ਬੀ.ਸੀ.ਏ ਅਤੇ ਬੀ.ਬੀ.ਏ ਦੇ ਕੋਰਸ, ਸਰਟੀਫਿਕੇਟ ਕੋਰਸ ਵਿੱਚ ਸੀ.ਸੀ.ਏ ਅਤੇ ਸੀ.ਆਈ.ਪੀ.ਏ ਤੇ ਇਸ ਦੇ ਨਾਲ ਹੀ ਪੋਸਟ ਗ੍ਰੈਜੂਏਟ ਪੱਧਰ 'ਤੇ ਐੱਮ.ਏ ਪੰਜਾਬੀ,ਐੱਮ.ਕਾਮ ਅਤੇ ਪੀ.ਜੀ.ਡੀ.ਸੀ.ਏ ਦੇ ਕੋਰਸ ਚੱਲ ਰਹੇ ਹਨ।ਉਹਨਾਂ ਕਿਹਾ ਕਿ ਇਸ ਕਾਲਜ ਵਿੱਚ ਸਭ ਤਰ੍ਹਾਂ ਦੀਆਂ ਸਹੂਲਤਾਂ ਦੇ ਨਾਲ-ਨਾਲ ਬਹੁਤ ਮਿਹਨਤੀ ਸਟਾਫ਼ ਹੈ ਜਿਸ ਕਰਕੇ ਇੱਕ ਦਹਾਕੇ ਵਿੱਚ ਇਹ ਸੰਸਥਾ ਬੁਲੰਦੀਆਂ 'ਤੇ ਪਹੁੰਚ ਚੁੱਕੀ ਹੈ। ਕਾਲਜ ਦੇ ਓ.ਐੱਸ.ਡੀ ਵੱਲੋਂ ਇਲਾਕੇ ਦੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਆਉਣ ਵਾਲੇ ਸੈਸ਼ਨ ਵਿੱਚ ਦਾਖਲਾ ਲੈਣ ਲਈ ਕਾਲਜ ਪ੍ਰਸ਼ਾਸਨ ਨਾਲ ਸੰਪਰਕ ਕਰਕੇ ਵਧੇਰੇ ਜਾਣਕਾਰੀ ਲੈਣ।

# ਗੁਰਦੁਆਰਾ ਚਰਨ ਕੰਵਲ ਜੀਂਦੋਵਾਲ-ਬੰਗਾ ਤੇ ਗੋਬਿੰਦਪੁਰ ਵਿਖੇ ਸੋਨੇ ਦੇ ਚੌਰ ਸਾਹਿਬ ਭੇਟ

**ਬਲਾਚੌਰ, ਬੰਗਾ (ਜਸਵਿੰਦਰ ਬੈਂਸ, ਅਵਤਾਰ ਕਲੇਰ)**- ਪਾਤਸ਼ਾਹੀ ਛੇਵੀਂ ਚਰਨ



ਕੰਵਲ ਸਾਹਿਬ ਜੀਂਦੋਵਾਲ-ਬੰਗਾ ਅਤੇ ਗੋਬਿੰਦਪੁਰ ਵਿਖੇ ਸੋਹਣ ਸਿੰਘ ਝਿੱਕਾ ਇੰਗਲੈਂਡ ਨਿਵਾਸੀ ਵਲੋਂ ਆਪਣੇ ਭਰਾ ਅਜੀਤ ਸਿੰਘ ਅਤੇ ਦਾਦੀ ਮਹਾਂ ਕੌਰ ਦੀ ਯਾਦ ਵਿੱਚ ਚੌਰ ਸਾਹਿਬ ਭੇਟ ਕੀਤੇ ਗਏ। ਸ਼੍ਰੋਮਣੀ ਕਮੇਟੀ ਦੇ ਮੁੱਖ ਬੁਲਾਰੇ ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਨੇ ਉਨ੍ਹਾ ਦਾ ਧੰਨਵਾਦ ਕਰਦੇ ਹੋਏ ਸਿਰੋਪਾਓ ਨਾਲ ਉਨ੍ਹਾਂ ਦਾ ਸਨਮਾਨ ਕੀਤਾ। ਜਥੇਦਾਰ ਖਾਲਸਾ ਨੇ ਕਿਹਾ ਕਿ ਆਦਿ ਕਾਲ ਤੋਂ ਹੀ ਚੱਲੀ ਆ ਰਹੀ ਪ੍ਰੰਮਪਰਾ ਅਨੁਸਾਰ ਗੁਰੂ ਘਰ ਦੇ ਸ਼ਰਧਾਵਾਨ ਸਿੰਘ ਸੋਹਣ ਸਿੰਘ ਝਿੱਕਾ ਨੇ ਆਪਣੇ ਪਰਵਾਰ ਦੇ ਵਿਛੜੇ ਪਿਆਰਿਆਂ ਦੀ ਯਾਦ ਵਿਚ ਆਪਣੀ ਕਿਰਤ ਕਮਾਈ ਵਿੱਚੋਂ ਸੋਨੇ ਦੇ ਚੌਰ ਸਾਹਿਬ ਭੇਟ ਕਰਕੇ ਆਪਣੇ ਸਨੇਹ ਅਤੇ ਗੁਰੂ ਸਾਹਿਬ ਪ੍ਰਤੀ ਆਪਣੀ ਸ਼ਰਧਾ ਭਾਵਨਾ ਦਾ ਪ੍ਰਗਟਾਵਾ ਕੀਤਾ ਹੈ। ਇਸ ਪਹਿਲਾਂ ਵੀ ਸੋਹਣ ਸਿੰਘ ਝਿੱਕਾ ਇੰਗਲੈਂਡ ਨਿਵਾਸੀ ਹੋਰ ਵੀ ਗੁਰੂ ਘਰਾਂ ਵਿਚ ਸੋਨੇ ਦੇ ਚੌਰ ਸਾਹਿਬ ਤੇ ਕੀਮਤੀ ਸੁਗਾਤਾਂ ਭੇਟ ਕਰ ਚੁੱਕੇ ਹਨ। ਇਸ ਸਮੇ ਗੁਰਦੁਆਰਾ ਚਰਨ ਕੰਵਲ ਸਾਹਿਬ ਦੇ ਮੈਨੇਜਰ ਹਰਭਜਨ ਸਿੰਘ, ਕਥਾਵਾਚਕ ਗਿਆਨੀ ਪਲਵਿੰਦਰ ਸਿੰਘ, ਜਥੇਦਾਰ ਹਰਦੀਪ ਸਿੰਘ ਕੋਟ ਰਾਂਝਾ, ਜਥੇਦਾਰ ਪੰਜਾਬ ਸਿੰਘ ਸੁੱਜੋਵਾਲ, ਡਾ. ਕਸ਼ਮੀਰ ਸਿੰਘ ਢਿੱਲੋਂ, ਸੂਬੇਦਾਰ ਫਤਿਹ ਸਿੰਘ, ਹਰਦੀਪ ਸਿੰਘ ਗਹੂੰਣ, ਸਰਬਜੀਤ ਸਿੰਘ ਕਾਹਮਾ, ਕਮਲਜੀਤ ਸਿੰਘ ਗੋਬਿੰਦਪੁਰ ਅਤੇ ਧਰਮ ਸਿੰਘ ਗੋਬਿੰਦਪੁਰ ਆਦਿ ਗੁਰੂ ਘਰ ਦੇ ਸੇਵਾਦਾਰ ਵੀ ਹਾਜ਼ਰ ਸਨ।

# ਬੀ ਐੱਲ ਓ ਨੇ ਵਿਆਹੀਆਂ ਲੜਕੀਆਂ ਦੀਆਂ ਵੋਟਾਂ ਦਾ ਕੀਤਾ ਨਰੀਖਣ

**ਭੋਗਪੁਰ (ਐੱਸ ਕੇ ਭੋਗਲ)**- ਚੋਣ ਕਮਿਸ਼ਨਰ ਭਾਰਤ ਗਿਆਨੇਸ਼ ਕੁਮਾਰ ਦੇ ਆਦੇਸ਼ਾਂ ਅਨੁਸਾਰ ਸਮੁੱਚੇ ਭਾਰਤ ਵਿੱਚ 2003 ਤੋਂ ਬਾਅਦ ਵਿਆਹੀਆਂ ਔਰਤਾਂ ਦੀ ਦੋਹਰੀ ਵੋਟ ਦੇ ਸ਼ੱਕ ਅਧੀਨ ਸਮੁੱਚੇ ਭਾਰਤ ਤੇ ਪੰਜਾਬ ਵਿੱਚ ਪਿੰਡਾਂ 'ਚ ਬੀ ਐੱਲ ਓ ਵੱਲੋਂ ਘਰ-ਘਰ ਜਾ ਕੇ ਵੋਟਾਂ ਦੀ ਤਸਦੀਕ ਕੀਤੀ ਜਾ ਰਹੀ ਹੈ। ਇਸ ਲੜੀ ਤਹਿਤ ਬਲਾਕ ਭੋਗਪੁਰ ਅਤੇ ਵਿਧਾਨ ਸਭਾ ਹਲਕਾ ਕਰਤਾਰਪੁਰ ਦੇ ਪਿੰਡ ਜੱਲੋਵਾਲ ਕਲੋਨੀ ਵਿਖੇ ਬੀ ਐੱਲ ਓ ਸੁਮਨ ਬਾਲਾ ਨੇ ਘਰ-ਘਰ ਜਾ ਕੇ 2003 ਤੋਂ ਬਾਅਦ ਵਿਆਹੀਆਂ ਆਈਆਂ ਔਰਤਾਂ ਦੀਆਂ ਵੋਟਾਂ ਚੈੱਕ ਕੀਤੀਆਂ ਅਤੇ ਪੇਕੇ ਪਰਿਵਾਰ ਤੋਂ ਵੋਟਾਂ ਦਾ ਸੀਰੀਅਲ ਨੰਬਰ ਮੰਗਵਾਇਆ, ਤਾਂ ਕਿ ਜਾਂਚ ਕੀਤੀ ਜਾ ਸਕੇ ਕਿ ਕਿਤੇ ਵਿਆਹੀਆਂ ਔਰਤਾਂ ਦੀ ਵੋਟ ਡਬਲ ਤਾਂ ਨਹੀਂ ਹੈ। ਵੋਟਾਂ ਚੈੱਕ ਕਰਨ ਵਿੱਚ ਬੀ ਐੱਲ ਓ ਸੁਮਨ ਬਾਲਾ ਦੀ ਮਦਦ ਸਮਾਜ ਸੇਵੀ ਬਲਵੰਤ ਕਾਹਲੋਂ ਨੇ ਕੀਤੀ ਤੇ



ਘਰ-ਘਰ ਜਾ ਕੇ ਵਿਆਹੀਆਂ ਔਰਤਾਂ ਤੋਂ ਵੋਟਰ ਲਿਸਟ 2003 ਸੀਰੀਅਲ ਨੰਬਰ ਮੈਪਿੰਗ ਕਰਵਾ ਕੇ ਰਿਕਾਰਡ ਚੈੱਕ ਕਰਵਾਇਆ ਗਿਆ।

ਇਸ ਸਬੰਧੀ ਜਦੋਂ ਬੀ ਐੱਲ ਓ ਸੁਮਨ ਬਾਲਾ ਨਾਲ ਸੰਪਰਕ ਕੀਤਾ ਤਾਂ ਉਹਨਾਂ ਕਿਹਾ ਕਿ ਵਿਆਹੀਆਂ ਔਰਤਾਂ ਦਾ 2003 ਦੀ ਵੋਟਰ ਸੂਚੀ ਵਿੱਚ ਪਰਿਵਾਰ ਦਾ ਸੀਰੀਅਲ ਨੰਬਰ ਦੇਖਿਆ ਜਾ ਰਿਹਾ ਹੈ ਤਾਂ ਕਿ ਕਿਸੇ ਵੀ ਵਿਆਹੀ ਔਰਤ ਦੀ ਵੋਟ ਡਬਲ ਨਾ ਰਹਿ ਸਕੇ। ਵੋਟਾਂ ਚੈੱਕ ਕਰਕੇ ਦਰੁਸਤ ਕਰਨ ਦੀ ਤਰੀਕ 3 ਅਪ੍ਰੈਲ 2026 ਸੀ। ਜਿਸ ਦਾ ਸਮਾਂ ਸਰਕਾਰ ਵੱਲੋਂ ਇੱਕ ਹਫ਼ਤਾ ਵਧਾ ਕੇ 10 ਅਪ੍ਰੈਲ 2026 ਕੀਤਾ ਗਿਆ ਹੈ। ਜੇਕਰ ਇਸ ਸਮੇਂ ਤਹਿਤ ਵਿਆਹੀਆਂ ਔਰਤਾਂ ਨੇ ਅਪਣਾ ਡਾਟਾ ਪੇਕੇ ਪਿੰਡ ਤੋਂ ਮਗਵਾ ਕੇ ਨਾ ਦਿੱਤਾ ਤੇ ਉਨ੍ਹਾਂ ਦੀ ਵੋਟ ਕੱਟੀ ਜਾ ਸਕਦੀ ਹੈ । ਇਸ ਸਬੰਧੀ ਸਮਾਜ ਸੇਵੀ ਬਲਵੰਤ ਕਾਹਲੋਂ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਡਬਲ ਵੋਟ ਹੋਣ ਨਾਲ ਵੋਟਾਂ ਦੀ ਪ੍ਰਤੀਸ਼ਤ ਦਰ ਘੱਟ ਜਾਂਦੀ ਸੀ ਹੁਣ ਵੋਟਾਂ ਦੀ ਦਰੁਸਤੀ ਨਾਲ ਵੋਟਾਂ ਦੀ ਪ੍ਰਸੈਂਟ ਵਧੇਗੀ ਤੇ ਜਾਹਲੀ ਵੋਟਾਂ ਵਿੱਚ ਵੀ ਕਮੀ ਆਵੇਗੀ।

# ਡਿਪਟੀ ਕਮਿਸ਼ਨਰ ਵੱਲੋਂ ਵੋਟਰਾਂ ਨੂੰ ਬੀ ਐਲ ਓਜ਼ ਨੂੰ ਸਹਿਯੋਗ ਦੇਣ ਦੀ ਅਪੀਲ

**ਲੋਹੀਆਂ ਖਾਸ (ਯੋਗੇਸ਼ਵਰ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਪ੍ਰੀ-ਐਸ.ਆਈ.ਆਰ ਗਤੀਵਿਧੀਆਂ ਤਹਿਤ ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਕੀਤੀ ਜਾ ਰਹੀ ਵੈਰੀਫਿਕੇਸ਼ਨ ਵਿੱਚ ਵੋਟਰਾਂ ਨੂੰ ਬੀ.ਐਲ.ਓਜ਼ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ਗਈ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਪੰਜਾਬ ਵਿੱਚ ਸਪੈਸ਼ਲ ਇਟੈਂਸਿਵ ਰਵੀਜ਼ਨ (ਐਸ.ਆਈ.ਆਰ.) ਅਪ੍ਰੈਲ ਮਹੀਨੇ ਸ਼ੁਰੂ ਹੋਣ ਦੀ ਸੰਭਾਵਨਾ ਹੈ। ਇਸ ਲਈ ਐਸ.ਆਈ.ਆਰ. ਦੀਆਂ ਪ੍ਰੀ-ਗਤੀਵਿਧੀਆਂ ਦਾ ਕੰਮ ਚੱਲ ਰਿਹਾ ਹੈ, ਜਿਸ ਵਿੱਚ ਮੌਜੂਦਾ ਵੋਟਰ ਸੂਚੀ ਦੇ ਵੋਟਰਾਂ ਦਾ ਮਿਲਾਨ/ਮੈਪਿੰਗ 2003 ਦੀ ਵੋਟਰ ਸੂਚੀ ਨਾਲ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਕੰਮ ਦੇ ਲਈ ਵਿਧਾਨ ਸਭਾ ਚੋਣ ਹਲਕਿਆਂ ਦੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਵਲੋਂ ਆਪਣੇ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਅਤੇ ਘਰ-ਘਰ ਜਾ ਕੇ 2003 ਦੀ ਵੋਟਰ ਸੂਚੀ ਦਾ ਮਿਲਾਨ/ਮੈਪਿੰਗ ਕਰਨ ਲਈ ਵੈਰੀਫਿਕੇਸ਼ਨ ਕੀਤੀ ਜਾ ਰਹੀ ਹੈ।ਡਾ. ਅਗਰਵਾਲ ਨੇ ਸਮੂਹ ਵੋਟਰਾਂ ਨੂੰ ਭਾਰਤ ਚੋਣ ਕਮਿਸ਼ਨ ਦੇ ਇਸ ਅਹਿਮ ਕਾਰਜ ਵਿੱਚ ਆਪਣਾ ਸਹਿਯੋਗ ਦੇਣ ਅਤੇ ਸਪੈਸ਼ਲ ਇੰਟੈਂਸਿਵ ਰਵੀਜ਼ਨ ਦੌਰਾਨ ਬੀ.ਐਲ.ਓਜ਼ ਨੂੰ ਲੋੜੀਂਦੇ ਦਸਤਾਵੇਜ਼ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਲੋੜੀਂਦੇ ਦਸਤਾਵੇਜ਼ ਮੁਹੱਈਆ ਨਹੀਂ ਕਰਵਾਏ ਜਾਂਦੇ ਤਾਂ ਵੋਟਰ ਸੂਚੀ ਵਿਚੋਂ ਵੋਟ ਕੱਟੀ ਜਾ ਸਕਦੀ ਹੈ। ਇਸ ਲਈ ਮੌਜੂਦਾ ਵੋਟਰ ਸੂਚੀ ਵਿੱਚ ਆਪਣੇ ਨਾਮ ਦੀ ਸਾਲ 2003 ਦੀ ਵੋਟਰ ਸੂਚੀ ਨਾਲ ਮੈਪਿੰਗ ਕਰਵਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਵੋਟਰ ਵਧੇਰੇ ਜਾਣਕਾਰੀ/ਸੁਝਾਅ/ਸ਼ਿਕਾਇਤ ਬਾਰੇ ਵੋਟਰ ਹੈਲਪਲਾਈਨ ਟੋਲ ਫ੍ਰੀ ਨੰਬਰ 1950 'ਤੇ ਕਾਲ ਵੀ ਕਰ ਸਕਦੇ ਸਨ।

## ਜਨਮ ਦਿਨ ਮੁਬਾਰਕ



ਖੁਸ਼ਪ੍ਰੀਤ ਕੌਰ
ਕਾਦੀਆਂ



ਤਕਦੀਰ ਕੌਰ
ਹੁਸ਼ਿਆਰਪੁਰ